ਸੋਮਵਾਰ, 8 ਜੂਨ, 2026
25 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 7

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • MONDAY, 8 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

23 ਆਪੋਜ਼ੀਸ਼ਨ ਪਾਰਟੀਆਂ ਦੇ ਆਗੂਆਂ ਦਾ ਇਕੱਠ ਅੱਜ

ਨਵੀਂ ਦਿੱਲੀ (ਨ ਜ਼ ਸ)-ਕਾਂਗਰਸ ਨੇ ਕਿਹਾ ਕਿ ਸੋਮਵਾਰ ਨਵੀਂ ਦਿੱਲੀ ਵਿੱਚ ਇੰਡੀਆ ਬਲਾਕ ਦੀ ਮੀਟਿੰਗ ਵਿੱਚ 23 ਸਿਆਸੀ ਪਾਰਟੀਆਂ ਨੇ ਆਪਣੀ ਭਾਗੀਦਾਰੀ ਦੀ ਪੁਸ਼ਟੀ ਕੀਤੀ ਹੈ। 'ਭਾਰਤ ਜਨਬੰਧਨ' ਇਕੱਠ ਵਜੋਂ ਜਾਣੀ ਜਾਂਦੀ ਇਹ ਮੀਟਿੰਗ ਕਾਂਸਟੀਟਿਊਸ਼ਨ ਕਲੱਬ ਵਿਖੇ ਹੋਵੇਗੀ ਅਤੇ ਇਸ ਵਿੱਚ ਗੱਠਜੋੜ ਦੀ ਭਵਿੱਖ ਦੀ ਰਣਨੀਤੀ 'ਤੇ ਚਰਚਾ ਹੋਣ ਦੀ ਉਮੀਦ ਹੈ, ਜਿਸ ਵਿੱਚ 2029 ਦੀਆਂ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਸ਼ਾਮਲ ਹਨ। ਐੱਕਸ 'ਤੇ ਇੱਕ ਪੋਸਟ ਵਿੱਚ ਕਾਂਗਰਸ ਦੇ ਜਨਰਲ ਸਕੱਤਰ ਇੰਚਾਰਜ ਸੰਚਾਰ ਜੈਰਾਮ ਰਮੇਸ਼ ਨੇ ਕਿਹਾ ਕਿ 23 ਸਿਆਸੀ ਪਾਰਟੀਆਂ ਨੇ ਸੋਮਵਾਰ 8 ਜੂਨ ਨੂੰ ਦੁਪਹਿਰ 12 ਵਜੇ ਨਵੀਂ ਦਿੱਲੀ ਦੇ ਕੰਸਟੀਟਿਊਸ਼ਨ ਕਲੱਬ ਵਿਖੇ ਇੰਡੀਆ ਜਨਬੰਧਨ ਮੀਟਿੰਗ ਵਿੱਚ ਹਿੱਸਾ ਲੈਣ ਦੀ ਪੁਸ਼ਟੀ ਕੀਤੀ ਹੈ। ਰਮੇਸ਼ ਦੀ ਪੋਸਟ ਨੂੰ ਟੈਗ ਕਰਦੇ ਹੋਏ ਤ੍ਰਿਣਮੂਲ ਕਾਂਗਰਸ (ਟੀ ਐੱਮ ਸੀ) ਦੇ ਸੰਸਦ ਮੈਂਬਰ ਡੇਰੇਕ ਓ'ਬ੍ਰਾਇਨ ਨੇ ਕਿਹਾ, 'ਇੱਕ ਸਾਂਝੇ ਉਦੇਸ਼ ਅਤੇ ਸਪੱਸ਼ਟ ਇਰਾਦੇ ਨਾਲ ਮੀਟਿੰਗ, ਭਾਰਤ ਇੱਕਜੁੱਟ ਹੈ। ਬਹੁਤ ਸਾਰੀਆਂ ਪਾਰਟੀਆਂ ਦੋਸਤੀ ਦੀ ਭਾਵਨਾ ਨਾਲ ਮੀਟਿੰਗ ਕਰਨ ਲਈ ਉਤਸੁਕ ਹਨ।' ਰਮੇਸ਼ ਨੇ ਕਿਹਾ ਕਿ ਕੁਝ ਪਾਰਟੀਆਂ ਹਨ, ਜਿਨ੍ਹਾਂ ਨੇ ਆਪਣੇ ਕਾਰਨਾਂ ਕਰਕੇ ਇਸ ਖਾਸ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਅਸਮਰੱਥਾ ਜ਼ਾਹਰ ਕੀਤੀ ਹੈ, ਹਾਲਾਂ ਕਿ ਉਨ੍ਹਾਂ ਮੋਦੀ ਸਰਕਾਰ ਦੀਆਂ ਨੀਤੀਆਂ ਅਤੇ ਕਾਰਵਾਈਆਂ ਦਾ ਸਖ਼ਤ ਵਿਰੋਧ ਕੀਤਾ ਹੈ, ਜਿਨ੍ਹਾਂ ਕਾਰਵਾਈਆਂ ਤਹਿਤ ਲੱਖਾਂ ਭਾਰਤੀਆਂ ਤੋਂ ਵੋਟ ਪਾਉਣ ਦਾ ਅਧਿਕਾਰ ਖੋਹਿਆ ਜਾ ਰਿਹਾ ਹੈ, ਰੋਜ਼ਾਨਾ ਸੰਵਿਧਾਨ 'ਤੇ ਹਮਲਾ ਕੀਤਾ ਜਾ ਰਿਹਾ ਹੈ ਤੇ ਜਾਂਚ ਏਜੰਸੀਆਂ ਰਾਹੀਂ ਵਿਰੋਧੀ ਆਗੂਆਂ 'ਤੇ ਹਮਲੇ ਹੋ ਰਹੇ ਹਨ। ਰਮੇਸ਼ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਨੀਤੀਆਂ ਕਰੋੜਾਂ ਭਾਰਤੀਆਂ ਦੀ ਰੋਜ਼ੀ-ਰੋਟੀ ਨੂੰ ਗੰਭੀਰ ਨੁਕਸਾਨ ਪਹੁੰਚਾ ਰਹੀਆਂ ਹਨ, ਲਗਾਤਾਰ ਮਹਿੰਗਾਈ ਰਾਹੀਂ ਘਰੇਲੂ ਬਜਟ ਨੂੰ ਤੋੜ ਰਹੀਆਂ ਹਨ, ਲੱਖਾਂ ਨੌਜਵਾਨਾਂ ਦੀਆਂ ਉਮੀਦਾਂ ਤੇ ਇੱਛਾਵਾਂ ਨਾਲ ਧੋਖਾ ਕਰ ਰਹੀਆਂ ਹਨ, ਨਿਵੇਸ਼ ਦੇ ਮਾਹੌਲ ਨੂੰ ਕਮਜ਼ੋਰ ਕਰ ਰਹੀਆਂ ਹਨ। ਮੋਦੀ ਸਰਕਾਰ ਆਪਣੀ ਵਿਦੇਸ਼ ਨੀਤੀ ਦੁਆਰਾ ਰਾਸ਼ਟਰੀ ਹਿੱਤਾਂ ਨਾਲ ਸਮਝੌਤਾ ਕਰ ਰਹੀ ਹੈ।

ਵੋਟ ਬਚਾਉਣ ਲਈ ਕੈਂਪਾਂ 'ਚ ਲੱਗੀਆਂ ਭੀੜਾਂ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)
ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਵਿੱਚ ਵੋਟਰ ਸੂਚੀਆਂ ਨੂੰ ਅੱਪਡੇਟ ਕਰਨ ਅਤੇ ਉਨ੍ਹਾਂ ਦੀ ਸ਼ੁੱਧਤਾ ਯਕੀਨੀ ਬਣਾਉਣ ਲਈ ਵਿੱਢੀ ਗਈ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਮੁਹਿੰਮ ਤਹਿਤ ਐਤਵਾਰ ਪੰਜਾਬ ਭਰ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ। ਇਸ ਮੁਹਿੰਮ ਦਾ ਮੁੱਖ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਕਿਸੇ ਵੀ ਤਰ੍ਹਾਂ ਦੀ ਤਰੁੱਟੀ ਨੂੰ ਦੂਰ ਕਰਨਾ ਹੈ।

ਚੋਣ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਸੂਬੇ ਵਿੱਚ ਪ੍ਰੀ-ਐੱਸ ਆਈ ਆਰ ਤਹਿਤ ਵੋਟਰਾਂ ਦੀ ਮੈਪਿੰਗ ਦਾ ਕੰਮ ਪੂਰੇ ਜੋਰਾਂ 'ਤੇ ਹੈ। ਤਾਜ਼ਾ ਅੰਕੜਿਆਂ ਅਨੁਸਾਰ, ਰਾਜ ਵਿੱਚ ਹੁਣ ਤੱਕ 84.62 ਫੀਸਦੀ ਮੈਪਿੰਗ ਦਾ ਕੰਮ ਪੂਰਾ ਹੋ ਚੁੱਕਾ ਹੈ, ਜਿਸ ਨੂੰ 90 ਫੀਸਦੀ ਤੱਕ ਲਿਜਾਣ ਦਾ ਟੀਚਾ ਮਿੱਥਿਆ ਗਿਆ ਹੈ। ਐਤਵਾਰ ਦੇ ਕੈਂਪਾਂ ਵਿੱਚ ਵੋਟਰਾਂ ਵੱਲੋਂ ਆਪਣੇ ਵੇਰਵਿਆਂ ਦੀ ਤਸਦੀਕ ਕਰਵਾਉਣ ਅਤੇ ਨਵੇਂ ਵੋਟਰਾਂ ਵੱਲੋਂ ਰਜਿਸਟ੍ਰੇਸ਼ਨ ਲਈ ਵੱਡੀ ਭੀੜ ਦੇਖੀ ਗਈ।

ਚੋਣ ਅਫ਼ਸਰ ਨੇ ਦੱਸਿਆ ਇੰਟੈਂਸਿਵ

ਰਿਵੀਜ਼ਨ ਦੇ ਸ਼ਡਿਊਲ ਵਿੱਚ ਸੋਧ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਸੋਧੇ ਸ਼ਡਿਊਲ ਅਨੁਸਾਰ ਹੁਣ 25 ਜੂਨ ਤੋਂ 24 ਜੁਲਾਈ 2026 ਤੱਕ ਸਮੂਹ ਬੀ ਐੱਲ ਓਜ਼ ਘਰ-ਘਰ ਜਾਣਗੇ।

ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਜ਼ੀਏਸ਼ਨ 24 ਜੁਲਾਈ ਤੱਕ ਕੀਤੀ ਜਾਵੇਗੀ। ਵੋਟਰ ਸੂਚੀ ਦਾ ਖਰੜਾ 3 ਅਗਸਤ ਨੂੰ ਪ੍ਰਕਾਸ਼ਤ ਕੀਤਾ ਜਾਵੇਗਾ। ਵੋਟਰ ਸੂਚੀਆਂ ਸੰਬੰਧੀ ਇਤਰਾਜ਼ ਅਤੇ ਦਾਅਵੇ 3 ਅਗਸਤ ਤੋਂ 2 ਸਤੰਬਰ 2026 ਤੱਕ ਲਏ ਜਾਣਗੇ। ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਵੋਟਰ ਸੂਚੀ ਦੀ ਅੰਤਮ ਪ੍ਰਕਾਸ਼ਨਾ ਪਹਿਲੀ ਅਕਤੂਬਰ ਨੂੰ ਕੀਤੀ ਜਾਵੇਗੀ।

ਚੋਣ ਅਫਸਰਾਂ ਨੇ ਸਪੱਸ਼ਟ ਕੀਤਾ ਹੈ ਕਿ ਜੇ ਕਿਸੇ ਵੋਟਰ ਦੀ ਮੈਪਿੰਗ ਪ੍ਰੀ-ਐੱਸ ਆਈ ਆਰ ਦੌਰਾਨ ਨਹੀਂ ਵੀ ਹੋਈ, ਤਾਂ ਵੀ ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਅਜਿਹੀ ਸਥਿਤੀ ਵਿੱਚ ਚੋਣ ਅਮਲਾ ਸਿਰਫ ਦਸਤਾਵੇਜ਼ੀ ਤਸਦੀਕ ਦੀ ਮੰਗ ਕਰੇਗਾ। ਸੂਬੇ ਭਰ ਦੀਆਂ ਸਿਆਸੀ ਪਾਰਟੀਆਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਤਾਂ ਜੋ ਇਹ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚੜ੍ਹ ਸਕੇ।

ਸੁਰੱਖਿਆ ਅਧਿਕਾਰੀ ਨੇ ਪਤਨੀ ਤੇ ਪੁੱਤਰ ਨੂੰ ਗੋਲੀ ਮਾਰੀ

ਗੁਰੂਗ੍ਰਾਮ : ਇਥੇ ਇੱਕ ਸੁਰੱਖਿਆ ਅਧਿਕਾਰੀ ਨੇ ਸ਼ਨੀਵਾਰ ਦੇਰ ਰਾਤ ਘਰ ਵਿੱਚ ਬਹਿਸ ਤੋਂ ਬਾਅਦ ਆਪਣੀ ਪਤਨੀ ਅਤੇ ਪੁੱਤਰ ਨੂੰ ਆਪਣੇ ਲਾਇਸੈਂਸੀ ਪਿਸਤੌਲ ਨਾਲ ਗੋਲੀ ਮਾਰ ਦਿੱਤੀ। ਪਰਵਾਰ ਅਸ਼ੋਕ ਵਿਹਾਰ ਇਲਾਕੇ ਵਿੱਚ ਰਹਿੰਦਾ ਸੀ। ਮੁਲਜ਼ਮ ਦੀ ਪਛਾਣ ਅਨਿਲ ਵਜੋਂ ਹੋਈ ਹੈ। ਸ਼ੁਰੂਆਤੀ ਜਾਂਚ ਦੇ ਅਨੁਸਾਰ ਅਨਿਲ ਇੱਕ ਨਿੱਜੀ ਕੰਪਨੀ ਵਿੱਚ ਸੁਰੱਖਿਆ ਅਧਿਕਾਰੀ ਹੈ, ਜਿਸ ਦਾ ਆਪਣੀ ਪਤਨੀ ਆਸ਼ਾ (45) ਨਾਲ ਅਕਸਰ ਝਗੜਾ ਹੁੰਦਾ ਰਹਿੰਦਾ ਸੀ, ਜੋ ਇੱਕ ਨਿੱਜੀ ਸਕੂਲ ਦੀ ਪ੍ਰਿੰਸੀਪਲ ਵਜੋਂ ਕੰਮ ਕਰਦੀ ਸੀ। ਸ਼ਨੀਵਾਰ ਰਾਤ ਜੋੜੇ ਵਿਚਕਾਰ ਝਗੜਾ ਹੋਇਆ। ਪੁਲਿਸ ਨੇ ਕਿਹਾ ਕਿ ਜੋੜੇ ਦਾ ਪੁੱਤਰ ਪ੍ਰਸ਼ਾਂਤ (25) ਜੋ ਕਿ ਨਾਲ ਲੱਗਦੇ ਕਮਰੇ ਵਿੱਚ ਸੌਂ ਰਿਹਾ ਸੀ, ਉੱਚੀ ਆਵਾਜ਼ਾਂ ਸੁਣ ਕੇ ਜਾਗਿਆ ਅਤੇ ਦਖਲ ਦੇਣ ਦੀ ਕੋਸ਼ਿਸ਼ ਕੀਤੀ। ਝਗੜਾ ਏਨਾ ਵਧ ਗਿਆ ਕਿ ਅਨਿਲ ਨੇ ਆਪੇ ਤੋਂ ਬਾਹਰ ਹੋ ਕੇ ਆਪਣੀ ਲਾਇਸੈਂਸੀ ਪਿਸਤੌਲ ਨਾਲ ਆਸ਼ਾ ਅਤੇ ਪ੍ਰਸ਼ਾਂਤ ਦੋਵਾਂ 'ਤੇ ਗੋਲੀਬਾਰੀ ਕਰ ਦਿੱਤੀ। ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਜਗਮੋਹਨ ਸਿੰਘ ਰਾਜੂ ਨੇ ਭਾਜਪਾ ਦੀ ਜਨਰਲ ਸਕੱਤਰੀ ਛੱਡੀ

ਚੰਡੀਗੜ੍ਹ : ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਨਵਾਂ ਪ੍ਰਧਾਨ ਬਣਾਏ ਜਾਣ ਤੋਂ ਬਾਅਦ ਪਾਰਟੀ ਦੇ ਅੰਦਰੂਨੀ ਵਿਵਾਦ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਪ੍ਰਧਾਨਗੀ ਦੀ ਦੌੜ ਵਿੱਚ ਸ਼ਾਮਲ ਰਹੇ ਸਾਬਕਾ ਆਈ ਏ ਐੱਸ ਅਧਿਕਾਰੀ ਡਾ. ਜਗਮੋਹਨ ਸਿੰਘ ਰਾਜੂ ਨੇ ਭਾਜਪਾ ਪੰਜਾਬ ਦੇ ਜਨਰਲ ਸਕੱਤਰ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਐਤਵਾਰ ਸਵੇਰੇ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਚਿੱਠੀ ਵਿੱਚ ਉਨ੍ਹਾ ਸੰਗਠਨ ਮੰਤਰੀ ਮੰਥਰੀ ਸ੍ਰੀਨਿਵਾਸਲੂ ਨੂੰ ਦੱਸਿਆ ਕਿ ਉਨ੍ਹਾ ਪਿਛਲੇ ਚਾਰ ਸਾਲਾਂ ਦੌਰਾਨ ਉਪ-ਪ੍ਰਧਾਨ ਅਤੇ ਜਨਰਲ ਸਕੱਤਰ ਵਜੋਂ ਪਾਰਟੀ ਦੀ ਸੇਵਾ ਕੀਤੀ ਹੈ, ਜੋ ਉਨ੍ਹਾ ਦੇ ਸਿਆਸੀ ਸਫ਼ਰ ਦਾ ਬਹੁਤ ਵਧੀਆ ਤਜਰਬਾ ਰਿਹਾ। ਇਸ ਚਿੱਠੀ ਦੀ ਇੱਕ ਕਾਪੀ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਵੀ ਭੇਜੀ ਗਈ ਹੈ। ਕੈਂਬ੍ਰਿਜ ਯੂਨੀਵਰਸਿਟੀ ਦੇ ਵਿਜ਼ਿਟਿੰਗ ਫੈਲੋ ਅਤੇ ਪੰਜਾਬ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਰਾਜੂ ਨੂੰ ਹਾਈਕਮਾਂਡ ਵੱਲੋਂ ਕੇਵਲ ਢਿੱਲੋਂ ਦੇ ਨਾਂਅ 'ਤੇ ਮੋਹਰ ਲਾਉਣ ਤੋਂ ਪਹਿਲਾਂ ਪ੍ਰਧਾਨਗੀ ਦਾ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਸੀ।

'ਸ਼ੱਕੀ ਵਿਦੇਸ਼ੀ ਨਾਗਰਿਕਾਂ' ਬਾਰੇ ਜਾਣਕਾਰੀ ਸਾਂਝੀ ਕਰਨ ਦੀ ਹਦਾਇਤ

ਨਵੀਂ ਦਿੱਲੀ (ਨ ਜ਼ ਸ)
ਚੋਣ ਕਮਿਸ਼ਨ ਨੇ ਆਪਣੀ ਰਾਜ ਚੋਣ ਮਸ਼ੀਨਰੀ ਨੂੰ ਵੋਟਰ ਸੂਚੀ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੌਰਾਨ ਮਿਲੇ 'ਸ਼ੱਕੀ ਵਿਦੇਸ਼ੀ ਨਾਗਰਿਕਾਂ' ਦੇ ਮਾਮਲਿਆਂ ਨੂੰ ਸਮਰੱਥ ਅਧਿਕਾਰੀਆਂ ਕੋਲ ਭੇਜਣ ਦਾ ਨਿਰਦੇਸ਼ ਦਿੱਤਾ ਹੈ। ਚੋਣ ਕਮਿਸ਼ਨ ਨੇ ਇਹ ਵੀ ਜ਼ੋਰ ਦਿੱਤਾ ਹੈ ਕਿ ਜਿਨ੍ਹਾਂ ਵੋਟਰਾਂ ਦੇ ਗਣਨਾ ਫਾਰਮ ਵਾਪਸ ਨਹੀਂ ਆਏ, ਉਨ੍ਹਾਂ ਲਈ ਬੂਥ ਲੈਵਲ ਅਫਸਰ (ਬੀ ਐੱਲ ਓ) ਨੇੜਲੇ ਵੋਟਰਾਂ ਤੋਂ ਪੁੱਛਗਿੱਛ ਦੇ ਆਧਾਰ 'ਤੇ ਗੈਰਹਾਜ਼ਰ, ਸ਼ਿਫਟ, ਮ੍ਰਿਤਕ ਅਤੇ ਡੁਪਲੀਕੇਟ ਐਂਟਰੀ ਵਰਗੇ ਸੰਭਾਵਤ ਕਾਰਨ ਦੀ ਪਛਾਣ ਕਰਨਗੇ ਅਤੇ ਇਸ ਨੂੰ ਨੋਟ ਕਰਨਗੇ।

ਰਾਜ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਐੱਸ ਆਈ ਆਰ ਦੌਰਾਨ ਅਪਣਾਈ ਜਾਣ ਵਾਲੀ ਪ੍ਰਕਿਰਿਆ ਬਾਰੇ ਜਾਰੀ ਕੀਤੇ ਗਏ ਨਿਰਦੇਸ਼ਾਂ 'ਚ ਕਿਹਾ ਹੈ ਕਿ ਚੋਣ ਰਜਿਸਟ੍ਰੇਸ਼ਨ ਅਧਿਕਾਰੀ (ਈ ਆਰ ਓ) ਸ਼ੱਕੀ ਵਿਦੇਸ਼ੀ ਨਾਗਰਿਕਾਂ ਦੇ ਮਾਮਲਿਆਂ ਨੂੰ ਨਾਗਰਿਕਤਾ ਐਕਟ, 1955 ਦੇ ਤਹਿਤ ਸਮਰੱਥ ਅਥਾਰਟੀ ਨੂੰ ਭੇਜਣਗੇ। ਉਹ ਇਨ੍ਹਾਂ ਉਦੇਸ਼ਾਂ ਲਈ ਈ ਆਰ ਓ ਦੀਆਂ ਸ਼ਕਤੀਆਂ ਦੀ ਸੁਤੰਤਰ ਤੌਰ 'ਤੇ ਵਰਤੋਂ ਕਰਨਗੇ।

ਜਦੋਂ ਚੋਣ ਕਮਿਸ਼ਨ ਪਿਛਲੇ ਸਾਲ ਬਿਹਾਰ ਵਿੱਚ ਐੱਸ ਆਈ ਆਰ ਦੀ ਤਿਆਰੀ ਕਰ ਰਿਹਾ ਸੀ, ਤਾਂ ਇਸ ਦੇ ਅਧਿਕਾਰੀਆਂ ਨੇ ਦਾਅਵਾ ਕੀਤਾ ਸੀ ਕਿ ਬੰਗਲਾਦੇਸ਼, ਨੇਪਾਲ ਅਤੇ ਮਿਆਂਮਾਰ ਦੇ ਕਈ ਨਾਗਰਿਕਾਂ ਨੂੰ ਇਸ ਦੇ ਜ਼ਮੀਨੀ ਪੱਧਰ ਦੇ ਅਧਿਕਾਰੀਆਂ ਨੇ ਲੱਭ ਲਿਆ ਸੀ, ਪਰ ਅੰਤ ਵਿੱਚ ਚੋਣ ਅਥਾਰਟੀ ਨੇ ਅਜਿਹੇ ਲੋਕਾਂ ਦੀ ਕੋਈ ਗਿਣਤੀ ਜਾਂ ਸਬੂਤ ਸਾਂਝੇ ਨਹੀਂ ਕੀਤੇ, ਜੋ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਦੇ ਯੋਗ ਨਹੀਂ ਸਨ।

ਵਿਰੋਧੀ ਪਾਰਟੀਆਂ ਨੇ ਚੋਣ ਕਮਿਸ਼ਨ ਦੇ ਦਾਅਵਿਆਂ ਨੂੰ ਭਾਜਪਾ ਅਤੇ ਇਸ ਦੇ ਸਹਿਯੋਗੀਆਂ ਨਾਲ ਨਾ ਜੁੜੇ ਵੋਟਰਾਂ ਨੂੰ ਨਿਸ਼ਾਨਾ ਬਣਾਉਣ ਲਈ ਐੱਸ ਆਈ ਆਰ ਨੂੰ ਲਾਗੂ ਕਰਨ ਦੀ ਚਾਲ ਦੱਸਿਆ ਸੀ। 14 ਮਈ ਨੂੰ ਚੋਣ ਅਥਾਰਟੀ ਨੇ 30 ਮਈ ਤੋਂ ਪੜਾਅਵਾਰ ਢੰਗ ਨਾਲ 16 ਰਾਜਾਂ ਅਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 36.73 ਕਰੋੜ ਵੋਟਰਾਂ ਨੂੰ ਸ਼ਾਮਲ ਕਰਦੇ ਹੋਏ ਐੱਸ ਆਈ ਆਰ ਦੇ ਤੀਜੇ ਪੜਾਅ ਦੀ ਸ਼ੁਰੂਆਤ ਕੀਤੀ ਸੀ। ਜਿਨ੍ਹਾਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਐੱਸ ਆਈ ਆਰ ਕੀਤੀ ਜਾ ਰਹੀ ਹੈ, ਉਨ੍ਹਾਂ ਵਿੱਚ ਦਿੱਲੀ, ਓਡੀਸ਼ਾ, ਮਿਜ਼ੋਰਮ, ਸਿੱਕਮ, ਮਨੀਪੁਰ, ਉੱਤਰਾਖੰਡ, ਆਂਧਰਾ ਪ੍ਰਦੇਸ਼, ਅਰੁਣਾਚਲ ਪ੍ਰਦੇਸ਼, ਹਰਿਆਣਾ, ਚੰਡੀਗੜ੍ਹ, ਤੇਲੰਗਾਨਾ, ਪੰਜਾਬ, ਕਰਨਾਟਕ, ਮੇਘਾਲਿਆ, ਮਹਾਰਾਸ਼ਟਰ, ਝਾਰਖੰਡ, ਨਾਗਾਲੈਂਡ, ਤ੍ਰਿਪੁਰਾ, ਦਾਦਰ ਅਤੇ ਨਗਰ ਹਵੇਲੀ ਅਤੇ ਦਮਨ ਤੇ ਦੀਵ ਸ਼ਾਮਲ ਹਨ। ਪੰਜਾਬ, ਝਾਰਖੰਡ, ਕਰਨਾਟਕ ਅਤੇ ਤੇਲੰਗਾਨਾ ਵਿੱਚ ਗੈਰ-ਭਾਜਪਾ ਸਰਕਾਰਾਂ ਹਨ। ਨਵੀਨਤਮ ਪੋਲ ਸੂਚੀ ਸੋਧ ਅਭਿਆਸ ਦੌਰਾਨ 3.94 ਲੱਖ ਤੋਂ ਵੱਧ ਬੀ ਐੱਲ ਓ 36.73 ਕਰੋੜ ਵੋਟਰਾਂ ਦੇ ਘਰ-ਘਰ ਜਾਣਗੇ। ਗਣਨਾ ਪੜਾਅ ਦੌਰਾਨ ਰਾਜਨੀਤਕ ਪਾਰਟੀਆਂ ਵੱਲੋਂ ਨਿਯੁਕਤ 3.42 ਲੱਖ ਬੂਥ ਪੱਧਰੀ ਏਜੰਟਾਂ (ਬੀ ਐੱਲ ਏ) ਵੱਲੋਂ ਉਨ੍ਹਾਂ ਦੀ ਸਹਾਇਤਾ ਕੀਤੀ ਜਾਵੇਗੀ। ਬਰਫਬਾਰੀ ਵਾਲੇ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ ਵਿੱਚ ਐੱਸ ਆਈ ਆਰ ਦੇ ਸ਼ਡਿਊਲ ਦਾ ਐਲਾਨ ਬਾਅਦ ਵਿੱਚ ਮੌਸਮ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤਾ ਜਾਵੇਗਾ। ਐੱਸ ਆਈ ਆਰ ਦਾ ਦੂਜਾ ਅਭਿਆਸ ਬਿਹਾਰ, ਪੱਛਮੀ ਬੰਗਾਲ, ਤਾਮਿਲਨਾਡੂ, ਕੇਰਲਾ,

• ਬਾਕੀ ਸਫਾ 2 'ਤੇ

ਨਵੇਂ ਰੂਟ ਨਾਲ ਸ੍ਰੀ ਅਨੰਦਪੁਰ ਸਾਹਿਬ ਹੈਰੀਟੇਜ ਸਟਰੀਟ ਪ੍ਰੋਜੈਕਟ ਮੁੜ ਹੋਵੇਗਾ ਸ਼ੁਰੂ

ਰੋਪੜ : ਪੰਜਾਬ ਸਰਕਾਰ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਹੈਰੀਟੇਜ ਸਟਰੀਟ (ਵਿਰਾਸਤੀ ਮਾਰਗ) ਪ੍ਰੋਜੈਕਟ ਨੂੰ ਦੁਬਾਰਾ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਪ੍ਰੋਜੈਕਟ ਦੇ ਰੂਪ ਵਿੱਚ ਕਾਫ਼ੀ ਬਦਲਾਅ ਕੀਤਾ ਗਿਆ ਹੈ। ਪੰਜਾਬ ਦੇ ਸਿੱਖਿਆ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੁਸ਼ਟੀ ਕੀਤੀ ਕਿ ਪ੍ਰੋਜੈਕਟ ਦੇ ਡਿਜ਼ਾਈਨ ਅਤੇ ਰੂਟ ਨੂੰ ਅੰਤਮ ਰੂਪ ਦੇਣ ਲਈ ਸਰਕਾਰ ਅਤੇ ਐੱਸ ਜੀ ਪੀ ਸੀ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਵਾਲੀ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਸੂਤਰਾਂ ਅਨੁਸਾਰ ਸੋਧੇ ਹੋਏ ਪ੍ਰਸਤਾਵ ਵਿੱਚ ਹੈਰੀਟੇਜ ਸਟਰੀਟ ਕਿਲ੍ਹਾ ਅਨੰਦਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵੱਲ ਜਾਣ ਵਾਲੀ ਸੜਕ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਸੀਸ ਗੰਜ ਸਾਹਿਬ ਅਤੇ ਗੁਰਦੁਆਰਾ ਭੋਰਾ ਸਾਹਿਬ ਵੱਲ ਵਧੇਗੀ। ਪੁਰਾਣੀ ਯੋਜਨਾ ਦੇ ਉਲਟ ਨਵੀਂ ਹੈਰੀਟੇਜ ਸਟਰੀਟ ਮੁੱਖ ਹਾਈਵੇਅ ਤੋਂ ਪ੍ਰਮੁੱਖ ਤੌਰ 'ਤੇ ਦਿਖਾਈ ਦੇਣ ਦੀ ਬਜਾਏ ਸ੍ਰੀ ਅਨੰਦਪੁਰ ਸਾਹਿਬ ਦੀਆਂ ਅੰਦਰੂਨੀ ਸੜਕਾਂ ਤੋਂ ਲੰਘੇਗੀ।

ਭਿੰਡੀ 7200 ਰੁਪਏ ਕਿੱਲੋ !

ਵਾਸ਼ਿੰਗਟਨ : ਇੱਕ ਭਾਰਤੀ ਨੌਜਵਾਨ ਲਈ ਅਮਰੀਕਾ ਵਿੱਚ ਰੋਜ਼ਾਨਾ ਦੀ ਕਰਿਆਨੇ ਦੀ ਖਰੀਦਦਾਰੀ ਉਸ ਸਮੇਂ ਹੈਰਾਨੀਜਨਕ ਬਣ ਗਈ, ਜਦੋਂ ਉਸ ਨੇ ਉੱਥੇ 'ਭਿੰਡੀ' ਦੀ ਕੀਮਤ ਦੇਖੀ। ਉਸ ਦੀ ਇਹ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਖੂਬ ਵਾਇਰਲ ਹੋ ਰਹੀ ਹੈ। ਇੱਕ ਸੁਪਰ ਮਾਰਕੀਟ ਵਿੱਚ ਜਦੋਂ ਉਸ ਨੇ ਭਿੰਡੀ ਦੀ ਕੀਮਤ ਦੇਖੀ ਅਤੇ ਉਸ ਨੂੰ ਭਾਰਤੀ ਕਰੰਸੀ (ਰੁਪਏ) ਵਿੱਚ ਬਦਲਿਆ, ਤਾਂ ਪਤਾ ਲੱਗਿਆ ਕਿ ਇਹ ਲਗਭਗ 40 ਡਾਲਰ ਪ੍ਰਤੀ ਪੌਂਡ ਦੇ ਹਿਸਾਬ ਨਾਲ ਵਿਕ ਰਹੀ ਸੀ, ਜੋ ਭਾਰਤੀ ਰੁਪਏ ਵਿੱਚ ਤਕਰੀਬਨ 7,200 ਰੁਪਏ ਕਿੱਲੋ ਬਣਦੀ ਹੈ। ਨੌਜਵਾਨ ਨੇ ਵੀਡੀਓ ਦੇ ਕੈਪਸ਼ਨ ਵਿੱਚ ਲਿਖਿਆ, 'ਅਸੀਂ ਭਿੰਡੀ ਨੂੰ ਇੱਕ ਬਹੁਤ ਹੀ ਸਧਾਰਨ ਰੋਜ਼ਾਨਾ ਦੀ ਸਬਜ਼ੀ ਵਜੋਂ ਖਾਂਦੇ ਹੋਏ ਵੱਡੇ ਹੋਏ ਹਾਂ। ਭਾਰਤ ਵਿੱਚ ਇਹ ਸਿਰਫ਼ ਇੱਕ ਆਮ ਸਬਜ਼ੀ ਹੈ, ਪਰ ਅਮਰੀਕਾ ਵਿੱਚ ਉਹ ਇਸ ਨੂੰ ਫਰਾਈ ਕਰਦੇ ਹਨ, ਇੱਕ ਛੋਟੇ ਜਿਹੇ ਪੈਕੇਟ 85 ਗ੍ਰਾਮ ਵਿੱਚ ਪੈਕ ਕਰਦੇ ਹਨ, ਜਿਸ ਦੀ ਕੀਮਤ 6.50 ਡਾਲਰ ਹੈ।'

ਡੋਲੂ ਲਿਆਓ, ਲੀਟਰ ਮਗਰ ਦੋ ਰੁਪਏ ਬਚਾਓ

ਮੁਹਾਲੀ : ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ 'ਵੇਰਕਾ' ਨੇ 'ਦੁੱਧ ਉਹੀ, ਪਲਾਸਟਿਕ ਨਹੀਂ' ਮੁਹਿੰਮ ਦੀ ਸ਼ੁਰੂਆਤ ਕੀਤੀ ਹੈ। ਇਸ ਤਹਿਤ ਮੋਬਾਇਲ ਵੈਂਡਿੰਗ ਵੈਨ ਤੋਂ ਤਾਜ਼ਾ ਦੁੱਧ ਖਰੀਦਣ 'ਤੇ 2 ਰੁਪਏ ਪ੍ਰਤੀ ਲੀਟਰ ਦੀ ਵਿਸ਼ੇਸ਼ ਛੋਟ ਦੇ ਕੇ 66 ਰੁਪਏ ਵਾਲਾ ਦੁੱਧ 64 ਰੁਪਏ ਵਿੱਚ ਦਿੱਤਾ ਜਾ ਰਿਹਾ ਹੈ। ਸ਼ੁਰੂਆਤ ਮੁਹਾਲੀ ਦੀ ਰਿਹਾਇਸ਼ੀ ਸੁਸਾਇਟੀ 'ਏ ਟੀ ਐੱਸ ਕਾਸਾ ਏਸਪਾਨਾ' ਤੋਂ ਕੀਤੀ ਗਈ ਹੈ। ਇੱਕ ਪਰਵਾਰ ਰੋਜ਼ਾਨਾ 2 ਲੀਟਰ ਦੁੱਧ ਖਰੀਦ ਕੇ ਸਾਲਾਨਾ ਲਗਭਗ 4 ਕਿੱਲੋ ਪਲਾਸਟਿਕ ਕੂੜਾ ਪੈਦਾ ਹੋਣ ਤੋਂ ਰੋਕ ਸਕਦਾ ਹੈ। ਪ੍ਰੋਜੈਕਟ ਸਫਲ ਰਹਿੰਦਾ ਹੈ ਤਾਂ ਹੌਲੀ-ਹੌਲੀ ਦੂਜੇ ਸ਼ਹਿਰਾਂ ਤੇ ਕਸਬਿਆਂ ਵਿੱਚ ਵੀ ਲਾਗੂ ਕੀਤਾ ਜਾਵੇਗਾ।

ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਤੇ ਸਾਥੀਆਂ ਦੀ ਸ਼ਹਾਦਤ ਅਜਾਈਂ ਨਹੀਂ ਜਾਵੇਗੀ : ਅਰਸ਼ੀ

ਕੋਟਕਪੂਰਾ (ਰਛਪਾਲ ਭੁੱਲਰ)
ਇੱਥੋਂ ਥੋੜ੍ਹੀ ਦੂਰ ਪਿੰਡ ਔਲਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਤੇ ਉਹਨਾ ਦੇ ਛੇ ਸਾਥੀਆਂ ਦੀ 35 ਵੀਂ ਬਰਸੀ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸ਼ਹੀਦ ਕਾਮਰੇਡ ਅਮੋਲਕ ਸਿੰਘ ਦੀ ਯਾਦਗਾਰ ਵਿਖੇ ਐਤਵਾਰ ਪਾਰਟੀ ਦਾ ਝੰਡਾ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਬਜ਼ੁਰਗ ਸਾਥੀ ਸੁਖਦਰਸ਼ਨ ਰਾਮ ਸ਼ਰਮਾ ਅਤੇ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਵੱਲੋਂ ਕੀਤੀ ਗਈ। ਕਾਮਰੇਡ ਅਰਸ਼ੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਤੇ ਉਹਨਾ ਦੇ ਛੇ ਸਾਥੀਆਂ ਵੱਲੋਂ 7 ਜੂਨ 1991 ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਖਾਤਰ ਦਿੱਤੀ ਗਈ ਸ਼ਹਾਦਤ ਅਜਾਈਂ ਨਹੀਂ ਜਾਵੇਗੀ। ਉਹਨਾ ਕਿਹਾ ਕਿ ਮੌਜੂਦਾ ਦੌਰ ਵਿੱਚ ਇਹਨਾਂ ਕੁਰਬਾਨੀਆਂ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ, ਜਦੋਂ ਸਾਡੇ ਮੁਲਕ ਦੀ ਸਿਆਸਤ ਧਰਮ ਨਿਰਪੱਖਤਾ ਦੇ ਸਿਧਾਂਤ ਤੋਂ ਬੁਰੀ ਤਰਾਂ ਭਟਕ ਗਈ ਹੋਵੇ।

ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਵਿੱਤ ਸਕੱਤਰ ਗੁਰਚਰਨ ਸਿੰਘ ਮਾਨ, ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਜ਼ਿਲ੍ਹਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਸਭਾ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਦੇ ਆਗੂ ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ, ਬਲਕਾਰ ਸਿੰਘ ਸਹੋਤਾ, ਰੇਸ਼ਮ ਸਿੰਘ ਜਟਾਣਾ, ਸੁਖਜਿੰਦਰ ਸਿੰਘ ਤੂੰਬੜਭੰਨ, ਜਤਿੰਦਰ ਸਿੰਘ ਜੰਡਵਾਲਾ, ਪਾਵਰਕਾਮ ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ ਇੰਦਰਜੀਤ ਸਿੰਘ ਗਿੱਲ, ਕੇਵਲ ਕ੍ਰਿਸ਼ਨ ਰੋਮਾਣਾ ਸਪੁੱਤਰ ਸਾਧੂ ਰਾਮ ਰੋਮਾਣਾ ਅਤੇ ਗਿਆਨ ਚੰਦ ਸ਼ਰਮਾ, ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ, ਨੌਜਵਾਨ ਆਗੂ ਚਰਨਜੀਤ ਸਿੰਘ ਚਮੇਲੀ, ਗੁਰਮੀਤ ਸਿੰਘ ਵਾਂਦਰ ਤਹਿਸੀਲ ਸਕੱਤਰ ਬਾਘਾ ਪੁਰਾਣਾ ਅਤੇ ਸਥਾਨਕ ਬ੍ਰਾਂਚ ਦੇ ਆਗੂ ਬੋਹੜ ਸਿੰਘ ਔਲਖ, ਜਸਵੰਤ ਸਿੰਘ ਨਿੱਕਾ ਔਲਖ, ਸ਼ਿਵ ਕੁਮਾਰ ਸ਼ਰਮਾ, ਬੂਟਾ ਸਿੰਘ ਉਰਫ ਡੀ ਸੀ, ਗੁਰਚਰਨ ਸਿੰਘ , ਕੁਲਵੰਤ ਸਿੰਘ, ਮੁਖਤਿਆਰ ਸਿੰਘ ਭਾਣਾ, ਨਾਇਬ ਸਿੰਘ ਘਣੀਏ ਵਾਲਾ, ਸੁਖਮੰਦਰ ਸਿੰਘ, ਜਲੌਰ ਸਿੰਘ, ਪੱਪੀ ਸਿੰਘ ਰਾਜੋਵਾਲਾ ਅਤੇ ਅੰਗਰੇਜ਼ ਕੌਰ ਅਰਾਈਆਂ ਵਾਲਾ ਕਲਾਂ ਨੇ ਵੀ ਨਾਹਰਿਆਂ ਦੀ ਗੂੰਜ ਵਿੱਚ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਖਾਤਰ ਸ਼ਹਾਦਤ ਦਾ ਜਾਮ ਪੀਣ ਵਾਲੇ ਸਮੂਹ ਸੱਤ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਜ਼ਿਕਰਯੋਗ ਹੈ ਕਿ ਬਰਸੀ ਸਮਾਗਮ ਪਾਰਟੀ ਦੀ ਸਥਾਨਕ ਬ੍ਰਾਂਚ ਦੇ ਮੈਂਬਰ ਬਲਕਰਨ ਸਿੰਘ ਖਾਲਸਾ ਦੇ ਅਚਾਨਕ ਸਦੀਵੀ ਵਿਛੋੜਾ ਦੇ ਜਾਣ ਕਾਰਨ ਮੁਲਤਵੀ ਕਰਨਾ ਪੈ ਗਿਆ ਸੀ। ਇਸ ਮੌਕੇ ਹਾਜ਼ਰ ਭਾਰਤੀ ਕਮਿਊਨਿਸਟ ਪਾਰਟੀ ਦੇ ਸਮੂਹ ਸੂਬਾਈ ਆਗੂ, ਜ਼ਿਲ੍ਹਾ ਪੱਧਰੀ ਆਗੂਆਂ ਅਤੇ ਸਥਾਨਕ ਬ੍ਰਾਂਚ ਦੇ ਸਮੂਹ ਆਗੂਆਂ ਨੇ ਮ੍ਰਿਤਕ ਬਲਕਰਨ ਸਿੰਘ ਦੇ ਘਰ ਜਾ ਕੇ ਸਮੂਹ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਉਪਰੰਤ ਸਮੂਹ ਜਥੇਬੰਦੀਆਂ ਦੇ ਆਗੂਆਂ ਨੇ ਇੱਕ ਮੀਟਿੰਗ ਕਰਕੇ ਨਿਰਣਾ ਲਿਆ ਕਿ ਸਾਉਣੀ ਦੇ ਸੀਜ਼ਨ ਕਾਰਨ ਮਜ਼ਦੂਰਾਂ ਦੇ ਰੁਝੇਵਿਆਂ ਨੂੰ ਮੁੱਖ ਰੱਖਦੇ ਹੋਏ 35ਵੀਂ ਬਰਸੀ ਇੱਕ ਜ਼ਿਲ੍ਹਾ ਪੱਧਰੀ ਚੇਤਨਾ ਕਨਵੈਨਸ਼ਨ ਦੇ ਰੂਪ ਵਿੱਚ 19 ਜੁਲਾਈ (ਐਤਵਾਰ) ਨੂੰ ਸਵੇਰੇ 10 ਵਜੇ ਪਿੰਡ ਔਲਖ ਵਿਖੇ ਮਨਾਈ ਜਾਵੇਗੀ।

ਵਿਰੋਧ ਪ੍ਰਦਰਸ਼ਨ ਸਫਲ ਰਿਹਾ, ਅੰਦੋਲਨ ਜਾਰੀ ਰਹੇਗਾ : ਦੀਪਕੇ

ਛਤਰਪਤੀ ਸੰਭਾਜੀਨਗਰ : 'ਸ਼ਨੀਵਾਰ ਨਵੀਂ ਦਿੱਲੀ ਦੇ ਜੰਤਰ-ਮੰਤਰ 'ਤੇ ਉਨ੍ਹਾ ਦਾ ਵਿਰੋਧ ਪ੍ਰਦਰਸ਼ਨ ਕਾਫ਼ੀ ਹੱਦ ਤੱਕ ਸਫਲ ਰਿਹਾ, ਜਿਸ ਵਿੱਚ ਲਗਭਗ 7,000 ਲੋਕਾਂ ਨੇ ਹਿੱਸਾ ਲਿਆ। ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਐਤਵਾਰ ਇਹ ਪ੍ਰਗਟਾਵਾ ਕਰਦਿਆਂ ਕਿਹਾ ਕਿ ਪ੍ਰੀਖਿਆਵਾਂ ਅਤੇ ਭਰਤੀ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਉਨ੍ਹਾ ਦਾ ਅੰਦੋਲਨ ਉਦੋਂ ਤੱਕ ਨਹੀਂ ਰੁਕੇਗਾ, ਜਦੋਂ ਤੱਕ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਅਸਤੀਫਾ ਨਹੀਂ ਦਿੰਦੇ। ਉਨ੍ਹਾ ਕਿਹਾ ਕਿ ਅੰਦੋਲਨ ਹੁਣ ਦੇਸ਼ ਭਰ ਵਿੱਚ ਫੈਲੇਗਾ। ਸੀ ਜੇ ਪੀ ਦੇ ਸੰਸਥਾਪਕ ਐਤਵਾਰ ਸਵੇਰੇ ਮਹਾਰਾਸ਼ਟਰ ਦੇ ਛਤਰਪਤੀ ਸੰਭਾਜੀਨਗਰ ਜ਼ਿਲ੍ਹੇ ਦੇ ਐੱਮ ਆਈ ਡੀ ਸੀ ਵਲੂਜ ਖੇਤਰ ਵਿੱਚ ਆਪਣੇ ਨਿਵਾਸ ਸਥਾਨ 'ਤੇ ਪਹੁੰਚੇ, ਜਿਥੇ ਉਨ੍ਹਾ ਦੇ ਪਰਵਾਰਕ ਮੈਂਬਰਾਂ ਨੇ ਉਨ੍ਹਾ ਦਾ ਸਵਾਗਤ ਕੀਤਾ। ਉਨ੍ਹਾ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਿਹਾ ਕਿ ਅਸੀਂ ਇਸ ਅੰਦੋਲਨ ਨੂੰ ਦੇਸ਼ ਭਰ ਵਿੱਚ ਲਿਜਾਣ ਲਈ ਇੱਕ ਹੋਰ ਕਾਰਜ ਯੋਜਨਾ ਤਿਆਰ ਕਰਾਂਗੇ।

• ਬਾਕੀ ਸਫਾ 2 'ਤੇ

ਵਾਂਗਚੁਕ ਦੀ ਮੌਜੂਦਗੀ ਨੇ ਕਾਕਰੋਚ ਜਨਤਾ ਪਾਰਟੀ ਨੂੰ ਮਜ਼ਬੂਤੀ ਦਿੱਤੀ : ਪ੍ਰਕਾਸ਼ ਰਾਜ

ਨਵੀਂ ਦਿੱਲੀ : ਆਪਣੇ ਬੇਬਾਕ ਬਿਆਨਾਂ ਅਤੇ ਸਮਾਜਿਕ-ਸਿਆਸੀ ਮੁੱਦਿਆਂ 'ਤੇ ਖੁੱਲ੍ਹ ਕੇ ਰਾਏ ਰੱਖਣ ਲਈ ਜਾਣੇ ਜਾਂਦੇ ਮਸ਼ਹੂਰ ਅਦਾਕਾਰ ਪ੍ਰਕਾਸ਼ ਰਾਜ ਨੇ 'ਕਾਕਰੋਚ ਜਨਤਾ ਪਾਰਟੀ' ਦੇ ਹਾਲੀਆ ਪ੍ਰਦਰਸ਼ਨ ਨੂੰ ਲੈ ਕੇ ਵੱਡੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾ ਪੋਸਟ ਸਾਂਝੀ ਕਰਦਿਆਂ ਅੰਦੋਲਨ ਪ੍ਰਤੀ ਆਪਣੀ ਇੱਕਜੁਟਤਾ ਪ੍ਰਗਟਾਈ ਤੇ ਪ੍ਰਦਰਸ਼ਨਕਾਰੀਆਂ ਦੇ ਹੌਸਲੇ ਦੀ ਸ਼ਲਾਘਾ ਕੀਤੀ ਹੈ। ਪ੍ਰਕਾਸ਼ ਰਾਜ ਨੇ ਲਿਖਿਆ ਕਿ ਉਨ੍ਹਾ ਇਸ ਪ੍ਰਦਰਸ਼ਨ ਵਿੱਚ ਨਿੱਜੀ ਤੌਰ 'ਤੇ ਸ਼ਾਮਲ ਹੋਣ ਦੀ ਪੂਰੀ ਕੋਸ਼ਿਸ਼ ਕੀਤੀ ਸੀ, ਪਰ ਪਹਿਲਾਂ ਤੋਂ ਤੈਅਸ਼ੁਦਾ ਰੁਝੇਵਿਆਂ ਅਤੇ ਕੰਮਾਂ ਕਾਰਨ ਉਹ ਉੱਥੇ ਨਹੀਂ ਪਹੁੰਚ ਸਕੇ। ਉਨ੍ਹਾ ਸਪੱਸ਼ਟ ਕੀਤਾ ਕਿ ਉਹ ਪੂਰੀ ਤਰ੍ਹਾਂ ਇਸ ਅੰਦੋਲਨ ਦੇ ਨਾਲ ਖੜ੍ਹੇ ਹਨ ਅਤੇ ਇਸ ਦੇ ਉਦੇਸ਼ ਦਾ ਪੁਰਜ਼ੋਰ ਸਮਰਥਨ ਕਰਦੇ ਹਨ।

ਅਦਾਕਾਰ ਨੇ ਆਪਣੀ ਪੋਸਟ ਵਿੱਚ ਦੇਸ਼ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ। ਪ੍ਰਕਾਸ਼ ਰਾਜ ਨੇ ਲਿਖਿਆ ਕਿ ਸਿੱਖਿਆ ਵਿਵਸਥਾ ਦੇ ਭਵਿੱਖ ਨੂੰ ਲੈ ਕੇ ਸੋਨਮ ਵਾਂਗਚੁਕ ਤੋਂ ਬਿਹਤਰ ਅਤੇ ਪ੍ਰਭਾਵਸ਼ਾਲੀ ਆਵਾਜ਼ ਸ਼ਾਇਦ ਹੀ ਕੋਈ ਹੋਰ ਹੋ ਸਕਦੀ ਹੈ। ਉਨ੍ਹਾ ਕਿਹਾ ਕਿ ਇਸ ਅੰਦੋਲਨ ਵਿੱਚ ਵਾਂਗਚੁਕ ਦੀ ਮੌਜੂਦਗੀ ਨੇ ਪ੍ਰਦਰਸ਼ਨ ਨੂੰ ਹੋਰ ਮਜ਼ਬੂਤੀ ਦਿੱਤੀ ਹੈ।

ਕਿਸਾਨ ਦੇ ਘਰੋਂ 45 ਤੋਲੇ ਸੋਨਾ ਤੇ ਨਕਦੀ ਚੋਰੀ

ਜੰਡਿਆਲਾ ਗੁਰੂ : ਇੱਥੋਂ ਨਜ਼ਦੀਕੀ ਪਿੰਡ ਜਾਣੀਆਂ ਵਿੱਚ ਬੀਤੀ ਰਾਤ ਇੱਕ ਕਿਸਾਨ ਦੇ ਘਰ ਵਿੱਚ ਦਾਖ਼ਲ ਹੋ ਕੇ ਅਣਪਛਾਤੇ ਚੋਰਾਂ ਵੱਲੋਂ ਕਰੀਬ ਇੱਕ ਕਰੋੜ ਰੁਪਏ ਦੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਪੀੜਤ ਕਿਸਾਨ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਕਈ ਸਾਲ ਦੁਬਈ ਵਿਖੇ ਮਿਹਨਤ-ਮਜ਼ਦੂਰੀ ਕਰਕੇ ਇਹ ਕਮਾਈ ਕਰਕੇ ਲਿਆਏ ਸਨ। ਬੀਤੀ ਰਾਤ ਚੋਰ ਉਨ੍ਹਾਂ ਦੇ ਘਰ ਦੇ ਬਾਹਰਲੇ ਗੇਟ ਦਾ ਤਾਲਾ ਤੋੜ ਕੇ ਅੰਦਰ ਦਾਖ਼ਲ ਹੋ ਗਏ।

ਇਸ ਤੋਂ ਬਾਅਦ ਚੋਰਾਂ ਨੇ ਕਮਰੇ ਦੀ ਗਰਿੱਲ ਤੋੜੀ ਅਤੇ ਅੰਦਰ ਆ ਕੇ ਪਰਵਾਰ 'ਤੇ ਕੋਈ ਨਸ਼ੀਲੀ ਵਸਤੂ ਛਿੜਕ ਕੇ ਉਨ੍ਹਾਂ ਨੂੰ ਬੇਹੋਸ਼ ਕਰ ਦਿੱਤਾ। ਕਿਸਾਨ ਮੁਤਾਬਕ ਚੋਰਾਂ ਨੇ ਘਰ ਦੀਆਂ ਅਲਮਾਰੀਆਂ ਤੋੜ ਕੇ ਕਰੀਬ 45 ਤੋਲੇ ਸੋਨੇ ਦੇ ਗਹਿਣੇ, 5 ਲੱਖ ਰੁਪਏ ਨਕਦ, 8 ਤੋਂ 10 ਵਿਦੇਸ਼ੀ ਘੜੀਆਂ ਅਤੇ ਮੋਬਾਇਲ ਫ਼ੋਨ ਚੋਰੀ ਕਰ ਲਏ। ਉਨ੍ਹਾਂ ਭਾਵੁਕ ਹੁੰਦਿਆਂ ਦੱਸਿਆ ਕਿ ਚੋਰ ਉਨ੍ਹਾ ਦੀ ਬੇਟੀ ਅਤੇ ਨੂੰਹ ਦੇ ਗਹਿਣਿਆਂ ਸਮੇਤ ਵੱਡੇ-ਵਡੇਰਿਆਂ ਦੀ ਨਿਸ਼ਾਨੀ ਵਜੋਂ ਸੰਭਾਲਿਆ ਹੋਇਆ ਸੋਨਾ ਵੀ ਲੁੱਟ ਕੇ ਲੈ ਗਏ। ਇਸ ਚੋਰੀ ਕਾਰਨ ਉਨ੍ਹਾ ਦਾ ਕਰੀਬ ਇੱਕ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਪੁਲਸ ਅਨੁਸਾਰ ਘਟਨਾ ਸਥਾਨ ਦੇ ਆਸ-ਪਾਸ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਘਾਲੀ ਜਾ ਰਹੀ ਹੈ। ਪੁਲਸ ਨੇ ਦਾਅਵਾ ਕੀਤਾ ਕਿ ਜਲਦ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

ਰਸੋਈ ਗੈਸ ਸਿਲੰਡਰ ਦੀ ਕੀਮਤ 'ਚ ਵਾਧੇ ਦਾ ਤਿੱਖਾ ਵਿਰੋਧ

ਚੰਡੀਗੜ੍ਹ : ਚੰਡੀਗੜ੍ਹ ਕਾਂਗਰਸ ਦੇ ਪ੍ਰਧਾਨ ਹਰਮੋਹਿੰਦਰ ਸਿੰਘ ਲੱਕੀ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਘਰੇਲੂ ਐੱਲ ਪੀ ਜੀ ਗੈਸ ਸਿਲੰਡਰ ਦੀ ਕੀਮਤ ਵਿੱਚ 29 ਰੁਪਏ ਦਾ ਵਾਧਾ ਕਰਨ ਦਾ ਸਖ਼ਤ ਵਿਰੋਧ ਕੀਤਾ ਹੈ। ਉਨ੍ਹਾ ਕਿਹਾ ਕਿ ਇਹ ਦੇਸ਼ ਦੀ ਆਮ ਜਨਤਾ ਉੱਤੇ ਮਹਿੰਗਾਈ ਦਾ ਇੱਕ ਹੋਰ ਨਿਰਦਈ ਅਤੇ ਅਸਹਿਣਯੋਗ ਹਮਲਾ ਹੈ। ਚੋਣਾਂ ਦੌਰਾਨ ਸੌ ਦਿਨਾਂ ਵਿੱਚ ਮਹਿੰਗਾਈ 'ਤੇ ਕਾਬੂ ਪਾਉਣ ਅਤੇ ਲੋਕਾਂ ਨੂੰ ਰਾਹਤ ਦੇਣ ਦੇ ਵੱਡੇ-ਵੱਡੇ ਵਾਅਦੇ ਕਰਨ ਵਾਲੀ ਭਾਜਪਾ ਸਰਕਾਰ ਅੱਜ ਹਰ ਘਰ ਦਾ ਬਜਟ ਤਬਾਹ ਕਰਨ 'ਤੇ ਤੁਲੀ ਹੋਈ ਹੈ। ਲੱਕੀ ਨੇ ਆਖਿਆ ਕਿ ਮੋਦੀ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਸ ਨੂੰ ਦੇਸ਼ ਦੇ ਗਰੀਬ, ਮੱਧ ਵਰਗ ਅਤੇ ਘਰੇਲੂ ਔਰਤਾਂ ਦੀਆਂ ਮੁਸ਼ਕਲਾਂ ਨਾਲ ਕੋਈ ਸਰੋਕਾਰ ਨਹੀਂ। ਉਨ੍ਹਾ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਆਮ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਸੜਕ ਤੋਂ ਲੈ ਕੇ ਸਦਨ ਤੱਕ ਆਪਣਾ ਸੰਘਰਸ਼ ਜਾਰੀ ਰੱਖੇਗੀ ਅਤੇ ਜਨਤਾ ਦੀ ਆਵਾਜ਼ ਨੂੰ ਬੁਲੰਦ ਕਰਦੀ ਰਹੇਗੀ।

ਅੱਜ-ਨਾਮਾ

ਕੀਹਦੇ ਨਾਲ ਕਾਂਗਰਸ, ਕੌਣ ਨਾਲ ਉਹਦੇ,
ਗੱਲ ਕੁਝ ਗੇੜ ਦੇ ਅੰਦਰ ਨਾ ਆਏ ਬੇਲੀ।
ਤਾਮਿਲ ਨਾਡੂ ਦੇ ਆਗੂ ਸਨ ਨਾਲ ਜਿਹੜੇ,
ਉਨ੍ਹਾਂ ਨੇ ਨਵੇਂ ਆ ਬਦਲ ਅਪਣਾਏ ਬੇਲੀ।
ਮਮਤਾ ਬੈਨਰਜੀ ਕੋਈ ਨਹੀਂ ਗੱਲ ਸੁਣਦੀ,
ਕੋਈ ਨਾ ਆਗੂ ਜੋ ਉਹਨੂੰ ਸਮਝਾਏ ਬੇਲੀ।
ਮੂੰਹੋਂ-ਸਿਰੋਂ ਉਹ ਸਿੱਖੀ ਨਹੀਂ ਬੋਲਣਾ ਵੀ,
ਡਰਦਾ ਮੂਹਰੇ ਨਹੀਂ ਕੋਈ ਵੀ ਜਾਏ ਬੇਲੀ।
ਆਪੋ ਵਿੱਚ ਕਰਨਾਟਕ ਵਿੱਚ ਲੜਨ ਆਗੂ,
ਕਰਦਾ ਇੱਕ ਨੂੰ ਦੂਜਾ ਪ੍ਰਵਾਨ ਕੋਈ ਨਹੀਂ।
ਏਸੇ ਜਿੱਲ੍ਹਣ ਵਿੱਚ ਫਾਥੀ ਰਹੀ ਪਾਰਟੀ ਜੇ,
ਮੂਹਰੇ ਝਲਕਦੇ ਠੀਕ ਨਿਸ਼ਾਨ ਕੋਈ ਨਹੀਂ।

-ਤੀਸ ਮਾਰ ਖਾਂ

ਦਿਨ ਰਹਿ ਗਏ ਚਾਰ

ਜਲੰਧਰ (ਨਵਾਂ ਜ਼ਮਾਨਾ ਸਰਵਿਸ)
ਲਿਓਨਲ ਮੈਸੀ ਦੀ ਜਾਦੂਗਰੀ, ਕ੍ਰਿਸਟੀਆਨੋ ਰੋਨਾਲਡੋ ਦੀ ਐਕਰੋਬੈਟਿਕ ਫਿਨਿਸ਼, ਲੈਮੀਨ ਯਮਾਲ ਦੇ ਕਾਰਨਾਮੇ ਅਤੇ ਕਾਇਲੀਅਨ ਐਮਬਾਪੇ ਦੀ ਸਨਸਨੀਖੇਜ਼ ਰਫਤਾਰ। ਇਹ ਸਭ ਦੇਖਣ ਲਈ ਇੰਤਜ਼ਾਰ ਲਗਭਗ ਖਤਮ ਹੋ ਗਿਆ ਹੈ, ਕਿਉਂਕਿ ਫੀਫਾ ਵਿਸ਼ਵ ਕੱਪ 11 ਜੂਨ ਨੂੰ ਸ਼ੁਰੂ ਹੋ ਰਿਹਾ ਹੈ।

ਮੈਸੀ, ਰੋਨਾਲਡੋ, ਸਾਲਾਹ ਤੇ ਯਮਾਲ

ਚਾਰ ਸਾਲ ਪਹਿਲਾਂ ਮੈਸੀ ਨੇ ਬਚਪਨ ਦਾ ਸੁਪਨਾ ਪੂਰਾ ਕੀਤਾ, ਜਦੋਂ ਉਸ ਨੇ ਆਪਣੇ ਵਿਸ਼ਾਲ ਟ੍ਰਾਫੀਆਂ ਦੇ ਸੰਗ੍ਰਹਿ ਵਿੱਚੋਂ ਗੈਰਹਾਜ਼ਰ ਵਿਸ਼ਵ ਕੱਪ ਜਿੱਤਿਆ। ਹੁਣ 38 ਸਾਲ ਦੀ ਉਮਰ ਵਿੱਚ ਸਟਾਰ ਫਾਰਵਰਡ ਰਿਕਾਰਡ ਛੇਵਾਂ ਵਿਸ਼ਵ ਕੱਪ ਖੇਡਣ ਜਾ ਰਿਹਾ ਹੈ, ਜਿੱਥੇ ਉਸ ਦਾ ਦੇਸ਼ ਅਰਜਨਟੀਨਾ ਕਤਰ ਵਿੱਚ ਜਿੱਤੇ ਗਏ ਖਿਤਾਬ ਦਾ ਬਚਾਅ ਕਰਨ ਦੀ ਕੋਸ਼ਿਸ਼ ਕਰੇਗਾ।

ਸਪੇਨ ਦਾ ਲਾਮੀਨ ਯਮਾਲ ਸਿਰਫ 18 ਸਾਲ ਦਾ ਹੈ, ਪਰ ਇਹ ਵਿੰਗਰ ਆਪਣੀ ਪੀੜ੍ਹੀ ਦਾ ਸਭ ਤੋਂ ਵਧੀਆ ਵਿੰਗਰ ਹੈ ਅਤੇ ਆਪਣੀ ਉਮਰ ਤੋਂ ਕਿਤੇ ਵੱਧ ਪਰਪੱਕਤਾ ਦਿਖਾਉਂਦਾ ਹੈ। ਸਪੇਨ ਨੂੰ ਯੂਰੋ 2024 ਦੇ ਖਿਤਾਬ ਵੱਲ ਲੈ ਜਾਣ ਵਿੱਚ ਮੁੱਖ ਭੂਮਿਕਾ ਨਿਭਾਉਣ ਤੋਂ ਬਾਅਦ ਯਮਾਲ ਆਪਣੇ ਪਹਿਲੇ ਵਿਸ਼ਵ ਕੱਪ ਵੱਲ ਵਧ ਰਿਹਾ ਹੈ। ਪ੍ਰਸ਼ੰਸਕ ਅਤੇ ਆਲੋਚਕ ਇਹ ਦੇਖਣ ਲਈ ਉਤਸੁਕ ਹਨ ਕਿ ਉਹ ਆਪਣੀ ਟੋਪੀ ਵਿੱਚੋਂ ਕਿਹੜੀਆਂ ਨਵੀਆਂ ਚਾਲਾਂ ਕੱਢੇਗਾ। ਜੇ ਯਮਾਲ ਆਪਣਾ ਹੁਨਰ ਅਤੇ ਗੋਲ ਕਰਨ ਦੇ ਕਾਰਨਾਮੇ ਜਾਰੀ ਰੱਖਦਾ ਹੈ, ਤਾਂ ਉਹ ਟੂਰਨਾਮੈਂਟ 'ਚ ਸਭ ਤੋਂ ਵੱਧ ਗੋਲ ਕਰਕੇ ਗੋਲਡਨ ਬੂਟ ਜਿੱਤਣ ਵਾਲਾ ਸਭ ਤੋਂ ਘੱਟ ਉਮਰ ਦਾ ਖਿਡਾਰੀ ਬਣ ਸਕਦਾ ਹੈ।

ਫਰਾਂਸ ਦੇ ਕਾਇਲੀਅਨ ਐਮਬਾਪੇ ਲਈ 2022 ਦਾ ਵਿਸ਼ਵ ਕੱਪ ਕੌੜਾ-ਮਿੱਠਾ ਰਿਹਾ। ਫਾਈਨਲ ਵਿੱਚ ਐਮਬਾਪੇ ਦੀ ਸਨਸਨੀਖੇਜ਼ ਹੈਟ੍ਰਿਕ ਦੇ ਬਾਵਜੂਦ ਫਰਾਂਸ ਪੈਨਲਟੀਆਂ ਵਿੱਚ ਹਾਰ ਗਿਆ ਸੀ।

ਐਮਬਾਪੇ ਫਰਾਂਸ ਦੇ ਸਭ ਤੋਂ ਵੱਧ ਗੋਲ ਕਰਨ ਵਾਲੇ ਓਲੀਵੀਅਰ ਗਿਰੌਡ ਦੇ 57 ਗੋਲਾਂ ਦੀ ਬਰਾਬਰੀ ਕਰਨ ਤੋਂ ਸਿਰਫ ਇੱਕ ਗੋਲ ਦੂਰ ਹੈ। ਗਿਰੌਡ ਨੇ ਇਹ ਕਾਰਨਾਮਾ 36 ਸਾਲ ਦੀ ਉਮਰ ਵਿੱਚ ਹਾਸਲ ਕੀਤਾ ਸੀ, ਪਰ ਐਮਬਾਪੇ 27 ਸਾਲ ਦਾ ਹੈ।

ਯੂਰਪੀਅਨ ਫੁੱਟਬਾਲ ਦੇ ਸਭ ਤੋਂ ਘਾਤਕ ਸਟ੍ਰਾਈਕਰਾਂ ਵਿੱਚੋਂ ਇੱਕ ਨਾਰਵੇ ਦਾ ਹਾਲੈਂਡ ਪਹਿਲਾ ਵਿਸ਼ਵ ਕੱਪ ਖੇਡੇਗਾ। ਇੰਗਲੈਂਡ ਦੀ ਮੈਨਚੈਸਟਰ ਸਿਟੀ ਕਲੱਬ ਵੱਲੋਂ ਖੇਡਣ ਵਾਲਾ ਹਾਲੈਂਡ ਅਕਤੂਬਰ ਵਿੱਚ ਇਤਿਹਾਸ ਦਾ ਸਿਰਫ ਛੇਵਾਂ ਫੁੱਟਬਾਲਰ ਬਣਿਆ, ਜਿਸ ਨੇ 50 ਤੋਂ ਘੱਟ ਮੈਚਾਂ ਵਿੱਚ 50 ਅੰਤਰਰਾਸ਼ਟਰੀ ਗੋਲ ਕੀਤੇ। 25 ਸਾਲਾ ਹਾਲੈਂਡ ਗੋਲ ਮਸ਼ੀਨ ਵਜੋਂ ਮਸ਼ਹੂਰ ਹੈ।

ਪੁਰਤਗਾਲ ਦਾ ਕ੍ਰਿਸਟੀਆਨੋ ਰੋਨਾਲਡੋ ਵੀ ਛੇਵੇਂ ਵਿਸ਼ਵ ਕੱਪ ਵਿੱਚ ਨਿੱਤਰੇਗਾ। ਹਾਲਾਂਕਿ 41 ਸਾਲ ਦੀ ਉਮਰ ਵਿੱਚ ਇਹ ਫਾਰਵਰਡ ਆਪਣੇ ਕੈਰੀਅਰ ਦੇ ਅੰਤਮ ਪੜਾਅ 'ਤੇ ਹੈ, ਪਰ ਆਪਣੀ ਸ਼ਾਨਦਾਰ ਫਿਟਨੈੱਸ ਨਾਲ

• ਬਾਕੀ ਸਫਾ 2 'ਤੇ

ਚਾਰ ਧਾਮ ਯਾਤਰਾ 'ਚ ਹੁਣ ਤੱਕ 161 ਸ਼ਰਧਾਲੂਆਂ ਦੀ ਮੌਤ

ਦੇਹਰਾਦੂਨ : ਇਸ ਸਾਲ ਅਪ੍ਰੈਲ ਤੋਂ ਸ਼ੁਰੂ ਹੋਈ ਚਾਰ ਧਾਮ ਯਾਤਰਾ 'ਚ ਸ਼ਰਧਾਲੂਆਂ ਦੀ ਭਾਰੀ ਭੀੜ ਹੈ। ਐਤਵਾਰ ਅਧਿਕਾਰੀਆਂ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਯਾਤਰਾ ਦੇ ਸ਼ੁਰੂਆਤ ਤੋਂ ਹੁਣ ਤੱਕ 31 ਲੱਖ ਤੋਂ ਵੱਧ ਸ਼ਰਧਾਲੂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਹਾਲਾਂਕਿ ਇਸ ਦੌਰਾਨ ਸਿਹਤ ਸਮੱਸਿਆਵਾਂ ਤੇ ਹੋਰ ਕਾਰਨਾਂ ਕਰਕੇ 161 ਸ਼ਰਧਾਲੂਆਂ ਦੀ ਮੌਤ ਵੀ ਹੋ ਚੁੱਕੀ ਹੈ। ਸੂਬੇ ਦੇ ਐਮਰਜੈਂਸੀ ਕੇਂਦਰ ਦੀ ਰਿਪੋਰਟ ਮੁਤਾਬਕ 22 ਅਪ੍ਰੈਲ ਨੂੰ ਕਪਾਟ ਖੁੱਲਣ ਤੋਂ ਬਾਅਦ ਕੇਦਾਰਨਾਥ ਦੇ ਦਰਸ਼ਨ ਲਈ ਸਭ ਤੋਂ ਵੱਧ 11,05,676 ਸ਼ਰਧਾਲੂ ਪਹੁੰਚੇ। ਇਸ ਤੋਂ ਬਾਅਦ 23 ਅਪ੍ਰੈਲ ਤੋਂ ਸ਼ੁਰੂ ਹੋਈ ਬਦਰੀਨਾਥ ਯਾਤਰਾ 'ਚ 9,08,619 ਸ਼ਰਧਾਲੂਆਂ ਦੀ ਗਿਣਤੀ ਦਰਜ ਹੋਈ। ਗੰਗੋਤਰੀ ਮੰਦਰ 'ਚ 5,28,406, ਯਮੁਨੋਤਰੀ ਮੰਦਰ 'ਚ 5,07,421 ਅਤੇ ਸ੍ਰੀ ਹੇਮਕੁੰਟ ਸਾਹਿਬ 'ਚ 55,411 ਸ਼ਰਧਾਲੂਆਂ ਨੇ ਦਰਸ਼ਨ ਕੀਤੇ। ਇਸ ਪਾਸੇ ਜਿੱਥੇ ਯਾਤਰਾ 'ਚ ਏਨੀ ਵੱਡੀ ਗਿਣਤੀ 'ਚ ਸ਼ਰਧਾਲੂ ਪਹੁੰਚ ਰਹੇ ਹਨ, ਉਥੇ ਦੂਜੇ ਪਾਸੇ ਮੌਤਾਂ ਦਾ ਅੰਕੜਾ ਵੀ ਚਿੰਤਾ ਦਾ ਵਿਸ਼ਾ ਹੈ। 19 ਅਪ੍ਰੈਲ ਤੋਂ ਹੁਣ ਤੱਕ ਕੁੱਲ 161 ਸ਼ਰਧਾਲੂਆਂ ਦੀ ਮੌਤ ਹੋ ਚੁੱਕੀ ਹੈ। ਰਿਪੋਰਟ ਅਨੁਸਾਰ ਇਨ੍ਹਾਂ 'ਚੋਂ 152 ਸ਼ਰਧਾਲੂਆਂ ਦੀ ਮੌਤ ਉਚੇ ਪਹਾੜੀ ਖੇਤਰਾਂ 'ਚ ਸਿਹਤ ਖਰਾਬ ਹੋਣ ਅਤੇ ਆਕਸੀਜਨ ਦੀ ਕਮੀ ਕਾਰਨ ਹੋਈ। ਉਥੇ ਹੀ 8 ਸ਼ਰਧਾਲੂਆਂ ਦੀ ਮੌਤ ਹੋਰ ਕਾਰਨਾਂ ਕਰਕੇ ਹੋਈ। ਅੰਕੜਿਆਂ ਮੁਤਾਬਕ ਯਮੁਨੋਤਰੀ ਮਾਰਗ 'ਤੇ ਸਭ ਤੋਂ ਵੱਧ 78 ਸ਼ਰਧਾਲੂਆ ਦੀ ਜਾਨ ਗਈ। ਇਸ ਤੋਂ ਬਾਅਦ ਕੇਦਾਰਨਾਥ 'ਚ 47, ਬਦਰੀਨਾਥ 'ਚ 20 ਅਤੇ ਗੰਗੋਤਰੀ 'ਚ 16 ਲੋਕਾਂ ਦੀ ਮੌਤ ਦਰਜ ਕੀਤੀ ਗਈ ਹੈ। ਪ੍ਰਸ਼ਾਸਨ ਨੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਸਮੱਸਿਆ ਜਾਂਚ ਕਰਾਉਣ ਤੋਂ ਬਾਅਦ ਹੀ ਯਾਤਰਾ 'ਤੇ ਨਿਕਲਣ।

ਈ ਰਿਕਸ਼ਾ ਤੇ ਆਟੋ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਕੀਤਾ ਜਾਗਰੂਕ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਟ੍ਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏ ਐੱਸ ਆਈ ਨਿਰਭੈ ਸਿੰਘ ਵੱਲੋਂ ਸੁਨਾਮ ਸ਼ਹਿਰ ਵਿੱਚ ਈ ਰਿਕਸ਼ਾ ਯੂਨੀਅਨ ਲਈ ਟ੍ਰੈਫਿਕ ਜਾਗਰੂਕ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸੜਕੀ ਆਵਾਜਾਈ ਨੂੰ ਸੁਰੱਖਿਅਤ ਬਣਾਉਣ ਤੇ ਈ ਰਿਕਸ਼ਾ ਦੇ ਗੈਰ-ਕਾਨੂੰਨੀ ਵਰਤੋਂ ਨੂੰ ਰੋਕਣ ਲਈ ਪੰਜਾਬ ਟ੍ਰੈਫਿਕ ਪੁਲਸ ਵੱਲੋਂ ਚਲਾਈ ਗਈ ਮੁਹਿੰਮ ਤਹਿਤ ਈ ਰਿਕਸ਼ਾ ਚਾਲਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਵਾਹਨਾਂ ਤੇ ਰਜਿਸਟਰ ਨੰਬਰ ਪਲੇਟਾਂ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਸਰਕਾਰ ਵੱਲੋਂ ਈ ਰਿਕਸ਼ਾ ਨੂੰ ਰਜਿਸਟਰ ਤੋਂ ਮਾਫੀ ਸੀ, ਪਰ ਹੁਣ ਪੰਜਾਬ ਸਰਕਾਰ ਦੇ ਨਵੇਂ ਨੋਟੀਫਿਕੇਸ਼ਨ ਮੁਤਾਬਕ ਹਰ ਈ ਰਿਕਸ਼ਾ ਨੂੰ ਰਜਿਸਟਰ ਕਰਵਾਉਣਾ ਪਵੇਗਾ ਤੇ ਰਜਿਸਟਰ ਨੰਬਰ ਪਲੇਟ ਹੋਣੀ ਲਾਜ਼ਮੀ ਹੈ। ਇਸ ਤੋਂ ਇਲਾਵਾ ਆਰਸੀ, ਬੀਮਾ, ਡਰਾਈਵਿੰਗ ਲਾਈਸੈਂਸ ਹਮੇਸ਼ਾ ਆਪਣੇ ਕੋਲ ਰੱਖਣੇ ਚਾਹੀਦੇ ਹਨ, ਨਿਯਮਾਂ ਮੁਤਾਬਕ ਈ ਰਿਕਸ਼ਾ ਡਰਾਈਵਰ ਤੋਂ ਇਲਾਵਾ ਸਿਰਫ 4 ਸਵਾਰੀਆਂ ਤੇ ਕੁੱਲ 40 ਕਿੱਲੋਗ੍ਰਾਮ ਤੱਕ ਦਾ ਸਾਮਾਨ ਲਜਾਉਣ ਦੀ ਆਗਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਈ ਰਿਕਸ਼ਾ ਤੇ ਆਟੋ ਚਾਲਕਾਂ ਲਈ ਵਰਦੀ ਤੇ ਨੇਮ ਪਲੇਟ ਲਾਜ਼ਮੀ ਹੈ।

ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਕਲਾਸਾਂ ਸ਼ੁਰੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਬੱਚਿਆਂ ਦੀਆਂ ਗੁਰਮਤਿ ਕਲਾਸਾਂ ਸ਼ੁਰੂ ਕਰ ਦਿੱਤੀਆਂ ਹਨ। ਗੁਰੂ ਘਰ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ 2 ਜੂਨ ਨੂੰ ਇਹ ਗੁਰਮਤਿ ਕਲਾਸਾਂ ਸ਼ੁਰੂ ਹੋਈਆਂ ਹਨ, ਜੋ ਕਿ 11 ਜੂਨ ਤੱਕ ਜਾਰੀ ਰਹਿਣਗੀਆਂ, ਜਿਸ ਵਿੱਚ ਪਹਿਲੀ ਤੋਂ ਲੈ ਕੇ ਅੱਠਵੀਂ ਜਮਾਤ ਦੇ ਬੱਚੇ ਸ਼ਾਮਲ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਗੁਰਮਤਿ ਕਲਾਸਾਂ ਵਿੱਚ ਗਨੀ ਖਾਂ ਨਬੀ ਖਾਂ ਸੇਵਾ ਸੁਸਾਇਟੀ ਦੇ ਪ੍ਰਧਾਨ ਬਾਬਾ ਮੋਹਣ ਸਿੰਘ ਤੇ ਗੁਰੂ ਘਰ ਦੇ ਕਥਾਵਾਚਕਾਂ ਵੱਲੋਂ ਬੱਚਿਆਂ ਨੂੰ ਸਿੱਖ ਮਰਿਯਾਦਾ, ਗੁਰਬਾਣੀ ਸੰਥਿਆ, ਗੁਰੂ ਸਾਹਿਬਾਨਾਂ ਦਾ ਇਤਿਹਾਸ, ਸਿੱਖ ਧਰਮ ਦੇ ਮੁੱਢਲੇ ਸਿਧਾਂਤ, ਪਰਿਵਾਰਕ ਤੇ ਸਮਾਜਿਕ ਸਿੱਖਿਆ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੱਚੇ ਵਧ ਚੜ੍ਹ ਕੇ ਇਨ੍ਹਾਂ ਗੁਰਮਤਿ ਕਲਾਸਾਂ ਵਿੱਚ ਸ਼ਮੂਲੀਅਤ ਕਰ ਰਹੇ ਹਨ।

ਪਾਰਟੀ ਅਨੁਸ਼ਾਸਨ ਭੰਗ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਏਗਾ : ਭੁੱਲਰ

ਮੋਗਾ (ਇਕਬਾਲ ਸਿੰਘ ਖਹਿਰਾ)-ਕਿਸੇ ਵੀ ਪਾਰਟੀ ਦੀ ਮਜ਼ਬੂਤੀ ਲਈ ਉਸ ਦਾ ਅਨੁਸ਼ਾਸਨ ਸਭ ਤੋਂ ਅਹਿਮ ਭੂਮਿਕਾ ਨਿਭਾਉਂਦਾ ਹੈ, ਜਿਸ ਪਾਰਟੀ ਵਿੱਚ ਅਨੁਸ਼ਾਸਨ ਨਹੀਂ ਹੁੰਦਾ, ਉਹ ਪਾਰਟੀ ਕਮਜ਼ੋਰ ਹੋ ਜਾਂਦੀ ਹੈ। ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਕੋਰ ਕਮੇਟੀ ਵਿੱਚ ਲਏ ਗਏ ਫੈਸਲੇ ਪਾਰਟੀ ਦੇ ਹਰ ਵਰਕਰ ਨੂੰ ਬਾ-ਅਦਬ ਮੰਨਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਹਰੇਕ ਪਾਰਟੀ ਵਿੱਚ ਕੁਝ ਸ਼ਰਾਰਤੀ ਅਨਸਰ ਆਪਣੇ ਨਿੱਜੀ ਸਵਾਰਥਾਂ ਲਈ ਪਾਰਟੀ ਨੂੰ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਵਾਲੀਆਂ ਗਤੀਵਿਧੀਆਂ ਕਰਦੇ ਰਹਿੰਦੇ ਹਨ, ਜੋ ਆਪਣੇ ਸੁਭਾਅ ਤੋਂ ਮਜਬੂਰ ਹੁੰਦੇ ਹਨ, ਪਰ ਪਾਰਟੀ ਅਜਿਹੇ ਸ਼ਰਾਰਤੀ ਅਨਸਰਾਂ ਜੋ ਪਾਰਟੀ ਵਿੱਚ ਰਹਿ ਕੇ ਧੜੇਬੰਦੀ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ ਜਾਂ ਕੋਈ ਅਜਿਹੀ ਗਤੀਵਿਧੀ ਕਰਦੇ ਹਨ, ਜਿਸ ਨਾਲ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਲਏ ਗਏ ਫੈਸਲੇ ਨੂੰ ਚੈਲੇਂਜ ਕਰਨ ਦੀ ਕੋਸ਼ਿਸ਼ ਕਰਦੇ ਹਨ, ਉਨ੍ਹਾਂ ਖਿਲਾਫ ਪਾਰਟੀ ਅਨੁਸ਼ਾਸਨ ਭੰਗ ਕਰਨ ਦਾ ਕੋਈ ਵੀ ਫੈਸਲਾ ਲੈ ਸਕਦੀ ਹੈ। ਸ਼੍ਰੋਮਣੀ ਅਕਾਲੀ ਦਲ ਦਾ ਜ਼ਿਲ੍ਹਾ ਪ੍ਰਧਾਨ ਹੋਣ ਦੇ ਨਾਤੇ ਡੇਕਰ ਕਿਸੇ ਹਲਕੇ ਵਿੱਚੋਂ ਕੋਈ ਅਜਿਹੀ ਗੱਲ ਸਾਹਮਣੇ ਆਉਂਦੀ ਹੈ, ਜਿਸ ਨਾਲ ਪਾਰਟੀ ਦੇ ਅਕਸ ਨੂੰ ਢਾਹ ਲੱਗੇ ਜਾਂ ਕਿਸੇ ਤਰ੍ਹਾਂ ਦਾ ਅਨੁਸ਼ਾਸਨ ਭੰਗ ਹੁੰਦਾ ਹੈ ਤਾਂ ਉਸ ਖਿਲਾਫ ਸਖ਼ਤ ਕਾਰਵਾਈ ਕਰਨ ਤੋਂ ਗੁਰੇਜ ਨਹੀਂ ਕੀਤਾ ਜਾਵੇਗਾ।

ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਬੁੱਟਰ) ਵੱਲੋਂ ਡੈਲੀਗੇਟ ਅਜਲਾਸ

ਲਾਭ ਸਿੰਘ ਬਲਾਕ ਪ੍ਰਧਾਨ ਤੇ ਸਾਹਿਬ ਸਿੰਘ ਦੁਤਾਲ ਜਨਰਲ ਸਕੱਤਰ ਬਣੇ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ (ਬੁੱਟਰ) ਬਲਾਕ ਪਾਤੜਾਂ ਦਾ ਡੈਲੀਗੇਟ ਅਜਲਾਸ ਬਾਬਾ ਸੱਤੋ ਜੀ ਧਰਮਸ਼ਾਲਾ ਪਿੰਡ ਦੁਤਾਲ ਵਿਖੇ ਤਿੰਨ ਮੈਂਬਰੀ ਕਮੇਟੀ ਕਿਸਾਨ ਆਗੂ ਸਾਹਿਬ ਸਿੰਘ ਦੁਤਾਲ, ਜਰਨੈਲ ਸਿੰਘ ਦੁਗਾਲ ਤੇ ਸਲਵਿੰਦਰ ਸਿੰਘ ਸ਼ੁਤਰਾਣਾ ਦੀ ਅਗਵਾਈ ਵਿੱਚ ਕਰਵਾਇਆ ਗਿਆ। ਅਜਲਾਸ ਦੌਰਾਨ ਝੰਡਾ ਲਹਿਰਾਉਣ ਦੀ ਰਸਮ ਸੂਬਾ ਕਨਵੀਨਰ ਹਰਭਜਨ ਸਿੰਘ ਬੁੱਟਰ ਵੱਲੋਂ ਨਿਭਾਈ ਗਈ, ਉਸ ਤੋਂ ਬਾਅਦ ਜਥੇਬੰਦੀ ਦੇ ਸ਼ਹੀਦ ਸਾਥੀਆਂ ਤੇ ਸ੍ਰੀ ਹਰਿਮੰਦਰ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਉਸ ਤੋਂ ਬਾਅਦ ਬਲਾਕ ਦੀਆਂ ਸਰਗਰਮੀਆਂ ਦੀ ਰਿਪੋਰਟ ਪੜ੍ਹ ਕੇ ਸਾਰੇ ਸਾਥੀਆਂ ਨੂੰ ਸੁਣਾਈ ਗਈ।ਉਪਰੰਤ ਡੈਲੀਗੇਟ ਸਾਥੀਆਂ ਵੱਲੋਂ ਚੋਣ ਪ੍ਰਕਿਰਿਆ ਮੁਕੰਮਲ ਕੀਤੀ ਗਈ।ਇਸ ਦੌਰਾਨ ਹੋਈ ਚੋਣ ਵਿੱਚ ਲਾਭ ਸਿੰਘ ਦੁਗਾਲ ਪ੍ਰਧਾਨ, ਸਾਹਿਬ ਸਿੰਘ ਦੁਤਾਲ ਜਰਨਲ ਸਕੱਤਰ, ਜਲੰਧਰ ਸਿੰਘ ਅੱਡਾ ਸ਼ੁਤਰਾਣਾ ਸੀਨੀਅਰ ਮੀਤ ਪ੍ਰਧਾਨ, ਜਰਨੈਲ ਸਿੰਘ ਦੁਗਾਲ ਮੀਤ ਪ੍ਰਧਾਨ, ਸਲਵਿੰਦਰ ਸਿੰਘ ਅੱਡਾ ਸ਼ੁਤਰਾਣਾ ਖਜ਼ਾਨਚੀ ਤੇ ਜਗਤਾਰ ਸਿੰਘ ਧੂਹੜ ਨੂੰ ਜਾਇੰਟ ਸਕੱਤਰ ਚੁਣਿਆ ਗਿਆ।ਇਸ ਅਜਲਾਸ ਵਿੱਚ ਹਰਭਜਨ ਸਿੰਘ ਧੂਹੜ, ਬੀਬੀ ਚਰਨਜੀਤ ਕੌਰ ਧੂੜੀਆਂ, ਜਗਵੰਤ ਸਿੰਘ ਦੁਗਾਲ, ਸੰਤੋਖ ਸਿੰਘ ਸੁਤਰਾਣਾ, ਗੁਰਦੀਪ ਸਿੰਘ, ਬੇਅੰਤ ਸਿੰਘ ਨਾਈਵਾਲਾ, ਮਨਜੀਤ ਸਿੰਘ ਤੇਈਪੁਰ, ਹਰਪਾਲ ਸਿੰਘ ਪਾਤੜਾਂ, ਨਾਹਰ ਸਿੰਘ, ਪੰਜਾਬ ਸਿੰਘ, ਨਛੱਤਰ ਸਿੰਘ, ਭਜਨ ਸਿੰਘ, ਬਹਾਦਰ ਸਿੰਘ, ਜਰਨੈਲ ਸਿੰਘ ਤੇ ਭੁਪਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

ਵਿਧਾਇਕ ਨੇ ਵਾਤਾਵਰਨ ਦਿਵਸ ਮੌਕੇ ਲਗਾਏ ਪੌਦੇ

ਮਨੁੱਖੀ ਜੀਵਨ ਲਈ ਰੁੱਖਾਂ ਦਾ ਹੋਣਾ ਅਤੀ ਜ਼ਰੂਰੀ : ਰਾਏ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਸ਼ਵ ਵਾਤਾਵਰਣ ਦਿਵਸ ਮੌਕੇ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਸ਼ਹਿਰ ਦੇ ਡੰਪ ਵਾਲੀ ਥਾਂ 'ਤੇ ਬਣੀ ਪਾਰਕ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਾਤਾਵਰਣ ਦਿਵਸ ਮਨਾਉਣ ਦਾ ਮਨੋਰਥ ਕੇਵਲ ਏਨਾ ਹੀ ਹੈ ਕਿ ਆਮ ਲੋਕਾਂ ਨੂੰ ਵਾਤਾਵਰਣ ਵਿੱਚ ਆ ਰਹੇ ਅਸੰਤੁਲਨ ਬਾਰੇ ਜਾਗਰੂਕ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਗਰਮੀ ਦਿਨੋਂ ਦਿਨ ਵਧਦੀ ਜਾ ਰਹੀ ਹੈ।ਇਸ ਸਥਿਤੀ ਨੂੰ ਦੇਖਦਿਆਂ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।ਰੁੱਖਾਂ ਦਾ ਮਨੁੱਖੀ ਜੀਵਨ ਵਿੱਚ ਅਹਿਮ ਰੋਲ ਹੈ, ਰੁੱਖਾਂ ਤੋਂ ਬਿਨਾਂ ਮਨੁੱਖੀ ਜੀਵਨ ਦੀ ਕਲਪਨਾ ਕਰਨੀ ਵੀ ਮੁਸ਼ਕਲ ਹੈ।ਰੁੱਖਾਂ ਤੋਂ ਸਾਨੂੰ ਆਕਸੀਜਨ ਮਿਲਦੀ ਹੈ, ਜੋ ਸਾਡੇ ਜੀਵਨ ਜਿਉਣ ਵਿੱਚ ਸਹਾਈ ਸਿੱਧ ਹੁੰਦੀ ਹੈ।ਉਨ੍ਹਾ ਨਵੇਂ ਚੁਣੇ ਗਏ ਕੌਂਸਲਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਵਾਰਡਾਂ 'ਚ ਵੱਧ ਤੋਂ ਵੱਧ ਪੌਦੇ ਲਗਾ ਕੇ ਵਾਤਾਵਰਣ ਪ੍ਰਤੀ ਇੱਕ ਵਧੀਆ ਸੰਦੇਸ਼ ਦੇਣਾ ਚਾਹੀਦਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਜੱਸੀ, ਬੀਰ ਦਵਿੰਦਰ ਸਿੰਘ, ਸੰਦੀਪ ਸਿੰਘ ਭੱਲ ਮਾਜਰਾ, ਸਨੀ ਚੋਪੜਾ, ਅਸੀਸ ਅੱਤਰੀ, ਅਸੀਸ ਸੂਦ, ਪਵੇਲ ਹਾਂਡਾ, ਗੌਰਵ ਅਰੋੜਾ, ਗੁਰਜੋਤ ਸਿੰਘ, ਰਵਿੰਦਰ ਬਬਲਾ, ਵਿੱਕੀ ਚੌਹਾਨ, ਐਡਵੋਕੇਟ ਗੀਨਾ ਰਾਣੀ, ਨੰਬਰਦਾਰ ਜਗਰੂਪ ਸਿੰਘ, ਬਹਾਦਰ ਖਾਨ, ਰਾਹੁਲ ਗੁਪਤਾ ਆਦਿ ਹਾਜ਼ਰ ਸਨ।

ਐੱਮ ਸੀ ਵਿਜੈ ਭਾਊ ਗਰੁੱਪ ਨੇ ਠੰਢੇ ਮਿੱਠੇ ਜਲ ਦੀ ਲਗਾਈ ਛਬੀਲ

ਕੋਟ ਈਸੇ ਖਾਂ (ਅਰੋੜਾ)-ਅੱਤ ਦੀ ਪੈ ਰਹੀ ਗਰਮੀ ਅਤੇ ਵੱਧਦੇ ਤਾਪਮਾਨ ਨੂੰ ਧਿਆਨ ਵਿੱਚ ਰੱਖਦਿਆਂ ਵਾਰਡ ਨੰਬਰ-1 ਤੋਂ ਹਾਲ ਵਿੱਚ ਹੀ ਐਮ ਸੀ ਦੀ ਚੋਣ ਜਿੱਤੇ ਕਿਰਨ ਦੇ ਪਤੀ ਸਮਾਜ ਸੇਵੀ ਵਿਜੈ ਭਾਊ ਵੱਲੋਂ ਨੌਜਵਾਨਾਂ ਦੇ ਸਹਿਯੋਗ ਨਾਲਆਉਣ-ਜਾਣ ਵਾਲੇ ਰਾਹਗੀਰਾਂ ਸਹੂਲਤ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਛਬੀਲ ਦਾ ਲਾਭ ਉਠਾਇਆ ਅਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਨੌਜਵਾਨਾਂ ਵੱਲੋਂ ਪੂਰੀ ਤਨਦੇਹੀ ਨਾਲ ਸੇਵਾ ਕੀਤੀ ਗਈ।ਵਿਜੈ ਭਾਊ ਨੇ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਪਿਆਸੇ ਲੋਕਾਂ ਨੂੰ ਠੰਡਾ ਪਾਣੀ ਪਿਲਾਉਣਾ ਇੱਕ ਮਹਾਨ ਸੇਵਾ ਹੈ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਲਈ ਉਹ ਹਮੇਸ਼ਾ ਵਚਨਬੱਧ ਹਨ ਅਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ।

ਗੁਰਚਰਨ ਸਿੰਘ ਦੀ ਕਿਤਾਬ 'ਮਹਾਰਾਜਾ ਰਣਜੀਤ ਸਿੰਘ ਦੀ ਜੀਵਨੀ' ਲੋਕ ਅਰਪਣ

ਕਿਤਾਬ ਰਣਜੀਤ ਸਿੰਘ ਦੇ ਲੁਕੇ ਇਤਿਹਾਸ ਤੋਂ ਪਰਦਾ ਚੁੱਕਦੀ ਐ : ਅਮਰੀਕ ਭੀਖੀ

ਭੀਖੀ (ਗੁਰਿੰਦਰ ਸਿੰਘ ਔਲਖ)-ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ ਨਵਯੁਗ ਸਾਹਿਤ ਕਲਾ ਮੰਚ ਵੱਲੋਂ ਗੁਰਚਰਨ ਸਿੰਘ ਜ਼ਿਲ੍ਹੇਦਾਰ ਦੀ ਕਿਤਾਬ ਸ਼ਾਨ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ (ਜੀਵਨੀ) ਰਿਲੀਜ਼ ਕੀਤੀ ਗਈ।ਇਸ ਮੌਕੇ ਮੰਚ ਦੇ ਸਕੱਤਰ ਮਾ. ਅਮਰੀਕ ਭੀਖੀ ਨੇ ਬੋਲਦਿਆਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਬਾਰੇ ਬਹੁਤ ਲਿਖਿਆ ਗਿਆ ਹੈ।ਜਦੋਂ ਬਹੁਤ ਸਾਰੀਆਂ ਕਿਤਾਬਾਂ ਇੱਕ ਵਿਧਾ 'ਤੇ ਪੜ੍ਹ ਲਈਆਂ ਹੋਣ ਤਾਂ ਇਹ ਹੁੰਦਾ ਕਿ ਹੁਣ ਮਹਾਰਾਜਾ ਰਣਜੀਤ ਸਿੰਘ ਬਾਰੇ ਲਿਖਣ ਨੂੰ ਕੁੱਝ ਰਿਹਾ ਹੀ ਨਹੀਂ, ਜਦੋਂ ਗੁਰਚਰਨ ਸਿੰਘ ਜ਼ਿਲ੍ਹੇਦਾਰ ਦੀ ਕਿਤਾਬ ਪੜ੍ਹਦੇ ਹਾਂ ਤਾਂ ਇਹ ਲੱਗਦਾ ਅਜੇ ਅਸਲੀ ਜੀਵਨੀ ਤਾਂ ਇਨ੍ਹਾਂ ਨੇ ਲਿਖੀ ਹੈ।ਇਹ ਕਿਤਾਬ ਵਿੱਚ ਲੁਕੇ ਹੋਏ ਸੱਚ ਤੋਂ ਪਰਦਾ ਚੁੱਕਣ ਦੀ ਕੋਸ਼ਿਸ਼ ਕੀਤੀ ਗਈ ਹੈ, ਜੋ ਸਾਨੂੰ ਇਤਿਹਾਸ ਵਿੱਚ ਬਹੁਤ ਘੱਟ ਮਿਲਦਾ ਹੈ।ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫ਼ੌਜੀ ਨੇ ਜਿੱਥੇ ਕਿਤਾਬ ਬਾਰੇ ਗੱਲਬਾਤ ਕੀਤੀ, ਉੱਥੇ ਹੀ ਮੰਚ ਦੇ ਵਿਹੜੇ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਐੱਸ.ਡੀ.ਓ. ਰਾਜਿੰਦਰ ਸਿੰਘ ਰੋਹੀ, ਅਵਤਾਰ ਸਿੰਘ ਡਿਜੀਟਲ, ਰਾਜਿੰਦਰ ਜਾਫਰੀ, ਮਾ. ਬੂਟਾ ਸਿੰਘ, ਜਸਪਾਲ ਅਤਲਾ, ਕਵੀ ਹਰਵਿੰਦਰ ਭੀਖੀ, ਆਤਮਾ ਸਿੰਘ ਪ੍ਰਮਾਰ, ਐਡਵੋਕੇਟ ਯਾਦਵਿੰਦਰ ਸਿੰਘ ਪ੍ਰਮਾਰ, ਕੁਲਵੰਤ ਕੌਰ ਪ੍ਰਮਾਰ, ਪਛਮੀਨਾ ਰਾਣੀ, ਮਾ. ਹਰਬੰਸ ਸਿੰਘ, ਗੁਰਪ੍ਰੀਤ ਸਿੰਘ ਤੇ ਕੁਲਵੰਤ ਕੌਰ ਆਦਿ ਹਾਜ਼ਰ ਸਨ।

ਲਾਠੀਚਾਰਜ ਦੇ ਵਿਰੋਧ 'ਚ ਬੀ ਕੇ ਯੂ ਉਗਰਾਹਾਂ ਦੀ ਅਗਵਾਈ ਹੇਠ ਫੂਕੀ ਸਰਕਾਰ ਦੀ ਅਰਥੀ

ਦਿੜ੍ਹਬਾ (ਜਸਵੀਰ ਲਾਡੀ)-ਰੁਜ਼ਗਾਰ ਮੰਗਦੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਸਰਕਾਰੀ ਸ਼ਹਿ ਪ੍ਰਾਪਤ ਪਟਿਆਲਾ ਪੁਲਸ ਪ੍ਰਸ਼ਾਸਨ ਵੱਲੋਂ ਕੀਤੇ ਗੈਰ-ਮਾਨਵੀ, ਵਹਿਸ਼ੀ ਅੱਤਿਆਚਾਰ ਖਿਲਾਫ ਲਹਿਰਾਗਾਗਾ ਵਿਖੇ ਸਮੂਹ ਇਨਸਾਫ ਪਸੰਦ ਜਨਤਕ ਜਥੇਬੰਦੀਆਂ ਦਾ ਲੋਕ-ਰੋਹ ਲਾਵਾ ਬਣ ਕੇ ਫੁੱਟਿਆ।ਇਸ ਅੱਤਿਆਚਾਰ ਖਿਲਾਫ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ।ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਪਟਿਆਲਾ ਪੁਲਸ ਨੇ ਅੱਤਿਆਚਾਰ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ।ਬੁਲਾਰਿਆਂ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਪੰਜਾਬ ਦੀ ਅਣਖੀ ਵਿਰਾਸਤ ਨੂੰ ਵੱਡੇ-ਵੱਡੇ ਨਾਦਰਸ਼ਾਹ ਨਹੀਂ ਹਰਾ ਸਕੇ।ਪੰਜਾਬ ਸਰਕਾਰ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਪੰਜਾਬ ਹਰ ਅੱਤਿਆਚਾਰ ਦਾ ਜਵਾਬ ਸਿਰ ਤਲੀ 'ਤੇ ਧਰ ਕੇ ਦਿੰਦਾ ਹੈ। ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਤਾਨਾਸ਼ਾਹੀ ਦਾ ਰਾਹ ਛੱਡ ਕੇ ਬੇਰੁਜ਼ਗਾਰ ਲਾਈਨਮੈਨਾਂ ਨਾਲ ਤੁਰੰਤ ਗੱਲ ਕਰਕੇ ਉਨ੍ਹਾਂ ਦੇ ਰੁਜ਼ਗਾਰ ਦਾ ਪ੍ਰਬੰਧ ਕਰੇ।ਜੇਕਰ ਸਰਕਾਰ ਨੇ ਆਪਣਾ ਤਾਨਾਸ਼ਾਹੀ ਵਤੀਰਾ ਨਾ ਬਦਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਮੁੱਚੀਆਂ ਜਨਤਕ ਜਥੇਬੰਦੀਆਂ ਸਖ਼ਤ ਐਕਸ਼ਨ ਲਈ ਮਜਬੂਰ ਹੋਣਗੀਆਂ।

ਇਸ ਸਮੇਂ ਬੀਕੇਯੂ ਉਗਰਾਹਾਂ ਦੇ ਗੁਰਪ੍ਰੀਤ ਸੰਗਤਪੁਰਾ, ਦਰਸ਼ਨ ਚੰਗਾਲੀ ਵਾਲਾ, ਬਿੰਦਰ ਖੋਖਰ, ਹਰਸੇਵਕ ਲਹਿਲਾਂ ਨਿੱਕਾ ਸੰਗਤੀਵਾਲਾ, ਦਰਸ਼ਨ ਕੋਟੜਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬੱਲਾ ਸਿੰਘ, ਜਮਹੂਰੀ ਅਧਿਕਾਰ ਸਭਾ ਦੇ ਜਗਜੀਤ ਭੁਟਾਲ, ਡੀਟੀਐੱਫ ਦੇ ਹਰਭਗਵਾਨ ਗੁਰਨੇ, ਇੰਪਲਾਈਜ਼ ਫੈਡਰੇਸ਼ਨ ਦੇ ਪੂਰਨ ਖਾਈ, ਰਾਮ ਚੰਦਰ, ਬੇਰੁਜ਼ਗਾਰ ਲਾਈਨਮੈਨਾਂ ਦੇ ਗੁਰਬਾਜ ਸਿੰਘ, ਜਗਸੀਰ ਸਿੰਘ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਲਛਮਣ ਅਲੀ ਸ਼ੇਰ ਹਾਜ਼ਰ ਸਨ।

ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਭਖਦੇ ਮਸਲਿਆਂ 'ਤੇ ਚਰਚਾ

ਲੁਧਿਆਣਾ (ਸਤੀਸ਼ ਸਚਦੇਵਾ)-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਸਿੱਧਵਾਂ ਬਰਾਂਚ ਨਹਿਰ ਲੁਧਿਆਣਾ ਨੇੜੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਸਵੰਤ ਸਿੰਘ ਮਾਨ, ਜਥੇਦਾਰ ਗੁਰਮੇਲ ਸਿੰਘ ਢੱਟ, ਰਣਜੀਤ ਸਿੰਘ ਗੁੜੇ ਨੇ ਭਖਦੇ ਮੁੱਦਿਆਂ ਉੱਪਰ ਕੀਮਤੀ ਵਿਚਾਰ ਤੇ ਨਿੱਗਰ ਸੁਝਾਅ ਪੇਸ਼ ਕੀਤੇ।ਸਰਬਸੰਮਤੀ ਨਾਲ ਪਾਸ ਕੀਤੇ ਪਹਿਲੇ ਮਤੇ ਰਾਹੀਂ ਵਰਨਣ ਕੀਤਾ ਕਿ ਸਾਉਣੀ ਦੀਆਂ ਫਸਲਾਂ ਲਈ ਪੰਜਾਬ ਵਿੱਚ ਲੋੜੀਂਦੇ 16 ਲੱਖ ਟਨ ਯੂਰੀਏ ਵਿੱਚੋਂ ਅਜੇ ਤੱਕ 7.50 ਲੱਖ ਟਨ ਦੇ ਕਰੀਬ ਤੇ ਡੀ.ਏ.ਪੀ. ਮਸਾਂ 30 ਹਜ਼ਾਰ ਟਨ ਹੀ ਪੁੱਜਾ ਹੈ।ਸੋ ਕੇਂਦਰ ਸਰਕਾਰ ਇਫਕੋ ਰਾਹੀਂ ਤੇ ਪੰਜਾਬ ਸਰਕਾਰ ਮਾਰਕਫੈੱਡ ਤੇ ਹੋਰਨਾਂ ਰਾਹੀਂ ਇਹ ਕਿੱਲਤ ਫੌਰੀ ਦੂਰ ਕਰਾਵੇ ਤਾਂ ਜੋ ਬਲੈਕ ਰਾਹੀਂ ਅੰਨ੍ਹੀਂ ਲੁੱਟਦੀ ਸਥਿਤੀ ਨਾਂਅ ਉੱਭਰੇ।ਦੂਜੇ ਮਤੇ ਰਾਹੀਂ ਮੰਗ ਕੀਤੀ ਗਈ ਕਿ ਇਫਕੋ ਤੇ ਹੋਰਾਂ ਵੱਲੋਂ ਲੋੜੀਂਦੀਆਂ ਖਾਦਾਂ ਵੇਚਣ ਵੇਲੇ ਧੱਕੇ ਨਾਲ ਬੇਲੋੜਾ ਨੈਨੋ ਯੂਰੀਆ, ਬਾਇਓ ਕੈਮੀਕਲ ਖਾਦਾਂ ਤੇ ਹੋਰ ਖੇਤੀ ਦਵਾਈਆਂ ਜਬਰੀ ਕਿਸਾਨਾਂ ਸਿਰ ਨਾ ਮੜ੍ਹੀਆਂ ਜਾਣ, ਇਸ ਨੂੰ ਕਦਾਚਿੱਤ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਤੀਜੇ ਮਤੇ ਰਾਹੀਂ 1984 ਦੇ ਸਮੂਹ ਸ਼ਹੀਦਾਂ ਨੂੰ ਭਾਵ ਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ।ਚੌਥੇ ਮਤੇ ਰਾਹੀਂ ਲੋਕ ਪੱਖੀ ਪ੍ਰਸਿੱਧ ਪੱਤਰਕਾਰ ਸਮਾਜ ਸੇਵਕ ਤੇ ਸਿੱਖਿਆ ਮਾਹਰ ਸ. ਸਵਰਨ ਸਿੰਘ ਭੰਗੂ (ਚਮਕੌਰ ਸਾਹਿਬ) ਦੇ ਅਚਾਨਕ ਸਦੀਵੀ ਵਿਛੋੜੇ ਉੱਪਰ ਪੀੜਤ ਪਰਿਵਾਰ ਨਾਲ ਡੂੰਘੇ ਦੁੱਖ ਤੇ ਅਫਸੋਸ ਦਾ ਪ੍ਰਗਟਾਵਾ ਕਰਦਿਆਂ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।ਪੰਜਵੇਂ ਮਤੇ ਰਾਹੀਂ ਨਾਮਵਾਰ ਤੇ ਦਲੇਰ ਪੱਤਰਕਾਰ ਰਤਨਜੀਤ ਸਿੰਘ ਧਾਲੀਵਾਲ (ਰਾਮਪੁਰਾ ਫੂਲ) ਉੱਪਰ 8 ਜ਼ਿਲ੍ਹਿਆਂ ਦੀ ਪੁਲਸ ਵੱਲੋਂ ਮੜ੍ਹੇ ਅਨੇਕਾਂ ਕਥਿਤ ਝੂਠੇ ਕੇਸ ਫੌਰੀ ਵਾਪਸ ਲੈਣ ਤੇ ਛਾਪੇਮਾਰੀਆਂ ਤੁਰੰਤ ਬੰਦ ਕਰਨ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਦਿਆਂ ਪੱਤਰਕਾਰ ਭਾਈਚਾਰੇ ਨਾਲ ਪੂਰਨ ਇੱਕਮੁੱਠਤਾ ਦਾ ਪ੍ਰਗਟਾਵਾ ਕੀਤਾ ਗਿਆ।ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਗੁਰਸੇਵਕ ਸਿੰਘ ਸੋਨੀ ਸਵੱਦੀ, ਸੋਹਣ ਸਿੰਘ ਸਵੱਦੀ, ਗੁਰਚਰਨ ਸਿੰਘ ਤਲਵੰਡੀ, ਨਿਰਭੈ ਸਿੰਘ ਤਲਵੰਡੀ, ਤੇਜਿੰਦਰ ਸਿੰਘ ਵਿਰਕ, ਗੁਰਦੇਵ ਸਿੰਘ ਢੱਟ, ਗੁਰਦਿਆਲ ਸਿੰਘ ਮੰਡਿਆਣੀ, ਬਲਦੇਵ ਸਿੰਘ ਪੰਡੋਰੀ, ਲਛਮਣ ਸਿੰਘ ਸਿੱਧਵਾਂ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਲਾਠੀਚਾਰਜ ਕਰਨ ਵਾਲੇ ਡੀ ਐੱਸ ਪੀ ਨੂੰ ਬਰਖ਼ਾਸਤ ਕੀਤਾ ਜਾਵੇ : ਗੋਬਿੰਦ ਛਾਜਲੀ

ਸੰਗਰੂਰ (ਪ੍ਰਵੀਨ ਸਿੰਘ)-ਸੀਪੀਆਈ (ਐੱਮ ਐੱਲ) ਲਿਬਰੇਸ਼ਨ ਪਾਰਟੀ ਦੇ ਸੂਬਾਈ ਆਗੂ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਪਟਿਆਲਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਧਰਨੇ 'ਤੇ ਬੈਠੇ ਬੇਰੁਜ਼ਗਾਰ ਅਪ੍ਰੈਂਟਿਸ ਲਾਈਨਮੈਨਾਂ 'ਤੇ ਪੁਲਸ ਵੱਲੋਂ ਕੀਤੇ ਗਏ ਅੰਨ੍ਹੇਵਾਹ ਲਾਠੀਚਾਰਜ, ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਕਾਮਰੇਡ ਛਾਜਲੀ ਨੇ ਕਿਹਾ ਕਿ ਪੰਜਾਬ ਸਰਕਾਰ ਤੋਂ ਰੁਜ਼ਗਾਰ ਦੀ ਮੰਗ ਕਰ ਰਹੇ ਨੌਜਵਾਨਾਂ ਦੀ ਅਵਾਜ਼ ਦਬਾਉਣ ਦੀ ਕੋਸ਼ਿਸ਼ ਕਰਨ ਦੀ ਬਜਾਏ ਉਨ੍ਹਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਪਟਿਆਲਾ ਵਿੱਚ ਜੋ ਕੁਝ ਵਾਪਰਿਆ ਹੈ, ਉਹ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਉਲਟ ਹੈ ਤੇ ਸ਼ਾਂਤਮਈ ਢੰਗ ਨਾਲ ਆਪਣੀ ਮੰਗ ਰੱਖ ਰਹੇ ਨੌਜਵਾਨਾਂ 'ਤੇ ਬਲ ਪ੍ਰਯੋਗ ਕਿਸੇ ਵੀ ਹਾਲਤ ਵਿਚ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।ਛਾਜਲੀ ਨੇ ਦੋਸ਼ ਲਾਇਆ ਕਿ ਪੁਲਸ ਦੇ ਡੀ ਐੱਸ ਪੀ ਸੰਜੀਵ ਸਿੰਗਲਾ ਵੱਲੋਂ ਖੁਦ ਮੌਕੇ 'ਤੇ ਅੱਗੇ ਹੋ ਕੇ ਨੌਜਵਾਨਾਂ 'ਤੇ ਲਾਠੀਚਾਰਜ ਕੀਤਾ ਗਿਆ, ਜਿਸ ਦੀ ਨਿਆਇਕ ਜਾਂਚ ਕਰਵਾ ਕੇ ਤੁਰੰਤ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ।

ਕੌਮਾਂਤਰੀ ਹਵਾਈ ਅੱਡਾ ਹਲਵਾਰਾ ਤੋਂ ਯਾਤਰੀਆਂ ਦੇ ਹੁੰਗਾਰੇ ਨੇ ਨਿੱਜੀ ਕੰਪਨੀਆਂ ਦਾ ਧਿਆਨ ਖਿੱਚਿਆ

ਨਿੱਜੀ ਏਅਰਲਾਈਨਾਂ ਦੇ ਅਧਿਕਾਰੀਆਂ ਨੇ ਨੇੜ ਭਵਿੱਖ 'ਚ 75 ਤੋਂ 80% ਯਾਤਰੀਆਂ ਦੀ ਉਮੀਦ ਪ੍ਰਗਟਾਈ

ਰਾਏਕੋਟ (ਸੰਤੋਖ ਗਿੱਲ)-ਲੁਧਿਆਣਾ ਦੇ ਕੌਮਾਂਤਰੀ ਹਵਾਈ ਅੱਡਾ ਹਲਵਾਰਾ ਤੋਂ ਦਿੱਲੀ ਦੇ ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ ਲਈ ਸ਼ੁਰੂ ਕੀਤੀਆਂ ਗਈਆਂ ਦੋ ਵਪਾਰਕ ਉਡਾਨਾਂ ਨੂੰ ਯਾਤਰੀਆਂ ਵੱਲੋਂ ਉਤਸ਼ਾਹਜਨਕ ਹੁੰਗਾਰਾ ਮਿਲ ਰਿਹਾ ਹੈ, ਜਿਸ ਨੇ ਨਿੱਜੀ ਏਅਰਲਾਈਨ ਕੰਪਨੀਆਂ ਦਾ ਧਿਆਨ ਖਿੱਚਿਆ ਹੈ ਅਤੇ ਉਨ੍ਹਾਂ ਨੇੜ ਭਵਿੱਖ ਵਿੱਚ 75 ਤੋਂ 80 ਫ਼ੀਸਦੀ ਤੱਕ ਭਰੀਆਂ ਉਡਾਨਾਂ ਦੀ ਉਮੀਦ ਜਤਾਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 29 ਮਈ ਤੋਂ 3 ਜੂਨ ਤੱਕ ਜ਼ਿਆਦਾਤਰ ਦਿਨਾਂ ਦੀਆਂ ਉਡਾਨਾਂ ਵਿੱਚ ਯਾਤਰੀਆਂ ਦੀ ਗਿਣਤੀ 45 ਫ਼ੀਸਦੀ ਤੋਂ ਵੱਧ ਰਹੀ, ਜੋ ਇਸ ਨਵੇਂ ਹਵਾਈ ਰੂਟ ਲਈ ਸ਼ੁੱਭ ਸੰਕੇਤ ਮੰਨੇ ਜਾ ਰਹੇ ਹਨ।ਅੰਕੜਿਆਂ ਮੁਤਾਬਕ ਸਭ ਤੋਂ ਵੱਧ 62.5 ਫ਼ੀਸਦੀ ਸੀਟਾਂ 29 ਮਈ ਨੂੰ ਭਰੀਆਂ, ਜਦਕਿ ਸਭ ਤੋਂ ਘੱਟ 40.8 ਫ਼ੀਸਦੀ ਸੀਟਾਂ 2 ਜੂਨ ਨੂੰ ਭਰੀਆਂ ਸਨ।ਛੇ ਦਿਨਾਂ ਵਿੱਚੋਂ ਪੰਜ ਦਿਨ ਅਜਿਹੇ ਰਹੇ ਜਦੋਂ ਉਡਾਨਾਂ ਦੀ ਵਿੱਚ ਯਾਤਰੀਆਂ ਦੀ ਗਿਣਤੀ 45 ਫ਼ੀਸਦੀ ਜਾਂ ਇਸ ਤੋਂ ਵੀ ਵੱਧ ਰਹੀ।ਹਵਾਈ ਅੱਡੇ ਦੇ ਡਾਇਰੈਕਟਰ ਜਗੀਰ ਸਿੰਘ ਅਨੁਸਾਰ ਪਿਛਲੇ ਕਈ ਦਿਨਾਂ ਵਿੱਚ ਯਾਤਰੀਆਂ ਦੀ ਗਿਣਤੀ 100 ਤੋਂ ਉੱਪਰ ਰਹੀ ਹੈ।

ਉਨ੍ਹਾਂ ਕਿਹਾ ਕਿ ਯਾਤਰੀ ਗਿਣਤੀ ਦੇ ਅੰਕੜੇ ਵੀ ਕਾਫ਼ੀ ਉਤਸ਼ਾਹਜਨਕ ਰਹੇ ਹਨ।ਇਸ ਅਰਸੇ ਦੌਰਾਨ ਆਉਣ ਜਾਂ ਜਾਣ ਵਾਲੀਆਂ ਉਡਾਨਾਂ ਵਿੱਚ ਪੰਜ ਵਾਰ ਯਾਤਰੀਆਂ ਦੀ ਗਿਣਤੀ 100 ਤੋਂ ਵਧੇਰੇ ਰਹੀ ਹੈ।1 ਜੂਨ ਦੀ ਸਵੇਰ ਵੇਲੇ ਰਵਾਨਾ ਹੋਈ ਉਡਾਣ ਵਿੱਚ ਸਭ ਤੋਂ ਵੱਧ 145 ਯਾਤਰੀ ਦਰਜ ਕੀਤੇ ਗਏ।ਧਿਆਨਯੋਗ ਹੈ ਕਿ ਵਰਤੇ ਜਾ ਰਹੇ ਜਹਾਜ਼ ਦੀ ਸਮਰੱਥਾ ਲਗਭਗ 160 ਯਾਤਰੀਆਂ ਦੀ ਹੈ। ਹਵਾਈ ਅੱਡੇ ਨਾਲ ਜੁੜੇ ਸੂਤਰਾਂ ਦਾ ਕਹਿਣਾ ਹੈ ਕਿ ਸਵੇਰ ਦੀਆਂ ਉਡਾਨਾਂ ਨੂੰ ਬਹੁਤ ਵਧੀਆ ਹੁੰਗਾਰਾ ਮਿਲ ਰਿਹਾ ਹੈ, ਜਦਕਿ ਦਿਨ ਦੀ ਦੂਜੀ ਉਡਾਣ ਨੂੰ ਹੋਰ ਵੀ ਬਿਹਤਰ ਪ੍ਰਤੀਕਿਰਿਆ ਮਿਲੀ ਹੈ।ਹਵਾਈ ਅੱਡੇ ਦੇ ਅਧਿਕਾਰੀਆਂ ਦਾ ਮੰਨਣਾ ਹੈ ਕਿ ਦੇਸ਼ ਤੇ ਵਿਦੇਸ਼ ਦੇ ਹੋਰ ਸ਼ਹਿਰਾਂ ਨਾਲ ਜੋੜਨ ਵਾਲੀਆਂ ਉਡਾਨਾਂ ਦੀ ਸਹੂਲਤ ਮਿਲਣ ਨਾਲ ਯਾਤਰੀਆਂ ਦੀ ਗਿਣਤੀ ਵਿੱਚ ਹੋਰ ਵਾਧਾ ਹੋਵੇਗਾ।ਹਲਵਾਰਾ ਹਵਾਈ ਅੱਡੇ ਦੀ ਸ਼ੁਰੂਆਤ ਨਾਲ ਲੁਧਿਆਣਾ ਤੇ ਆਸ-ਪਾਸ ਦੇ ਇਲਾਕਿਆਂ ਨੂੰ ਜੋੜਨ ਲਈ ਬਿਹਤਰ ਹਵਾਈ ਸਫ਼ਰ, ਵਪਾਰ ਤੇ ਸੈਰ-ਸਪਾਟੇ ਨੂੰ ਉਤਸ਼ਾਹ ਤੇ ਖੇਤਰੀ ਆਰਥਿਕਤਾ ਨੂੰ ਮਜ਼ਬੂਤੀ ਮਿਲਣ ਦੀ ਉਮੀਦ ਹੈ।ਸਥਾਨਕ ਉੱਘੇ ਹੌਜ਼ਰੀ ਕਾਰੋਬਾਰੀ ਤੇ ਨਿਟਵੀਅਰ ਕਲੱਬ ਦੇ ਖ਼ਜ਼ਾਨਚੀ ਹਰੀਸ਼ ਕੈਰਪਾਲ ਅਨੁਸਾਰ ਇਹ ਹਵਾਈ ਅੱਡਾ ਪੰਜਾਬ ਦੇ ਉਦਯੋਗਿਕ ਕੇਂਦਰ ਲਈ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹੇਗਾ।

ਸਫਾ 1 ਦੇ ਬਾਕੀ...

'ਸ਼ੱਕੀ ਵਿਦੇਸ਼ੀ ਨਾਗਰਿਕਾਂ'...

ਪੁਡੂਚੇਰੀ, ਯੂ ਪੀ, ਰਾਜਸਥਾਨ, ਮੱਧ ਪ੍ਰਦੇਸ਼, ਗੁਜਰਾਤ, ਛੱਤੀਸਗੜ੍ਹ, ਗੋਆ, ਅੰਡੇਮਾਨ ਤੇ ਨਿਕੋਬਾਰ ਟਾਪੂ ਅਤੇ ਲਕਸ਼ਦੀਪ ਵਿੱਚ ਪੂਰਾ ਹੋ ਚੁੱਕਾ ਹੈ। ਇਸ ਦੌਰਾਨ ਵੋਟਰ ਸੂਚੀਆਂ ਵਿੱਚ 10.2 ਪ੍ਰਤੀਸ਼ਤ ਦੀ ਕਟੌਤੀ ਕੀਤੀ ਗਈ ਸੀ, ਜਿਸ ਨਾਲ 60 ਲੱਖ ਤੋਂ ਵੱਧ ਮ੍ਰਿਤਕ ਵੋਟਰਾਂ ਨੂੰ ਹਟਾ ਦਿੱਤਾ ਗਿਆ ਸੀ। ਜਦੋਂ ਚੋਣ ਕਮਿਸ਼ਨ ਵੱਲੋਂ ਪਿਛਲੇ 27 ਅਕਤੂਬਰ ਨੂੰ ਐੱਸ ਆਈ ਆਰ ਦੇ ਦੂਜੇ ਪੜਾਅ ਦਾ ਐਲਾਨ ਕੀਤਾ ਗਿਆ ਸੀ ਤਾਂ 12 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਰ 50.99 ਕਰੋੜ ਤੋਂ ਵੱਧ ਸਨ। ਇਸ ਅਭਿਆਸ ਤੋਂ ਬਾਅਦ ਵੋਟਰ ਸੂਚੀ 45.81 ਕਰੋੜ ਰਹਿ ਗਈ ਹੈ, ਜੋ ਕਿ 5.18 ਕਰੋੜ ਤੋਂ ਵੱਧ ਦੀ ਗਿਰਾਵਟ ਹੈ। ਪ੍ਰਤੀਸ਼ਤ ਦੇ ਰੂਪ ਵਿੱਚ ਵੋਟਰ ਸੂਚੀਆਂ ਵਿੱਚ 10.2 ਪ੍ਰਤੀਸ਼ਤ ਦੀ ਕਮੀ ਆਈ ਹੈ।

ਵਿਰੋਧ ਪ੍ਰਦਰਸ਼ਨ...

ਨਵੀਂ ਦਿੱਲੀ ਵਿੱਚ ਪ੍ਰਦਰਸ਼ਨ ਉਪਰੰਤ ਇੱਕ ਪ੍ਰੈੱਸ ਕਾਨਫਰੰਸ ਵਿੱਚ ਸੀ ਜੇ ਪੀ ਦੇ ਬੁਲਾਰੇ ਨੇ ਐਲਾਨ ਕੀਤਾ ਕਿ ਉਹ ਕੇਂਦਰ ਵੱਲੋਂ ਪ੍ਰਧਾਨ ਨੂੰ ਬਰਖਾਸਤ ਕਰਨ ਜਾਂ ਉਨ੍ਹਾ ਦੇ ਸਵੈ-ਇੱਛਾ ਨਾਲ ਅਸਤੀਫ਼ੇ ਦੀ ਇੱਕ ਹਫ਼ਤੇ ਦੀ ਉਡੀਕ ਕਰਨਗੇ, ਜਿਸ ਤੋਂ ਬਾਅਦ ਉਹ ਦੇਸ਼-ਵਿਆਪੀ ਵਿਰੋਧ ਪ੍ਰਦਰਸ਼ਨ ਸ਼ੁਰੂ ਕਰਨਗੇ। ਵਿਰੋਧ ਪ੍ਰਦਰਸ਼ਨ ਦੌਰਾਨ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕਰਨ ਤੋਂ ਇਲਾਵਾ ਪ੍ਰਦਰਸ਼ਨਕਾਰੀਆਂ ਨੇ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ 'ਹਿੰਦੂ-ਮੁਸਲਿਮ' ਰਾਜਨੀਤੀ ਬੰਦ ਕਰਨ ਦੀ ਮੰਗ ਕਰਦੇ ਹੋਏ ਨਾਅਰੇਬਾਜ਼ੀ ਵੀ ਕੀਤੀ ਅਤੇ 'ਭਾਰਤ ਮਾਤਾ ਕੀ ਜੈ' ਦੇ ਨਾਅਰਿਆਂ ਨਾਲ ਮਾਤ ਭੂਮੀ ਦਾ ਗੁਣਗਾਨ ਕੀਤਾ।

ਦਿਨ ਰਹਿ ਗਏ...

ਉਮਰ ਨੂੰ ਮਾਤ ਪਾਉਂਦਾ ਆ ਰਿਹਾ ਹੈ। 2018 ਦੇ ਵਿਸ਼ਵ ਕੱਪ ਵਿੱਚ ਛੇ ਗੋਲਾਂ ਨਾਲ ਗੋਲਡਨ ਬੂਟ ਜਿੱਤਣ ਵਾਲਾ ਇੰਗਲੈਂਡ ਦੇ ਹੈਰੀ ਕੇਨ ਵੱਲੋਂ ਇੱਕ ਵਾਰ ਫਿਰ ਇਸ ਸਨਮਾਨ ਲਈ ਚੁਣੌਤੀ ਦੇਣ ਦੀ ਉਮੀਦ ਕੀਤੀ ਜਾਵੇਗੀ। ਜੇ ਸਫਲ ਹੋ ਜਾਂਦਾ ਹੈ ਤਾਂ ਕੇਨ ਇਤਿਹਾਸ ਵਿੱਚ ਦੋ ਵਾਰ ਗੋਲਡਨ ਬੂਟ ਜਿੱਤਣ ਵਾਲਾ ਪਹਿਲਾ ਖਿਡਾਰੀ ਬਣ ਜਾਵੇਗਾ।

ਬ੍ਰਾਜ਼ੀਲ ਆਪਣੀ ਖਿਤਾਬ ਜੇਤੂ ਵਿਰਾਸਤ ਨੂੰ ਮੁੜ ਲੱਭਣ ਦੀ ਕੋਸ਼ਿਸ਼ ਕਰ ਰਿਹਾ ਹੈ। ਇਸ ਵਿੱਚ ਵਿਨੀਸ਼ੀਅਸ ਜੂਨੀਅਰ ਮਦਦ ਕਰ ਸਕਦਾ ਹੈ, ਜੋ ਆਪਣੀ ਗਤੀ, ਡ੍ਰਿਬਲਿੰਗ ਅਤੇ ਤਕਨੀਕ ਲਈ ਜਾਣਿਆ ਜਾਂਦਾ ਹੈ। ਉਸ ਨੂੰ ਨੇਮਾਰ ਜੂਨੀਅਰ ਦਾ ਵੀ ਸਾਥ ਮਿਲੇਗਾ। ਅਫਰੀਕੀ ਫੁੱਟਬਾਲ ਦੇ ਸਭ ਤੋਂ ਮਹਾਨ ਆਈਕਨਾਂ ਵਿੱਚੋਂ ਇੱਕ 33 ਸਾਲਾ ਸਾਲਾਹ ਨੇ ਕਲੱਬਾਂ ਵੱਲੋਂ ਖੇਡਦਿਆਂ ਅਣਗਿਣਤ ਵਿਅਕਤੀਗਤ ਰਿਕਾਰਡ ਤੋੜੇ ਹਨ, ਪਰ ਅਜੇ ਤੱਕ ਆਪਣੇ ਦੇਸ਼ ਮਿਸਰ ਲਈ ਕੋਈ ਖਿਤਾਬ ਨਹੀਂ ਜਿੱਤਿਆ। ਮਾਸਪੇਸ਼ੀਆਂ ਦੀ ਸੱਟ ਕਾਰਨ ਉਸ ਦੀ ਵਿਸ਼ਵ ਕੱਪ ਮੁਹਿੰਮ ਪਟੜੀ ਤੋਂ ਉਤਰਨ ਦਾ ਖਤਰਾ ਸੀ, ਪਰ ਪ੍ਰਸ਼ੰਸਕਾਂ ਨੂੰ ਇਹ ਜਾਣ ਕੇ ਰਾਹਤ ਮਿਲੇਗੀ ਕਿ 'ਮਿਸਰੀ ਰਾਜਾ' ਵਿਸ਼ਵ ਪੱਧਰ 'ਤੇ ਆਪਣੇ ਆਖਰੀ ਕਾਰਜ ਵਿੱਚ ਅਧੂਰੇ ਕੰਮ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ।

ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨੇ ਮੰਗਾਂ ਦੀ ਪੂਰਤੀ ਲਈ ਵਜਾਇਆ ਸੰਘਰਸ਼ ਦਾ ਬਿਗੁਲ

■ 17 ਨੂੰ ਜਲੰਧਰ ਦੇਸ਼ ਭਗਤ ਯਾਦਗਰ ਹਾਲ 'ਚ ਹੋਵੇਗੀ ਵਿਸ਼ਾਲ ਕਨਵੈਨਸ਼ਨ ■ ਕਨਵੈਨਸ਼ਨ 'ਚ ਕੀਤਾ ਜਾਵੇਗਾ ਤਿੱਖੇ ਸੰਘਰਸ਼ ਦਾ ਐਲਾਨ : ਧਨੋਆ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮੀਟਿੰਗ ਲੁਧਿਆਣਾ ਦੇ ਈਸੜੂ ਭਵਨ ਵਿੱਚ ਫਰੰਟ ਦੇ ਕਨਵੀਨਰ ਕਰਮ ਸਿੰਘ ਧਨੋਆ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਕਰਮ ਸਿੰਘ ਧਨੋਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲ ਤੋਂ ਲਗਾਤਾਰ ਪੰਜਾਬ ਦੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ ਤੇ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਲਗਾਤਾਰ ਆਪਣੇ ਮੰਗ ਪੱਤਰ ਭੇਜ ਕੇ ਮੁੱਖ ਮੰਤਰੀ, ਵਿੱਤ ਮੰਤਰੀ, ਵਿੱਤ ਸਕੱਤਰ ਤੇ ਮੁੱਖ ਸਕੱਤਰ ਤੋਂ ਮੰਗਾਂ ਪੂਰੀਆਂ ਕਰਨ ਲਈ ਮੀਟਿੰਗਾਂ ਲਈ ਸਮਾਂ ਮੰਗਿਆ ਜਾ ਰਿਹਾ ਹੈ, ਤਾਂ ਕਿ ਪੈਨਸ਼ਨਰਾਂ ਦੀਆਂ ਜਾਇਜ਼ ਤੇ ਸੰਵਿਧਾਨਕ ਮੰਗਾਂ ਦਾ ਨਿਪਟਾਰਾ ਹੋ ਸਕੇ।ਮੀਟਿੰਗ ਵਿੱਚ ਸ਼ਾਮਲ ਵੱਖ ਵੱਖ ਪੈਨਸ਼ਨਰ ਜਥੇਬੰਦੀਆਂ ਦੇ ਨੁਮਾਇੰਦਿਆ ਭਜਨ ਸਿੰਘ ਗਿੱਲ, ਸੁਰਿੰਦਰ ਰਾਮ ਕੁੱਸਾ, ਅਵਿਨਾਸ਼ ਸ਼ਰਮਾ, ਰਾਕੇਸ਼ ਸ਼ਰਮਾ, ਦੇਵ ਰਾਜ, ਗੁਰਦੀਪ ਸਿੰਘ ਵਾਲੀਆ, ਗੁਰਮੀਤ ਸਿੰਘ ਟਿਵਾਣਾ, ਬਿੱਕਰ ਸਿੰਘ ਮਾਛੀਕੇ, ਸਰਬਜੀਤ ਸਿੰਘ ਦੌਧਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਲਾਗੂ ਕਰਨ ਤੋਂ ਪਾਸਾ ਵੱਟਿਆ ਜਾ ਰਿਹਾ ਹੈ। ਇਸ ਸਾਰੀ ਗੰਭੀਰ ਸਥਿੱਤੀ ਨੂੰ ਵਾਚਦੇ ਹੋਏ ਪੈਨਸ਼ਨਰਜ਼ ਫਰੰਟ ਨੇ ਪੈਨਸ਼ਨਰਾਂ ਦੇ ਦਰਦ ਦੁੱਖ ਨੂੰ ਮਹਿਸੂਸ ਕਰਦੇ ਹੋਏ, ਸੰਘਰਸ਼ ਦੇ ਮੈਦਾਨ ਵਿੱਚ ਨਿੱਤਰਣ ਦਾ ਫੈਸਲਾ ਕੀਤਾ ਹੈ, ਜਿਸ ਦੀ ਸ਼ੁਰੂਆਤ ਦੇਸ਼ ਭਗਤ ਯਾਦਗਰ ਹਾਲ ਤੋਂ 17 ਜੂਨ 2026 ਨੂੰ ਇੱਕ ਵਿਸ਼ਾਲ ਕਨਵੈਨਸ਼ਨ ਕਰਕੇ ਸ਼ੁਰੂ ਕੀਤੀ ਜਾਵੇਗੀ ਤੇ ਕਨਵੈਨਸ਼ਨ ਦੀ ਸਟੇਜ ਤੋਂ ਜੁਆਇੰਟ ਫਰੰਟ ਦੇ ਸਮੂਹ ਆਗੂ ਇੱਕ ਆਵਾਜ਼ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕਰਨਗੇ।ਜੁਆਇੰਟ ਫਰੰਟ ਦੇ ਸਮੂਹ ਆਗੂਆਂ ਨੇ ਪੰਜਾਬ ਦੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀਆਂ ਹੱਕੀ ਤੇ ਜਾਇਜ਼ ਸੰਵਿਧਾਨਕ ਮੰਗਾਂ ਮਨਵਾਉਣ ਲਈ ਸੰਘਰਸ਼ ਦੇ ਮੈਦਾਨ ਵਿੱਚ ਨਿਤਰਨ ਤੇ 17 ਜੂਨ 2026 ਦੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਠੀਕ 11 ਵਜੇ ਸ਼ਮੂਲੀਅਤ ਕਰਨ।

ਸੜਕ 'ਤੇ ਖਿੱਲਰੇ ਸੀਵਰੇਜ ਦੇ ਪਾਣੀ ਕਾਰਨ ਕਾਰ ਪਲਟੀ, ਚਾਲਕ ਜ਼ਖ਼ਮੀ

ਬਰੇਟਾ (ਰੀਤਵਾਲ)

ਬਰੇਟਾ-ਬੁਢਲਾਡਾ ਨੈਸ਼ਨਲ ਹਾਈਵੇ ਰੋਡ 'ਤੇ ਮੁਲਾਜ਼ਮ ਕਲੋਨੀ ਨਜ਼ਦੀਕ ਪਿਛਲੇ ਲੰਮੇ ਸਮੇਂ ਤੋਂ ਖੜੇ ਸੀਵਰੇਜ ਦੇ ਗੰਦੇ ਪਾਣੀ ਕਾਰਨ ਇੱਕ ਹਾਦਸਾ ਵਾਪਰਨ ਦਾ ਸਮਾਚਾਰ ਹੈ।ਇਸ ਹਾਦਸੇ ਵਿੱਚ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ ਤੇ ਕਾਰ ਚਾਲਕ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਦੁਪਹਿਰ ਦੇ ਸਮੇਂ ਤੋਂ ਬਾਅਦ ਇੱਕ ਕਾਰ ਜੋ ਪੁਲ ਵਾਲੀ ਸਾਈਡ ਤੋਂ ਬੁਢਲਾਡਾ ਵੱਲ ਜਾ ਰਹੀ ਸੀ, ਜਦੋਂ ਕਾਰ ਬਾਂਸਲ ਮੈਰਿਜ ਪੈਲੇਸ ਨਜ਼ਦੀਕ ਆਈ ਤਾਂ ਸੜਕ 'ਤੇ ਖਿਲਰੇ ਸੀਵਰੇਜ ਦੇ ਗੰਦੇ ਪਾਣੀ ਕਾਰਨ ਇੱਕਦਮ ਕਾਰ ਫਿਸਲ ਗਈ ਅਤੇ ਕਾਰ ਦਾ ਸੰਤੁਲਨ ਵਿਗੜ ਗਿਆ ਤੇ ਖੇਤਾਂ ਵਿੱਚ ਜਾ ਡਿੱਗੀ, ਜਿਸ ਨਾਲ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ ਤੇ ਕਾਰ ਚਾਲਕ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ, ਜਿਸ ਨੂੰ ਲੋਕਾਂ ਦੀ ਮੱਦਦ ਨਾਲ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਦੱਸਣਯੋਗ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਸੜਕ 'ਤੇ ਖਿੱਲਰੇ ਇਸ ਸੀਵਰੇਜ ਦੇ ਗੰਦੇ ਪਾਣੀ ਬਾਰੇ ਅਨੇਕਾਂ ਵਾਰ ਸਿਵਲ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਾ ਹੈ, ਪਰ ਫਿਰ ਵੀ ਪਰਨਾਲਾ ਜਿਉਂ ਦਾ ਤਿਉਂ ਬਣਿਆ ਹੋਇਆ ਹੈ।ਜਦ ਇਸ ਮਾਮਲੇ ਨੂੰ ਲੈ ਕੇ ਡੀ ਸੀ ਮਾਨਸਾ ਮੈਡਮ ਨਵਜੋਤ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਐੱਸਡੀਐੱਮ ਬੁਢਲਾਡਾ ਦੀ ਡਿਊਟੀ ਲਗਾ ਦਿੱਤੀ ਗਈ ਹੈ।ਜਲਦ ਹੀ ਇਸ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ।

ਕਾਂਗਰਸੀ ਵਰਕਰ ਦੀ ਗ੍ਰਿਫ਼ਤਾਰੀ ਖ਼ਿਲਾਫ਼ ਰੰਧਾਵਾ ਵੱਲੋਂ ਰੋਸ ਪ੍ਰਦਰਸ਼ਨ

ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਸਮਾਣਾ ਵਿੱਚ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਪਾਰਟੀ ਵਰਕਰ ਅਰਸ਼ਦੀਪ ਸਿੰਘ ਨੂੰ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਦੀ ਕਥਿਤ ਬੇਅਦਬੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕਰਨ ਦੇ ਵਿਰੋਧ ਵਿੱਚ ਪ੍ਰਦਰਸ਼ਨ ਕੀਤੇ।ਸਮਾਣਾ ਵਿੱਚ ਬਲਾਕ ਕਾਂਗਰਸੀ ਵਰਕਰਾਂ ਨੇ ਆਪਣੇ ਸਾਥੀ ਖਿਲਾਫ ਸਰਕਾਰੀ ਕਰਵਾਈ ਦੇ ਵਿਰੋਧ ਵਜੋਂ ਪ੍ਰਤੀਕਾਤਮਕ ਤੌਰ 'ਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਤੇ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਦਫਤਰ ਅੱਗੇ ਝਾੜੂਆਂ ਨੂੰ ਖੋਲ੍ਹ ਕੇ ਪ੍ਰਦਰਸ਼ਨ ਕੀਤਾ।ਇਸ ਤੋਂ ਪਹਿਲਾਂ ਬਲਾਕ ਕਾਂਗਰਸ ਸ਼ਹਿਰੀ ਦੇ ਪ੍ਰਧਾਨ ਮੰਗਤ ਮਵੀ, ਟਿੰਕਾ ਗਜੇਵਾਸ, ਗੁਰਦੀਪ ਢਕਰੱਬਾ ਸਾਬਕਾ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਗੁਪਤਾ ਨੇ ਇੱਕ ਸਧਾਰਨ ਪ੍ਰਤੀਕਾਤਮਕ ਵਿਰੋਧ ਕਰਨ ਲਈ ਕਾਂਗਰਸੀ ਵਰਕਰ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਪੰਜਾਬ ਪੁਲਸ ਦੀ ਤਾਨਾਸ਼ਾਹੀ ਭਰੀ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ।ਗੁਰਸ਼ਰਨ ਰੰਧਾਵਾ ਨੇ ਕਿਹਾ ਕਿ ਸਿਰਫ਼ ਇਸ ਲਈ ਕਿ ਇੱਕ ਕਾਂਗਰਸੀ ਵਰਕਰ ਨੇ ਝਾੜੂ ਨੂੰ ਖੋਲ੍ਹ ਦਿੱਤਾ ਸੀ, ਉਸ ਖ਼ਿਲਾਫ਼ ਕੀਤੀ ਗਈ ਕਾਰਵਾਈ ਇਹ ਦਰਸਾਉਂਦੀ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਕਿੰਨੀ ਨਿਰਾਸ਼ ਤੇ ਅਸੁਰੱਖਿਅਤ ਮਹਿਸੂਸ ਕਰ ਰਹੀ ਹੈ।ਇਸ ਮੌਕੇ ਗੁਰਸ਼ਰਨ ਰੰਧਾਵਾ ਨੇ ਪ੍ਰਦਰਸ਼ਨ ਕਰਨ ਵਾਲੇ ਕਾਂਗਰਸੀ ਵਰਕਰਾਂ ਦਾ ਧੰਨਵਾਦ ਕੀਤਾ ਤੇ ਅਰਸ਼ਦੀਪ ਨਾਲ ਏਕਜੁੱਟਤਾ ਪ੍ਰਗਟਾਈ।

ਨੇਕੀ ਫਾਊਂਡੇਸ਼ਨ ਵੱਲੋਂ 'ਨੇਕੀ ਐਂਬੂਲੈਂਸ ਸੇਵਾ' ਦੀ ਸ਼ੁਰੂਆਤ

ਬੁਢਲਾਡਾ (ਅਸ਼ੋਕ ਲਾਕੜਾ)-ਸਮਾਜ ਸੇਵੀ ਕੰਮਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੀ ਸੰਸਥਾ ਨੇਕੀ ਫਾਊਂਡੇਸ਼ਨ ਵੱਲੋਂ ਮਾਨਵਤਾ ਦੀ ਸੇਵਾ ਲਈ ਇੱਕ ਹੋਰ ਸ਼ਲਾਘਾਯੋਗ ਕਦਮ ਚੁੱਕਦਿਆਂ 'ਨੇਕੀ ਐਂਬੂਲੈਂਸ ਸੇਵਾ' ਦੀ ਸ਼ੁਰੂਆਤ ਕੀਤੀ ਗਈ ਹੈ।ਬੀਤੇ ਦਿਨ ਨੇਕੀ ਆਸ਼ਰਮ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਇਸ ਐਂਬੂਲੈਂਸ ਨੂੰ ਰਸਮੀ ਤੌਰ 'ਤੇ ਲੋਕ ਅਰਪਿਤ ਕੀਤਾ ਗਿਆ।ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਤੇ ਪਤਵੰਤੀਆਂ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਐਂਬੂਲੈਂਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਫਾਊਂਡੇਸ਼ਨ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਐਂਬੂਲੈਂਸ ਸੇਵਾ ਪੂਰੀ ਤਰ੍ਹਾਂ ਨਿਸ਼ਕਾਮ ਭਾਵਨਾ ਨਾਲ ਸ਼ੁਰੂ ਕੀਤੀ ਗਈ ਹੈ।ਲੋਕਲ ਪੱਧਰ 'ਤੇ ਹੋਣ ਵਾਲੇ ਸੜਕ ਹਾਦਸਿਆਂ ਦੌਰਾਨ ਜ਼ਖ਼ਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਉਣ ਲਈ ਇਹ ਸੇਵਾ ਬਿਲਕੁਲ ਮੁਫ਼ਤ ਰਹੇਗੀ, ਤਾਂ ਜੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ।ਇਸ ਤੋਂ ਇਲਾਵਾ ਗਰੀਬ ਤੇ ਲੋੜਵੰਦ ਮਰੀਜ਼ਾਂ ਲਈ ਵੀ ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਹੋਵੇਗੀ।ਸੰਸਥਾ ਨੇ ਐਂਬੂਲੈਂਸ ਐਮਰਜੈਂਸੀ ਨੰਬਰ 9915430102 ਵੀ ਜਾਰੀ ਕੀਤਾ।ਸਮਾਗਮ ਵਿੱਚ ਪਹੁੰਚੇ ਪਤਵੰਤੇ ਸੱਜਣਾਂ ਨੇ ਨੇਕੀ ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਐਮਰਜੈਂਸੀ ਦੇ ਸਮੇਂ ਸਹੀ ਵਕਤ 'ਤੇ ਐਂਬੂਲੈਂਸ ਦਾ ਮਿਲਣਾ ਕਿਸੇ ਵਰਦਾਨ ਤੋਂ ਘੱਟ ਨਹੀਂ ਹੁੰਦਾ ਤੇ ਫਾਊਂਡੇਸ਼ਨ ਨੇ ਇਹ ਸੇਵਾ ਸ਼ੁਰੂ ਕਰਕੇ ਇਲਾਕੇ ਦੇ ਲੋਕਾਂ ਨੂੰ ਇੱਕ ਬਹੁਤ ਵੱਡੀ ਸੌਗਾਤ ਦਿੱਤੀ ਹੈ।ਇਸ ਮੌਕੇ ਸੰਸਥਾ ਦੇ ਮੈਂਬਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਸਿਲਵਰ ਓਕਸ ਸਕੂਲ 'ਚ ਸਮਰ ਕੈਂਪ ਦਾ ਸ਼ਾਨਦਾਰ ਸਮਾਪਨ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਬਠਿੰਡਾ ਵਿੱਚ ਸਮਰ ਕੈਂਪ-ਸਿਨਰਜੀ-2 ਦਾ ਸ਼ਾਨਦਾਰ ਸਮਾਪਨ ਇੱਕ ਰੰਗਾਰੰਗ ਸਮਾਰੋਹ ਰਾਹੀਂ ਕੀਤਾ ਗਿਆ।ਇਹ ਸਮਾਗਮ ਵਿਦਿਆਰਥੀਆਂ ਵੱਲੋਂ ਪ੍ਰਾਪਤ ਕੀਤੀਆਂ ਉਪਲਬਧੀਆਂ, ਨਵੇਂ ਅਨੁਭਵਾਂ ਅਤੇ ਸੁਹਣੀਆਂ ਯਾਦਾਂ ਨੂੰ ਸਮਰਪਿਤ ਰਿਹਾ।ਇਸ ਮੌਕੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਅਤੇ ਸਿਲਵਰ ਓਕਸ ਸਪੋਰਟਸ ਅਕੈਡਮੀ ਦੇ ਡਾਇਰੈਕਟਰ ਨਵਦੀਪ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਉਨ੍ਹਾਂ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਅਧਿਆਪਕਾਂ ਤੇ ਸਹਾਇਕ ਸਟਾਫ਼ ਦੇ ਸਮਰਪਣ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦੇ ਸਾਂਝੇ ਯਤਨਾਂ ਨਾਲ ਕੈਂਪ ਦਾ ਸਫ਼ਲ ਆਯੋਜਨ ਸੰਭਵ ਹੋ ਸਕਿਆ।ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਜੋਸ਼ੀਲੇ ਡਾਂਸ ਅਤੇ ਮਨਮੋਹਕ ਯੋਗਾ ਪ੍ਰਦਰਸ਼ਨ ਪੇਸ਼ ਕੀਤੇ, ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਕਲਾਕ੍ਰਿਤੀਆਂ ਅਤੇ ਹੋਰ ਰਚਨਾਤਮਕ ਪ੍ਰੋਜੈਕਟਾਂ ਦੀ ਪ੍ਰਦਰਸ਼ਨੀ ਨੇ ਮਹਿਮਾਨਾਂ ਨੂੰ ਕੈਂਪ ਦੌਰਾਨ ਹੋਈਆਂ ਵੱਖ-ਵੱਖ ਸਿੱਖਣ ਗਤੀਵਿਧੀਆਂ ਅਤੇ ਅਨੁਭਵਾਂ ਨਾਲ ਰੂਬਰੂ ਕਰਵਾਇਆ।ਸਭਾ ਨੂੰ ਸੰਬੋਧਨ ਕਰਦਿਆਂ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਕਿਹਾ, ਸਿਨਰਜੀ-2 ਨੇ ਬੱਚਿਆਂ ਨੂੰ ਆਪਣੀਆਂ ਰੁਚੀਆਂ ਨੂੰ ਖੋਜਣ, ਨਵੀਆਂ ਪ੍ਰਤਿਭਾਵਾਂ ਨੂੰ ਨਿਖਾਰਣ ਅਤੇ ਜੀਵਨ ਲਈ ਲੋੜੀਂਦੇ ਮਹੱਤਵਪੂਰਨ ਹੁਨਰ ਵਿਕਸਤ ਕਰਨ ਦਾ ਬਿਹਤਰੀਨ ਮੰਚ ਪ੍ਰਦਾਨ ਕੀਤਾ ਹੈ।

ਕਿਰਨ ਮਹੰਤ ਹਠੂਰ ਨੇ ਮਜ਼ਦੂਰ ਦੀ ਬੇਟੀ ਦੇ ਵਿਆਹ ਲਈ ਸਮਾਨ ਦਿੱਤਾ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਇਲਾਕੇ ਦੇ ਉੱਘੇ ਸਮਾਜ ਸੇਵੀ ਕਿਰਨ ਮਹੰਤ ਹਠੂਰ ਵਾਲਿਆਂ ਵਲੋਂ ਮਨੁੱਖਤਾ ਦੀ ਭਲਾਈ ਅਤੇ ਲੋੜਵੰਦਾਂ ਦੀ ਮਦਦ ਕਰਨ ਦੀ ਲੜੀ ਨੂੰ ਅੱਗੇ ਤੋਰਦਿਆਂ ਐਤਵਾਰ ਨੂੰ ਪਿੰਡ ਪੰਡੋਰੀ ਦੇ ਰਹਿਣ ਵਾਲੇ ਲੋੜਵੰਦ ਮਜ਼ਦੂਰ ਮੋਹਣ ਸਿੰਘ ਦੀ ਲੜਕੀ ਦੇ ਵਿਆਹ ਦੇ ਸ਼ੁਭ ਅਵਸਰ 'ਤੇ ਆਪਣੀ ਨੇਕ ਕਮਾਈ ਵਿੱਚੋਂ ਘਰੇਲੂ ਵਰਤੋਂ ਦਾ ਸਾਰਾ ਜ਼ਰੂਰੀ ਸਮਾਨ ਤੋਹਫ਼ੇ ਵਜੋਂ ਭੇਟ ਕਰਕੇ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਮਿਸਾਲੀ ਕਾਰਜ ਕੀਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜਤਿੰਦਰਪਾਲ ਸਿੰਘ ਨੇ ਦੱਸਿਆ ਕਿ ਪਿੰਡ ਦੇ ਇਸ ਪਰਿਵਾਰ ਦੀ ਆਰਥਿਕ ਹਾਲਤ ਬੇਹੱਦ ਕਮਜ਼ੋਰ ਹੈ, ਜਿਸ ਬਾਰੇ ਪਤਾ ਲਗਦਿਆਂ ਸਮਾਜ ਸੇਵੀ ਕਿਰਨ ਮਹੰਤ ਵਿਸ਼ੇਸ਼ ਤੌਰ 'ਤੇ ਪਿੰਡ ਪੰਡੋਰੀ ਵਿਖੇ ਪਹੁੰਚੇ ਅਤੇ ਉਨ੍ਹਾਂ ਵਲੋਂ ਲੜਕੀ ਨੂੰ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਨ ਲਈ ਇੱਕ ਸੁੰਦਰ ਪੇਟੀ, ਪੇਟੀਬੈੱਡ, ਕੁਰਸੀਆਂ, ਅਲਮਾਰੀ ਅਤੇ ਡਰੈਸਿੰਗ ਟੇਬਲ ਆਦਿ ਘਰ ਦਾ ਸਾਰਾ ਕੀਮਤੀ ਸਮਾਨ ਦਿੱਤਾ ਗਿਆ ਹੈ। ਨੌਜਵਾਨ ਆਗੂ ਹਨੀ ਪਾਸੀ ਨੇ ਦੱਸਿਆ ਕਿ ਸਮਾਜ ਸੇਵੀ ਕਿਰਨ ਮਹੰਤ ਨੇ ਆਪਣਾ ਸਮੁੱਚਾ ਜੀਵਨ ਨਿਸ਼ਕਾਮ ਭਾਵਨਾ ਨਾਲ ਸਮਾਜ ਸੇਵਾ ਦੇ ਖੇਤਰ ਨੂੰ ਸਮਰਪਿਤ ਕੀਤਾ ਹੋਇਆ ਹੈ। ਇਸ ਮੌਕੇ ਯੂਥ ਆਗੂ ਅਰੁਣ ਕੁਮਾਰ ਬਾਂਸਲ, ਕਾਂਗਰਸੀ ਆਗੂ ਅਮਰਜੀਤ ਸਿੰਘ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਪੰਚਾਇਤ ਮੈਂਬਰ ਦਰਸ਼ਨ ਸਿੰਘ, ਬਲਜਿੰਦਰ ਸਿੰਘ ਅਤੇ ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

ਗਿਆਨ ਸਾਗਰ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਜਿੱਤੇ ਗੋਲਡ ਮੈਡਲ



ਬਰੇਟਾ (ਰੀਤਵਾਲ)-ਗਿਆਨ ਸਾਗਰ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਇੱਕ ਵਾਰ ਫਿਰ ਬੁਲੰਦੀਆਂ ਨੂੰ ਛੂਹਿਆ ਹੈ।ਗਿਆਨ ਸਾਗਰ ਸਕੂਲ ਦੇ 3 ਵਿਦਿਆਰਥੀਆਂ ਨੇ ਨੇਪਾਲ ਵਿੱਚ ਇੰਟਰਨੈਸ਼ਨਲ ਪੱਧਰ ਤੇ ਹੋਈ ਕਰਾਟੇ ਚੈਂਪੀਅਨਸ਼ਿਪ ਵਿੱਚ ਭਾਗ ਲਿਆ।ਤਿੰਨੋ ਹੀ ਵਿਦਿਆਰਥੀਆਂ ਸੁਖਮਨਪ੍ਰੀਤ ਕੌਰ ਕੁਲਰੀਆਂ, ਦਿਲਜੋਤ ਕੌਰ ਕੁਲਰੀਆਂ ਅਤੇ ਗੁਰਜੋਤ ਸਿੰਘ ਕਾਹਨਗੜ੍ਹ ਨੇ ਗੋਲਡ ਮੈਡਲ ਜਿੱਤੇ ਹਨ।ਇਹਨਾ ਬੱਚਿਆਂ ਨੇ ਪਹਿਲਾ ਜਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿੱਚ, ਸਟੇਟ, ਨੈਸ਼ਨਲ ਲੈਵਲ ਤੇ ਹੁਣ ਇੰਟਰਨੈਸ਼ਨਲ ਲੈਵਲ 'ਤੇ ਗੋਲਡ ਮੈਡਲ ਹਾਸਿਲ ਕਰਕੇ ਜਿੱਥੇ ਆਪਣੇ ਮਾਪਿਆਂ ਦਾ ਨਾਮ ਚਮਕਾਇਆ, ਉਥੇ ਆਪਣੇ ਇਲਾਕੇ, ਆਪਣੇ ਸਕੂਲ ਅਤੇ ਆਪਣੇ ਕੋਚਾਂ ਦੇ ਨਾਮ ਨੂੰ ਵੀ ਰੌਸ਼ਨ ਕੀਤਾ ਹੈ।ਸਕੂਲ ਪ੍ਰਿੰਸੀਪਲ ਸ਼੍ਰੀ ਭਾਰਤ ਦੀਪ ਗਰਗ ਨੇ ਇਸ ਜਿੱਤ ਦਾ ਸਿਹਰਾ ਡੀ ਪੀ ਬੱਬੂ ਸਿੰਘ, ਗੁਰਵਿੰਦਰ ਸਿੰਘ ਅਤੇ ਕਰਾਟੇ ਕੋਚ ਅਮਨਦੀਪ ਸਿੰਘ ਦੇ ਸਿਰ ਬੰਨ੍ਹਿਆ।ਚੇਅਰਮੈਨ ਰਾਮਪਾਲ ਸਿੰਘ ਸੇਖੋਂ ਨੇ ਬੱਚਿਆਂ, ਮਾਪਿਆਂ ਅਤੇ ਸਮੂਹ ਸਟਾਫ਼ ਨੂੰ ਮੁਬਾਰਕਾਂ ਦਿੱਤੀਆਂ।

ਆਵਲਾ ਵੱਲੋਂ ਦਰਿਆ 'ਤੇ ਬੰਨ ਬਣਾਉਣ ਲਈ ਸਹਾਇਤਾ ਰਾਸ਼ੀ ਭੇਟ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਵਾਲੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਬਾਰਡਰ ਏਰੀਆ ਅੰਦਰ ਆਉਂਦੇ ਪਿੰਡਾਂ 'ਚ ਸਤਲੁਜ ਦਰਿਆ ਵਿੱਚ ਹੜ੍ਹ ਆਉਣ ਕਾਰਨ ਬਾਰਡਰ ਦੇ ਨਾਲ ਲੱਗਦੇ ਕਿਸਾਨਾਂ ਦੀਆਂ ਫਸਲਾਂ ਡੁੱਬ ਜਾਂਦੀਆਂ ਸਨ, ਉਨ੍ਹਾਂ ਦੇ ਬਚਾਓ ਲਈ ਅੱਜ ਪਿੰਡ ਛਾਂਗਾ ਰਾਏ ਹਿਠਾੜ ਵਿਖੇ ਬੰਨ ਬਣਾਉਣ ਲਈ ਪੰਜਾਹ ਹਜ਼ਾਰ ਰੁਪਏ ਨਕਦ ਰਾਸ਼ੀ, ਬੰਨ ਬਣਾਉਣ ਲਈ ਡੀਜ਼ਲ ਤੇ ਖਾਲੀ ਗੱਟਿਆਂ ਦੀ ਸਹਾਇਤਾ ਪਿੰਡ ਵਾਸੀਆਂ ਨੂੰ ਕੀਤੀ।ਉਨ੍ਹਾਂ ਪਿੰਡ ਵਾਸੀਆਂ ਨੂੰ ਜ਼ਰੂਰਤ ਪੈਣ 'ਤੇ ਹੋਰ ਸਹਾਇਤਾ ਦੇਣ ਦਾ ਵਿਸ਼ਵਾਸ ਦਿਵਾਇਆ।ਇਸ ਦੌਰਾਨ ਭੀਮ ਕੰਬੋਜ, ਅਮਰੀਕ ਸਿੰਘ, ਵਿਪਨ ਅਨੇਜਾ, ਰਿੰਕੂ ਸੋਢੀ ਨਿਧਾਨਾ, ਸਵਰਨ ਸਿੰਘ, ਭੋਲਾ ਬਹਿਲ ਤੇ ਪਿੰਡ ਵਾਸੀ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਮਹਿੰਗਾਈ ਖ਼ਿਲਾਫ਼ ਖੇਤ ਮਜ਼ਦੂਰ ਯੂਨੀਅਨ ਵੱਲੋਂ ਰੋਸ ਮੁਜ਼ਾਹਰਾ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਦੇਸ਼ ਤੇ ਸੂਬੇ ਵਿਚ ਲਗਾਤਾਰ ਵੱਧ ਰਹੀ ਮਹਿੰਗਾਈ ਖ਼ਿਲਾਫ਼ ਜਥੇਬੰਦੀ ਦੇ ਜਨਰਲ ਸਕੱਤਰ ਕਾਮਰੇਡ ਜਸਬੀਰ ਸਿੰਘ ਝਬਾਲ ਦੀ ਅਗਵਾਈ ਹੇਠ ਪੁਤਲੀਘਰ ਚੌਕ ਵਿਚ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਸਰਕਾਰਾਂ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਕੱਠ ਨੂੰ ਸੰਬੋਧਨ ਕਰਦਿਆਂ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਕੇਂਦਰ ਤੇ ਪੰਜਾਬ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਦੋਵੇਂ ਸਰਕਾਰਾਂ ਆਮ ਲੋਕਾਂ ਦਾ ਖੂਨ ਚੂਸ ਰਹੀ ਹੈ ਅਤੇ ਮਹਿੰਗਾਈ ਨੂੰ ਨੱਥ ਪਾਉਣ ਵਿਚ ਬੁਰੀ ਤਰ੍ਹਾਂ ਨਾਕਾਮ ਸਾਬਤ ਹੋਈਆਂ ਹਨ। ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਲਈ ਤਿੱਖੇ ਸੰਘਰਸ਼ ਦਾ ਐਲਾਨ ਕਰਦਿਆਂ ਉਨ੍ਹਾਂ ਦੱਸਿਆ ਕਿ 6 ਜੁਲਾਈ ਤੋਂ 10 ਜੁਲਾਈ ਤਕ ਮਹਿੰਗਾਈ ਦੇ ਵਿਰੋਧ ਵਿਚ ਤਹਿਸੀਲ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। 10 ਅਗਸਤ ਨੂੰ ਕੁੱਲ ਹਿੰਦ ਕਿਸਾਨ ਸਭਾ,

ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤੇ ਸੀਟੂ ਵੱਲੋਂ ਸਾਂਝੇ ਤੌਰ 'ਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਵੱਡੇ ਰੋਸ ਮੁਜ਼ਾਹਰੇ ਕਰਕੇ ਸਮੂਹਿਕ ਗ੍ਰਿਫ਼ਤਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਭਰਾਤਰੀ ਜਥੇਬੰਦੀ ਵੱਲੋਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਪੰਜਾਬ ਸਰਕਾਰ ਵੱਲੋਂ ਆਪਣੇ ਹੱਕ ਮੰਗ ਰਹੇ ਬੇਰੋਜ਼ਗਾਰ ਲਾਈਨਮੈਨਾਂ 'ਤੇ ਕੀਤੇ ਗਏ ਵਹਿਸ਼ਿਆਨਾ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਸੇਵਾ ਕੇਂਦਰ ਦੇ ਮੁਲਾਜ਼ਮਾਂ ਵੱਲੋਂ ਕੀਤੀ ਹੜਤਾਲ ਦੀ ਪੂਰਨ ਹਮਾਇਤ ਕਰਦਿਆਂ ਹਰ ਸੰਘਰਸ਼ ਵਿਚ ਉਨ੍ਹਾਂ ਦੇ ਨਾਲ ਚਟਾਨ ਵਾਂਗ ਖੜ੍ਹਨ ਦਾ ਵਿਸ਼ਵਾਸ ਦਿਵਾਇਆ। ਇਸ ਰੋਸ ਪ੍ਰਦਰਸ਼ਨ ਵਿਚ ਹੋਰਨਾਂ ਤੋਂ ਇਲਾਵਾ ਗੁਰਨਾਮ ਸਿੰਘ ਤਲਵੰਡੀ, ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ, ਸਤਨਾਮ ਸਿੰਘ ਕਲੇਰ, ਲਖਵਿੰਦਰ ਸਿੰਘ ਕਲੇਰ, ਜਗੀਰ ਸਿੰਘ ਸਰਜਾ, ਕੁਲਦੀਪ ਸਿੰਘ ਜੱਬੋਵਾਲ, ਬਲਦੇਵ ਸਿੰਘ ਫੇਰੋਵਾਲ, ਸਰਵਨ ਸਿੰਘ ਤਰਸਿੱਕਾ, ਚਰਨ ਸਿੰਘ ਫਤਾਪੁਰ, ਸਰਨਜੀਤ ਸਿੰਘ ਤੇ ਕੁਲਦੀਪ ਸਿੰਘ ਚਾਟੀਵਿੰਡ ਸਮੇਤ ਵੱਡੀ ਗਿਣਤੀ ਵਿਚ ਜਥੇਬੰਦੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਸੈਂਟਰਲ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹਵਾਲਾਤੀਆਂ ਤੇ ਕੈਦੀਆਂ ਦੀਆਂ ਮੁਸ਼ਕਲਾਂ ਸੁਣੀਆਂ

ਚੋਹਲਾ ਸਾਹਿਬ (ਰਮਨ ਚੱਢਾ)- ਜ਼ਿਲ੍ਹਾ ਅਤੇ ਸੈਸ਼ਨ ਜੱਜ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਅਤੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ, ਮਿਸ ਕਿਰਨ ਜੋਤੀ

● ਬੂਟੇ ਲਗਾ ਕੇ ਮਨਾਇਆ ਵਿਸ਼ਵ ਵਾਤਾਵਰਣ ਦਿਵਸ

ਵੱਲੋਂ ਸੈਂਟਰਲ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਦਾ ਦੌਰਾ ਕੀਤਾ ਗਿਆ।ਇਸ ਮੌਕੇ ਮਿਸ ਅਮਨਦੀਪ ਕੌਰ, ਡਿਪਟੀ ਚੀਫ਼ ਲੀਗਲ ਏਡ ਡਿਫੈਂਸ ਕੌਂਸਲ, ਤਰਨ ਤਾਰਨ ਅਤੇ ਮਿਸ ਰਮਨਜੀਤ ਕੌਰ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ, ਤਰਨ ਤਾਰਨ ਨਾਲ ਹਾਜ਼ਰ ਰਹੇ। ਇਸ ਤੋਂ ਇਲਾਵਾ ਇਸ ਸਮੇਂ ਸੈਂਟਰਲ ਜੇਲ੍ਹ ਦੇ ਸੁਪਰਡੈਂਟ ਮਨਜੀਤ ਸਿੰਘ ਟਿਵਾਣਾ, ਡਿਪਟੀ ਸੁਪਰਡੈਂਟ ਜਤਿੰਦਰਪਾਲ ਸਿੰਘ, ਡਿਪਟੀ ਸੁਪਰਡੈਂਟ ਗੁਰਜੰਟ ਸਿੰਘ ਅਤੇ ਉੱਥੋਂ ਦਾ ਸਟਾਫ਼ ਹਾਜ਼ਰ ਸੀ।ਪੰਜਾਬ ਸਰਕਾਰ ਵੱਲੋਂ ਵਾਤਾਵਰਣ ਨੂੰ ਬਚਾਉਣ ਲਈ ਕੀਤੇ ਜਾ ਰਹੇ ਸੁਹਿਰਦ ਉਪਰਾਲਿਆਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਂਦੇ ਹੋਏ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਜੇਲ੍ਹ ਵਿੱਚ ਪੌਦੇ ਲਗਾ ਕੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ।ਵਾਤਾਵਰਣ ਨੂੰ ਹਰਿਆ-ਭਰਿਆ ਤੇ ਪ੍ਰਦੂਸ਼ਣ-ਮੁਕਤ ਰੱਖਣ ਅਤੇ ਲੋਕਾਂ ਨੂੰ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਾਉਣ

ਦੇ ਨਾਲ-ਨਾਲ ਉਨ੍ਹਾਂ ਨੂੰ ਸ਼ੁੱਧ ਹਵਾ ਅਤੇ ਆਕਸੀਜਨ ਪ੍ਰਦਾਨ ਕਰਨ ਲਈ ਪੌਦੇ ਲਗਾਉਣੇ ਬਹੁਤ ਜ਼ਰੂਰੀ ਹਨ।ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਕੰਵਲਜੀਤ ਸਿੰਘ ਬਾਜਵਾ ਦੇ ਨਿਰਦੇਸ਼ਾਂ ਅਨੁਸਾਰ ਜੇਲ੍ਹ ਵਿੱਚ ਮੈਡੀਕਲ ਕੈਂਪ ਵੀ ਲਗਾਇਆ ਗਿਆ।ਹਵਾਲਾਤੀਆਂ ਅਤੇ ਕੈਦੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ ਤੇ ਹੀ ਜੇਲ੍ਹ ਸੁਪਰਡੈਂਟ ਨੂੰ ਉਨ੍ਹਾਂ ਦੀਆਂ ਮਸ਼ਕਲਾਂ ਹੱਲ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ।ਉਨ੍ਹਾਂ ਜੇਲ੍ਹ ਸੁਪਰਡੈਂਟ ਨੂੰ ਨਿਰਦੇਸ਼ ਦਿੱਤੇ ਕਿ ਹਵਾਲਾਤੀਆਂ ਅਤੇ ਕੈਦੀਆਂ ਦੀ ਨਿਯਮਿਤ ਮੈਡੀਕਲ ਜਾਂਚ ਹੁੰਦੀ ਰਹੇ। ਉਨ੍ਹਾਂ ਮੌਜੂਦ ਹਵਾਲਾਤੀਆਂ ਅਤੇ ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਬਾਰੇ ਜਾਣਕਾਰੀ ਵੀ ਦਿੱਤੀ ਅਤੇ ਜੇਲ੍ਹ ਦੇ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਵਾਸਤੇ ਫਾਰਮ ਵੀ ਭਰਵਾਏ ਅਤੇ ਆਪਣੇ ਸਟਾਫ਼ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਫਾਰਮਾਂ ਦਾ ਸਾਰਾ ਪ੍ਰੋਸੈਸ ਪੂਰਾ ਕਰਕੇ ਜਲਦੀ ਤੋਂ ਜਲਦੀ ਮੁਫ਼ਤ ਕਾਨੂੰਨੀ ਸਹਾਇਤਾ ਦਿਵਾਈ ਜਾਵੇ।ਇਸ ਮੌਕੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ, ਮਿਸ ਕਿਰਨ ਜੋਤੀ ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਦਫ਼ਤਰ ਵਿਖੇ ਮਿਲਣ ਜਾਂ ਜਾਣਕਾਰੀ ਵਾਸਤੇ ਜ਼ਿਲ੍ਹਾ ਕਚਹਿਰੀ, ਤਰਨ ਤਾਰਨ ਵਿਖੇ ਦਫ਼ਤਰ ਦੇ ਸਮੇਂ ਵਿੱਚ ਆ ਕੇ ਮਿਲਿਆ ਜਾ ਸਕਦਾ ਹੈ ਅਤੇ ਵਧੇਰੇ ਜਾਣਕਾਰੀ ਵਾਸਤੇ ਟੋਲ ਫ੍ਰੀ ਨੰ 15100 ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਨੰਬਰ 01852-223291 ਤੋਂ ਜਾਣਕਾਰੀ ਲਈ ਜਾ ਸਕਦੀ ਹੈ।

ਰਾਜਵਿੰਦਰ ਸਿੰਘ ਲੱਕੀ ਨੇ ਰਵਨੀਤ ਸਿੰਘ ਬਿੱਟੂ ਨਾਲ ਕੀਤੀ ਮੁਲਾਕਾਤ

ਬਲਾਚੌਰ (ਜਸਵਿੰਦਰ ਬੈਂਸ)- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਨਵੀਂ ਦਿੱਲੀ ਸਥਿਤ ਰੇਲ ਭਵਨ ਵਿਖੇ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਵਿਸ਼ੇਸ਼

ਮੁਲਾਕਾਤ ਕੀਤੀ। ਇਸ ਦੌਰਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਰੇਲਵੇ ਨਾਲ ਸੰਬੰਧਿਤ ਵੱਖ-ਵੱਖ ਮਹੱਤਵਪੂਰਨ ਮੁੱਦਿਆਂ ਅਤੇ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ।ਰਾਜਵਿੰਦਰ ਸਿੰਘ ਲੱਕੀ ਨੇ ਕੇਂਦਰੀ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਰਾਹੋਂ ਅਤੇ ਨਵਾਂਸ਼ਹਿਰ ਖੇਤਰ ਵਿੱਚ ਰੇਲਵੇ ਸੇਵਾਵਾਂ ਦੇ ਵਿਸਥਾਰ, ਯਾਤਰੀਆਂ ਨੂੰ ਆ ਰਹੀਆਂ ਮੁਸ਼ਕਲਾਂ, ਰੇਲਵੇ ਬੁਨਿਆਦੀ ਢਾਂਚੇ ਦੇ ਸੁਧਾਰ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਰੱਖਿਆ।ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਦੇ ਲੋਕਾਂ ਨੂੰ ਬਿਹਤਰ ਰੇਲਵੇ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਭਾਜਪਾ ਸਰਕਾਰ ਵਚਨਬੱਧ ਹੈ।ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਜ਼ਿਲ੍ਹੇ ਨਾਲ ਸੰਬੰਧਿਤ ਮੰਗਾਂ ਅਤੇ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਲੋਕ ਹਿੱਤ ਨਾਲ ਜੁੜੇ ਮਾਮਲਿਆਂ ਉੱਤੇ ਸਕਾਰਾਤਮਕ ਵਿਚਾਰ ਕੀਤਾ ਜਾਵੇਗਾ।ਰਾਜਵਿੰਦਰ ਸਿੰਘ ਲੱਕੀ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦਾ ਇੱਕ ਵਫ਼ਦ ਦੁਬਾਰਾ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰੇਗਾ, ਜਿਸ ਦੌਰਾਨ ਜ਼ਿਲ੍ਹੇ ਦੇ ਰੇਲਵੇ ਵਿਕਾਸ ਨਾਲ ਸੰਬੰਧਿਤ ਹੋਰ ਮੰਗਾਂ ਅਤੇ ਪ੍ਰਾਜੈਕਟਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਵਾਤਾਵਰਣ ਦਿਵਸ ਮਨਾਇਆ

ਧਾਰੀਵਾਲ, (ਮਨਦੀਪ ਵਿੱਕੀ)- ਸਥਾਨਕ ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ.

ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਵਿਖੇ ਐੱਨ. ਐੱਸ. ਐੱਸ. ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਅੰਤਰਰਾਸ਼ਟਰੀ ਵਾਤਾਵਰਣ ਦਿਵਸ ਮਨਾਇਆ ਗਿਆ।ਇਸ ਦੌਰਾਨ ਕਾਲਜ ਵਿੱਚ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ ਗਏ ਤੇ ਉਨ੍ਹਾਂ ਨੂੰ ਪਾਣੀ ਦਿੱਤਾ ਗਿਆ। ਇਸ ਦਿਵਸ ਨਾਲ ਸੰਬੰਧਿਤ ਵਿਦਿਆਰਥਣਾਂ ਵੱਲੋਂ ਚਾਰਟ ਵੀ ਬਣਾਏ ਗਏ ਅਤੇ ਵਲੰਟੀਅਰ ਵੱਲੋਂ ਵਾਤਾਵਰਨ ਦਿਵਸ ਨਾਲ ਸੰਬੰਧਿਤ ਰੈਲੀ ਵੀ ਕੱਢੀ ਗਈ ।ਇਸ ਦੇ ਨਾਲ ਹੀ ਵਾਤਾਵਰਣ ਦੀ ਸੁਰੱਖਿਆ ਸਬੰਧੀ ਛੇ ਪ੍ਰਣ ਵੀ ਲਏ ਗਏ।ਇਸ ਮੌਕੇ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਦੁਆਰਾ ਵਿਦਿਆਰਥਣਾਂ ਨੂੰ ਵਾਤਾਵਰਣ ਦੀ ਸਾਂਭ ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਵਾਤਾਵਰਣ ਨੂੰ ਸਾਫ ਅਤੇ ਸੁਥਰਾ ਬਣਾਉਣਾ ਚਾਹੀਦਾ ਹੈ ਤੇ ਪ੍ਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ।ਉਨ੍ਹਾਂ ਦੱਸਿਆ ਕਿ ਪਾਣੀ ਇੱਕ ਕੁਦਰਤੀ ਸਰੋਤ ਹੈ, ਇਸ ਲਈ ਸਾਨੂੰ ਇਨ੍ਹਾਂ ਸਰੋਤਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਇਨ੍ਹਾਂ ਦੀ ਦੁਰਵਰਤੋਂ ਨਹੀਂ ਕਰਨੀ ਚਾਹੀਦੀ ਕਿਉਂਕਿ ਇਹ ਸਰੋਤ ਸਾਡੇ ਲਈ ਬਹੁਤ ਹੀ ਕੀਮਤੀ ਹਨ।ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ ਹਾਜ਼ਰ ਸੀ।

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਠਾਨਕੋਟ ਆਡੀਟੋਰੀਅਮ ਵਿਖੇ ਲੱਗੀ ਵਿਸ਼ੇਸ਼ ਵਰਕਸ਼ਾਪ

ਪਠਾਨਕੋਟ (ਦਵਿੰਦਰ ਸਿੰਘ) ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਰੰਗਲਾ ਪੰਜਾਬ ਅਤੇ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਠਾਨਕੋਟ ਦੇ ਆਡੀਟੋਰੀਅਮ ਵਿਖੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦੀ ਪ੍ਰਧਾਨਗੀ ਜ਼ਿਲ੍ਹਾ ਕੋਆਰਡੀਨੇਟਰ ਅੰਕਿਤ ਮਹਿਰਾ ਵੱਲੋਂ ਕੀਤੀ ਗਈ, ਜਦਕਿ ਹਲਕਾ ਇੰਚਾਰਜ ਪਠਾਨਕੋਟ ਵਿਭੂਤੀ ਸ਼ਰਮਾ ਦੇ ਸਪੁੱਤਰ ਵਿਸ਼ਵਕੀਰਤੀ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਮਾਰੋਹ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮਹਿਮਾਨ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸ. ਡੀ. ਐੱਮ. ਪਠਾਨਕੋਟ ਮਨਦੀਪ ਮਾਨ, ਐੱਸ. ਪੀ. ਇਨਵੈਸਟੀਗੇਸ਼ਨ ਮਨੋਜ ਠਾਕੁਰ, ਡੀ. ਐੱਸ. ਪੀ. ਪਠਾਨਕੋਟ ਜਗਦੀਸ਼ ਅੱਤਰੀ, ਮਾਝਾ ਜ਼ੋਨ ਉਪ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਰੋਹਿਤ ਸਿਆਲ, ਹਲਕਾ ਕੋਆਰਡੀਨੇਟਰ ਰਮਨ ਕੁਮਾਰ, ਰਮੇਸ਼ ਐਡਵੋਕੇਟ, ਵਿਜੇ ਪਾਸੀ, ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਰਾਮ ਲੁਭਾਇਆ ਅਤੇ ਵੀ. ਡੀ. ਸੀ. ਤੇ ਡਬਲਯੂ ਸੀ. ਡੀ. ਮੈਂਬਰ ਵੀ ਮੌਜੂਦ ਰਹੇ।ਸਮਾਰੋਹ ਦੇ ਸ਼ੁਰੂ ਵਿੱਚ ਹਲਕਾ ਕੋਆਰਡੀਨੇਟਰ ਰਮਨ ਕੁਮਾਰ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਡੀ. ਐੱਸ. ਪੀ. ਜਗਦੀਸ਼ ਅੱਤਰੀ ਨੇ ਪੰਜਾਬ ਪੁਲਸ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਅਤੇ ਇਸ ਵਿੱਚ ਪੁਲਸ ਦੇ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ

ਦਿੱਤੀ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਪੁਲਸ ਅਤੇ ਆਮ ਲੋਕਾਂ ਦੇ ਸਾਂਝੇ ਯਤਨ ਬਹੁਤ ਜ਼ਰੂਰੀ ਹਨ।ਐੱਸ. ਡੀ. ਐੱਮ. ਮਨਦੀਪ ਮਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੋਕਾਂ ਵੱਲੋਂ ਵੱਡਾ ਸਹਿਯੋਗ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਨੌਜਵਾਨਾਂ ਨੇ ਇਸ ਮੁਹਿੰਮ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ ਹੈ, ਜੋ ਇੱਕ ਸਾਕਾਰਾਤਮਕ ਸੰਕੇਤ ਹੈ।ਮਾਝਾ ਜ਼ੋਨ ਉਪ ਕੋਆਰਡੀਨੇਟਰ ਰੋਹਿਤ ਸਿਆਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਬਚਾਉਣ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ ਜੰਗੀ ਪੱਧਰ 'ਤੇ ਮੁਹਿੰਮ ਚਲਾਈ ਗਈ ਹੈ, ਜਿਸ ਦੇ ਨਤੀਜੇ ਹੁਣ ਸਾਹਮਣੇ ਆਉਣ ਲੱਗੇ ਹਨ।ਮੁੱਖ ਮਹਿਮਾਨ ਵਿਸ਼ਵਕੀਰਤੀ ਸ਼ਰਮਾ ਨੇ ਕਿਹਾ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ।ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਅੰਕਿਤ ਮਹਿਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਮੁਹਿੰਮ ਤਹਿਤ ਇੱਕ ਨਵੀਂ ਪਹਿਲ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਅਧੀਨ ਪਿੰਡਾਂ ਵਿੱਚ ਈ-ਰਿਕਸ਼ੇ ਚਲਾਏ ਜਾਣਗੇ। ਇਨ੍ਹਾਂ ਵਿੱਚ ਵਿਸ਼ੇਸ਼ ਸੁਝਾਅ ਬਾਕਸ ਰੱਖੇ ਜਾਣਗੇ, ਜਿੱਥੇ ਲੋਕ ਨਸ਼ਿਆਂ ਨੂੰ ਰੋਕਣ ਸਬੰਧੀ ਜਾਣਕਾਰੀ ਜਾਂ ਸੁਝਾਅ ਗੁਪਤ ਤੌਰ 'ਤੇ ਦੇ ਸਕਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ ਅਤੇ ਉਨ੍ਹਾਂ ਦੇ ਵਿਚਾਰ ਮੁੱਖ ਮੰਤਰੀ ਪੰਜਾਬ ਤੱਕ ਪਹੁੰਚਾਏ ਜਾਣਗੇ।ਸਮਾਰੋਹ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਰਾਮ ਲੁਭਾਇਆ ਵੱਲੋਂ ਨਿਭਾਈ ਗਈ। ਸਮਾਰੋਹ ਦੌਰਾਨ ਨਵੇਂ ਬਣੇ ਵੀ. ਡੀ. ਸੀ. ਮੈਂਬਰਾਂ ਨੂੰ ਆਈਡੀ ਕਾਰਡ ਵੀ ਵੰਡੇ ਗਏ ਅਤੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਸਹਾਇਕ ਲਾਈਨਮੈਨਾਂ 'ਤੇ ਵਹਿਸ਼ੀਆਨਾ ਲਾਠੀਚਾਰਜ ਅਣਮਨੁੱਖੀ ਤੇ ਗੈਰ-ਸੰਵਿਧਾਨਕ : ਜੀਟੀਯੂ

ਧਾਰੀਵਾਲ, (ਮਨਦੀਪ ਵਿੱਕੀ)- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ, ਜ਼ਿਲ੍ਹਾ ਗੁਰਦਾਸਪੁਰ ਵੱਲੋਂ ਪੰਜਾਬ ਸਰਕਾਰ ਦੀ ਸ਼ਹਿ 'ਤੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਸਹਾਇਕ ਅਪ੍ਰੈਂਟਿਸਸ਼ਿਪ ਲਾਈਨਮੈਨਾਂ 'ਤੇ ਪੁਲਸ ਵੱਲੋਂ ਕੀਤੇ ਗਏ ਵਹਿਸ਼ੀਆਨਾ, ਅਣਮਨੁੱਖੀ ਅਤੇ ਗੈਰ-ਸੰਵਿਧਾਨਕ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ ਹੈ।ਯੂਨੀਅਨ ਦੇ ਆਗੂਆਂ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਆਖਿਆ ਕਿ ਇਹ ਬੇਹੱਦ ਮੰਦਭਾਗੀ ਅਤੇ ਨੈਤਿਕਤਾ ਤੋਂ ਗਿਰੀ ਹੋਈ ਗੱਲ ਹੈ ਕਿ ਜੋ ਪਾਰਟੀ ਖੁਦ ਵੱਡੇ-ਵੱਡੀਆਂ ਲਹਿਰਾਂ ਅਤੇ ਲੋਕ-ਅੰਦੋਲਨਾਂ ਵਿੱਚੋਂ ਨਿਕਲ ਕੇ ਸੱਤਾ ਵਿੱਚ ਆਈ ਹੋਵੇ, ਅੱਜ ਉਹੀ ਸਰਕਾਰ ਆਪਣੇ ਹੱਕਾਂ ਅਤੇ ਰੁਜ਼ਗਾਰ ਦੀ ਮੰਗ ਕਰ ਰਹੇ ਦੇਸ਼ ਦੇ ਭਵਿੱਖ (ਨੌਜਵਾਨਾਂ) 'ਤੇ ਇਸ ਤਰ੍ਹਾਂ ਨੰਗਾ ਜ਼ੁਲਮ ਢਾਹ ਰਹੀ ਹੈ।ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਨ ਦਾ ਸੰਵਿਧਾਨਕ ਹੱਕ ਹੈ, ਪਰ ਮੌਜੂਦਾ ਸਰਕਾਰ ਵੱਲੋਂ ਨੌਜਵਾਨਾਂ ਦੀ ਆਵਾਜ਼ ਨੂੰ ਡਾਂਗ ਦੇ ਜ਼ੋਰ 'ਤੇ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਇਸ ਸਬੰਧੀ ਗੌਰਮੈਂਟ ਟੀਚਰਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੁਲਦੀਪ ਪੁਰੇਵਾਲ, ਦਿਲਦਾਰ ਭੰਡਾਲ, ਅਨਿਲ ਕੁਮਾਰ, ਕਪਿਲ ਸ਼ਰਮਾ, ਬਲਵਿੰਦਰ ਕੁਮਾਰ, ਸੁਖਵਿੰਦਰ ਰੰਧਾਵਾ, ਸਤਿੰਦਰਜੀਤ,ਮਨਜੀਤ ਸਿੰਘ, ਲਵਪ੍ਰੀਤ ਰੋੜਾਂਵਾਲੀ, ਹਰਪ੍ਰੀਤ ਸਿੰਘ, ਗੁਰਪ੍ਰੀਤ ਰੰਗੀਲਪੁਰ, ਰਜਿੰਦਰ ਸਿੰਘ, ਬਲਕਾਰ ਸਿੰਘ, ਪਵਨ ਕੁਮਾਰ, ਅਮਰਬੀਰ ਸਿੰਘ ਬੰਟੀ, ਦਵਿੰਦਰਜੀਤ ਸਿੰਘ, ਜੋਤ ਪ੍ਰਕਾਸ਼ ਸਿੰਘ ਨੇ ਪੀੜਤ ਨੌਜਵਾਨਾਂ ਨਾਲ ਡੂੰਘੀ ਸੰਵੇਦਨਾ ਪ੍ਰਗਟ ਕਰਦਿਆਂ ਕਿਹਾ ਕਿ ਅਧਿਆਪਕ ਵਰਗ ਇਸ ਔਖੀ ਘੜੀ ਵਿੱਚ ਪੂਰੀ ਤਰ੍ਹਾਂ ਸੰਘਰਸ਼ਸ਼ੀਲ ਬੇਰੁਜ਼ਗਾਰਾਂ ਅਤੇ ਲਾਈਨਮੈਨਾਂ ਦੇ ਨਾਲ ਖੜ੍ਹਾ ਹੈ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਮੰਗ ਕੀਤੀ ਕਿ ਬਿਨਾਂ ਸ਼ਰਤ ਲਾਈਨਮੈਨਾਂ ਦੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕੀਤਾ ਜਾਵੇ ਅਤੇ ਇਸ ਵਹਿਸ਼ੀਆਨਾ ਕਾਰੇ ਲਈ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਜੇਕਰ ਸਰਕਾਰ ਨੇ ਆਪਣਾ ਅੜੀਅਲ ਰਵੱਈਆ ਨਾ ਛੱਡਿਆ ਅਤੇ ਰੁਜ਼ਗਾਰ ਮੰਗਦੇ ਨੌਜਵਾਨਾਂ 'ਤੇ ਜਬਰ ਬੰਦ ਨਾ ਕੀਤਾ, ਤਾਂ ਸਮੁੱਚੀ ਅਧਿਆਪਕ ਜਥੇਬੰਦੀ ਤਿੱਖੇ ਸੰਘਰਸ਼ਾਂ ਵਿੱਚ ਉਤਰਨ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਸਖ਼ਤ ਨਿੰਦਾ

ਝਬਾਲ (ਹਰਜਿੰਦਰ ਸਿੰਘ ਸੋਨੀ)- ਕੁੱਲ ਹਿੰਦ ਕਿਸਾਨ ਸਭਾ ਤਰਨ ਤਾਰਨ ਦੇ ਆਗੂਆਂ ਮਹਾਂਬੀਰ ਸਿੰਘ ਗਿੱਲ, ਪੂਰਨ ਸਿੰਘ ਮਾੜੀਮੇਘਾ, ਬਲਕਾਰ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਪਟਿਆਲਾ

● ਬੇਰੁਜ਼ਗਾਰਾਂ ਨੂੰ ਕੁੱਟੋ ਨਾ ਕੰਮ ਦਿਓ : ਕਿਸਾਨ ਸਭਾ

ਪੁਲਸ ਵੱਲੋਂ ਬੇਰੁਜ਼ਗਾਰ ਐਪਰਿੰਟਸ਼ਿਪ ਲਾਈਨਮੈਨਾਂ ਤੇ ਭਿਆਨਕ ਤਸ਼ੱਦਦ ਕਰਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਸਰਕਾਰ ਨੂੰ ਕਿਹਾ ਕਿ ਉਹ ਕੰਮ ਮੰਗਦੇ ਪਵਿੱਤਰ ਹੱਥਾਂ ਨੂੰ ਲਾਠੀਆਂ ਨਾਲ ਨਾ ਨਿਵਾਜੇ ਸਗੋਂ ਨੌਜਵਾਨਾਂ ਨੂੰ ਕੰਮ ਦੇਵੇ, ਤਾਂ ਕਿ ਉਹ ਰਾਜ ਤੇ ਦੇਸ਼ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਸਕੇ । ਉਨ੍ਹਾਂ ਇਸ ਗੱਲ 'ਤੇ ਹੈਰਾਨੀ ਪ੍ਰਗਟ ਕੀਤੀ ਕਿ ਪੁਲਸ ਦੇ ਇੱਕ ਜ਼ਿੰਮੇਵਾਰ ਅਹੁਦੇ ਤੇ ਡੀਐੱਸਪੀ ਦੇ ਰੈਂਕ ਵਾਲਾ ਅਫਸਰ ਖੁਦ ਡਾਂਗ ਫੜ ਕੇ ਬੇਰੁਜ਼ਗਾਰ ਐਪਰਿੰਟਸ਼ਿਪ ਲਾਈਨਮੈਨਾਂ ਤੇ ਤਸ਼ੱਦਦ ਕਰਨ ਲਈ ਸਭ ਤੋਂ ਅੱਗੇ ਸੀ ਤੇ ਆਪਣੀ ਬੇਰਹਿਮ ਕਰਤੂਤ ਕਾਰਨ ਉਸ ਨੇ ਅੰਨ੍ਹੇਵਾਹ ਇਨ੍ਹਾਂ ਨੌਜਵਾਨਾਂ ਨੂੰ ਕੁੱਟਿਆ ਅਤੇ ਨਾਲ ਆਪਣੀ ਪੁਲਸ ਟੀਮ ਨੂੰ ਵੀ ਇਹ ਕੰਮ ਕਰਨ ਲਈ ਮਜਬੂਰ ਕੀਤਾ ।ਉਨ੍ਹਾਂ ਕਿਹਾ ਕਿ ਸਰਕਾਰ ਜਵਾਬ ਦੇਵੇ ਕਿ ਇਸ ਡੀਐੱਸਪੀ ਨੂੰ ਅਜਿਹਾ ਜ਼ੁਲਮ ਕਰਨ ਲਈ ਕਿਸ ਮੈਜਿਸਟਰੇਟ ਨੇ ਹੁਕਮ ਦਿੱਤੇ ਸਨ ਅਤੇ ਇਨ੍ਹਾਂ

ਬੇਰੁਜ਼ਗਾਰਾਂ ਨੂੰ ਧਰਨੇ ਤੋਂ ਉਠਾਉਣ ਲਈ ਤਸ਼ੱਦਦ ਕਰਨ ਲਈ ਕਿਹੜਾ ਲਿਖਤੀ ਪੱਤਰ ਜਾਰੀ ਹੋਇਆ ਸੀ ।ਅਗਰ ਇਹ ਨਹੀਂ ਹੋਇਆ ਤਾਂ ਇਸ ਪੁਲਸ ਅਫਸਰ ਅਤੇ ਜ਼ੁਲਮ ਕਰਨ ਵਾਲੇ ਹੋਰ ਪੁਲਸ ਵਾਲਿਆਂ ਨੂੰ ਤੁਰੰਤ ਬਰਖਾਸਤ ਕਰਕੇ ਇਨਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਅਤੇ ਦੇਸ਼ ਵਿੱਚ ਬੇਰੁਜ਼ਗਾਰੀ ਵੱਡੇ ਪੱਧਰ ਤੇ ਫੈਲ ਗਈ ਹੈ, ਇਸੇ ਕਾਰਨ ਹੀ ਅੱਜ ਸੂਬੇ ਤੇ ਦੇਸ਼ ਵਿੱਚ ਨਸ਼ਿਆਂ ਦਾ ਬੋਲਬਾਲਾ ਹੋ ਰਿਹਾ ਹੈ।ਜਵਾਨੀ ਨਸ਼ਿਆਂ ਵਿੱਚ ਮਰ ਰਹੀ ਹੈ ਅਤੇ ਲੁੱਟਾਂ ਖੋਹਾਂ, ਗੈਂਗਸਟਰਵਾਦ ਤੇ ਹੋਰ ਜ਼ੁਰਮਾਂ ਦੇ ਰਾਹ ਪੈ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਦੇਸ਼ ਦੀ ਕੇਂਦਰ ਸਰਕਾਰ ਵੀ ਤੇ ਸੂਬਾਈ ਸਰਕਾਰਾਂ ਵੀ ਅਜਿਹਾ ਕਾਨੂੰਨ ਬਣਾਉਣ ਜਿਸ ਵਿੱਚ ਹਰ ਬੇਰੁਜ਼ਗਾਰ ਹੱਥਾਂ ਨੂੰ ਕੰਮ ਮਿਲਣ ਦੀ ਗਰੰਟੀ ਹੋਵੇ ਅਤੇ ਜਿਊਣ ਲਈ ਚੰਗਾ ਮਿਹਨਤਾਨਾ ਮਿਲੇ ।ਦੇਸ਼ ਦੀ ਜਵਾਨੀ ਪੁਲਿਸ ਦੀਆਂ ਡਾਂਗਾਂ ਖਾਣ ਲਈ ਪੈਦਾ ਨਹੀਂ ਹੋਈ।ਉਹ ਤਾਂ ਦੇਸ਼ ਦੀ ਸੇਵਾ ਵਿੱਚ ਆਪਣੇ ਹੱਥਾਂ ਨਾਲ ਮਿਹਨਤ ਕਰਨ ਲਈ ਪੈਦਾ ਹੋਈ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਪਲਾਸੌਰ, ਦਰਸ਼ਨ ਸਿੰਘ ਬਿਹਾਰੀਪੁਰ, ਕੁਲਬੀਰ ਸਿੰਘ ਕਸੇਲ, ਮੋਤਾ ਸਿੰਘ ਸੋਹਲ, ਰਣਜੀਤ ਸਿੰਘ ਬਹਾਦਰ ਨਗਰ, ਗੁਰਦਿਆਲ ਸਿੰਘ ਵਰਨਾਲਾ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

ਸਰਵਾਈਕਲ ਕੈਂਸਰ ਟੀਕਾਕਰਨ ਮੁਹਿੰਮ ਨੂੰ 90 ਦਿਨਾਂ ਤੱਕ ਹੋਰ ਵਧਾ ਦਿੱਤਾ

ਗੁਰਦਾਸਪੁਰ, (ਜਨਕ ਮਹਾਜਨ)- ਸਰਕਾਰ ਨੇ ਸਰਵਾਈਕਲ ਕੈਂਸਰ ਟੀਕਾਕਰਨ ਮੁਹਿੰਮ ਵਿੱਚ ਵਾਧਾ ਕਰਕੇ ਰਾਜ ਦੀਆ ਲੜਕੀਆਂ ਦੀ ਬੇਹਤਰੀ ਲਈ ਸ਼ਲਾਘਾਯੋਗ ਕਦਮ ਚੁੱਕਿਆ ਹੈ। ਮਾਨਯੋਗ ਸਿਹਤ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਇਹ ਮੁਹਿੰਮ 90 ਦਿਨਾਂ ਤੱਕ ਹੋਰ ਜਾਰੀ ਰਹੇਗੀ। ਇਸ ਸਬੰਧੀ

ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਨੇ ਦੱਸਿਆ ਕਿ ਇਹ ਮੁਹਿੰਮ ਪਹਿਲਾਂ ਮਈ ਮਹੀਨੇ ਤੱਕ ਸੀ, ਜਿਸ ਨੂੰ ਸਰਕਾਰ ਨੇ ਹੋਰ 90 ਦਿਨਾਂ ਤੱਕ ਵਧਾ ਦਿੱਤਾ ਹੈ।ਕੁੜੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਓ ਲਈ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ ਤੇ ਟੀਕਾਕਰਨ ਕੀਤਾ ਜਾ ਰਿਹਾ ਹੈ।ਸਿਵਲ ਸਰਜਨ ਨੇ ਦੱਸਿਆ ਕਿ ਲੋਕਾਂ ਨੂੰ ਸਰਵਾਈਕਲ ਕੈਂਸਰ ਟੀਕਾਕਰਨ ਬਾਰੇ ਜਾਗਰੂਕ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਚੱਲ ਰਹੀਆਂ ਹਨ ਤਾਂ ਜੋ ਲੜਕੀਆਂ ਨੂੰ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਵਰਗੀ ਵੱਡੀ ਬਿਮਾਰੀ ਤੋਂ ਬਚਣ ਲਈ ਟੀਕਾਕਰਨ ਕਰਵਾਇਆ ਜਾ ਸਕੇ।ਸਰਵਾਈਕਲ ਕੈਂਸਰ ਔਰਤਾਂ ਵਿੱਚ ਹੋਣ ਵਾਲੇ ਗੰਭੀਰ ਕੈਂਸਰਾਂ ਤੋਂ ਇੱਕ ਹੈ। ਉਨ੍ਹਾਂ ਨੇ ਕਿਹਾ ਕਿ ਸਮੇਂ 'ਤੇ ਟੀਕਾਕਰਨ ਕਰਨਾ ਇਸ ਬਿਮਾਰੀ ਦੀ ਰੋਕਥਾਮ ਵਿੱਚ ਬਹੁਤ ਪ੍ਰਭਾਵਸ਼ਾਲੀ ਹੈ।ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾਕਟਰ ਭਾਵਨਾ ਸ਼ਰਮਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ 14ਵਾਂ ਜਨਮ ਦਿਨ ਮਨਾ ਚੁੱਕੀ ਲੜਕੀਆਂ ਜਿਨ੍ਹਾਂ ਨੂੰ ਅਜੇ 15ਵਾਂ ਸਾਲ ਲੱਗਣਾ ਹੈ, ਉਹ ਇਸ ਟੀਕੇ ਨੂੰ ਲਗਵਾਉਣ ਤਾਂ ਜੋ ਇਸ ਗੰਭੀਰ ਬਿਮਾਰੀ ਤੋਂ ਉਨ੍ਹਾਂ ਨੂੰ ਬਚਾਇਆ ਜਾ ਸਕੇ।

ਸੁਖਵਿੰਦਰ ਕੌਰ ਧੁੰਨਾ ਦੀ ਅੰਤਿਮ ਅਰਦਾਸ ਮੌਕੇ ਸ਼ਰਧਾ ਦੇ ਫੁੱਲ ਭੇਟ

ਝਬਾਲ, ਸਰਾਏ ਅਮਾਨਤ ਖਾਂ (ਹਰਜਿੰਦਰ ਸਿੰਘ ਸੋਨੀ, ਮੱਖਣ ਮਨੋਜ)- ਕਪਤਾਨ ਜਿਊਲਰਜ਼ ਦੇ ਮਾਲਕ ਸੁਰਿੰਦਰ ਸਿੰਘ ਧੁੰਨਾ ਦੀ ਧਰਮ ਪਤਨੀ ਅਤੇ ਸਿਮਰਨ ਸਿੰਘ ਧੁੰਨਾ ਤੇ ਕਪਤਾਨ ਸਿੰਘ ਧੁੰਨਾ ਦੀ ਮਾਤਾ ਬੀਬੀ ਸੁਖਵਿੰਦਰ ਕੌਰ ਧੁੰਨਾ ਜੋ ਕਿ ਬੀਤੇ ਦਿਨੀਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਅੰਤਿਮ ਅਰਦਾਸ, ਸ਼ਬਦ-ਕੀਰਤਨ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਬੀੜ

ਬਾਬਾ ਬੁੱਢਾ ਸਾਹਿਬ ਵਿਖੇ ਕਰਵਾਇਆ ਗਿਆ। ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਵੱਲੋਂ ਅੰਤਿਮ ਅਰਦਾਸ ਕੀਤੀ ਗਈ। ਸ਼ਰਧਾ ਦੇ ਫੁੱਲ ਭੇਟ ਕਰਦਿਆਂ ਹਲਕਾ ਤਰਨਤਾਰਨ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਕਰਨਬੀਰ ਸਿੰਘ ਬੁਰਜ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬੀ ਕੰਚਨਪ੍ਰੀਤ ਕੌਰ, ਜ਼ਿਲ੍ਹਾ ਪ੍ਰਧਾਨ ਕਾਂਗਰਸ ਪਾਰਟੀ ਰਾਜਬੀਰ ਸਿੰਘ ਭੁੱਲਰ, ਵਾਰਿਸ ਪੰਜਾਬ ਤੋਂ ਮਨਦੀਪ ਸਿੰਘ ਸੰਨੀ, ਭਗਵਾਨ ਕੋਜੀਕੋਟ, ਮਨਿੰਦਰਪਾਲ ਸਿੰਘ ਪਲਾਸੌਰ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ, ਚੇਅਰਮੈਨ ਰਮਨ ਕੁਮਾਰ, ਅਮਰਿੰਦਰ ਸਿੰਘ ਮਾਣਕ, ਸਰਪੰਚ ਪ੍ਰਗਟ ਸਿੰਘ ਮਲਵਈ, ਸਰਪੰਚ ਸੁਰਜੀਤ ਸਿੰਘ ਸ਼ਾਹ ਢੰਡ, ਹਰਜੋਤ ਸਿੰਘ ਛਾਪਾ, ਹੀਰਾ ਸਿੰਘ ਮੱਲੀ, ਬਲਵਿੰਦਰ ਸਿੰਘ, ਚੇਅਰਮੈਨ ਖਾਲੜਾ ਮਿਸ਼ਨ ਕਮੇਟੀ, ਸਰਬਜੀਤ ਸਿੰਘ ਸੱਚੂ ਪ੍ਰਧਾਨ ਸਵਰਨਕਾਰ ਯੂਨੀਅਨ ਝਬਾਲ, ਦਿਲਬਾਗ ਸਿੰਘ ਗੰਡੀਵਿੰਡ ਜਿਊਲਰ, ਬੰਟੀ ਸੂਦ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਰਾਜ ਕੁਮਾਰ ਰਾਜੂ, ਸੋਹਲ ਫੋਟੋ ਸਟੇਟ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਵਿਕਰਮ ਸਿੰਘ ਢਿੱਲੋਂ ਸੀਨੀਅਰ ਆਗੂ ਆਮ ਆਦਮੀ ਪਾਰਟੀ, ਕਾਮਰੇਡ ਦਵਿੰਦਰ ਸੋਹਲ, ਮਹਿੰਦਰ ਸਿੰਘ ਪਤਾਸਿਆਂ ਵਾਲੇ, ਨੰਬਰਦਾਰ ਬਲਬੀਰ ਸਿੰਘ, ਦੀਪ ਜਿਊਲਰ, ਬਲਵਿੰਦਰ ਸਿੰਘ ਧੁੰਨਾ, ਦਲਜੀਤ ਸਿੰਘ ਐਮਾ, ਸਾਬਕਾ ਸਰਪੰਚ ਨਰਿੰਦਰ ਪੱਪਾ, ਭੁਪਿੰਦਰ ਸਿੰਘ ਘਈ, ਨਿੱਪੀ ਸੂਦ, ਲੱਖਾ ਸਿੰਘ ਮੱਜੂਪੁਰ, ਆੜ੍ਹਤੀ ਹਰੀਸ਼ ਨੰਦਾ, ਗੁਰਮੀਤ ਸਿੰਘ ਸਾਹ, ਲਵ ਢਿੱਲੋਂ, ਸਾਗਰ ਸ਼ਰਮਾ, ਗੁਲਸ਼ਨ ਆਦਿ ਹਾਜ਼ਰ ਨੇ ਆਖਿਆ ਕਿ ਵਾਹਿਗੁਰੂ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਪਟਿਆਲਾ 'ਚ ਧਰਨਾਕਾਰੀਆਂ ਉੱਪਰ ਕੀਤਾ ਪੁਲਸੀਆ ਤਸ਼ੱਦਦ ਅਤਿ-ਨਿੰਦਣਯੋਗ : ਸਹਾਏਪੁਰ/ਗਿੱਲ

ਧਾਰੀਵਾਲ, (ਮਨਦੀਪ ਵਿੱਕੀ)- ਪਾਵਰਕਾਮ ਦੇ ਹੈੱਡ ਆਫਿਸ ਪਟਿਆਲਾ ਦੇ ਗੇਟ ਅੱਗੇ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ 2600 ਅਪਰਿੰਟਸ਼ਿਪ

ਰਵੇਲ ਸਿੰਘ ਸਹਾਏਪੁਰ ਸੁਖਵਿੰਦਰ ਸਿੰਘ ਗਿੱਲ

ਲਾਈਨਮੈਨ ਯੂਨੀਅਨ ਦੇ ਆਈਟੀਆਈ ਤੋਂ ਸਿਖਲਾਈ ਪ੍ਰਾਪਤ ਨੌਜਵਾਨਾਂ ਉਪਰ ਧਰਨਿਆਂ ਵਿੱਚ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਪੁਲਸ ਵੱਲੋਂ ਬੇਰਹਿਮੀ ਨਾਲ ਕੀਤੇ ਗਏ ਲਾਠੀ ਚਾਰਜ ਤੇ ਅੱਤਿਆਚਾਰ ਬਹੁਤ ਹੀ ਨਿੰਦਨਯੋਗ ਕਾਰਵਾਈ ਹੈ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਅਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਹੱਕੀ ਮੰਗਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਤੇ ਦਬਾਅ ਨਹੀਂ ਸਕੇਗੀ।ਅੱਤ ਦੀ ਗਰਮੀ ਵਿੱਚ ਸੜਕ ਉਪਰ ਬੈਠ ਕੇ ਸੰਘਰਸ਼ ਕਰ ਰਹੇ ਨੌਜਵਾਨਾਂ ਲਈ ਪਾਣੀ ਦਾ ਪ੍ਰਬੰਧ ਕਰਨ ਦੀ ਬਜਾਏ ਪੰਜਾਬ ਪੁਲਸ ਨੇ ਪੰਜਾਬ ਦੇ ਨੌਜਵਾਨਾਂ ਨੂੰ ਪਸ਼ੂਆਂ ਵਾਂਗ ਕੁੱਟਿਆ ਹੈ।ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਵਲੋਂ ਇਨ੍ਹਾਂ ਨੌਜਵਾਨਾਂ ਦੀ ਹਮਾਇਤ ਕੀਤੀ ਜਾਵੇਗੀ।ਇਸ ਮੌਕੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ, ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ, ਬਾਰਡਰ ਜ਼ੋਨ ਆਗੂ ਜਸਵਿੰਦਰ ਸਿੰਘ ਗਿੱਲ, ਦਿਲਬਾਗ ਸਿੰਘ ਬੁੱਟਰ, ਦਰਬਾਰਾ ਸਿੰਘ ਸੀਨਾ,ਤ ਰਲੋਕ ਸਿੰਘ ਖੁੰਡੀ, ਮੁਖਵਿੰਦਰ ਸਿੰਘ ਖਾਲਸਾ, ਰਾਜਵਿੰਦਰ ਸਿੰਘ, ਸੁਰਜੀਤ ਸਿੰਘ ਅਮਰਗੜ੍ਹ, ਅਰਜਨ ਸਿੰਘ ਪਰਮਾਰ, ਅਨਮੋਲਕ ਸਿੰਘ ਗਿੱਲ, ਹਰਜੀਤ ਸਿੰਘ, ਦਵਿੰਦਰ ਸਿੰਘ ਵੜੈਚ, ਹਰਵਿੰਦਰ ਸਿੰਘ ਕਲੇਰ, ਰਜਿੰਦਰ ਸਿੰਘ ਬਾਬਾ ਆਦਿ ਬਿਜਲੀ ਮੁਲਾਜ਼ਮਾਂ ਨੇ ਵੀ ਇਸ ਮਨਭਾਗੀ ਘਟਨਾ ਦੀ ਨਿਖੇਧੀ ਕੀਤੀ ਹੈ।

ਡੀ. ਏ. ਦੀਆਂ ਕਿਸ਼ਤਾਂ ਨਾ ਮਿਲਣ ਕਾਰਨ ਪੈਨਸ਼ਨਰਾਂ 'ਚ ਰੋਸ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਗੌਰਮੈਂਟ ਪੈਨਸ਼ਨਰ ਯੂਨੀਅਨ (ਸੀਟੂ) ਦੀ ਮਹੀਨਾਵਾਰ ਮੀਟਿੰਗ ਦਰਬਾਰਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਖ਼ਿਲਾਫ਼ ਤਿੱਖੇ ਰੋਸ ਦਾ ਪ੍ਰਗਟਾਵਾ

ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸੁਵਿੰਦਰ ਸਿੰਘ ਅਦਲੀਵਾਲ ਤੇ ਵਿਤ ਸਕੱਤਰ ਸੁਵਿੰਦਰ ਸਿੰਘ ਮੀਰਾਂਕੋਟ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਡੀ. ਏ. (ਮਹਿੰਗਾਈ ਭੱਤਾ) ਦੀਆਂ ਕਿਸ਼ਤਾਂ ਤੇ ਹੋਰ ਬਕਾਇਆ ਲਾਭ ਜਾਰੀ ਨਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਆਗੂਆਂ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਕੀਤੇ ਵਾਅਦਿਆਂ ਤੋਂ ਭੱਜ ਚੁੱਕੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਤੁਰੰਤ ਡੀ. ਏ. ਦੀਆਂ ਕਿਸ਼ਤਾਂ ਤੇ ਹੋਰ ਹੱਕੀ ਲਾਭ ਜਾਰੀ ਨਾ ਕੀਤੇ, ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਦਾ ਖ਼ਾਮਿਆਜ਼ਾ ਸੱਤਾਧਾਰੀ ਪਾਰਟੀ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਭੁਗਤਣਾ ਪਵੇਗਾ। ਯੂਨੀਅਨ ਆਗੂਆਂ ਨੇ ਆਖਿਆ ਕਿ ਹੱਕ ਮੰਗਦੇ ਮੁਲਾਜ਼ਮਾਂ 'ਤੇ ਝੂਠੇ ਮੁਕੱਦਮੇ ਦਰਜ ਕਰਕੇ ਉਨ੍ਹਾਂ ਨੂੰ ਜਾਣਬੁੱਝ ਕੇ ਸੰਘਰਸ਼ਾਂ ਦੇ ਰਾਹ ਤੋਰਿਆ ਜਾ ਰਿਹਾ ਹੈ। ਪੈਨਸ਼ਨਰਾਂ ਨੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਕੀਤੇ ਗਏ ਪੁਲਿਸ ਤਸ਼ੱਦਦ ਦੀ ਜ਼ੋਰਦਾਰ ਨਿੰਦਾ ਕੀਤੀ। ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ 'ਤੇ ਚੱਲ ਰਹੇ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਕੀਤੀ ਗਈ। ਘਰੇਲੂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿਚ ਕੀਤੇ ਗਏ ਤਾਜ਼ਾ ਵਾਧੇ ਨੂੰ ਜਨਤਾ 'ਤੇ ਵਾਧੂ ਬੋਝ ਦੱਸਦਿਆਂ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ। ਇਸ ਮੌਕੇ ਲੱਖਾ ਸਿੰਘ, ਧਿਆਨ ਚੰਦ, ਕੁਲਦੀਪ ਸਿੰਘ, ਆਦਰਸ਼ ਕੁਮਾਰ, ਸੁਲੱਖਣ ਸਿੰਘ, ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਵਿਚ ਪੈਨਸ਼ਨਰ ਸਾਥੀ ਮੌਜੂਦ ਸਨ।

'ਆਪ' ਦੇ ਆਗੂ ਅਮਰਜੀਤ ਸਿੰਘ ਸਮੇਤ ਕਈ ਪਰਿਵਾਰਾਂ ਨੇ ਫੜਿਆ ਕਾਂਗਰਸ ਦਾ ਪੱਲਾ

ਝਬਾਲ, (ਹਰਜਿੰਦਰ ਸਿੰਘ ਸੋਨੀ)- ਕਾਂਗਰਸ ਪਾਰਟੀ ਦੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਇੰਚਾਰਜ ਕਰਨਬੀਰ ਸਿੰਘ ਕਰਨ ਬੁਰਜ ਦੀ ਅਗਵਾਈ ਹੇਠ ਹਲਕੇ ਵਿੱਚ ਆਏ ਦਿਨ ਵੱਖ-ਵੱਖ ਪਿੰਡਾਂ ਵਿੱਚ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਕਾਂਗਰਸ ਪਾਰਟੀ ਦਾ ਗ੍ਰਾਫ ਵਧਦਾ ਜਾ ਰਿਹਾ ਹੈ।ਇਸ ਸਬੰਧੀ ਬੀਤੇ ਦਿਨ ਹਲਕਾ ਤਰਨਤਾਰਨ ਦੇ ਪਿੰਡ ਮਾਲੂਵਾਲ ਸੰਤਾਂ ਵਿਖੇ ਸੀਨੀਅਰ ਕਾਂਗਰਸੀ ਆਗੂ ਗੁਰਬਾਜ ਸਿੰਘ ਢਿੱਲੋਂ ਦੇ ਵਿਸ਼ੇਸ਼ ਯਤਨਾਂ ਸਦਕਾ ਸ੍ਰ: ਅਮਰਜੀਤ ਸਿੰਘ ਦੇ ਗ੍ਰਹਿ ਵਿਖੇ ਰੱਖੀ ਗਈ ਅਹਿਮ ਮੀਟਿੰਗ ਦੌਰਾਨ ਪੁੱਜੇ ਹਲਕਾ ਤਰਨਤਾਰਨ ਦੇ ਇੰਚਾਰਜ ਕਰਨਬੀਰ ਸਿੰਘ ਕਰਨ ਬੁਰਜ ਦੀ ਅਗਵਾਈ ਹੇਠ ਆਮ ਪਾਰਟੀ ਦੀਆਂ ਮਾੜੀਆਂ ਨੀਤੀਆਂ ਤੋਂ ਦੁਖੀ ਹੋ ਕੇ ਆਪ ਦੇ ਵਰਕਿੰਗ ਕਮੇਟੀ ਮੈਂਬਰ ਅਮਰਜੀਤ ਸਿੰਘ ਸਮੇਤ ਅਨੇਕਾਂ ਪਰਿਵਾਰਾਂ ਨੇ ਆਮ ਪਾਰਟੀ ਨੂੰ ਛੱਡ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਆਪ ਆਗੂ ਅਮਰਜੀਤ ਸਿੰਘ ਅਤੇ ਪਰਿਵਾਰਾਂ ਨੂੰ ਜੀ ਆਇਆਂ ਆਖਦਿਆਂ ਕਰਨਬੀਰ ਸਿੰਘ ਬੁਰਜ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਦੇਸ਼ ਦੀ ਇੱਕੋ ਇੱਕ ਕਾਂਗਰਸ

ਪਾਰਟੀ ਹੀ ਹੈ ਜੋ ਜਾਤ ਪਾਤ ਤੋਂ ਉਪਰ ਉਠ ਕੇ ਬਿਨਾਂ ਕਿਸੇ ਭੇਦ ਭਾਵ ਤੋਂ ਕਿਸਾਨਾਂ, ਵਪਾਰੀਆਂ ਤੇ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਕਰਦੀ ਹੈ ਅਤੇ ਦੇਸ਼ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਤੇ ਲੋਕ ਭਲਾਈ ਨੀਤੀਆਂ ਨੂੰ ਪਹਿਲ ਦਿੰਦੀ ਹੈ।ਉਨ੍ਹਾਂ ਇੱਕਤਰ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਆ ਰਹੀਆਂ ਵਿਧਾਨ ਚੋਣਾਂ ਵਿੱਚ ਹਲਕਾ ਤਰਨਤਾਰਨ ਤੋਂ ਕਾਂਗਰਸ ਪਾਰਟੀ ਨੂੰ ਜਿਤਾਉਣ ਤਾਂ ਜੋ 2027 ਵਿੱਚ ਕਾਂਗਰਸ ਸਰਕਾਰ ਬਣਾਈ ਜਾ ਸਕੇ ਜਦਕਿ ਇਸ ਮੌਕੇ ਕਾਂਗਰਸੀ ਆਗੂ ਗੁਰਬਾਜ ਸਿੰਘ ਢਿੱਲੋਂ ਮਾਲੂਵਾਲ ਸੰਤਾਂ ਸੂਬੇਦਾਰ ਗੁਰਭਾਗ ਸਿੰਘ ਮਾਲੂਵਾਲ ਸੰਤਾਂ, ਪ੍ਰਮਦੀਪ ਸਿੰਘ ਢਿੱਲੋਂ ਆਦਿ ਵੱਲੋਂ ਕਰਨਬੀਰ ਸਿੰਘ ਕਰਨ ਬੁਰਜ ਨੂੰ ਮਾਲੂਵਾਲ ਪੁੱਜਣ 'ਤੇ ਜੀ ਆਇਆਂ ਆਖਦਿਆਂ ਸਨਮਾਨਿਤ ਕੀਤਾ ਗਿਆ।

ਉਕਤ ਸਮੇਤ ਸਤਨਾਮ ਸਿੰਘ ਫੌਜੀ, ਮੰਗਲ ਸਿੰਘ, ਪਰਮਜੀਤ ਕੌਰ, ਬਲਬੀਰ ਕੌਰ, ਕੁਲਵਿੰਦਰ ਕੌਰ, ਅਮਰੀਕ ਕੌਰ, ਬਖਸ਼ੀਸ਼ ਸਿੰਘ, ਦਲਬੀਰ ਸਿੰਘ, ਬਲਵਿੰਦਰ ਸਿੰਘ ਹਰਭਜਨ ਸਿੰਘ, ਚਰਨ ਸਿੰਘ, ਮੁਖਤਿਆਰ ਸਿੰਘ, ਸੇਵਾ ਸਿੰਘ, ਅਮਰਜੀਤ ਸਿੰਘ ਭਗਤ, ਗੁਰਮੁਖ ਸਿੰਘ, ਗੁਰਦਿਆਲ ਸਿੰਘ ਆਦਿ ਵੱਲੋਂ ਹਲਕਾ ਇੰਚਾਰਜ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਪਿੰਡ ਵਿੱਚੋਂ ਕਾਂਗਰਸ ਪਾਰਟੀ ਨੂੰ ਵੱਡੀ ਲੀਡ ਨਾਲ ਜਿਤਾਉਣਗੇ ਜਦਕਿ ਸਰਪੰਚ ਗੁਰਚਰਨ ਸਿੰਘ ਖੈਰਦੀਨਕੇ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ ਸਮੇਤ ਹੋਰ ਕਾਂਗਰਸੀ ਵੀ ਮੌਜੂਦ ਸਨ।

ਪੰਜਾਬ ਭਾਜਪਾ ਦੇ ਜਨਰਲ ਸਕੱਤਰ ਜਗਮੋਹਨ ਰਾਜੂ ਨੇ ਅਹੁਦਾ ਛੱਡਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਨਵਾਂ ਪ੍ਰਧਾਨ ਬਣਾਏ ਜਾਣ ਤੇ ਤਰੁਣ ਚੁੱਘ ਦੀ ਰਾਜ ਸਭਾ ਮੈਂਬਰ ਦੀ ਕੀਤੀ ਚੋਣ ਤੋਂ ਬਾਅਦ ਪਾਰਟੀ ਦੇ ਅੰਦਰੂਨੀ ਵਿਵਾਦ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ।ਪ੍ਰਧਾਨਗੀ ਦੀ ਦੌੜ ਵਿੱਚ ਸ਼ਾਮਲ ਰਹੇ ਸਾਬਕਾ ਆਈ. ਏ. ਐੱਸ. ਅਧਿਕਾਰੀ ਡਾ. ਜਗਮੋਹਨ ਸਿੰਘ ਰਾਜੂ ਨੇ ਭਾਜਪਾ ਪੰਜਾਬ ਦੇ ਜਨਰਲ ਸਕੱਤਰ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ।ਐਤਵਾਰ ਸਵੇਰੇ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਚਿੱਠੀ (ਜੋ 5 ਜੂਨ ਨੂੰ ਲਿਖੀ ਗਈ ਸੀ), ਵਿੱਚ ਉਨ੍ਹਾਂ ਸੰਗਠਨ ਮੰਤਰੀ ਸ੍ਰੀਨਿਵਾਸਲੂ ਨੂੰ ਦੱਸਿਆ ਕਿ ਉਨ੍ਹਾਂ ਨੇ ਪਿਛਲੇ ਚਾਰ ਸਾਲਾਂ ਦੌਰਾਨ ਉਪ-ਪ੍ਰਧਾਨ ਅਤੇ ਜਨਰਲ ਸਕੱਤਰ ਵਜੋਂ ਪਾਰਟੀ ਦੀ ਸੇਵਾ ਕੀਤੀ ਹੈ, ਜੋ ਉਨ੍ਹਾਂ ਦੇ ਸਿਆਸੀ ਸਫ਼ਰ ਦਾ ਬਹੁਤ ਵਧੀਆ ਤਜਰਬਾ ਰਿਹਾ।ਇਸ ਚਿੱਠੀ ਦੀ ਇੱਕ ਕਾਪੀ ਨਵੇਂ ਪ੍ਰਧਾਨ ਕੇਵਲ ਢਿੱਲੋਂ ਨੂੰ ਵੀ ਭੇਜੀ ਗਈ ਹੈ।ਡਾ. ਰਾਜੂ ਨੇ ਅਹੁਦਾ ਛੱਡਣ ਦਾ ਕਾਰਨ ਪੰਜਾਬ ਦੇ ਕੁਝ ਅਹਿਮ ਜਨਤਕ ਮੁੱਦਿਆਂ 'ਤੇ ਕੰਮ ਕਰਨਾ ਦੱਸਿਆ ਹੈ।ਉਨ੍ਹਾਂ ਕਿਹਾ ਕਿ ਉਹ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ, ਨੌਜਵਾਨਾਂ ਦੀ ਪੜ੍ਹਾਈ, ਗ਼ਰੀਬ ਬੱਚਿਆਂ ਦੇ ਸਿੱਖਿਆ ਦੇ ਅਧਿਕਾਰ, ਦਲਿਤਾਂ ਤੇ ਸਿੱਖਾਂ ਦੇ ਸੰਵਿਧਾਨਕ ਹੱਕਾਂ ਦੀ ਰਾਖੀ, ਧਰਮ ਤਬਦੀਲੀ, ਨਸ਼ਿਆਂ ਦੇ ਖ਼ਾਤਮੇ, ਪੰਜਾਬੀ ਭਾਸ਼ਾ ਦੀ ਪ੍ਰਮੁੱਖਤਾ ਅਤੇ ਪੰਜਾਬ ਦੇ ਪਾਣੀਆਂ ਤੇ ਚੰਡੀਗੜ੍ਹ ਵਰਗੇ ਲਟਕਦੇ ਮੁੱਦਿਆਂ 'ਤੇ ਹੋਰ ਵੱਡੇ ਪੱਧਰ 'ਤੇ ਕੰਮ ਕਰਨਾ ਚਾਹੁੰਦੇ ਹਨ।ਉਨ੍ਹਾਂ ਲਿਖਿਆ ਕਿ ਇਨ੍ਹਾਂ ਕੰਮਾਂ ਲਈ ਖੋਜ, ਲਿਖਣ, ਕਾਨੂੰਨੀ ਚਾਰਾਜੋਈ ਅਤੇ ਲੋਕਾਂ ਵਿੱਚ ਜਾਣ ਲਈ ਬਹੁਤ ਸਮਾਂ ਚਾਹੀਦਾ ਹੈ, ਇਸ ਲਈ ਉਹ ਸੰਗਠਨ ਦੀ ਇੰਨੀ ਵੱਡੀ ਜ਼ਿੰਮੇਵਾਰੀ ਨਹੀਂ ਸੰਭਾਲ ਸਕਦੇ।ਦੱਸਣਯੋਗ ਹੈ ਕਿ ਕੈਂਬ੍ਰਿਜ ਯੂਨੀਵਰਸਿਟੀ ਦੇ ਵਿਜ਼ਿਟਿੰਗ ਫੈਲੋ ਅਤੇ ਪੰਜਾਬ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਰਾਜੂ ਨੂੰ ਹਾਈਕਮਾਂਡ ਵੱਲੋਂ ਕੇਵਲ ਢਿੱਲੋਂ ਦੇ ਨਾਂ 'ਤੇ ਮੋਹਰ ਲਾਉਣ ਤੋਂ ਪਹਿਲਾਂ ਪ੍ਰਧਾਨਗੀ ਦਾ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਸੀ।ਉਨ੍ਹਾਂ ਦਾ ਅਸਤੀਫ਼ਾ ਅਜਿਹੇ ਸਮੇਂ ਆਇਆ ਹੈ ਜਦੋਂ ਹਾਲ ਹੀ ਵਿੱਚ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਜਨਤਕ ਤੌਰ ਤੇ ਕੇਵਲ ਢਿੱਲੋਂ ਦੀ ਨਿਯੁਕਤੀ 'ਤੇ ਸਵਾਲ ਚੁੱਕੇ ਸਨ।ਇਸ ਨਾਲ ਸਾਫ਼ ਜ਼ਾਹਰ ਹੁੰਦਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਭਾਜਪਾ ਦੇ ਸੀਨੀਅਰ ਆਗੂਆਂ ਵਿੱਚ ਅਸੰਤੁਸ਼ਟੀ ਵਧ ਰਹੀ ਹੈ ਜਿਹੜੀ ਪਾਰਟੀ ਵਿੱਚ ਕਈ ਪ੍ਰਕਾਰ ਦੀਆਂ ਮੁਸ਼ਕਲਾਂ ਖੜੀਆਂ ਕਰ ਸਕਦੀ ਹੈ।

ਯਾਦਗਾਰੀ ਹੋ ਨਿੱਬੜਿਆ ਮੋਹਣੀ ਰਸੀਲਾ ਯਾਦਗਾਰੀ ਪਲੇਠਾ ਸੱਭਿਆਚਾਰਕ ਮੇਲਾ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਮੋਹਣੀ ਰਸੀਲਾ ਸੱਭਿਆਚਾਰਕ ਮੰਚ ਖੁਸ਼ੀਪੁਰ ਵੱਲੋਂ ਪੰਜਾਬੀ ਗਾਇਕੀ ਦੇ ਖੇਤਰ ਵਿੱਚ ਲੱਗਭਗ ਸਾਢੇ ਚਾਰ ਦਹਾਕੇ ਆਪਣੀ ਵਿਲੱਖਣ ਪਛਾਣ ਕਾਇਮ ਰੱਖਣ ਵਾਲ਼ੀ ਨਾਮਵਰ ਦੋਗਾਣਾ ਜੋੜੀ ਮੋਹਣੀ ਰਸੀਲਾ ਤੇ ਰਛਪਾਲ ਰਸੀਲਾ ਵਿੱਚੋਂ ਇੱਕ ਸਾਲ ਪਹਿਲਾਂ ਮੋਹਣੀ ਦੇ ਦੁਨੀਆ ਤੋਂ ਤੁਰ ਜਾਣ 'ਤੇ ਉਨ੍ਹਾਂ ਦੀ ਯਾਦ ਨੂੰ ਸਮਰਪਿਤ ਸੱਭਿਆਚਾਰਕ ਮੇਲਾ ਕਰਵਾਇਆ ਗਿਆ।ਨਾਮਵਰ ਗਾਇਕਾਂ ਔਜਲਾ ਬ੍ਰਦਰਜ਼, ਅਮਰੀਕ ਸਿੰਘ ਗਾਜੀਨੰਗਲ, ਸਰਦੂਲ ਮਲੂਕਵਾਲੀਆ, ਪ੍ਰੀਤ ਪਾਰਸ, ਬਲਦੇਵ ਸਿੰਘ ਰੰਧਾਵਾ ਵੀਲ੍ਹਾ ਕਲਾਂ, ਜੋਗਿੰਦਰ ਸਿੰਘਪੁਰੀਆ, ਅਮਰਜੀਤ ਸਿੰਘ ਰਿਖੀਆ, ਸਰਬਜੀਤ ਸਿੰਘ ਭਿੰਡਰ ਦਲੇਲਪੁਰੀਆ, ਪ੍ਰੇਮ ਸਿੰਘ ਸਿੰਘਪੁਰੀਆ, ਹੈਪੀ ਰਣਦੇਵ, ਗੁਰਦੇਵ ਸਿੰਘ ਚਾਹਲ ਮਾਨੋਚਾਲੀਆ, ਬੀਬਾ ਸੋਨੀਆ, ਬੀਬਾ ਹਰਨੀਤ, ਦੋਗਾਣਾ ਜੋੜੀ ਹਰਪਾਲ ਠੱਠੇ ਵਾਲਾ ਤੇ ਬੀਬਾ ਕੰਵਲਜੀਤ ਕੌਰ ਤੇ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਸਹਿਯੋਗੀ ਕਲਾਕਾਰ ਨੇ ਆਪਣੀ ਕਲਾ ਦੇ ਜੌਹਰ ਵਿਖਾਏ।ਯਾਦਗਾਰੀ ਮੇਲੇ ਦਾ ਰਸਮੀ ਉਦਘਾਟਨ ਆਸਟਰੇਲੀਆ ਵੱਸਦੇ ਕਬੱਡੀ ਤੇ ਭੰਗੜੇ ਦੇ ਨਾਮਵਰ ਖਿਡਾਰੀ ਬਾਬਾ ਰਣਜੀਤ ਸਿੰਘ ਖੁਸ਼ੀਪੁਰੀਆ ਨੇ ਰਿਬਨ ਕੱਟ ਕੇ ਕੀਤਾ।ਬੜੇ ਮੁਹੱਬਤੀ ਤੇ ਮੁੱਲਵਾਨ ਲਫ਼ਜ਼ਾਂ ਨਾਲ਼ ਮੇਲੇ ਦੀ ਭੂਮਿਕਾ ਬੰਨ੍ਹਦਿਆਂ ਸਟੇਜ ਸਕੱਤਰ ਗੁਰਮੀਤ ਸਿੰਘ ਬਾਜਵਾ ਨੇ ਅਮਰਜੀਤ ਸਿੰਘ ਰਿਖੀਆ ਤੇ ਅਮਰੀਕ ਸਿੰਘ ਗਾਜੀ ਨੰਗਲ ਨੂੰ ਜਿਓਂ ਹੀ ਪੇਸ਼ ਕੀਤਾ, ਉਨ੍ਹਾਂ ਨੇ ਆਪਣੇ ਧਾਰਮਿਕ ਤੇ ਸਮਾਜਿਕ ਗੀਤਾਂ ਨਾਲ ਮੇਲੇ ਨੂੰ ਸ਼ੁਰੂਆਤੀ ਦੌਰ ਵਿੱਚ ਹੀ ਸਿਖਰ 'ਤੇ ਪਹੁੰਚਾ ਦਿੱਤਾ।1300 ਨਾਮਵਰ ਗੀਤਾਂ ਰਚੇਤਾ ਤੇ ਸੁਪਰ ਡੁੱਪਰ ਹਿੱਟ ਕਲਾਕਾਰ ਸਰਦੂਲ ਮਲੂਕਵਾਲੀਆ ਨੇ

ਰਛਪਾਲ ਰਸੀਲਾ ਦੀ ਫਰਮਾਇਸ਼ 'ਤੇ 'ਬੋਲ ਮਿੱਟੀ ਦਿਆ ਬਾਵਿਆ' ਤੇ ਇੱਕ ਧੀਆਂ ਦੇ ਗੀਤ ਨੂੰ ਏਨੇ ਦਿਲਕਸ਼ ਅੰਦਾਜ਼ ਵਿਚ ਗਾਇਆ ਕਿ ਦਰਸ਼ਕ ਝੂਮਣ ਲਾ ਦਿੱਤੇ। ਸਾਫ਼ ਸੁਥਰੀ ਪੰਜਾਬੀ ਗਾਇਕੀ ਨੂੰ ਪ੍ਰਣਾਏ ਔਜਲਾ ਬ੍ਰਦਰਜ਼ ਨੇ ਪੰਜਾਬੀ ਸੱਭਿਆਚਾਰ ਦੀ ਗੱਲ ਕਰਦਿਆਂ ਮਾਂਵਾਂ ਤੇ ਧੀਆਂ ਨੂੰ ਸਮਰਪਿਤ ਗੀਤਾਂ ਦੀ ਝੜੀ ਲਾ ਕੇ ਦਰਸ਼ਕਾਂ ਤੋਂ ਤਾੜੀਆਂ ਦੇ ਰੂਪ ਵਿੱਚ ਰੱਜਵਾਂ ਪਿਆਰ ਲਿਆ। ਉਭਰਦੇ ਗਾਇਕ ਪ੍ਰੀਤ ਪਾਰਸ ਆਪਣੀ ਸੁਰੀਲੀ ਆਵਾਜ਼ ਨਾਲ਼ ਉਸਤਾਦਾਂ ਦੇ ਉਸਤਾਦ ਸਵ. ਲਾਲ ਚੰਦ ਯਮਲਾ ਜੱਟ ਦੇ ਗੀਤਾਂ ਨੂੰ ਹੂ-ਬ-ਹੂ ਆਵਾਜ਼ ਦੇ ਕੇ ਲੋਕਾਂ ਦੇ ਦਿਲਾਂ ਨੂੰ ਮੋਹ ਲਿਆ। ਜਦੋਂ ਉਸ ਸਟੇਜ ਤੋਂ ਬੋਲ ਰਿਹਾ ਸੀ ਤਾਂ ਦਰਸ਼ਕਾਂ ਵਿੱਚੋਂ ਆਵਾਜ਼ਾਂ ਆ ਰਹੀਆਂ ਸਨ ਕਿ ਪਾਰਸ ਸੱਚਮੁੱਚ ਪਾਰਸ ਹੀ ਹੁੰਦਾ। ਖੁਸ਼ੀਪੁਰ ਦੇ ਨੇੜਲੇ ਪਿੰਡ ਦਲੇਲਪੁਰ ਤੋਂ ਹਰਪਾਲ ਠੱਠੇ ਵਾਲੇ ਦੇ ਸ਼ਗਿਰਦ ਸਰਬਜੀਤ ਸਿੰਘ ਭਿੰਡਰ ਨੇ ਲੋਕ ਗੀਤ ਮਿਰਜ਼ਾ ਇੰਨੀ ਉੱਚੀ ਸੁਰ ਵਿੱਚ ਗਾਇਆ ਕਿ ਲੋਕ ਅੱਸ਼ ਅੱਸ਼ ਕਰ ਉਠੇ। ਇਨਕਲਾਬੀ ਤੇ ਸੱਭਿਆਚਾਰਕ ਗੀਤਾਂ ਦੀ ਜਿੰਦ ਜਾਨ ਸਵਰਗੀ ਅਮਰਜੀਤ ਗੁਰਦਾਸਪੁਰੀ ਦੇ ਬਹੁਤ ਨੇੜਲੇ ਸਾਥੀ ਬਲਦੇਵ ਸਿੰਘ ਰੰਧਾਵਾ ਵੀਲ੍ਹਾ ਕਲਾਂ ਵਾਲਿਆਂ ਨੇ ਦਿਲਕਸ਼ ਅੰਦਾਜ਼ ਦੇ ਵਿੱਚ ਗੀਤ ਪੇਸ਼ ਕਰਕੇ ਆਪਣੀ ਕਲਾ ਦਾ ਜੌਹਰ ਵਿਖਾਇਆ ਤੇ ਲੋਕਾਂ ਤੋਂ ਮੁਹੱਬਤੀ ਦਾਦ ਲਈ। ਗੁਰਦੇਵ ਸਿੰਘ ਚਾਹਲ ਮਾਨੋਚਾਲੀਆ ਤਰਨਤਾਰਨ ਨੇ ਤਾਂ ਸਟੇਜ 'ਤੇ ਕਮਾਲ ਹੀ ਕਰ ਦਿੱਤੀ।ਨਾਮਵਰ ਗਾਇਕਾ ਬੀਬਾ ਸੋਨੀਆ ਨੇ ਤਿੰਨ ਗੀਤਾਂ ਦੇ ਨਾਲ਼ ਹਾਜਰੀ ਲਵਾਈ। ਦੋਗਾਣਾ ਜੋੜੀ ਅਨੂਪ ਸਿੰਘ ਸਿੱਧੂ ਤੇ ਬੀਬਾ ਸੁਨੀਤਾ ਨੇ ਬਹੁਤ ਹੀ ਸੰਜੀਦਾ ਤਰੀਕੇ ਨਾਲ਼ ਧਾਰਮਿਕ ਗੀਤ ਬੋਲ ਕੇ ਸਟੇਜ ਨੂੰ ਬੰਨ੍ਹੀ ਰੱਖਿਆ।ਇਸ ਮੌਕੇ ਸਵਰਗੀ ਬੀਬਾ ਮੋਹਣੀ ਰਸੀਲਾ ਦੀ ਗਾਇਕੀ ਨੂੰ ਜੀਵੰਤ ਰੱਖਣ ਲਈ ਰਛਪਾਲ ਰਸੀਲਾ ਦੇ ਬੜੇ ਨੇੜਲੇ ਮਿੱਤਰ ਰਾਜਪਾਲ ਸਿੰਘ ਬਾਠ ਫਤਿਹਗੜ੍ਹ ਚੂੜੀਆਂ ਵੱਲੋਂ ਸੰਪਾਦਿਤ ਪੁਸਤਕ 'ਸੁਰਾਂ ਦੀ ਨਜ਼ਮ' ਲੋਕ ਅਰਪਿਤ ਕੀਤੀ ਗਈ। ਇਸ ਮੌਕੇ ਹਰਪਾਲ ਠੱਠੇਵਾਲਾ ਬੀਬਾ ਕੰਵਲਜੀਤ ਤੇ ਉਨ੍ਹਾਂ ਦੇ ਹੋਰ ਸਾਥੀ ਕਲਾਕਾਰਾਂ ਨੇ ਲਗਾਤਾਰ ਛੇ ਗੀਤ ਗਾ ਕੇ ਸ਼ਾਮ ਦੇ 6 ਵਜੇ ਤੱਕ ਸਰੋਤਿਆਂ ਨੂੰ ਕੀਲੀ ਰੱਖਿਆ।ਇਸ ਮੌਕੇ ਨਾਮਵਰ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿੱਚ ਬਾਬਾ ਰਣਜੀਤ ਸਿੰਘ ਆਸਟ੍ਰੇਲੀਆ, ਅਮਰੀਕ ਸਿੰਘ ਗਾਜੀ ਨੰਗਲ, ਹਰਪਾਲ ਸਿੰਘ ਠੱਠੇਵਾਲਾ, ਸੁੱਚਾ ਸਿੰਘ ਨਾਗਰਾ, ਔਜਲਾ ਬ੍ਰਦਰਜ਼, ਸਰਦੂਲ ਮਲੂਕਵਾਲੀਆ, ਰਾਜਪਾਲ ਸਿੰਘ ਬਾਠ ਗੁਰਮੀਤ ਸਿੰਘ ਬਾਜਵਾ, ਇੰਸਪੈਕਟਰ ਸੰਪੂਰਨ ਸਿੰਘ ਐੱਸ. ਐੱਚ. ਓ. ਕਲਾਨੌਰ, ਗੁਰਪ੍ਰੀਤ ਸਿੰਘ ਹੈਪੀ ਸਮੇਤ ਆਏ ਹੋਏ ਕਲਾਕਾਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਅੰਤ ਵਿੱਚ ਰਛਪਾਲ ਰਸੀਲਾ ਨੇ ਭਾਰੀ ਗਿਣਤੀ ਵਿੱਚ ਲਗਾਤਾਰ ਛੇ ਘੰਟੇ ਪ੍ਰੋਗਰਾਮ ਦਾ ਅਨੰਦ ਮਾਣ ਰਹੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਅਗਲੇ ਸਾਲ ਫਿਰ ਇਸ ਯਾਦਗਾਰੀ ਮੇਲੇ ਤੇ ਇਸ ਸਾਲ ਦੀ ਤਰ੍ਹਾਂ ਹੁੰਮ-ਹੁਮਾ ਪਹੁੰਚਣ ਦੀ ਅਪੀਲ ਕੀਤੀ।ਸਟੇਜ ਸੰਚਾਲਨ ਦੇ ਫ਼ਰਜ਼ ਗੁਰਮੀਤ ਸਿੰਘ ਬਾਜਵਾ ਨੇ ਬਖੂਬੀ ਨਿਭਾਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਭੰਗੂ, ਗੁਰਮੀਤ ਸਿੰਘ ਭੋਲਾ ਸਾਬਕਾ ਸਰਪੰਚ, ਡਾ. ਦਲਬੀਰ ਸਿੰਘ, ਹਰਪਾਲ ਸਿੰਘ ਨਾਗਰਾ, ਪਲਵਿੰਦਰ ਸਿੰਘ ਬਾਜਵਾ ਸ਼ਕਰੀ, ਸ਼ਰਨਜੀਤ ਸਿੰਘ ਜ਼ਿਲ੍ਹਾ ਅਟਾਰਨੀ, ਸ਼ਰਨ ਰੰਧਾਵਾ, ਪ੍ਰੋ ਗੁਰਵਿੰਦਰ ਸਿੰਘ ਖੁਸ਼ੀਪੁਰ, ਸਤਨਾਮ ਸਿੰਘ, ਮਹਿੰਗਾ ਸਿੰਘ ਮੌਜੀ, ਹੈੱਡਮਾਸਟਰ ਜੋਗਿੰਦਰ ਸਿੰਘ ਚੱਠਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਨਵਾਂ ਜ਼ਮਾਨਾ

ਸੋਮਵਾਰ, 8 ਜੂਨ 2026

ਭਾਜਪਾਈ ਵਿਗਿਆਨ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਜਪਾ ਦੇ ਵੱਖ-ਵੱਖ ਮੁੱਖ ਮੰਤਰੀਆਂ ਨੂੰ ਵਿਗਿਆਨਕ ਅਤੇ ਅਕਾਦਮਿਕ ਭਾਈਚਾਰਿਆਂ ਵੱਲੋਂ ਸੂਡੋ ਸਾਇੰਸ, ਮਿੱਥਾਂ ਅਤੇ ਅਪ੍ਰਮਾਣਤ ਦਾਅਵਿਆਂ ਨੂੰ ਇਤਿਹਾਸਕ ਤੇ ਵਿਗਿਆਨਕ ਤੱਥਾਂ ਵਜੋਂ ਪੇਸ਼ ਕਰਨ ਲਈ ਕਾਫੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ, ਪਰ ਅਜੇ ਵੀ ਉਹ ਇਸ ਦੀ ਜ਼ਰਾ ਜਿੰਨੀ ਪਰਵਾਹ ਨਹੀਂ ਕਰਦੇ। ਪ੍ਰਧਾਨ ਮੰਤਰੀ ਮੋਦੀ ਨੇ ਮੁੰਬਈ ਦੇ ਇੱਕ ਹਸਪਤਾਲ ਵਿੱਚ ਡਾਕਟਰਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਹਿੰਦੂ ਦੇਵਤਾ ਭਗਵਾਨ ਗਣੇਸ਼ ਦਾ ਹਵਾਲਾ ਦਿੰਦਿਆਂ ਕਿਹਾ ਸੀ ਕਿ ਪ੍ਰਾਚੀਨ ਭਾਰਤ ਵਿੱਚ ਪਲਾਸਟਿਕ ਸਰਜਰੀ ਮੌਜੂਦ ਸੀ। ਬਾਅਦ ਵਿੱਚ ਉਨ੍ਹਾ ਇਹ ਵੀ ਕਿਹਾ ਕਿ ਮਹਾਂਭਾਰਤ ਵਿੱਚ ਕਰਮ ਦਾ ਜਨਮ ਇਸ ਗੱਲ ਦਾ ਸਬੂਤ ਸੀ ਕਿ ਪ੍ਰਾਚੀਨ ਸਮੇਂ ਵਿੱਚ ਜੈਨੇਟਿਕਸ ਦਾ ਅਭਿਆਸ ਕੀਤਾ ਜਾਂਦਾ ਸੀ। ਪਾਕਿਸਤਾਨ ਖਿਲਾਫ ਫੌਜੀ ਕਾਰਵਾਈ ਦੌਰਾਨ ਮੋਦੀ ਨੇ ਕਿਹਾ ਸੀ ਕਿ ਭਾਰੀ ਬੱਦਲਵਾਈ ਅਤੇ ਮੀਂਹ ਅਸਲ ਵਿੱਚ ਲੜਾਕੂ ਜਹਾਜ਼ਾਂ ਨੂੰ ਦੁਸ਼ਮਣ ਦੇ ਰਾਡਾਰਾਂ ਤੋਂ ਬਚਣ ਵਿੱਚ ਮਦਦ ਕਰ ਸਕਦੇ ਹਨ। ਤ੍ਰਿਪੁਰਾ ਦੇ ਵੇਲੇ ਦੇ ਮੁੱਖ ਮੰਤਰੀ ਬਿਪਲਬ ਦੇਬ ਨੇ ਇਹ ਦਾਅਵਾ ਕਰਕੇ ਸੁਰਖੀਆਂ ਬਟੋਰੀਆਂ ਕਿ ਭਾਰਤ ਵਿੱਚ ਸੈਂਕੜੇ ਹਜ਼ਾਰਾਂ ਸਾਲ ਪਹਿਲਾਂ ਮਹਾਂਭਾਰਤ ਯੁੱਗ ਦੌਰਾਨ ਇੰਟਰਨੈੱਟ ਅਤੇ ਸੈਟੇਲਾਈਟ ਸੰਚਾਰ ਮੌਜੂਦ ਸਨ। ਭਾਜਪਾ ਸ਼ਾਸਤ ਗੁਜਰਾਤ ਅਤੇ ਮੱਧ ਪ੍ਰਦੇਸ਼ ਵਿੱਚ (ਦੀਨਾਨਾਥ ਬੱਤਰਾ ਦੀ ਸਲਾਹ ਹੇਠ) ਪੇਸ਼ ਕੀਤੀ ਗਈ ਇੱਕ ਪਾਠ ਪੁਸਤਕ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਕਾਰਾਂ ਦੀ ਖੋਜ ਪ੍ਰਾਚੀਨ ਭਾਰਤ ਵਿੱਚ ਹੋਈ ਸੀ ਅਤੇ ਪ੍ਰਾਚੀਨ ਯੋਗੀਆਂ ਕੋਲ ਦੈਵੀ ਦ੍ਰਿਸ਼ਟੀ ਸੀ, ਜੋ ਇੱਕ ਟੈਲੀਵਿਜ਼ਨ ਵਾਂਗ ਕੰਮ ਕਰਦੀ ਸੀ।

ਸਬੂਤ-ਅਧਾਰਤ ਨੀਤੀ ਨੂੰ ਕਮਜ਼ੋਰ ਕਰਨ ਵਾਲੇ ਇਨ੍ਹਾਂ ਦਾਅਵਿਆਂ ਵਿੱਚ ਇੱਕ ਇਹ ਵੀ ਕਾਫੀ ਚਰਚਿਤ ਹੋਇਆ ਸੀ ਕਿ ਜੇ ਤੁਸੀਂ ਆਪਣੇ ਆਪ ਨੂੰ ਕੈਂਸਰ ਤੋਂ ਬਚਾਉਣਾ ਚਾਹੁੰਦੇ ਹੋ, ਤਾਂ ਗਾਵਾਂ ਦੀ ਰੱਖਿਆ ਕਰਨ ਦੀ ਜ਼ਰੂਰਤ ਹੈ, ਕਿਉਂਕਿ ਗਊ ਮੂਤਰ ਕੈਂਸਰ ਨੂੰ ਪੂਰੀ ਤਰ੍ਹਾਂ ਠੀਕ ਕਰਨ ਵਿੱਚ ਪ੍ਰਭਾਵਸ਼ਾਲੀ ਹੈ।

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਹਾਲ ਹੀ ਵਿੱਚ ਨਵੀਂ ਥਿਊਰੀ ਪੇਸ਼ ਕੀਤੀ ਕਿ ਕੌਮੀ ਰਾਜਧਾਨੀ ਵਿੱਚ ਪੀਣ ਵਾਲੇ ਪਾਣੀ ਦੇ ਚੱਲ ਰਹੇ ਗੰਭੀਰ ਸੰਕਟ ਦਾ ਕਾਰਨ ਅੱਤ ਦੀ ਗਰਮੀ ਦੌਰਾਨ ਵਾਸ਼ਪੀਕਰਨ ਹੋਣਾ ਹੈ। ਕਈ ਖੇਤਰਾਂ ਦੇ ਵਸਨੀਕਾਂ ਨੂੰ ਪਾਣੀ ਦੀ ਘਾਟ ਤੇ ਸੀਵਰੇਜ ਮਿਸ਼ਰਤ ਗੰਦੇ ਪਾਣੀ ਦੀ ਸਮੱਸਿਆ ਨਾਲ ਜੂਝਣਾ ਪੈ ਰਿਹਾ ਹੈ। ਪਿਛਲੇ ਦਿਨੀਂ ਭਾਜਪਾ ਦੇ ਇੱਕ ਜਨਤਕ ਸਮਾਗਮ ਵਿੱਚ ਬੋਲਦੇ ਹੋਏ ਰੇਖਾ ਗੁਪਤਾ ਨੇ ਕਿਹਾ ਕਿ ਇਹ ਸਮੱਸਿਆ ਅੱਤ ਦੀ ਗਰਮੀ ਕਾਰਨ ਵਾਸ਼ਪੀਕਰਨ ਕਾਰਨ ਆ ਰਹੀ ਹੈ। ਜਿਹੜਾ ਪਾਣੀ ਸਪਲਾਈ ਹੁੰਦਾ ਹੈ, ਉਸ ਵਿੱਚੋਂ ਕੁਝ ਵਾਸ਼ਪੀਕਰਨ ਕਾਰਨ ਉੱਡ ਜਾਂਦਾ ਹੈ, ਜਿਸ ਕਰਕੇ ਪੂਰੀ ਸਪਲਾਈ ਨਹੀਂ ਮਿਲ ਰਹੀ।

ਸੋਸ਼ਲ ਮੀਡੀਆ ਯੂਜ਼ਰਾਂ ਨੇ ਕਿਹਾ ਹੈ ਕਿ ਇਹ ਵੀ ਸੁਣਨ ਨੂੰ ਮਿਲ ਸਕਦਾ ਹੈ ਕਿ ਬਿਜਲੀ ਦੀ ਕਮੀ ਇਸ ਲਈ ਹੁੰਦੀ ਹੈ, ਕਿਉਂਕਿ ਸਫਰ ਕਰਦੇ ਸਮੇਂ ਕਰੰਟ ਥੱਕ ਜਾਂਦਾ ਹੈ। ਮੁੱਖ ਮੰਤਰੀ ਅੱਗੇ ਸ਼ਹਿਰ ਵਿੱਚ ਪਾਣੀ ਭਰਨ ਦੀ ਸਮੱਸਿਆ ਲਈ ਮਾਨਸੂਨ ਨੂੰ ਜ਼ਿੰਮੇਵਾਰ ਠਹਿਰਾ ਸਕਦੇ ਹਨ। ਸਭ ਤੋਂ ਤਲਖ ਟਿੱਪਣੀ ਉੱਘੇ ਵਕੀਲ ਪ੍ਰਸ਼ਾਂਤ ਭੂਸ਼ਣ ਦੀ ਹੈ, 'ਸਾਡੇ ਗਟਰ ਗੈਸ ਬਣਾਉਣ ਵਾਲੇ ਚਾਹ ਵਾਲੇ ਨੇ ਬਹੁਤ ਸਾਰੇ ਵਿਗਿਆਨੀਆਂ ਨੂੰ ਮੰਤਰੀ ਅਤੇ ਮੁੱਖ ਮੰਤਰੀ ਬਣਾ ਦਿੱਤਾ ਹੈ।'

ਡਿਗਰੀਆਂ ਦਾ ਰੁਦਨ...

ਪਟਿਆਲੇ ਦੀ ਧਰਤੀ ਨੇ ਉਸ ਦਿਨ ਇੱਕ ਅਜਿਹੀ ਕਹਾਣੀ ਵੇਖੀ, ਜਿਸ ਨੂੰ ਸੁਣ ਕੇ ਹਰ ਸੰਵੇਦਨਸ਼ੀਲ ਮਨ ਸੋਚਣ ਲਈ ਮਜ਼ਬੂਰ ਹੋ ਗਿਆ।ਸੜਕਾਂ ਉੱਤੇ ਬੈਠੇ ਉਹ ਨੌਜਵਾਨ ਕਿਸੇ ਵਿਸ਼ੇਸ਼ ਸਹੂਲਤ

ਬਲਜਿੰਦਰ ਸਿੰਘ ਅਕਲੀਆ

ਦੀ ਮੰਗ ਨਹੀਂ ਕਰ ਰਹੇ ਸਨ।ਸਗੋਂ ਉਹ ਤਾਂ ਸਿਰਫ਼ ਆਪਣੀ ਮਿਹਨਤ ਦਾ ਹੱਕ ਮੰਗ ਰਹੇ ਸਨ।ਕਈ ਸਾਲਾਂ ਤੱਕ ਰਾਤਾਂ ਝਾਕ-ਝਾਕ ਕੇ ਮਹਿੰਗੀਆਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਇਹ ਨੌਜਵਾਨ ਇੱਕ ਉਮੀਦ ਨਾਲ ਆਏ ਸਨ ਕਿ ਪ੍ਰਾਪਤ ਕੀਤੀਆਂ ਡਿਗਰੀਆਂ ਉਹਨਾਂ ਦੀਆਂ ਤਕਦੀਰਾਂ ਬਦਲ ਦੇਵੇਗੀ। ਮਾਪਿਆਂ ਨੇ ਆਪਣੀਆਂ ਲੋੜਾਂ ਨੂੰ ਪਿੱਛੇ ਛੱਡ ਕੇ ਬੱਚਿਆਂ ਦੇ ਸੁਪਨਿਆਂ ਨੂੰ ਪਹਿਲ ਦਿੱਤੀ ਸੀ। ਕਿਸੇ ਮਾਂ ਨੇ ਆਪਣੇ ਗਹਿਣੇ ਵੇਚੇ, ਕਿਸੇ ਪਿਤਾ ਨੇ ਕਰਜ਼ੇ ਦਾ ਬੋਝ ਝੱਲਿਆ। ਉਹਨਾਂ ਨੂੰ ਯਕੀਨ ਸੀ ਉਹਨਾਂ ਦੇ ਲਾਡਲਿਆਂ ਵੱਲੋਂ ਪ੍ਰਾਪਤ ਕੀਤੀਆਂ ਇਹ ਡਿਗਰੀਆਂ ਇੱਕ ਦਿਨ ਉਹਨਾਂ ਦੇ ਘਰਾਂ ਦੀਆਂ ਮੁਸ਼ਕਲਾਂ ਦੂਰ ਕਰ ਦੇਣਗੀਆਂ।ਪਰ ਜਦੋਂ ਉਹੀ ਡਿਗਰੀਆਂ ਹੱਥਾਂ ਵਿੱਚ ਫੜ ਕੇ ਨੌਜਵਾਨ ਸੜਕਾਂ ਉੱਤੇ ਖੜ੍ਹੇ ਨਜ਼ਰ ਆਉਣ, ਤਾਂ ਸਵਾਲ ਸਿਰਫ਼ ਨੌਕਰੀ ਦਾ ਨਹੀਂ ਰਹਿੰਦਾ। ਸਵਾਲ ਉਸ ਪੂਰੇ ਪ੍ਰਬੰਧ ਦਾ ਬਣ ਜਾਂਦਾ ਹੈ, ਜੋ ਨੌਜਵਾਨਾਂ ਨੂੰ ਸੁਪਨੇ ਤਾਂ ਦਿੰਦਾ ਹੈ, ਪਰ ਉਹਨਾਂ ਨੂੰ ਪੂਰਾ ਕਰਨ ਦਾ ਰਾਹ ਨਹੀਂ ਦਿਖਾਉਂਦਾ।

ਇੱਕ ਬੇਰੁਜ਼ਗਾਰ ਨੌਜਵਾਨ ਦਾ ਦਰਦ ਸਿਰਫ਼ ਉਸ ਦਾ ਆਪਣਾ ਨਹੀਂ ਹੁੰਦਾ।ਉਸ ਦੇ ਨਾਲ ਉਸ ਦਾ ਪੂਰਾ ਪਰਵਾਰ ਦੁੱਖ ਮਹਿਸੂਸ ਕਰਦਾ ਹੈ।ਹਰ ਇੰਟਰਵਿਊ ਤੋਂ ਬਾਅਦ ਆਉਣ ਵਾਲੀ ਨਿਰਾਸ਼ਾ, ਹਰ ਭਰਤੀ ਦੇ ਇਸ਼ਤਿਹਾਰ ਦੀ ਉਡੀਕ ਅਤੇ ਹਰ ਟੁੱਟਦੀ ਉਮੀਦ ਉਸ ਦੇ ਮਨ ਉੱਤੇ ਡੂੰਘਾ ਅਸਰ ਛੱਡਦੀ ਹੈ।ਪਟਿਆਲੇ ਦੀਆਂ ਸੜਕਾਂ ਉੱਤੇ ਜੋ ਕੁਝ ਹੋਇਆ, ਉਸ ਨੇ ਪੰਜਾਬ ਦੇ ਹਜ਼ਾਰਾਂ ਘਰਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ।ਕੀ ਸਿੱਖਿਆ ਦਾ ਮਕਸਦ ਸਿਰਫ਼ ਡਿਗਰੀ ਹਾਸਲ ਕਰਕੇ ਖੁਆਰ ਹੋਣਾ ਅਤੇ ਪੁਲਸ ਹੱਥੋਂ ਬਿਨਾਂ ਗੁਨਾਹ ਕੁੱਟ ਖਾਣਾ ਹੀ ਰਹਿ ਗਿਆ ਹੈ ? ਕੀ ਸਮੇਂ ਦੀਆਂ ਸਰਕਾਰਾਂ ਪੜ੍ਹੇ-ਲਿਖੇ ਨੌਜਵਾਨਾਂ ਦੀਆਂ ਉਮੀਦਾਂ ਨੂੰ ਪੁਲਸ ਜ਼ਬਰ ਨਾਲ ਇਸੇ ਤਰ੍ਹਾਂ ਕੁਚਲਦੀਆਂ ਰਹਿਣਗੀਆਂ ? ਇਤਿਹਾਸ ਗਵਾਹ ਹੈ ਕਿ ਜਿਸ ਸਮਾਜ ਦੇ ਨੌਜਵਾਨ ਨਿਰਾਸ਼ ਹੋ ਜਾਣ ਉਸ ਸਮਾਜ ਦੀ ਤਰੱਕੀ ਦੀ ਰਫ਼ਤਾਰ ਹੌਲੀ ਪੈ ਜਾਂਦੀ ਹੈ।ਕਿਸੇ ਵੀ ਸੂਬੇ ਦੀ ਸਭ ਤੋਂ ਵੱਡੀ ਤਾਕਤ ਉਸ ਦੇ ਨੌਜਵਾਨ ਹੁੰਦੇ ਹਨ।ਜੇਕਰ ਨੌਜਵਾਨ ਹੀ ਆਪਣੇ ਭਵਿੱਖ ਨੂੰ ਲੈ ਕੇ ਅਸੁਰੱਖਿਅਤ ਮਹਿਸੂਸ ਕਰਨ ਲੱਗ ਪੈਣ ਤਾਂ ਇਹ ਚਿੰਤਾ ਦਾ ਵੱਡਾ ਵਿਸ਼ਾ ਹੈ ਅਤੇ ਸਰਕਾਰਾਂ ਦੇ ਮੱਥੇ ਦਾ ਕਲੰਕ।

ਅੱਜ ਲੋੜ ਇਸ ਗੱਲ ਦੀ ਨਹੀਂ ਕਿ ਕੌਣ ਸਹੀ ਹੈ ਅਤੇ ਕੌਣ ਗਲਤ।ਲੋੜ ਇਸ ਗੱਲ ਦੀ ਹੈ ਕਿ ਨੌਜਵਾਨਾਂ ਦੀ ਆਵਾਜ਼ ਨੂੰ ਧਿਆਨ ਨਾਲ ਸੁਣਿਆ ਜਾਵੇ।ਉਹਨਾਂ ਦੀਆਂ ਸਮੱਸਿਆਵਾਂ ਨੂੰ ਸਮਝਿਆ ਜਾਵੇ ਅਤੇ ਅਜਿਹਾ ਮਾਹੌਲ ਬਣਾਇਆ ਜਾਵੇ ਜਿਸ ਵਿੱਚ ਉਹ ਆਪਣੇ ਭਵਿੱਖ ਨੂੰ ਲੈ ਕੇ ਆਸ਼ਾਵਾਦੀ ਹੋ ਸਕਣ।ਪਟਿਆਲੇ ਦੀ ਘਟਨਾ ਇੱਕ ਦਿਨ ਦੀ ਖ਼ਬਰ ਹੋ ਸਕਦੀ ਹੈ, ਪਰ ਇਸ ਦੇ ਪਿੱਛੇ ਲੁਕਿਆ ਦਰਦ ਬਹੁਤ ਡੂੰਘਾ ਹੈ। ਇਹ ਦਰਦ ਉਹਨਾਂ ਅੱਖਾਂ ਦਾ ਹੈ ਜਿਨ੍ਹਾਂ ਨੇ ਸੁਪਨੇ ਵੇਖੇ ਸਨ। ਇਹ ਦਰਦ ਉਹਨਾਂ ਹੱਥਾਂ ਦਾ ਹੈ ਜਿਨ੍ਹਾਂ ਨੇ ਮਿਹਨਤ ਕੀਤੀ ਸੀ। ਅਤੇ ਇਹ ਦਰਦ ਉਹਨਾਂ ਮਾਪਿਆਂ ਦਾ ਹੈ ਜੋ ਆਪਣੇ ਲਾਡਲਿਆਂ ਨੂੰ ਕਾਮਯਾਬ ਦੇਖਣਾ ਚਾਹੁੰਦੇ ਹਨ।

ਸੰਪਰਕ : 95018-67733

ਨੋਇਡਾ ਦੇ ਸੰਘਰਸ਼ਾਂ 'ਚ ਜਿਉਂਦੀ ਮਜ਼ਦੂਰ ਅੰਦੋਲਨ ਦੀ ਵਿਰਾਸਤ

ਲੰਘਿਆ 6 ਜੂਨ ਭਾਰਤ ਦੇ ਮਹਾਨ ਟਰੇਡ ਯੂਨੀਅਨ ਆਗੂ, ਕਮਿਊਨਿਸਟ ਨੇਤਾ ਅਤੇ ਮਜ਼ਦੂਰ ਵਰਗ ਦੇ ਅਣਥੱਕ ਯੋਧੇ ਸੰਤ ਸਿੰਘ ਯੂਸੁਫ਼ ਦੀ ਬਰਸੀ ਦਾ ਦਿਨ ਸੀ। ਉਨ੍ਹਾ ਦਾ ਅਪਣਾਇਆ ਹੋਇਆ ਨਾਂਅ ਸੰਤ ਸਿੰਘ ਯੂਸੁਫ਼ ਉਨ੍ਹਾ ਦੇ ਪਿਤਾ ਵੱਲੋਂ ਦਿੱਤੇ ਨਾਂਅ ਸੰਤ ਸਿੰਘ ਅਤੇ ਮੌਲਾਨਾ ਯੂਸੁਫ਼ (ਇੱਕ ਮੁਸਲਿਮ ਨਾਂਅ, ਜੋ ਉਨ੍ਹਾ ਨੇ 1930 ਦੇ ਦਹਾਕੇ ਵਿੱਚ ਗੁਪਤ ਕਾਰਵਾਈਆਂ ਦੌਰਾਨ ਵਰਤਿਆ ਸੀ) ਦੇ ਮਿਲਾਪ ਨਾਲ ਬਣਿਆ ਸੀ।

ਇਹ ਸਿਰਫ਼ ਇੱਕ ਇਤਿਹਾਸਕ ਸ਼ਖ਼ਸੀਅਤ ਨੂੰ ਯਾਦ ਕਰਨ ਦਾ ਮੌਕਾ ਨਹੀਂ, ਸਗੋਂ ਭਾਰਤ ਦੇ ਮਜ਼ਦੂਰ ਅੰਦੋਲਨ ਦੀ ਉਸ ਅਮੀਰ ਪਰੰਪਰਾ ਨੂੰ ਸਮਝਣ ਅਤੇ ਉਸ ਤੋਂ ਪ੍ਰੇਰਨਾ ਲੈਣ ਦਾ ਵੀ ਦਿਨ ਹੈ ਜਿਸ ਨੇ ਦੇਸ਼ ਦੇ ਕਰੋੜਾਂ ਮਿਹਨਤਕਸ਼ ਲੋਕਾਂ ਨੂੰ ਆਪਣੇ ਹੱਕਾਂ ਲਈ ਲੜਨਾ ਸਿਖਾਇਆ। ਅੱਜ ਜਦੋਂ ਅਸੀਂ ਸੰਤ ਸਿੰਘ ਯੂਸੁਫ਼ ਨੂੰ ਯਾਦ ਕਰਦੇ ਹਾਂ, ਤਾਂ ਨੋਇਡਾ ਅਤੇ

ਐਮ ਐੱਸ ਭਾਟੀਆ

ਗ੍ਰੇਟਰ ਨੋਇਡਾ ਵਿੱਚ ਹਾਲ ਹੀ ਦੇ ਸਮੇਂ ਦੌਰਾਨ ਉਭਰੇ ਕਿਸਾਨ-ਮਜ਼ਦੂਰ ਸੰਘਰਸ਼ ਸਾਨੂੰ ਉਨ੍ਹਾਂ ਦੀ ਵਿਰਾਸਤ ਦੀ ਪ੍ਰਸੰਗਿਕਤਾ ਦਾ ਅਹਿਸਾਸ ਕਰਵਾਉਂਦੇ ਹਨ।

ਸੰਤ ਸਿੰਘ ਯੂਸੁਫ਼ ਉਹਨਾਂ ਆਗੂਆਂ ਵਿੱਚੋਂ ਸਨ ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਮਜ਼ਦੂਰਾਂ ਨੂੰ ਸੰਗਠਿਤ ਕਰਨ ਅਤੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਿੱਚ ਬਿਤਾਇਆ। 1920 ਵਿਚ ਦਿੱਲੀ ਅਤੇ ਬੰਬਈ ਦੀਆਂ ਕਪਾਹ ਮਿਲਾਂ ਤੋਂ ਲੈ ਕੇ ਕਾਨਪੁਰ ਦੇ ਉਦਯੋਗਿਕ ਖੇਤਰਾਂ ਤੱਕ ਉਨ੍ਹਾਂ ਮਜ਼ਦੂਰਾਂ ਵਿਚ ਕੰਮ ਕੀਤਾ। 1930 ਦੇ ਦਹਾਕੇ ਵਿੱਚ ਜਦੋਂ ਭਾਰਤੀ ਮਜ਼ਦੂਰ ਅੰਦੋਲਨ ਆਪਣੇ ਸ਼ੁਰੂਆਤੀ ਪੜਾਅ ਵਿੱਚ ਸੀ, ਉਸ ਸਮੇਂ ਮਜ਼ਦੂਰਾਂ ਨੂੰ ਇਕੱਠਾ ਕਰਨਾ, ਉਨ੍ਹਾਂ ਵਿੱਚ ਜਮਾਤੀ ਚੇਤਨਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਸੰਘਰਸ਼ ਲਈ ਤਿਆਰ ਕਰਨਾ ਕੋਈ ਆਸਾਨ ਕੰਮ ਨਹੀਂ ਸੀ। ਪਰ ਯੂਸੁਫ਼ ਨੇ ਇਹ ਚੁਣੌਤੀ ਸਵੀਕਾਰ ਕੀਤੀ ਅਤੇ ਮਜ਼ਦੂਰ ਅੰਦੋਲਨ ਦੇ ਇੱਕ ਪ੍ਰਮੁੱਖ ਚਿਹਰੇ ਵਜੋਂ ਉਭਰੇ।

1936 ਵਿੱਚ ਕਾਨਪੁਰ ਵਿੱਚ ਐਥਰਟਨ ਵੈੱਸਟ ਕਾਟਨ ਮਿਲ ਦੇ 2000 ਤੋਂ ਵੱਧ ਮਜ਼ਦੂਰਾਂ ਦੀ ਹੜਤਾਲ ਦੀ ਅਗਵਾਈ ਕਰਨਾ ਹੋਵੇ ਜਾਂ ਕਾਨਪੁਰ ਮਜ਼ਦੂਰ ਸਭਾ ਨੂੰ ਮਜ਼ਬੂਤ ਕਰਨਾ, ਹਰ ਥਾਂ ਉਨ੍ਹਾ ਦੀ ਭੂਮਿਕਾ ਕੇਂਦਰੀ ਰਹੀ।1937-38 ਦੌਰਾਨ ਉਹ ਕਾਨਪੁਰ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਰਹੇ, ਜਦੋਂ ਇਸ ਦੇ ਪ੍ਰਧਾਨ ਹਰੀ ਹਰਿ ਨਾਥ ਸ਼ਾਸਤਰੀ ਸਨ।ਉਨ੍ਹਾਂ ਲਈ ਯੂਨੀਅਨ ਸਿਰਫ਼ ਇੱਕ ਸੰਗਠਨ ਨਹੀਂ ਸੀ, ਬਲਕਿ ਮਜ਼ਦੂਰਾਂ ਦੀ ਸਾਂਝੀ ਤਾਕਤ ਦਾ ਪ੍ਰਤੀਕ ਸੀ। ਉਹ ਮੰਨਦੇ ਸਨ ਕਿ ਜਦੋਂ ਮਜ਼ਦੂਰ ਸੰਗਠਿਤ ਹੁੰਦੇ ਹਨ, ਤਦ ਹੀ ਉਹ ਆਪਣੀ ਮਿਹਨਤ ਦਾ ਸਹੀ ਮੁੱਲ ਅਤੇ ਇੱਜ਼ਤ ਪ੍ਰਾਪਤ ਕਰ ਸਕਦੇ ਹਨ।

1938 ਵਿੱਚ ਕਮਿਊਨਿਸਟਾਂ ਅਤੇ ਸ਼ਾਸਤਰੀ ਵਿਰੋਧੀ ਕਾਂਗਰਸੀ ਧੜੇ ਦੇ ਸਮਰਥਨ ਨਾਲ ਉਹ ਕਾਨਪੁਰ ਮਜ਼ਦੂਰ ਸਭਾ ਦੇ ਪ੍ਰਧਾਨ ਚੁਣੇ ਗਏ। 21 ਅਗਸਤ 1938 ਦੀ ਸਭਾ ਵਿੱਚ ਉਨ੍ਹਾ ਨੂੰ 70 ਵੋਟਾਂ ਮਿਲੀਆਂ, ਜਦਕਿ ਕਾਂਗਰਸ ਸੋਸ਼ਲਿਸਟ ਨੇਤਾ ਸ਼ਾਸਤਰੀ ਨੂੰ 44 ਵੋਟਾਂ ਪ੍ਰਾਪਤ ਹੋਈਆਂ।

ਰਾਜਨੀਤਿਕ ਜੀਵਨ

1952 ਦੀ ਪਹਿਲੀ ਲੋਕ ਸਭਾ ਚੋਣ ਵਿੱਚ ਉਨ੍ਹਾ ਕਾਨਪੁਰ ਸੀਟ ਤੋਂ ਚੋਣ ਲੜੀ ਅਤੇ 22.1 ਫੀਸਦੀ ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ।1955 ਦੀ ਕਾਨਪੁਰ ਦੀ ਇਤਿਹਾਸਕ ਮਜ਼ਦੂਰ ਹੜਤਾਲ ਦੀ ਅਗਵਾਈ ਵੀ ਉਨ੍ਹਾ ਨੇ ਕੀਤੀ।

1962 ਉੱਤਰ ਪ੍ਰਦੇਸ਼ ਦੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਉਹ ਕਾਨਪੁਰ-99 ਵਿਧਾਨ ਸਭਾ ਸੀਟ ਤੋਂ ਜਿੱਤੇ ਅਤੇ 23,119 ਵੋਟਾਂ (34.54 ਫੀਸਦੀ) ਪ੍ਰਾਪਤ ਕੀਤੀਆਂ।

1967 ਦੀ ਵਿਧਾਨ ਸਭਾ ਚੋਣ ਵਿੱਚ ਉਹ ਗੋਵਿੰਦ ਨਗਰ ਸੀਟ ਤੋਂ ਤੀਜੇ ਸਥਾਨ 'ਤੇ ਰਹੇ, ਪਰ 1974 ਦੀ ਵਿਧਾਨ ਸਭਾ ਚੋਣ ਵਿੱਚ ਉਨ੍ਹਾ ਨੇ ਇਹ ਸੀਟ ਜਿੱਤ ਲਈ।

1970 ਦੇ ਦਹਾਕੇ ਦੇ ਮੱਧ ਵਿੱਚ ਉਹ ਉੱਤਰ ਪ੍ਰਦੇਸ਼ ਟ੍ਰੇਡ ਯੂਨੀਅਨ ਕਾਂਗਰਸ ਦੇ ਪ੍ਰਧਾਨ ਰਹੇ।ਇਸ ਤੋਂ ਇਲਾਵਾ ਉਹ ਆਲ ਇੰਡੀਆ ਟ੍ਰੇਡ ਯੂਨੀਅਨ ਕਾਂਗਰਸ (ਏਟਕ) ਦੇ ਉਪ ਪ੍ਰਧਾਨ ਵੀ ਸਨ।

ਇਹੀ ਵਿਚਾਰ ਅੱਜ ਦੇ ਨੋਇਡਾ ਅਤੇ ਗ੍ਰੇਟਰ ਨੋਇਡਾ ਦੇ ਸੰਘਰਸ਼ਾਂ ਵਿੱਚ ਵੀ ਦਿਖਾਈ ਦਿੰਦਾ ਹੈ। ਪਿਛਲੇ ਸਮੇਂ ਵਿੱਚ ਇਸ ਖੇਤਰ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਵੱਡੇ ਪੱਧਰ 'ਤੇ ਅੰਦੋਲਨ ਕੀਤੇ।ਜ਼ਮੀਨ ਅਧਿਗ੍ਰਹਿਣ, ਮੁਆਵਜ਼ਾ, ਪੁਨਰਵਸੇਬਾ, ਰੁਜ਼ਗਾਰ ਅਤੇ ਉਦਯੋਗਿਕ ਖੇਤਰਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਦੇ ਹੱਕਾਂ ਨਾਲ ਜੁੜੇ ਮੁੱਦੇ ਲਗਾਤਾਰ ਉਭਰਦੇ ਰਹੇ ਹਨ। ਇਹ ਸੰਘਰਸ਼ ਸਾਨੂੰ ਯਾਦ ਦਿਵਾਉਂਦੇ ਹਨ ਕਿ ਵਿਕਾਸ ਦਾ ਸਵਾਲ ਸਿਰਫ਼ ਸੜਕਾਂ, ਇਮਾਰਤਾਂ ਅਤੇ ਉਦਯੋਗ ਲਗਾਉਣ ਤੱਕ ਸੀਮਤ ਨਹੀਂ।ਅਸਲ ਵਿਕਾਸ ਉਹ ਹੈ, ਜਿਸ ਵਿੱਚ ਉਸ ਧਰਤੀ ਦੇ ਲੋਕਾਂ ਦੀ ਇੱਜ਼ਤ, ਜੀਵਨ ਅਤੇ ਭਵਿੱਖ ਵੀ ਸੁਰੱਖਿਅਤ ਹੋਵੇ।

ਨੋਇਡਾ ਭਾਰਤ ਦੇ ਸਭ ਤੋਂ ਤੇਜ਼ੀ ਨਾਲ ਵਿਕਸਤ ਹੋ ਰਹੇ ਉਦਯੋਗਿਕ ਅਤੇ ਸ਼ਹਿਰੀ ਖੇਤਰਾਂ ਵਿੱਚੋਂ ਇੱਕ ਹੈ।ਇੱਥੇ ਵੱਡੀਆਂ ਕੰਪਨੀਆਂ, ਉਦਯੋਗਿਕ ਇਕਾਈਆਂ ਅਤੇ ਰਿਹਾਇਸ਼ੀ ਪ੍ਰੋਜੈਕਟਾਂ ਨੇ ਇੱਕ ਨਵੀਂ ਆਰਥਿਕ ਤਸਵੀਰ ਪੇਸ਼ ਕੀਤੀ ਹੈ, ਪਰ ਇਸ ਚਮਕ-ਦਮਕ ਦੇ ਪਿੱਛੇ ਇੱਕ ਹੋਰ ਹਕੀਕਤ ਵੀ ਹੈ। ਲੱਖਾਂ ਮਜ਼ਦੂਰ ਠੇਕੇਦਾਰੀ ਪ੍ਰਣਾਲੀ ਅਧੀਨ ਕੰਮ ਕਰਦੇ ਹਨ, ਨੌਕਰੀ ਦੀ ਕੋਈ ਪੱਕੀ ਗਾਰੰਟੀ ਨਹੀਂ, ਤਨਖ਼ਾਹਾਂ ਅਕਸਰ ਜੀਵਨ ਦੀਆਂ ਲੋੜਾਂ ਦੇ ਮੁਕਾਬਲੇ ਘੱਟ ਹਨ ਅਤੇ ਟ੍ਰੇਡ ਯੂਨੀਅਨ ਹੱਕਾਂ ਦੀ ਵਰਤੋਂ ਕਰਨਾ ਵੀ ਕਈ ਵਾਰ ਮੁਸ਼ਕਲ ਬਣ ਜਾਂਦਾ ਹੈ। ਦੂਜੇ ਪਾਸੇ, ਜਿਨ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਇਹ ਵਿਕਾਸ ਖੜ੍ਹਾ ਹੋਇਆ, ਉਹਨਾਂ ਦੇ ਇੱਕ ਹਿੱਸੇ ਨੂੰ ਅੱਜ ਵੀ ਨਿਆਂਪੂਰਨ ਮੁਆਵਜ਼ੇ ਅਤੇ ਰੁਜ਼ਗਾਰ ਦੀ ਉਡੀਕ ਹੈ।

ਇਨ੍ਹਾਂ ਹਾਲਾਤਾਂ ਵਿੱਚ ਨੋਇਡਾ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਐਜੀਟੇਸ਼ਨ ਕੇਵਲ ਸਥਾਨਕ ਮਸਲੇ ਨਹੀਂ ਹਨ।ਇਹ ਉਸ ਵੱਡੇ ਸਵਾਲ ਨੂੰ ਉਠਾਉਂਦੇ ਹਨ ਕਿ ਵਿਕਾਸ ਦਾ ਲਾਭ ਕਿਸ ਨੂੰ ਮਿਲ ਰਿਹਾ ਹੈ ਅਤੇ ਇਸ ਦੀ ਕੀਮਤ ਕੌਣ ਚੁੱਕਾ ਰਿਹਾ ਹੈ।ਇਹ ਉਹੀ ਸਵਾਲ ਹਨ ਜੋ ਸੰਤ ਸਿੰਘ ਯੂਸੁਫ਼ ਨੇ ਆਪਣੇ ਸਮੇਂ ਵਿੱਚ ਉਠਾਏ ਸਨ।ਫਰਕ ਸਿਰਫ਼ ਇਹ ਹੈ ਕਿ ਉਸ ਵੇਲੇ ਕੱਪੜਾ ਮਿੱਲਾਂ ਅਤੇ ਫੈਕਟਰੀਆਂ ਕੇਂਦਰ ਵਿੱਚ ਸਨ, ਜਦਕਿ ਅੱਜ ਉਦਯੋਗਿਕ ਕੋਰੀਡੋਰ, ਰੀਅਲ ਅਸਟੇਟ ਅਤੇ ਕਾਰਪੋਰੇਟ ਨਿਵੇਸ਼ ਹਨ।

ਸੰਤ ਸਿੰਘ ਯੂਸੁਫ਼ ਦੀ ਸਭ ਤੋਂ ਵੱਡੀ ਸਿੱਖਿਆ ਇਹ ਸੀ ਕਿ ਮਜ਼ਦੂਰ ਅਤੇ ਕਿਸਾਨ ਸੰਘਰਸ਼ਾਂ ਨੂੰ ਵੱਖਰਾ ਕਰਕੇ ਨਹੀਂ ਦੇਖਿਆ ਜਾ ਸਕਦਾ। ਜਦੋਂ ਕਿਸੇ ਕਿਸਾਨ ਦੀ ਜ਼ਮੀਨ ਜਾਂਦੀ ਹੈ ਅਤੇ ਉਸ ਨੂੰ ਇਨਸਾਫ਼ ਨਹੀਂ ਮਿਲਦਾ ਜਾਂ ਜਦੋਂ ਕਿਸੇ ਮਜ਼ਦੂਰ ਦੀ ਮਿਹਨਤ ਦਾ ਉਚਿਤ ਮੁੱਲ ਨਹੀਂ ਦਿੱਤਾ ਜਾਂਦਾ, ਤਾਂ ਦੋਵੇਂ ਹਾਲਾਤ ਇੱਕੋ ਜਿਹੇ ਸ਼ੋਸ਼ਣ ਦੀਆਂ ਵੱਖ-ਵੱਖ ਸ਼ਕਲਾਂ ਹਨ। ਇਸ ਲਈ ਉਹ ਮਜ਼ਦੂਰ-ਕਿਸਾਨ ਏਕਤਾ ਨੂੰ ਸਮਾਜਿਕ ਤਬਦੀਲੀ ਦੀ ਬੁਨਿਆਦ ਮੰਨਦੇ ਸਨ।

ਅੱਜ ਦੇ ਸਮੇਂ ਵਿੱਚ ਇਹ ਵਿਚਾਰ ਹੋਰ ਵੀ ਮਹੱਤਵਪੂਰਨ ਹੋ ਜਾਂਦਾ ਹੈ। ਮਜ਼ਦੂਰੀ ਕਾਨੂੰਨਾਂ ਵਿੱਚ ਤਬਦੀਲੀਆਂ, ਠੇਕਾ ਪ੍ਰਣਾਲੀ ਦਾ ਵਾਧਾ, ਨਿੱਜੀਕਰਨ ਅਤੇ ਕਾਰਪੋਰੇਟ ਪੂੰਜੀ ਦੀ ਵਧਦੀ ਤਾਕਤ ਨੇ ਮਜ਼ਦੂਰ ਅੰਦੋਲਨ ਅੱਗੇ ਨਵੀਆਂ ਚੁਣੌਤੀਆਂ ਖੜ੍ਹੀਆਂ ਕਰ ਦਿੱਤੀਆਂ ਹਨ। ਅਜਿਹੇ ਸਮੇਂ ਵਿੱਚ ਸੰਗਠਨ, ਏਕਤਾ ਅਤੇ ਸੰਘਰਸ਼ ਦੀ ਲੋੜ ਪਹਿਲਾਂ ਨਾਲੋਂ ਕਿਤੇ ਵੱਧ ਹੈ।

ਕਾਮਰੇਡ ਸੰਤ ਸਿੰਘ ਯੂਸੁਫ਼ ਦੀ ਬਰਸੀ ਸਾਨੂੰ ਸਿਰਫ਼ ਅਤੀਤ ਦੀਆਂ ਯਾਦਾਂ ਵਿੱਚ ਨਹੀਂ ਲੈ ਜਾਂਦੀ, ਸਗੋਂ ਵਰਤਮਾਨ ਦੀਆਂ ਜ਼ਿੰਮੇਵਾਰੀਆਂ ਦਾ ਵੀ ਅਹਿਸਾਸ ਕਰਵਾਉਂਦੀ ਹੈ। ਉਨ੍ਹਾ ਦੀ ਜ਼ਿੰਦਗੀ ਸਾਨੂੰ ਸਿਖਾਉਂਦੀ ਹੈ ਕਿ ਹੱਕ ਕਦੇ ਵੀ ਦਾਨ ਵਜੋਂ ਨਹੀਂ ਮਿਲਦੇ ਉਹ ਸੰਗਠਿਤ ਸੰਘਰਸ਼ ਰਾਹੀਂ ਹਾਸਲ ਕੀਤੇ ਜਾਂਦੇ ਹਨ। ਨੋਇਡਾ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਲੜਾਈਆਂ ਇਸੇ ਇਤਿਹਾਸਕ ਸੱਚਾਈ ਦੀ ਪੁਸ਼ਟੀ ਕਰਦੀਆਂ ਹਨ।

6 ਜੂਨ 1982 ਨੂੰ ਲੰਮੀ ਬਿਮਾਰੀ ਤੋਂ ਬਾਅਦ ਕਾਨਪੁਰ ਵਿੱਚ 76 ਸਾਲ ਦੀ ਉਮਰ ਵਿੱਚ ਸੰਤ ਸਿੰਘ ਯੂਸੁਫ਼ ਦਾ ਦੇਹਾਂਤ ਹੋ ਗਿਆ।

ਸੰਤ ਸਿੰਘ ਯੂਸੁਫ਼ ਨੂੰ ਉਹਨਾ ਦੀ ਬਰਸੀ 'ਤੇ ਯਾਦ ਕਰਨਾ ਦਰਅਸਲ ਭਾਰਤ ਦੇ ਮਜ਼ਦੂਰ ਅਤੇ ਕਿਸਾਨ ਅੰਦੋਲਨਾਂ ਦੀ ਉਸ ਵਿਰਾਸਤ ਨੂੰ ਸਲਾਮ ਕਰਨਾ ਹੈ, ਜੋ ਅੱਜ ਵੀ ਜਿਉਂਦੀ ਹੈ, ਸੰਘਰਸ਼ ਕਰ ਰਹੀ ਹੈ ਅਤੇ ਇੱਕ ਵਧੇਰੇ ਨਿਆਂਪੂਰਨ ਸਮਾਜ ਦੀ ਉਮੀਦ ਨੂੰ ਜਗਾਈ ਰੱਖਦੀ ਹੈ।ਇਹੀ ਉਨ੍ਹਾ ਲਈ ਸਭ ਤੋਂ ਵੱਡੀ ਸ਼ਰਧਾਂਜਲੀ ਹੈ ਅਤੇ ਇਹੀ ਉਨ੍ਹਾਂ ਦੀ ਵਿਰਾਸਤ ਦਾ ਅਸਲ ਸਨਮਾਨ ਹੈ।

ਸੰਪਰਕ : 99884-91002

ਸ਼ਹੀਦ ਬੱਬਰ ਵਰਿਆਮ ਸਿੰਘ ਧੁੱਗਾ

ਸ਼ਹੀਦ ਵਰਿਆਮ ਸਿੰਘ ਧੁੱਗਾ ਬੱਬਰ ਅਕਾਲੀ ਲਹਿਰ ਦਾ ਇਕ ਅਜਿਹਾ ਸਿਰਲੱਥ ਯੋਧਾ ਸੀ, ਜਿਸ ਨੇ ਲਹਿਰ ਦੇ ਪ੍ਰਭਾਵ ਅਤੇ 'ਬੱਬਰ ਅਕਾਲੀ ਦੁਆਬਾ' ਅਖ਼ਬਾਰ ਪੜ੍ਹ ਕੇ ਮਾੜੀਆਂ ਆਦਤਾਂ ਤੋਂ ਛੁਟਕਾਰਾ ਪਾਇਆ ਤੇ ਬੱਬਰ ਅਕਾਲੀਆਂ ਵਾਂਗ ਕੁਝ ਕਰਨ ਲਈ ਪਾਰਟੀ ਵਿੱਚ ਸ਼ਾਮਲ ਹੋਇਆ ਸੀ। ਜਦੋਂ ਅੰਗਰੇਜ਼ੀ ਹਕੂਮਤ ਨੇ ਲਹਿਰ ਨੂੰ ਦਬਾਉਣ ਲਈ ਵਿਸ਼ੇਸ਼ ਨੀਤੀ ਬਣਾਈ ਤਾਂ ਉਸ ਸਮੇਂ ਮੰਡੇਰਾਂ ਦਾ ਸਾਕਾ ਵਾਪਰਿਆ। ਇਸ ਸਾਕੇ ਦੇ ਗਹਿਗੱਚ ਮੁਕਾਬਲੇ ਵਿਚ ਉਹ ਇਕੱਲਾ ਫੌਜ ਤੇ ਪੁਲਸ ਦੀ ਧਾੜ ਦਾ ਮੁਕਾਬਲਾ ਕਰਦਾ ਜ਼ਖ਼ਮੀ ਹੋਇਆ ਵਰ੍ਹਦੀ ਅੱਗ ਵਿਚੋਂ ਬਚ ਨਿਕਲਿਆ ਸੀ। ਬਾਰ (ਪਾਕਿਸਤਾਨ) ਦੇ ਇਲਾਕੇ ਵਿਚ ਉਸ ਨੇ ਮੁੜ ਪਾਰਟੀ ਨੂੰ ਜਥੇਬੰਦ ਕਰਕੇ ਅੰਗਰੇਜ਼ਾਂ

ਚਰੰਜੀ ਲਾਲ ਕੰਗਣੀਵਾਲ

ਤੇ ਝੋਲੀਚੁੱਕਾ ਨੂੰ ਹੱਥਾਂ-ਪੈਰਾਂ ਦੀ ਪਾ ਦਿੱਤੀ ਸੀ। ਉਹ ਬੰਬੇਲੀ ਤੇ ਮੰਨਣਹਾਣਾ ਦੇ ਸਾਕਿਆਂ ਦੇ ਬੱਬਰ ਸੂਰਵੀਰਾਂ ਵਾਂਗ ਦੁਸ਼ਮਣ ਟੱਕਰ ਲੈਣਾ ਚਾਹੁੰਦਾ ਹੈ, ਜੋ ਉਸ ਨੇ ਕਰ ਦਿਖਾਇਆ।

ਵਰਿਆਮ ਸਿੰਘ ਧੁੱਗਾ ਦਾ ਜਨਮ 1893 ਵਿਚ ਪਿਤਾ ਵਤਨ ਸਿੰਘ ਤੇ ਮਾਤਾ ਰਾਏ ਕੌਰ ਦੇ ਘਰ ਪਿੰਡ ਧੁੱਗਾ, ਥਾਣਾ ਹਰਿਆਣਾ, ਜ਼ਿਲ੍ਹਾ ਹੁਸ਼ਿਆਰਪੁਰ ਵਿਚ ਹੋਇਆ। ਉਹ ਫੌਜ ਵਿਚ ਨੌਕਰ ਸੀ, ਪਰ ਉਸ ਦੀ ਸੰਗਤ ਗੁਆਂਢੀ ਪਿੰਡ ਧਾਮੀਆਂ ਦੇ ਬੰਤਾ ਸਿੰਘ, ਧੰਨਾ ਸਿੰਘ ਕੋਟਲੀ ਬਾਵਾ ਦਾਸ ਅਤੇ ਦੁੱਮਣ ਸਿੰਘ ਪੰਡੋਰੀ ਮਹਿਤਮਾ ਨਾਲ ਸੀ, ਜਿਹੜੇ ਚੋਰੀਆਂ, ਡਾਕੇ ਮਾਰਨ ਵਿਚ ਪਏ ਹੋਏ ਸਨ। ਬੱਬਰਾਂ ਦੇ ਪਰਚਾਰ ਤੇ ਉਨ੍ਹਾਂ ਦੀ ਬਹਾਦਰੀ ਦੀਆਂ ਖਬਰਾਂ ਸੁਣ ਕੇ ਉਨ੍ਹਾਂ ਦੇ ਮਨਾਂ ਨੂੰ ਠੋਕਰ ਲਗੀ ਅਤੇ ਉਹ ਜਥੇਦਾਰ ਕਿਸ਼ਨ ਸਿੰਘ ਗੜਗੱਜ ਤੇ ਬਾਬੂ ਸੰਤਾ ਸਿੰਘ ਨੂੰ 16 ਫਰਵਰੀ 1923 ਨੂੰ ਮਿਲੇ। ਜਥੇਦਾਰ ਕਿਸ਼ਨ ਸਿੰਘ ਗੜਗੱਜ ਨੇ ਇਨ੍ਹਾਂ ਨੂੰ ਸਮਝਾਇਆ ਕਿ ਤੁਸੀਂ ਬੜੇ ਬਹਾਦਰ ਤੇ ਦਲੇਰ ਹੋ, ਪਰ ਮਾੜੇ ਕੰਮਾ ਵਿਚ ਪੈ ਕੇ ਆਪਣਾ ਜੀਵਨ ਬਰਬਾਰ ਕਰ ਰਹੇ ਹੋ। ਇਹ ਸਾਰੇ ਨਿਯਮ ਮਨ ਕੇ ਬੱਬਰ ਜੱਥੇ ਵਿਚ ਸ਼ਾਮਲ ਹੋ ਗਏ। ਇਨ੍ਹਾਂ ਦੇ ਗਰੁੱਪ ਵਿਚ ਦਸ-ਨੰਬਰੀਆ ਜਗਤ ਸਿੰਘ ਉਰਫ ਜੱਗੂ ਵੀ ਬੱਬਰ ਅਕਾਲੀਆਂ ਦਾ ਨਾ-ਮਾਤਰ ਹਮਦਰਦ ਬਣ ਗਿਆ।

ਮੰਡੇਰਾ ਦੇ ਬੱਬਰ ਹਜ਼ਾਰਾ ਸਿੰਘ ਨੇ ਜੱਗੂ ਕੋਲ ਆਪਣਾ ਪਿਸਤੌਲ ਰੱਖਿਆ ਹੋਇਆ ਸੀ, ਜਿਹੜਾ ਉਸ ਨੂੰ ਕਿਸ਼ਨ ਸਿੰਘ ਗੜਗੱਜ ਨੇ ਦਿੱਤਾ ਸੀ। ਜਦੋਂ ਸੰਤਾ ਸਿੰਘ ਦੇ ਬਿਆਨ ਦੇਣ ਨਾਲ ਇਸ ਪਿਸਤੌਲ ਦੀ ਤਫਤੀਸ਼ ਹੋਈ ਤਾਂ ਪਤਾ ਲਗਣ 'ਤੇ ਜੱਗੂ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ। ਚੋਰੀਆਂ, ਡਾਕਿਆਂ ਦੇ ਸਿਲਸਿਲੇ ਵਿਚ ਪੁਲਸ ਨੂੰ ਉਸ ਦੀ ਪਹਿਲਾਂ ਹੀ ਭਾਲ ਸੀ। ਪੁਲਸ ਨੇ ਜੱਗੂ ਨੂੰ ਏਨਾ ਡਰਾ ਦਿੱਤਾ ਕਿ ਉਹ ਬਬਰਾਂ ਦੀਆਂ ਸੂਚਨਾਵਾਂ ਦੇਣ ਲਈ ਮੰਨ ਗਿਆ ਤੇ ਇਸ ਕੰਮ ਲਈ ਜੱਗੂ ਨੇ ਬੱਬਰਾਂ ਨਾਲ ਮੇਲ-ਜੋਲ ਵਧਾਉਣਾ ਸ਼ੁਰੂ ਕਰ ਦਿੱਤਾ। ਜੱਗੂ ਪੁੱਤਰ ਹਾਕੋ ਪਿੰਡ ਮਡੇਰਾਂ ਬਾਰੇ ਪੁਲਸ ਦੇ ਰਿਕਾਰਡ ਵਿਚ ਬਸਤਾ-ਬੇ ਵਿਚ ਦਰਜ ਸੀ।

ਸਰਕਾਰ ਵੱਲੋਂ ਅਗਸਤ 1923 ਨੂੰ ਬੱਬਰਾਂ ਨੂੰ ਫੜਾਉਣ ਲਈ ਜਿਹੜਾ ਇਨਾਮਾਂ ਦਾ ਐਲਾਨ ਕੀਤਾ ਗਿਆ ਸੀ, ਉਸ ਵਿਚ ਵਰਿਆਮ ਸਿੰਘ ਧੁੱਗਾ, ਬੰਤਾ ਸਿੰਘ ਧਾਮੀਆਂ ਅਤੇ ਦਲੀਪ ਸਿੰਘ ਧਾਮੀਆਂ ਦਾ ਨਾਂਅ ਵੀ ਸ਼ਾਮਿਲ ਸੀ। ਇਨ੍ਹਾਂ ਨੂੰ ਫੜਾਉਣ ਲਈ ਸਰਕਾਰ ਨੇ ਇਕ-ਇਕ ਹਜ਼ਾਰ ਰੁਪਈਆਂ ਦਾ ਇਨਾਮ ਰੱਖਿਆ ਸੀ। ਲਾਲਸਾ 'ਚ ਆ ਕੇ ਜੱਗੂ ਬੱਬਰ ਸਾਥੀਆਂ ਪ੍ਰਤੀ ਬੇਈਮਾਨ ਹੋ ਗਿਆ ਸੀ। 12 ਦਸੰਬਰ 1923 ਨੂੰ ਸ਼ਾਹ ਵੇਲਾ ਸੀ, ਜਦੋਂ ਵਰਿਆਮ ਸਿੰਘ ਧੁੱਗਾ, ਬੰਤਾ ਸਿੰਘ ਧਾਮੀਆਂ ਤੇ ਜਵਾਲਾ ਸਿੰਘ ਫਤਹਿਪੁਰ ਕੋਠੀ ਜੱਗੂ ਕੋਲ ਆਏ। ਆਉਣ ਬਾਰੇ ਇਕ ਦਿਨ ਪਹਿਲਾਂ ਤਹਿ ਹੋ ਚੁੱਕਾ ਸੀ। ਇਸ ਸੰਬੰਧੀ ਜੱਗੂ ਨੇ ਸੀ ਆਈ ਡੀ ਦੇ ਊਧਮ ਸਿੰਘ ਨੂੰ ਜਾਣੂ ਕਰਾ ਦਿੱਤਾ। ਊਧਮ ਸਿੰਘ ਪਿੰਡ ਰਾਜੋਵਾਲ ਦਾ ਜਲੰਧਰ ਦੇ ਡੀ ਸੀ ਦਾ ਰਸੋਈਆ ਸੀ ਤੇ ਪਿੱਛੋਂ ਸੀ ਆਈ ਡੀ ਵਿਚ ਭਰਤੀ ਹੋ ਕੇ ਬਬਰ ਅਕਾਲੀਆਂ ਦੀ ਨਿਗਰਾਨੀ ਲਈ ਵੱਖ-ਵੱਖ ਭੇਸ ਬਦਲ ਕੇ ਡਿਊਟੀ ਦੇ ਰਿਹਾ ਸੀ।

ਘਰ ਆਏ ਬੱਬਰ ਅਕਾਲੀ ਮਿੱਤਰਾਂ ਨੂੰ ਰੋਟੀ-ਪਾਣੀ ਛਕਾ ਕੇ ਜੱਗੂ ਬਹਾਨਾ ਬਣਾ ਕੇ ਬਾਹਰ ਨਿਕਲ ਗਿਆ ਤੇ ਨਜ਼ਦੀਕ ਕਠਾਰ ਵਾਲੇ ਰੇਲਵੇ ਸਟੇਸ਼ਨ 'ਤੇ ਉਸ ਦੀ ਉਡੀਕ ਵਿਚ ਬੈਠੇ ਊਧਮ ਸਿੰਘ ਨੂੰ ਬੱਬਰਾਂ ਦੇ ਆਉਣ ਦੀ ਖ਼ਬਰ ਦਿੱਤੀ। ਊਧਮ ਸਿੰਘ ਨੇ ਥਾਣਾ ਆਦਮਪੁਰ ਨੂੰ ਅਤੇ ਥਾਣੇ ਵੱਲੋਂ ਜਲੰਧਰ ਸੁਪਰਡੰਟ ਪੁਲਸ ਨੂੰ ਖਬਰ ਪੁੱਜਣ 'ਤੇ ਜਲੰਧਰ ਦੇ ਫਿਟਜ਼ਜੀਰਲਡ ਤੇ ਡਿਪਟੀ ਕਮਿਸ਼ਨਰ ਮਿਸਟਰ ਜੈਕਬ 35 ਸਿਪਾਹੀ ਅਤੇ ਜਲੰਧਰ ਛਾਉਣੀ ਤੋਂ ਫੌਜ ਦਾ ਰਸਾਲਾ ਸਮੇਤ ਦੁਪਹਿਰ ਸਮੇਂ ਮੰਡੇਰਾਂ ਪੁੱਜੇ । ਪੁਲਸ ਤੇ ਫੌਜ ਦਾ ਪਿੰਡ ਪੁੱਜਣ ਬਾਰੇ ਜਦੋਂ ਬੱਬਰਾਂ ਨੂੰ ਪਤਾ ਲੱਗਾ ਤਾਂ ਉਨ੍ਹਾਂ ਸਮਝ ਲਿਆ ਕਿ ਪਿੰਡੋਂ ਬਾਹਰ ਨਿਕਲਣਾ ਸੰਭਵ ਨਹੀਂ ਤਾਂ ਉਹ ਜੱਗੂ ਦੇ ਘਰੋਂ ਨਿਕਲ ਕੇ ਇਕ ਚੁਬਾਰੇ ਉਤੇ ਚੜ੍ਹ ਗਏ। ਪਿੰਡ ਵਿਚ ਇਹ ਇਕੋ ਚੁਬਾਰਾ ਬੇਅੰਤ ਸਿੰਘ ਦਾ ਸੀ। ਬੱਬਰਾਂ ਨੇ ਪਿੰਡ ਦੇ ਦੁਆਲੇ ਪੁਲਸ ਦਾ ਘੇਰਾ ਦੇਖ ਕੇ ਜਿਹੜਾ ਚੁਬਾਰੇ ਤੱਕ ਆ ਗਿਆ ਸੀ, "ਜੋ ਬੋਲੇ ਸੋ ਨਿਹਾਲ" ਦਾ ਜੈਕਾਰਾ ਛੱਡ ਕੇ ਡੀ ਸੀ ਜੈਕਬ ਵਲ ਨੂੰ ਗੋਲੀ ਚਲਾਈ। ਦੋਨੋਂ ਪਾਸਿਉਂ ਮੁਕਾਬਲੇਬਾਜ਼ੀ ਵਿਚ ਪੁਲਸ ਤੇ ਸੈਨਾ ਲਈ ਕੋਈ ਚਾਰਾ ਨਾ ਰਿਹਾ ਤਾਂ ਉਨ੍ਹਾਂ ਵੱਲੋਂ ਚੁਬਾਰੇ ਨੂੰ ਅੱਗ ਲਾਈ ਗਈ। ਬੱਬਰ ਜੁਆਲਾ ਸਿੰਘ ਤੇ ਬੰਤਾ ਸਿੰਘ ਧਾਮੀਆਂ ਅੱਗ ਤੇ ਗੋਲੀਆਂ ਨਾਲ ਸ਼ਹੀਦ ਹੋ ਗਏ। ਬੱਬਰ ਵਰਿਆਮ ਸਿੰਘ ਧੁੱਗਾ

ਚੁਬਾਰੇ ਤੋਂ ਗਲੀ ਵਿਚ ਛਾਲ ਮਾਰ ਕੇ ਭੱਜਾ ਤਾਂ ਅੱਗੇ ਵਜ਼ੀਰ ਖਾਂ ਪੁਲਸੀਏ ਨੂੰ ਗੋਲੀ ਮਾਰ ਕੇ ਅਧ-ਜਲਿਆ ਡਮੁੰਡੇ ਦੇ ਬੱਬਰ ਬਚਿੰਤ ਸਿੰਘ ਕੋਲੋਂ ਹੋ ਕੇ ਉਹ ਦੌਲਤਪੁਰ ਵਾਲੇ ਬੱਬਰ ਸੁਰੈਣ ਸਿੰਘ ਦੇ ਕੋਲ ਪੁੱਜਾ। ਅਲਾਵਲਪੁਰ ਦੇ ਹਕੀਮ ਤੋਂ ਇਲਾਜ ਕਰਾ ਕੇ ਉਹ ਜ਼ਿਲ੍ਹਾ ਲਾਇਲਪੁਰ ਵਿਚ ਆਪਣੇ ਮਾਮੇ ਦਲੇਰ ਸਿੰਘ ਗਿੱਲ ਕੋਲ ਚਲਾ ਗਿਆ ਸੀ। ਦੁਆਬੇ ਵਿੱਚੋਂ ਬਾਰ ਵਿਚ ਵਸੇ ਲੋਕਾਂ ਵਿਚ ਪ੍ਰਚਾਰ ਕਰਕੇ ਵਰਿਆਮ ਸਿੰਘ ਵੱਲੋਂ ਬਬਰ ਅਕਾਲੀ ਜਥਾ ਤਿਆਰ ਕਰਕੇ ਦੁਬਾਰਾ ਸਰਗਰਮੀ ਸ਼ੁਰੂ ਕੀਤੀ ਗਈ।

ਮੋਹਨ ਸਿੰਘ ਗਿੱਲ ਨੇ ਚੱਕ ਨੰ. 96 ਝੰਗ ਬਰਾਂਚ ਜ਼ਿਲ੍ਹਾ ਲਾਇਲਪੁਰ ਵਿਚ ਇਕ ਮੁਰੱਬਾ ਪ੍ਰਾਪਤ ਕਰਕੇ ਅੰਗਰੇਜ਼ੀ ਸਰਕਾਰ ਦਾ ਝੋਲੀਚੁੱਕ ਬਣ ਕੇ ਲੰਬੜਦਾਰੀ ਲੈ ਲਈ ਸੀ। 12-13 ਅਪ੍ਰੈਲ, ਵੈਸਾਖੀ ਦੀ ਰਾਤ ਨੂੰ ਬੱਬਰ ਅਕਾਲੀਆਂ ਨੇ ਲੰਬੜਦਾਰ ਮੋਹਨ ਸਿੰਘ ਦੇ ਡਾਕਾ ਮਾਰਿਆ। 12 ਬੱਬਰ ਅਕਾਲੀ ਵਰਿਆਮਾ ਆਧਰਮੀ ਦੇ ਤਾਂਗੇ ਉੱਤੇ ਸਵਾਰ ਹੋ ਕੇ ਲੰਬੜਦਾਰ ਦੀ ਰਿਹਾਇਸ਼ ਵੱਲ ਚੱਲ ਪਏ। ਲੰਬਰਦਾਰ, ਉਸ ਦਾ ਲੜਕਾ ਅਮਰੀਕ ਸਿੰਘ ਤੇ ਨੌਕਰ ਨਥਾ ਸਿੰਘ ਬੱਬਰਾਂ ਦੇ ਹੱਥੋਂ ਮਾਰੇ ਗਏ। ਘਰ ਦੀ ਚੰਗੀ ਲੁੱਟਮਾਰ ਕਰਕੇ ਬਬਰ ਰਫੂਚੱਕਰ ਹੋ ਗਏ।

ਜਲੰਧਰ ਜ਼ਿਲ੍ਹੇ ਦੇ ਬੱਲਾਂ ਪਿੰਡ ਦੇ ਡਾਕੇ ਤੇ ਬਾਰ ਵਿਚ ਲੰਬੜਦਾਰ ਮੋਹਨ ਸਿੰਘ, ਉਸ ਦੇ ਪੁੱਤਰ ਤੇ ਨੌਕਰ ਦੇ ਕਤਲਾਂ ਨੇ ਇਕ ਵਾਰ ਫਿਰ ਸਰਕਾਰ ਤੇ ਝੋਲੀਚੁੱਕਾਂ ਨੂੰ ਹੱਥਾਂ ਪੈਰਾਂ ਦੀ ਪਾ ਦਿੱਤੀ ਸੀ। ਜ਼ਿਲ੍ਹਾ ਲਾਇਲਪੁਰ ਦੇ ਪੁਲਸ ਸੁਪਰਡੈਂਟ ਮਿਸ. ਡੀ. ਗੇਲ ਦੀ ਮਦਦ ਲਈ ਲਾਲਾ ਬੂਟਾ ਰਾਮ ਇੰਸਪੈਕਟਰ ਨੂੰ ਬੱਬਰ ਵਰਿਆਮ ਸਿੰਘ ਧੁੱਗਾ ਦੀ ਗ੍ਰਿਫਤਾਰੀ ਲਈ ਲਾਇਆ ਗਿਆ। ਬਾਰ ਦੇ ਝੋਲੀਚੁੱਕਾ, ਟਾਊਟਾਂ ਨੂੰ ਇਨਾਮਾਂ ਦੇ ਲਾਰੇ ਦਿੱਤੇ ਗਏ। ਡਾਕੇ ਤੇ ਕਤਲਾਂ ਵਿਚ ਸ਼ਾਮਲ ਰਲਾ ਸਿੰਘ ਨੇ ਵਾਇਦਾ-ਮੁਆਫ਼ ਹੋ ਕੇ ਸਾਰਾ ਭੇਦ ਦੇ ਦਿੱਤਾ। ਸਾਰੇ ਬੱਬਰ ਫੜੇ ਗਏ। ਵਰਿਆਮ ਸਿੰਘ ਧੁੱਗਾ ਦੇ ਹਥਿਆਰਾਂ ਤੇ ਗੁਪਤ ਅੱਡੇ ਦਾ ਭੇਤ ਵੀ ਰਲਾ ਸਿੰਘ ਨੇ ਪੁਲਸ ਨੂੰ ਦੇ ਦਿੱਤਾ। ਰਲਾ ਸਿੰਘ ਗ਼ਦਾਰ ਨੇ ਮਿੱਤਰ ਮਾਰ ਕਰਕੇ ਵਰਿਆਮ ਸਿੰਘ ਦੇ ਹਥਿਆਰ ਅੱਗੇ-ਪਿੱਛੇ ਕਰ ਦਿੱਤੇ। ਪੁਲਸ ਦਾ ਘੇਰਾ ਪੈਣ 'ਤੇ ਜਦੋਂ ਵਰਿਆਮ ਸਿੰਘ ਧੁੱਗੇ ਨੇ ਹਥਿਆਰਾਂ ਦੀ ਭਾਲ ਕੀਤੀ ਤਾਂ ਉਹ ਨਾ ਮਿਲੇ। ਐੱਸ ਪੀ, ਡੀ.ਗੇਲ ਨੇ ਪਿਸਤੌਲ ਦੀਆਂ ਗੋਲੀਆਂ ਚਲਾਈਆਂ, ਪਰ ਵਰਿਆਮ ਸਿੰਘ ਬਚ ਗਿਆ ਅਤੇ ਆਪਣੀ ਤਲਵਾਰ ਨਾਲ ਮਿ. ਡੀ.ਗੇਲ ਦੀ ਸਜੀ ਬਾਂਹ ਜ਼ਖ਼ਮੀ ਕਰ ਦਿੱਤੀ ਤੇ ਉਹ ਜ਼ਮੀਨ 'ਤੇ ਡਿੱਗ ਪਿਆ। ਵਰਿਆਮ ਸਿੰਘ ਉਸ ਉਪਰ ਸੀ ਤਾਂ ਪੁਲਸ ਵੱਲੋਂ ਵਰਿਆਮ ਸਿੰਘ ਤੇ ਗੋਲੀਆਂ ਚਲਾ ਕੇ ਥਾਂ ਹੀ ਸ਼ਹੀਦ ਕਰ ਦਿੱਤਾ। ਇਸ ਤਰ੍ਹਾਂ ਅੱਠ ਜੂਨ 1924 ਨੂੰ ਵਰਿਆਮ ਸਿੰਘ ਧੁੱਗਾ ਪੁਲਸ ਦਾ ਮੁਕਾਬਲਾ ਕਰਕੇ ਸ਼ਹੀਦੀ ਜਾਮ ਪੀਣ ਦੇ ਬੋਲ ਪੁਗਾ ਕੇ ਅਮਰ ਹੋ ਗਿਆ।

ਅਫਸੋਸ ਕਿ ਉਸ ਬਹਾਦਰ ਸੂਰਬੀਰ ਦੀ ਯਾਦ ਨੂੰ ਸੰਭਾਲਿਆ ਨਾ ਗਿਆ ਤੇ ਨਾ ਹੀ ਸਰਕਾਰੀ ਮਹਿਕਮੇ ਦੇ ਅਧਿਕਾਰੀਆਂ ਨੇ ਉਸ ਦੀ ਦੇਸ਼-ਭਗਤੀ ਦੀ ਕਦਰ ਪਾਈ। ਪਿੰਡ ਧੁੱਗਾ ਦੇ ਮੱਖਣ ਸਿੰਘ ਕਾਫੀ ਅਰਸੇ ਤੋਂ ਹੁਸ਼ਿਆਰਪੁਰ ਦੇ ਮੁੱਖ ਅਧਿਕਾਰੀਆਂ ਨੂੰ ਵਾਰ-ਵਾਰ ਮਿਲ ਕੇ ਤਰਲੇ ਮਾਰ ਚੁੱਕੇ ਹਨ ਕਿ ਮਹਾਨ ਸ਼ਹੀਦ ਵਰਿਆਮ ਸਿੰਘ ਧੁੱਗੇ ਦੇ ਨਾਂਅ 'ਤੇ ਪਿੰਡ ਦੇ ਸਕੂਲ ਦਾ ਨਾਂਅ ਕੀਤਾ ਜਾਵੇ। ਸ਼ਹਾਦਤ ਦੇ ਦਿਨ 'ਤੇ ਜ਼ਿਲ੍ਹਾ ਅਧਿਕਾਰੀਆਂ ਤੋਂ ਮੰਗ ਕੀਤੀ ਜਾਂਦੀ ਹੈ ਕਿ ਉਹਨਾਂ ਨੂੰ ਇਸ ਸੰਬੰਧੀ ਦਿੱਤੀਆਂ ਦਰਖਾਸਤਾਂ 'ਤੇ ਅਮਲ ਲਿਆਂਦਾ ਜਾਏ।

 # ਸੰਪਰਕ : 97806-02066

ਪੰਜਾਬ ਸਥਾਨਕ ਚੋਣਾਂ : ਸਿਆਸੀ ਪਾਰਟੀਆਂ ਲਈ ਸਬਕ

ਪੰਜਾਬ ਵਿੱਚ ਹਾਲ ਹੀ ਵਿੱਚ ਹੋਈਆਂ ਸਥਾਨਕ ਚੋਣਾਂ ਦੇ ਨਤੀਜੇ ਰਾਜ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਲੈ ਕੇ ਆਏ ਹਨ। ਇਨ੍ਹਾਂ ਚੋਣਾਂ ਵਿੱਚ ਭਾਜਪਾ ਦੇ ਮੁਕਾਬਲੇ ਆਜ਼ਾਦ ਉਮੀਦਵਾਰਾਂ ਨੇ ਬਿਹਤਰ ਪ੍ਰਦਰਸ਼ਨ ਕਰਦੇ ਹੋਏ 258 ਵਾਰਡਾਂ 'ਤੇ ਜਿੱਤ ਪ੍ਰਾਪਤ ਕੀਤੀ ਹੈ। ਇਸ ਵੱਡੀ ਸਫਲਤਾ ਤੋਂ ਬਾਅਦ ਹੁਣ ਇਹ ਸਵਾਲ ਪੈਦਾ ਹੁੰਦਾ ਹੈ ਕਿ ਕੀ ਕਈ ਥਾਵਾਂ 'ਤੇ ਇਹ ਆਜ਼ਾਦ ਉਮੀਦਵਾਰ ਸੱਤਾ ਦੇ ਸਮੀਕਰਨ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਹੀਂ ਨਿਭਾਉਣਗੇ ?

ਦੂਜਾ ਵੱਡਾ ਸਵਾਲ ਇਹ ਵੀ ਹੈ ਕਿ ਐਡੀ ਵੱਡੀ ਗਿਣਤੀ ਵਿੱਚ ਆਜ਼ਾਦ ਉਮੀਦਵਾਰਾਂ ਦਾ ਜਿੱਤਣਾ ਕੀ ਸਿਆਸੀ ਪਾਰਟੀਆਂ ਦੀ ਕਾਰਗੁਜ਼ਾਰੀ ਤੋਂ ਜਨਤਾ ਦੇ ਮੂੰਹ ਮੋੜਨ ਦਾ ਸੰਕੇਤ ਨਹੀਂ? ਇਹ ਉਹ ਪਾਰਟੀਆਂ ਹਨ, ਜਿਨ੍ਹਾਂ ਪੰਜਾਬ ਦੇ ਵਿਕਾਸ, ਖ਼ਾਸ ਕਰਕੇ ਸ਼ਹਿਰੀ ਵਿਕਾਸ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਤੋਂ ਲਗਾਤਾਰ ਅਵੇਸਲਾਪ4 ਬਣਾਈ ਰੱਖਿਆ ਹੈ।

ਜੇਕਰ ਅਸੀਂ ਛੋਟੇ ਸ਼ਹਿਰਾਂ, ਕਸਬਿਆਂ ਅਤੇ ਵੱਡੇ ਸ਼ਹਿਰਾਂ ਦੇ ਹਾਲਾਤ ਵੇਖੀਏ, ਤਾਂ ਸਥਿਤੀ ਬਹੁਤ ਚਿੰਤਾਜਨਕ ਹੈ। ਸ਼ਹਿਰ ਗੰਦਗੀ ਨਾਲ ਭਰੇ ਪਏ ਹਨ ਅਤੇ ਸੀਵਰੇਜ ਸਿਸਟਮ ਜਾਮ ਹਨ। ਸੜਕਾਂ ਟੁੱਟੀਆਂ ਹੋਈਆਂ ਹਨ ਅਤੇ ਸਟ੍ਰੀਟ ਲਾਈਟਾਂ ਦਾ ਪ੍ਰਬੰਧ ਬੇਹੱਦ ਖਸਤਾ ਹੈ। ਗਲੀਆਂ ਅਤੇ ਸੜਕਾਂ ਵਿੱਚ ਅਵਾਰਾ ਕੁੱਤੇ ਤੇ ਜਾਨਵਰ ਘੁੰਮਦੇ ਰਹਿੰਦੇ ਹਨ।

ਮਿਊਂਸਪਲ ਕਮੇਟੀਆਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ, ਜੋ ਇਸ ਪ੍ਰਬੰਧਨ ਲਈ ਜ਼ਿੰਮੇਵਾਰ ਹਨ, ਉਹ ਇਸ ਸਭ ਤੋਂ ਅੱਖਾਂ ਮੀਟੀ ਬੈਠੀਆਂ ਹਨ। ਪੰਜਾਬ, ਜਿਹੜਾ ਕਦੇ ਵਾਤਾਵਰਣ ਪੱਖੋਂ ਹਰਿਆ-ਭਰਿਆ ਸੀ ਅਤੇ ਜਿਸ ਦੇ ਸ਼ਹਿਰ ਸਾਫ਼-ਸੁਥਰੇ ਸਨ, ਅੱਜ ਉਸ ਦਾ ਬੁਨਿਆਦੀ ਢਾਂਚਾ ਦੂਜੇ ਸੂਬਿਆਂ ਦੇ ਮੁਕਾਬਲੇ ਚਰਮਰਾਇਆ ਹੋਇਆ ਦਿਖਾਈ ਦਿੰਦਾ ਹੈ।

ਇਸ ਦਾ ਮੁੱਖ ਕਾਰਨ ਇਹ ਹੈ ਕਿ ਸੂਬੇ ਦੇ ਨੇਤਾ ਸ਼ਹਿਰੀ ਵਿਕਾਸ ਕਾਰਜਾਂ ਵੱਲ ਉਚਿਤ ਧਿਆਨ ਨਹੀਂ ਦੇ ਰਹੇ। ਦੂਜੇ ਪਾਸੇ, ਪਿੰਡਾਂ ਅਤੇ ਬਾਹਰਲੇ ਸੂਬਿਆਂ ਤੋਂ ਆਏ ਪ੍ਰਵਾਸੀਆਂ ਕਾਰਨ ਸ਼ਹਿਰਾਂ ਵਿੱਚ ਬਿਨਾਂ ਪਲੈਨਿੰਗ ਦੇ ਬਸਤੀਆਂ ਬਣ ਰਹੀਆਂ ਹਨ, ਜਿੱਥੇ ਸਫ਼ਾਈ, ਪਾਣੀ ਅਤੇ ਬਿਜਲੀ ਦਾ ਕੋਈ ਪੁਖਤਾ ਪ੍ਰਬੰਧ ਨਹੀਂ । ਇਸ ਸਭ ਦੀ ਸਮੁੱਚੀ ਜ਼ਿੰਮੇਵਾਰੀ ਇਨ੍ਹਾਂ ਸਥਾਨਕ ਸਰਕਾਰਾਂ 'ਤੇ ਹੀ ਆਉਂਦੀ ਹੈ।

ਇੱਕ ਹੋਰ ਅਹਿਮ ਅਤੇ ਕੌੜੀ ਸੱਚਾਈ ਇਹ ਵੀ ਹੈ ਕਿ ਸਥਾਨਕ ਸਰਕਾਰਾਂ ਨੂੰ ਅਸਲ ਮਾਇਨਿਆਂ ਵਿੱਚ ਸੂਬਾ ਸਰਕਾਰਾਂ ਸੁਤੰਤਰ ਰੂਪ ਵਿੱਚ ਕੰਮ ਹੀ ਨਹੀਂ ਕਰਨ ਦਿੰਦੀਆਂ। ਜਿਸ ਤਰ੍ਹਾਂ ਅਕਸਰ ਇਹ ਇਲਜ਼ਾਮ ਲੱਗਦਾ ਹੈ ਕਿ ਕੇਂਦਰ ਸਰਕਾਰ ਸੂਬਾ ਸਰਕਾਰਾਂ ਦੇ ਅਧਿਕਾਰਾਂ 'ਤੇ ਡਾਕਾ ਮਾਰਦੀ ਹੈ ਅਤੇ ਉਨ੍ਹਾਂ ਨੂੰ ਕੰਮ ਕਰਨ ਵਿੱਚ ਰੋੜਾ ਬਣਦੀ ਹੈ, ਬਿਲਕੁਲ ਉਹੀ ਰਵੱਈਆ ਸੂਬਾ ਸਰਕਾਰਾਂ ਇਨ੍ਹਾਂ ਸਥਾਨਕ ਸਰਕਾਰਾਂ (ਨਗਰ ਨਿਗਮਾਂ ਅਤੇ ਕੌਂਸਲਾਂ) ਪ੍ਰਤੀ ਅਪਣਾਉਂਦੀਆਂ ਹਨ। ਸੂਬਾ ਸਰਕਾਰਾਂ ਇਨ੍ਹਾਂ ਸੰਸਥਾਵਾਂ ਨੂੰ ਸਿਰਫ਼ ਆਪਣਾ ਹੱਥ-ਠੋਕਾ (ਕਠਪੁਤਲੀ) ਬਣਾ ਕੇ ਰੱਖਣਾ ਚਾਹੁੰਦੀਆਂ ਹਨ।

ਗੁਰਮੀਤ ਸਿੰਘ ਪਲਾਹੀ

ਸ਼ਹਿਰਾਂ ਦੇ ਵਿਕਾਸ ਲਈ ਲੋੜੀਂਦੇ ਫੰਡ ਜਾਰੀ ਕਰਨ ਵਿੱਚ ਲਗਾਤਾਰ ਆਨਾਕਾਨੀ ਕੀਤੀ ਜਾਂਦੀ ਹੈ ਅਤੇ ਜਾਇਜ਼ ਗ੍ਰਾਂਟਾਂ ਦੇਣ ਵੇਲੇ ਵੀ ਸਿਆਸੀ ਪੱਖਪਾਤ ਜਾਂ ਔਖਿਆਈ ਖੜ੍ਹੀ ਕੀਤੀ ਜਾਂਦੀ ਹੈ। ਵਿੱਤੀ ਤੌਰ 'ਤੇ ਕੰਗਾਲ ਕਰ ਦਿੱਤੇ ਜਾਣ ਕਾਰਨ ਸਥਾਨਕ ਸਰਕਾਰਾਂ ਦੀ ਅਸਲ ਭੂਮਿਕਾ ਅਤੇ ਤਾਕਤ ਬਹੁਤ ਘਟ ਜਾਂਦੀ ਹੈ। ਨਤੀਜਾ ਇਹ ਨਿਕਲਦਾ ਹੈ ਕਿ ਜਿਹੜੇ ਨੁਮਾਇੰਦੇ ਲੋਕਾਂ ਦੀਆਂ ਵੋਟਾਂ ਲੈ ਕੇ ਚੁਣੇ ਜਾਂਦੇ ਹਨ, ਉਹ ਅਸਲ ਮਾਇਨਿਆਂ ਵਿੱਚ ਜਨਤਾ ਦੇ ਕੰਮ ਕਰਨ ਦੀ ਬਜਾਏ, ਸਰਕਾਰ ਦੇ ਉੱਚ ਅਧਿਕਾਰੀਆਂ, ਜਿਵੇਂ ਕਿ ਆਈ ਏ ਐੱਸ ਅਫ਼ਸਰਾਂ ਜਾਂ ਲੋਕਲ ਬਾਡੀਜ਼ ਦੇ ਪ੍ਰਸ਼ਾਸਕਾਂ ਦੇ ਦਫ਼ਤਰਾਂ ਦੇ ਚੱਕਰ ਕੱਟਣ ਅਤੇ ਉਨ੍ਹਾਂ ਦੀ ਜੀ-ਹਜ਼ੂਰੀ ਕਰਨ ਜੋਗੇ ਹੀ ਰਹਿ ਜਾਂਦੇ ਹਨ। ਲੋਕਤੰਤਰ ਦਾ ਅਸਲ ਵਿਕੇਂਦਰੀਕਰਨ ਸਿਰਫ਼ ਕਾਗਜ਼ਾਂ ਤੱਕ ਸੀਮਤ ਹੋ ਕੇ ਰਹਿ ਗਿਆ ਹੈ।

ਸਿਆਸੀ ਪਾਰਟੀਆਂ ਇਨ੍ਹਾਂ ਸਥਾਨਕ ਸਰਕਾਰਾਂ ਨੂੰ ਆਪਣੇ ਨਿੱਜੀ ਹਿੱਤਾਂ ਲਈ ਵਰਤਦੀਆਂ ਹਨ ਅਤੇ ਆਪਣੇ ਚੋਣ ਨਿਸ਼ਾਨਾਂ 'ਤੇ ਚੋਣਾਂ ਲੜਾਉਂਦੀਆਂ ਹਨ। ਇਨ੍ਹਾਂ ਪਾਰਟੀਆਂ ਨੇ ਸਥਾਨਕ ਸਰਕਾਰਾਂ ਦਾ ਪੂਰੀ ਤਰ੍ਹਾਂ ਸਿਆਸੀਕਰਨ ਕਰ ਦਿੱਤਾ ਹੈ, ਜਦੋਂ ਕਿ ਇਹ ਸੰਸਥਾਵਾਂ ਅਸਲ ਵਿੱਚ ਲੋਕਾਂ ਦੇ ਭਲੇ, ਸਥਾਨਕ ਕੰਮਾਂ ਅਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਨ ਲਈ ਬਣਾਈਆਂ ਗਈਆਂ ਸਨ।

ਹੁਣ ਦੇਖਣਾ ਇਹ ਹੈ ਕਿ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਇਨ੍ਹਾਂ ਸਥਾਨਕ ਚੋਣਾਂ ਦੇ ਨਤੀਜੇ ਕੀ ਮਹੱਤਵ ਰੱਖਦੇ ਹਨ? ਲਗਭਗ ਸਾਰੀਆਂ ਸਿਆਸੀ ਪਾਰਟੀਆਂ ਨੇ ਸ਼ਹਿਰਾਂ ਵਿੱਚ ਆਪਣੀ ਤਾਕਤ ਪਰਖਣ ਅਤੇ 2027 ਦੀ ਰਣਨੀਤੀ ਤਿਆਰ ਕਰਨ ਲਈ ਇਹ ਚੋਣਾਂ ਆਪਣੇ ਚੋਣ ਨਿਸ਼ਾਨਾਂ 'ਤੇ ਲੜੀਆਂ ਸਨ।

ਇਨ੍ਹਾਂ ਚੋਣਾਂ ਵਿੱਚ ਕੁੱਲ 1977 ਵਾਰਡ ਸਨ। 8 ਨਗਰ ਨਿਗਮਾਂ- ਬਟਾਲਾ, ਅਬੋਹਰ, ਬਠਿੰਡਾ, ਬਰਨਾਲਾ, ਕਪੂਰਥਲਾ, ਮੋਗਾ, ਪਠਾਨਕੋਟ ਅਤੇ ਮੁਹਾਲੀ ਵਿੱਚ ਇਹ ਚੋਣਾਂ ਕਰਵਾਈਆਂ ਗਈਆਂ। 8 ਨਗਰ ਨਿਗਮਾਂ ਵਿੱਚੋਂ 5 ਉੱਤੇ ਆਮ ਆਦਮੀ ਪਾਰਟੀ ਨੇ ਜਿੱਤ ਹਾਸਲ ਕੀਤੀ, ਜਦਕਿ ਭਾਜਪਾ ਅਤੇ ਕਾਂਗਰਸ ਨੂੰ 1-1 ਨਿਗਮ 'ਤੇ ਜਿੱਤ ਮਿਲੀ। ਕੁੱਲ 75 ਨਗਰ ਕੌਂਸਲਾਂ ਅਤੇ 20 ਨਗਰ ਪੰਚਾਇਤਾਂ ਦੀਆਂ ਚੋਣਾਂ ਵਿੱਚ ਵੀ ਮੌਕੇ ਦੀ ਹਾਕਮ ਧਿਰ 'ਆਪ' ਨੇ ਬਾਜ਼ੀ ਮਾਰੀ, ਜਦਕਿ ਕਾਂਗਰਸ ਦੂਜੇ ਨੰਬਰ 'ਤੇ ਰਹੀ। ਕੁੱਲ 1977 ਵਾਰਡਾਂ ਵਿੱਚੋਂ 'ਆਪ' ਨੇ 958, ਕਾਂਗਰਸ ਨੇ 397, ਅਕਾਲੀ ਦਲ ਨੇ 192, ਭਾਜਪਾ ਨੇ 172 ਅਤੇ ਆਜ਼ਾਦ ਉਮੀਦਵਾਰਾਂ ਨੇ 258 ਵਾਰਡਾਂ 'ਤੇ ਜਿੱਤ ਪ੍ਰਾਪਤ ਕੀਤੀ। ਇਹ ਚੋਣਾਂ ਬੈਲਟ ਪੇਪਰ ਰਾਹੀਂ ਕਰਵਾਈਆਂ ਗਈਆਂ ਸਨ। ਇਨ੍ਹਾਂ ਚੋਣ ਨਤੀਜਿਆਂ 'ਤੇ 'ਆਪ' ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਕੰਮਾਂ ਦੀ ਸ਼ਲਾਘਾ ਕੀਤੀ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਨਫ਼ਰਤ ਦੀ ਰਾਜਨੀਤੀ ਨੂੰ ਨਕਾਰਦਿਆਂ ਭਾਜਪਾ ਨੂੰ ਪੰਜਵੇਂ ਸਥਾਨ 'ਤੇ ਧੱਕ ਦਿੱਤਾ ਹੈ। ਨਗਰ ਨਿਗਮਾਂ ਵਿੱਚ 'ਆਪ' ਨੂੰ 37.75 ਫੀਸਦੀ, ਭਾਜਪਾ ਨੂੰ 15.50 ਫੀਸਦੀ ਅਤੇ ਕਾਂਗਰਸ ਨੂੰ 16.5 ਫੀਸਦੀ ਵੋਟਾਂ ਮਿਲੀਆਂ।

ਨਗਰ ਕੌਂਸਲਾਂ ਵਿੱਚ 'ਆਪ' ਦੀ ਵੋਟ ਪ੍ਰਤੀਸ਼ਤ 47.33 ਫੀਸਦੀ, ਭਾਜਪਾ ਦੀ 7.29 ਫੀਸਦੀ ਅਤੇ ਕਾਂਗਰਸ ਦੀ 19.76 ਫੀਸਦੀ ਰਹੀ । ਨਗਰ ਪੰਚਾਇਤਾਂ ਵਿੱਚ 'ਆਪ' ਨੂੰ 42. 68 ਫੀਸਦੀ, ਕਾਂਗਰਸ ਨੂੰ 10.57 ਫੀਸਦੀ, ਭਾਜਪਾ ਨੂੰ 0 ਫੀਸਦੀ ਵੋਟਾਂ ਮਿਲੀਆਂ, ਜਦਕਿ ਅਕਾਲੀ ਦਲ 26.83 ਫੀਸਦੀ ਵੋਟਾਂ ਲੈ ਗਿਆ। ਅਕਾਲੀ ਦਲ ਵੱਡੇ ਅਤੇ ਛੋਟੇ ਸ਼ਹਿਰਾਂ ਵਿੱਚ ਚੰਗੀ ਕਾਰਗੁਜ਼ਾਰੀ ਨਹੀਂ ਦਿਖਾ ਸਕਿਆ, ਪਰ ਪੇਂਡੂ ਖੇਤਰਾਂ ਵਿੱਚ ਉਸ ਨੇ ਕੁਝ ਬਿਹਤਰ ਪ੍ਰਦਰਸ਼ਨ ਕੀਤਾ ਹੈ।

ਇਸ ਕਾਰਗੁਜ਼ਾਰੀ ਤੋਂ ਇੰਝ ਲੱਗਦਾ ਹੈ ਜਿਵੇਂ 'ਆਪ' ਨੇ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸੈਮੀਫਾਈਨਲ ਜਿੱਤ ਲਿਆ ਹੋਵੇ। ਵਿਰੋਧੀ ਧਿਰਾਂ ਇਨ੍ਹਾਂ ਚੋਣਾਂ ਨੂੰ 'ਸੱਤਾ ਵਿਰੋਧੀ ਲਹਿਰ' ਵਜੋਂ ਪੇਸ਼ ਕਰ ਰਹੀਆਂ ਸਨ, ਪਰ ਵੋਟ ਪ੍ਰਤੀਸ਼ਤ ਦੇ ਅੰਕੜੇ ਦੱਸਦੇ ਹਨ ਕਿ ਜਨਤਾ ਨੇ ਸੱਤਾ ਵਿਰੋਧੀ ਫੈਸਲਾ ਨਹੀਂ ਦਿੱਤਾ ਅਤੇ ਆਮ ਆਦਮੀ ਪਾਰਟੀ ਨੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਆਪਣੀ ਮੌਜੂਦਗੀ ਬਣਾਈ ਰੱਖੀ ਹੈ।

ਹਾਲਾਂਕਿ, ਜਿੱਤ ਦਾ ਇਹ ਫਰਕ ਏਨਾ ਵੱਡਾ ਵੀ ਨਹੀਂ ਕਿ ਵਿਰੋਧੀ ਧਿਰ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਜਾ ਸਕੇ। ਇਨ੍ਹਾਂ ਚੋਣਾਂ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਸਿਰਫ਼ ਨਾਅਰਿਆਂ ਨਾਲ ਚੋਣਾਂ ਨਹੀਂ ਜਿੱਤੀਆਂ ਜਾ ਸਕਦੀਆਂ, ਅਸਲ ਨਿਖੇੜਾ ਅਮਲ (ਕੰਮ) ਹੀ ਕਰਦਾ ਹੈ।

ਪੰਜਾਬ ਦੇ ਲੋਕ ਵਿਕਾਸ, ਸੁਸ਼ਾਸਨ, ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਅਤੇ ਸ਼ਾਸਨ ਵਿੱਚ ਆਪਣੀ ਭਾਈਵਾਲੀ ਚਾਹੁੰਦੇ ਹਨ ਤਾਂ ਜੋ ਪੰਜਾਬ ਖੁਸ਼ਹਾਲ ਹੋ ਸਕੇ। ਸਿਰਫ਼ ਸਿਆਸਤ ਕਰਕੇ ਪੰਜਾਬੀਆਂ ਦੇ ਦਿਲ ਜਿੱਤਣਾ ਮੁਸ਼ਕਲ ਹੈ।

ਇਨ੍ਹਾਂ ਚੋਣਾਂ ਵਿੱਚ ਸ਼ਹਿਰੀ ਖੇਤਰਾਂ ਦੀ ਪਾਰਟੀ ਕਹੀ ਜਾਣ ਵਾਲੀ ਭਾਜਪਾ ਨੂੰ ਲੋਕਾਂ ਨੇ ਸ਼ਹਿਰਾਂ ਵਿੱਚ ਹੀ ਪਛਾੜ ਦਿੱਤਾ ਹੈ। ਅਕਾਲੀ ਦਲ ਨੂੰ ਵੀ ਪਿੰਡਾਂ ਵਿੱਚੋਂ ਉਹ ਹੁੰਗਾਰਾ ਨਹੀਂ ਮਿਲਿਆ, ਜਦਕਿ ਕਾਂਗਰਸ ਨੂੰ ਆਪਣੀ ਆਪਸੀ ਫੁੱਟ ਕਾਰਨ ਹਾਰ ਦਾ ਸਾਹਮਣਾ ਕਰਨਾ ਪਿਆ। ਅਸਲ ਵਿੱਚ ਲੋਕ ਸਥਾਨਕ ਸਰਕਾਰਾਂ ਨੂੰ ਆਪਣੇ ਰਾਜ-ਭਾਗ ਅਤੇ ਆਪਣੀ ਭਾਈਵਾਲੀ ਦਾ ਪ੍ਰਤੀਕ ਮੰਨਦੇ ਹਨ, ਇਸੇ ਕਰਕੇ ਉਹ ਸਥਾਨਕ ਮੁੱਦਿਆਂ ਨੂੰ ਪਹਿਲ ਦੇ ਕੇ ਆਪਣੇ ਨੁਮਾਇੰਦਿਆਂ ਦੀ ਚੋਣ ਕਰਦੇ ਹਨ।

 # ਸੰਪਰਕ : 98158-02070

'ਆਪ' ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਦਾ ਕਾਲੀਆਂ ਝੰਡੀਆਂ ਨਾਲ ਜ਼ੋਰਦਾਰ ਵਿਰੋਧ

ਚੰਡੀਗੜ੍ਹ ਪੰਜਾਬ ਨੂੰ ਦੇਣ ਦਾ ਮੁੱਖ ਮੰਤਰੀ ਨਾਇਬ ਸੈਣੀ ਸਭ ਤੋਂ ਵੱਡਾ ਵਿਰੋਧੀ : ਢਿੱਲੋਂ, ਭਸੌੜ, ਚੱਠਾ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਐਤਵਾਰ ਧੂਰੀ ਫ਼ੇਰੀ ਮੌਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ, ਜਦੋਂ ਆਮ ਆਦਮੀ ਪਾਰਟੀ ਹਲਕਾ ਧੂਰੀ ਦੇ ਸੀਨੀਅਰ ਆਗੂਆਂ ਤੇ ਸੈਂਕੜੇ ਕਾਰਕੁੰਨਾਂ ਵੱਲੋਂ ਮੁੱਖ ਮੰਤਰੀ ਸੈਣੀ ਦੇ ਕਾਫ਼ਲੇ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ। 'ਆਪ' ਵਰਕਰਾਂ ਨੇ ਹੱਥਾਂ ਵਿੱਚ ਕਾਲੀਆਂ ਝੰਡੀਆਂ ਫੜ ਕੇ ਕੇਂਦਰ ਸਰਕਾਰ ਤੇ ਹਰਿਆਣਾ ਦੇ ਮੁੱਖ ਮੰਤਰੀ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਭਾਜਪਾ ਹਮੇਸ਼ਾ ਤੋਂ ਪੰਜਾਬ ਤੇ ਕਿਸਾਨ ਵਿਰੋਧੀ ਰਹੀ ਹੈ ਅਤੇ ਇਸ ਦੇ ਆਗੂਆਂ ਨੂੰ ਪੰਜਾਬ ਦੀ ਧਰਤੀ 'ਤੇ ਆਉਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ।ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਤੇ ਪਾਰਟੀ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਸਾਂਝੇ ਤੌਰ 'ਤੇ ਭਾਜਪਾ ਉੱਪਰ ਤਿੱਖੇ ਸਿਆਸੀ ਹਮਲੇ ਕੀਤੇ।ਉਨ੍ਹਾਂ ਕਿਹਾ ਕਿ ਭਾਜਪਾ 800 ਤੋਂ ਵੱਧ ਸ਼ਹੀਦ ਕਿਸਾਨਾਂ ਦੀ ਕਾਤਲ ਪਾਰਟੀ ਹੈ, ਜਿਸ ਨੇ ਹਮੇਸ਼ਾ ਅੰਨਦਾਤਾ ਨੂੰ ਸੜਕਾਂ 'ਤੇ ਰੁਲਣ ਲਈ ਮਜਬੂਰ ਕੀਤਾ।ਉਨ੍ਹਾਂ ਮੁੱਖ ਮੰਤਰੀ ਨਾਇਬ ਸੈਣੀ 'ਤੇ ਤਨਜ਼ ਕੱਸਦਿਆਂ ਕਿਹਾ ਕਿ ਇਹ ਵਕਤੀ ਲੋਕ ਹਨ, ਜੋ ਚੋਣਾਂ ਮੁਤਾਬਕ ਆਪਣੇ ਰੂਪ ਬਦਲਦੇ ਹਨ।ਜਿਵੇਂ ਪੱਛਮੀ ਬੰਗਾਲ ਦੀਆਂ ਚੋਣਾਂ ਵੇਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਵਿੰਦਰ ਨਾਥ ਟੈਗੋਰ ਦਾ ਰੂਪ ਧਾਰਿਆ ਸੀ, ਬਿਲਕੁਲ ਉਸੇ ਤਰਜ਼ 'ਤੇ ਹੁਣ ਮੁੱਖ ਮੰਤਰੀ ਨਾਇਬ ਸੈਣੀ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਸਿੱਖ ਦਾ ਰੂਪ ਧਾਰਨ ਕਰਕੇ ਘੁੰਮ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਲੋਕ ਇਨ੍ਹਾਂ ਦੀਆਂ ਚਾਲਾਂ ਵਿੱਚ ਨਹੀਂ ਆਉਣਗੇ।

'ਆਪ' ਆਗੂਆਂ ਨੇ ਕੇਂਦਰ ਤੇ ਹਰਿਆਣਾ ਸਰਕਾਰ ਵੱਲੋਂ ਪੰਜਾਬ ਦੇ ਹੱਕਾਂ 'ਤੇ ਮਾਰੇ ਜਾ ਰਹੇ ਡਾਕਿਆਂ ਦੀ ਸੂਚੀ ਸਾਂਝੀ ਕਰਦਿਆਂ ਕਿਹਾ ਕਿ ਭਾਜਪਾ ਨੇ ਲਗਾਤਾਰ ਪੰਜਾਬ ਦੇ ਸਰੋਤਾਂ ਨੂੰ ਲੁੱਟਣ ਦੀ ਕੋਸ਼ਿਸ਼ ਕੀਤੀ ਹੈ।ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤੇ ਪੰਜਾਬ ਯੂਨੀਵਰਸਿਟੀ 'ਤੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਇਸ ਦੀਆਂ ਪ੍ਰਤੱਖ ਉਦਾਹਰਨਾਂ ਹਨ।ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਲਗਾਤਾਰ ਐੱਸ ਵਾਈ ਐੱਲ ਦੀ ਆੜ ਹੇਠ ਪੰਜਾਬ ਦੇ ਪਾਣੀਆਂ 'ਤੇ ਡਾਕਾ ਮਾਰਨ ਦੀ ਫਿਰਾਕ ਵਿੱਚ ਹੈ ਤੇ ਚੰਡੀਗੜ੍ਹ, ਜੋ ਕਿ ਪੰਜਾਬ ਦਾ ਅਨਿੱਖੜਵਾਂ ਅੰਗ ਹੈ, ਉਸ ਨੂੰ ਪੰਜਾਬ ਨੂੰ ਸੌਂਪਣ ਦਾ ਸਭ ਤੋਂ ਵੱਧ ਵਿਰੋਧ ਖੁਦ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕਰ ਰਹੇ ਹਨ।ਇਸ ਰੋਸ ਪ੍ਰਦਰਸ਼ਨ ਤੇ ਮੀਟਿੰਗ ਦੌਰਾਨ ਸੰਗਰੂਰ ਦੇ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਰਛਪਾਲ ਸਿੰਘ ਭੁੱਲਰਹੇੜੀ, ਹਰਜਿੰਦਰ ਸਿੰਘ ਕਾਂਝਲਾ, ਅਮਰਦੀਪ ਧਾਂਦਰਾ, ਐਡਵੋਕੇਟ ਹੈਪੀ ਗਰਗ, ਪੁਸ਼ਪਿੰਦਰ ਸ਼ਰਮਾ, ਗਗਨ ਜਵੰਧਾ, ਬਲਵਿੰਦਰ ਸਿੰਘ ਬਿੱਲੂ ਤੇ ਪਰਮਿੰਦਰ ਸਿੰਘ ਨੂਰ ਔਲਖ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਆਗੂ ਤੇ 'ਆਪ' ਵਰਕਰ ਹਾਜ਼ਰ ਸਨ।

ਧਨੇਰ ਦੇ ਸਰਪੰਚ ਦੀ ਮੁਅੱਤਲੀ ਨੂੰ ਲੈ ਕੇ ਦੋ ਧਿਰਾਂ ਆਹਮੋ-ਸਾਹਮਣੇ

- ਇਕ ਧਿਰ ਵੱਲੋਂ ਸਰਪੰਚ ਦੇ ਹੱਕ 'ਚ ਧਰਨਾ ਭਲਕੇ
- ਦੂਜੀ ਧਿਰ ਨੇ ਫ਼ੈਸਲੇ ਨੂੰ ਠਹਿਰਾਇਆ ਸਹੀ, ਸਰਕਾਰੀ ਪੈਸੇ ਦੀ ਦੁਰਵਰਤੋਂ ਦਾ ਦੋਸ਼

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਧਨੇਰ ਦੀ ਸਰਪੰਚ ਅਮਨਪ੍ਰੀਤ ਕੌਰ ਨੂੰ ਮੁਅੱਤਲ ਕੀਤੇ ਜਾਣ ਦੇ ਮਾਮਲੇ ਨੇ ਸਿਆਸੀ ਤੂਲ ਫੜ ਲਿਆ ਹੈ।ਭਾਈ ਲਾਲੋਂ ਪੰਜਾਬੀ ਮੰਚ ਦੇ ਸੂਬਾ ਆਗੂ ਹਰਜੀਤ ਸਿੰਘ ਖਿਆਲੀ ਨੇ ਇਸ ਕਾਰਵਾਈ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਨੂੰ ਸਰਾਸਰ ਗਲਤ ਦੱਸਿਆ ਹੈ।ਉਨ੍ਹਾਂ ਐਲਾਨ ਕੀਤਾ ਕਿ ਇਸ ਖ਼ਿਲਾਫ਼ 9 ਜੂਨ ਨੂੰ ਬੀ.ਡੀ.ਪੀ.ਓ. ਦਫ਼ਤਰ ਮਹਿਲ ਕਲਾਂ ਦਾ ਘਿਰਾਓ ਕੀਤਾ ਜਾਵੇਗਾ।ਸਰਪੰਚ ਦੇ ਪਤੀ ਜਸਪਾਲ ਸਿੰਘ ਨੇ ਕਿਹਾ ਕਿ ਲੰਘੀਆਂ ਬਲਾਕ ਸੰਮਤੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਬੂਥ ਨਾ ਲਗਾਉਣ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਉਨ੍ਹਾਂ ਇਨਸਾਫ਼ ਦੀ ਮੰਗ ਕਰਦਿਆਂ ਇਲਾਕਾ ਨਿਵਾਸੀਆਂ ਨੂੰ 9 ਜੂਨ ਦੇ ਧਰਨੇ ਵਿੱਚ ਵੱਡੀ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ ਹੈ।ਇਸ ਮੌਕੇ ਸਰਪੰਚ ਅਮਨਪ੍ਰੀਤ ਕੌਰ, ਤਰਲੋਚਨ ਸਿੰਘ ਧਨੇਰ, ਹਰਦੀਪ ਸਿੰਘ ਦੀਪਾ, ਸੁੱਚਾ ਸਿੰਘ ਧਨੇਰ, ਪੰਚ ਜਗਰੂਪ ਸਿੰਘ, ਪੰਚ ਜਸਵਿੰਦਰ ਸਿੰਘ, ਪੰਚ ਜਸਵੰਤ ਸਿੰਘ, ਪੰਚ ਚਰਨਜੀਤ ਸਿੰਘ, ਪੰਚ ਮਨਪ੍ਰੀਤ ਕੌਰ, ਬਲਜੀਤ ਕੌਰ ਆਦਿ ਹਾਜ਼ਰ ਸਨ।

ਦੂਜੇ ਪਾਸੇ, ਪੰਚ ਬਲਜੀਤ ਕੌਰ ਪਤਨੀ ਤੇਜਿੰਦਰ ਸਿੰਘ ਧਨੇਰ ਤੇ ਪੰਚ ਬਲਜੀਤ ਕੌਰ ਪਤਨੀ ਕੁਲਵੀਰ ਸਿੰਘ ਨੇ ਪ੍ਰਸ਼ਾਸਨਕ ਕਾਰਵਾਈ ਨੂੰ ਬਿਲਕੁਲ ਜਾਇਜ਼ ਠਹਿਰਾਇਆ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਪਟਵਾਰੀ ਤੇ ਕਾਨੂੰਗੋ ਵੱਲੋਂ ਬਕਾਇਦਾ ਮਿਣਤੀ ਕੀਤੇ ਜਾਣ ਦੇ ਬਾਵਜੂਦ, ਪੰਚਾਇਤ ਨੇ ਸ਼ਾਮਲਾਟ ਜ਼ਮੀਨ ਤੋਂ ਨਾਜਾਇਜ਼ ਕਬਜ਼ਾ ਨਹੀਂ ਛੁਡਵਾਇਆ ਤੇ ਕੁਝ ਲੋਕ ਆਪਣੇ ਨਿੱਜੀ ਹਿੱਤਾਂ ਲਈ ਇਸ ਮਾਮਲੇ ਨੂੰ ਸਿਆਸੀ ਰੰਗਤ ਦੇ ਰਹੇ ਹਨ।ਉਨ੍ਹਾਂ ਇਹ ਗੰਭੀਰ ਦੋਸ਼ ਵੀ ਲਗਾਇਆ ਕਿ ਗ੍ਰਾਮ ਪੰਚਾਇਤ ਵੱਲੋਂ ਵਿਦਿਆਰਥੀਆਂ ਦੇ ਖੇਡ ਮੈਦਾਨ ਦੀ ਤਰਸਯੋਗ ਹਾਲਤ ਵੱਲ ਧਿਆਨ ਦੇਣ ਦੀ ਬਜਾਏ, ਛੱਪੜ ਦੀ ਚਾਰਦੀਵਾਰੀ 'ਤੇ ਲੱਖਾਂ ਰੁਪਏ ਬਰਬਾਦ ਕੀਤੇ ਗਏ ਹਨ।ਵਿਰੋਧੀ ਧਿਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਪੈਸੇ ਦੀ ਦੁਰਵਰਤੋਂ ਦੀ ਨਿਰਪੱਖ ਜਾਂਚ ਵਿਜੀਲੈਂਸ ਤੋਂ ਕਰਵਾਈ ਜਾਵੇ ਤੇ ਸ਼ਾਮਲਾਟ 'ਤੇ ਕਾਬਜ਼ ਪੰਚਾਂ ਤੇ ਨੰਬਰਦਾਰਾਂ ਦੀ ਪਛਾਣ ਕਰਕੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਦੁਕਾਨਦਾਰ ਕਤਲ ਮਾਮਲੇ 'ਚ ਸ਼ਾਮਲ ਦੋ ਸ਼ੂਟਰ ਜੰਮੂ-ਕਸ਼ਮੀਰ ਤੋਂ ਕਾਬੂ

ਮੁਲਜ਼ਮ ਵਿਸ਼ਨੂੰ 'ਤੇ ਰਾਜਸਥਾਨ ਪੁਲਸ ਨੇ ਰੱਖਿਐ 10 ਹਜ਼ਾਰ ਦਾ ਇਨਾਮ : ਡੀ ਜੀ ਪੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਦਰਜ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐੱਫ) ਪੰਜਾਬ ਨੇ ਫਿਰੋਜ਼ਪੁਰ ਪੁਲਸ ਤੇ ਜੰਮੂ-ਕਸ਼ਮੀਰ ਪੁਲਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਫਿਰੋਜ਼ਪੁਰ ਦੇ ਇਕ ਦੁਕਾਨਦਾਰ ਦੇ ਕਤਲ ਕੇਸ ਵਿੱਚ ਸ਼ਾਮਲ ਰਾਜਸਥਾਨ ਅਧਾਰਤ ਦੋ ਸ਼ੂਟਰਾਂ ਨੂੰ ਜੰਮੂ-ਕਸ਼ਮੀਰ ਤੋਂ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਪੁਲਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਵਿਸ਼ਨੂੰ ਕੁਮਾਰ ਵਾਸੀ ਰੂਪਬਾਸ ਭਰਤਪੁਰ (ਰਾਜਸਥਾਨ) ਤੇ ਰਾਹੁਲ ਮਹਾਵਰ ਵਾਸੀ ਅਨੰਤਪੁਰਾ ਕੋਟਾ (ਰਾਜਸਥਾਨ) ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇਕ .30 ਬੋਰ ਦਾ ਬੇਰੇਟਾ ਪਿਸਤੌਲ ਸਮੇਤ 10 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਜਾਣਕਾਰੀ ਅਨੁਸਾਰ ਮੋਟਰਸਾਈਕਲ 'ਤੇ ਸਵਾਰ ਦੋ ਹਮਲਾਵਰਾਂ ਨੇ 1 ਜੂਨ 2026 ਨੂੰ ਫਿਰੋਜ਼ਪੁਰ ਦੇ ਮਖੂ ਵਿਖੇ ਗਾਬਾ ਜਨਰਲ ਸਟੋਰ ਦੇ ਮਾਲਕ ਗੁਰਚਰਨ ਸਿੰਘ ਗਾਬਾ ਦੀ ਤਿੰਨ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਸੀ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਵਿਸ਼ਨੂੰ ਦਾ ਜਬਰਨ ਵਸੂਲੀ, ਡਕੈਤੀ, ਚੋਰੀ ਤੇ ਅਸਲਾ ਐਕਟ ਦੀ ਉਲੰਘਣਾ ਨਾਲ ਸਬੰਧਤ ਅਪਰਾਧਿਕ

ਪਿਛੋਕੜ ਹੈ ਤੇ ਉਸ 'ਤੇ ਰਾਜਸਥਾਨ ਪੁਲਸ ਵੱਲੋਂ 10,000 ਰੁਪਏ ਦਾ ਇਨਾਮ ਰੱਖਿਆ ਗਿਆ ਹੈ। ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ (ਏਡੀਜੀਪੀ) ਏਜੀਟੀਐੱਫ ਪ੍ਰਮੋਦ ਬਾਨ ਨੇ ਕਿਹਾ ਕਿ ਵਾਰਦਾਤ ਤੋਂ ਬਾਅਦ ਏਜੀਟੀਐੱਫ ਪੰਜਾਬ ਵੱਲੋਂ ਡੀਐੱਸਪੀ ਰਾਜਨ ਪਰਮਿੰਦਰ ਸਿੰਘ ਦੀ ਨਿਗਰਾਨੀ ਹੇਠ 'ਹਿੱਲ ਟਰੈਪ' ਨਾਂ ਦਾ ਵਿਸ਼ੇਸ਼ ਆਪ੍ਰੇਸ਼ਨ ਚਲਾਇਆ ਗਿਆ ਤੇ ਰਾਜਸਥਾਨ ਵਿਚ ਵੱਡੇ ਪੱਧਰ 'ਤੇ ਛਾਪੇਮਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਛਾਪੇਮਾਰੀਆਂ ਦੌਰਾਨ ਪੁਖ਼ਤਾ ਇਤਲਾਹ ਮਿਲੀ ਸੀ ਕਿ ਮੁਲਜ਼ਮਾਂ ਦੀਆਂ ਜੰਮੂ ਤੇ ਕਸ਼ਮੀਰ ਵਿੱਚ ਛੁਪਣਗਾਹਾਂ ਹਨ, ਜਿਸ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਏਜੀਟੀਐੱਫ ਪੰਜਾਬ, ਫਿਰੋਜ਼ਪੁਰ ਪੁਲਸ ਅਤੇ ਜੰਮੂ ਤੇ ਕਸ਼ਮੀਰ ਪੁਲਸ ਵੱਲੋਂ ਸਾਂਝਾ ਆਪ੍ਰੇਸ਼ਨ ਚਲਾਇਆ ਗਿਆ। ਏਡੀਜੀਪੀ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਜੰਮੂ ਤੇ ਕਸ਼ਮੀਰ ਵਿੱਚ ਪੁਲਸ ਸਟੇਸ਼ਨ ਕੁੱਦ ਨੇੜੇ ਪਤਨੀਟੌਪ-ਕੁੱਦ ਰੋਡ 'ਤੇ ਲਗਾਏ ਨਾਕੇ 'ਤੇ ਰੋਕਿਆ ਗਿਆ। ਪੁਲਸ ਟੀਮ ਨੂੰ ਦੇਖਦਿਆਂ ਮੁਲਜ਼ਮਾਂ ਨੇ ਫ਼ਰਾਰ ਹੋਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਬੜੀ ਮੁਸ਼ਤੈਦੀ ਨਾਲ ਦੋਵਾਂ ਮੁਲਜ਼ਮਾਂ ਨੂੰ ਇਕ ਪਿਸਤੌਲ ਸਮੇਤ ਕਾਬੂ ਕਰ ਲਿਆ। ਫਿਰੋਜ਼ਪੁਰ ਦੇ ਸੀਨੀਅਰ ਸੁਪਰਡੈਂਟ (ਐੱਸਐੱਸਪੀ) ਭੁਪਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੁਲਸ ਟੀਮਾਂ ਹੁਣ ਘਟਨਾ ਪਿਛਲੀ ਅਸਲ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਵਿੱਚ ਜੁਟੀਆਂ ਹਨ, ਜਿਸ ਤਹਿਤ ਹਮਲੇ ਦੀ ਯੋਜਨਾ ਬਣਾਉਣ ਵਾਲੇ, ਵਿੱਤੀ ਸਹਾਇਤਾ ਜਾਂ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਵਾਲੇ ਵਿਅਕਤੀਆਂ ਦੀ ਭਾਲ ਕੀਤੀ ਜਾ ਰਹੀ ਹੈ। ਇਸ ਸਬੰਧੀ ਐੱਫਆਈਆਰ ਨੰਬਰ 111 ਮਿਤੀ 1 ਜੂਨ 2026 ਨੂੰ ਬੀਐੱਨਐੱਸ ਦੀ ਧਾਰਾ 103 ਅਤੇ 3(5) ਤੇ ਅਸਲਾ ਐਕਟ ਦੀ ਧਾਰਾ 25 ਤੇ 27 ਤਹਿਤ ਫਿਰੋਜ਼ਪੁਰ ਦੇ ਪੁਲਸ ਸਟੇਸ਼ਨ ਮਖੂ ਵਿਖੇ ਪਹਿਲਾਂ ਹੀ ਕੇਸ ਦਰਜ ਕੀਤਾ ਜਾ ਚੁੱਕਾ ਹੈ।

ਮਾਨ ਸਰਕਾਰ ਨੇ ਸੂਬੇ ਨੂੰ ਕੰਗਾਲੀ ਵੱਲ ਧੱਕਿਆ : ਚੌਹਾਨ/ਉੱਡਤ

ਪੰਜਾਬ ਦੀਆਂ ਮੰਗਾਂ ਤੇ ਮਸਲਿਆਂ ਸਬੰਧੀ ਕਨਵੈਨਸ਼ਨ ਅੱਜ



ਮਾਨਸਾ (ਆਤਮਾ ਸਿੰਘ ਪਮਾਰ)-ਸੂਬੇ 'ਚ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਣੀ ਅਖੌਤੀ ਬਦਲਾਅ ਦੀ ਸਰਕਾਰ ਵੱਲੋਂ ਆਮ ਲੋਕਾਂ ਨੂੰ ਕੰਗਾਲੀ ਵੱਲ ਧੱਕਿਆ ਜਾ ਰਿਹਾ ਹੈ।ਮੌਜੂਦਾ ਦੌਰ ਸਮੇਂ ਪੰਜਾਬ ਆਰਥਿਕ ਸਮਾਜਿਕ ਤੇ ਰਾਜਨੀਤਕ ਨਾ-ਬਰਾਬਰੀ ਕਰਕੇ ਡੂੰਘੇ ਸੰਕਟ ਦਾ ਸ਼ਿਕਾਰ ਹੋ ਰਿਹਾ ਹੈ।ਨਸ਼ਾ ਗੈਂਗਸਟਰਵਾਦ ਕਰਜ਼ਾ ਬੇਰੁਜ਼ਗਾਰੀ ਤੇ ਭੁਖਮਰੀ ਮੁੱਖ ਰੂਪ ਵਿੱਚ ਸੂਬੇ ਲਈ ਸ਼ਰਾਪ ਬਣ ਚੁੱਕਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਤੇ ਜ਼ਿਲ੍ਹਾ ਸਹਾਇਕ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਨਸ਼ਾ, ਗੈਂਗਸਟਰਵਾਦ, ਕਰਜ਼ਾ, ਬੇਰੁਜ਼ਗਾਰੀ, ਕਤਲੇਆਮ, ਲੁੱਟ-ਖੋਹ ਆਦਿ ਪੰਜਾਬ ਨੂੰ ਘੁਣ ਵਾਂਗ ਖਾ ਰਹੇ ਹਨ।ਸਰਕਾਰ ਨੇ ਝੂਠੇ ਬਦਲਾਅ ਦਾ ਨਾਅਰਾ ਦੇ ਕੇ ਪੰਜਾਬ ਨਾਲ ਵੱਡਾ ਧ੍ਰੋਹ ਕਮਾਇਆ ਹੈ।ਆਗੂਆਂ ਨੇ ਕਿਹਾ ਕਿ ਸੂਬੇ ਦੀ ਬਿਹਤਰੀ ਤੇ ਤਰੱਕੀ ਲਈ ਸਮੁੱਚੇ ਲੋਕਾਂ ਨੂੰ ਲਾਮਬੰਦੀ ਅਤੀ ਜ਼ਰੂਰੀ ਹੈ।ਕਮਿਊਨਿਸਟ ਆਗੂਆਂ ਨੇ ਭਲਕੇ ਹੋਣ ਵਾਲੀ ਕਨਵੈਨਸ਼ਨ ਵਿੱਚ ਪੁੱਜਣ ਦੀ ਅਪੀਲ ਕਰਦਿਆਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਦੀ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਚੇਤਨ ਹੋਣਾ ਸਮੇਂ ਦੀ ਮੁੱਖ ਲੋੜ ਹੈ।ਕਨਵੈਨਸ਼ਨ ਮੌਕੇ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਸੀ ਪੀ ਆਈ ਦੇ ਕੌਮੀ ਆਗੂ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ।ਇਸ ਮੌਕੇ ਬੇਰੁਜ਼ਗਾਰ ਨੌਜਵਾਨਾਂ ਵੱਲੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਕੀਤੇ ਸ਼ਾਂਤਮਈ ਪ੍ਰਦਰਸ਼ਨ ਮੌਕੇ ਸਰਕਾਰ ਦੀ ਸ਼ਹਿ ਤੇ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਨਿਖੇਧੀ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੂਪ ਸਿੰਘ ਢਿੱਲੋਂ, ਸੀਤਾਰਾਮ ਗੋਬਿੰਦਪੁਰਾ, ਕਰਨੈਲ ਸਿੰਘ ਭੀਖੀ, ਰਤਨ ਭੋਲਾ, ਮਲਕੀਤ ਸਿੰਘ ਮੰਦਰਾਂ, ਸਾਧੂ ਸਿੰਘ ਨਾਮਾਨੰਦੀ, ਰਾਜ ਕੁਮਾਰ ਸ਼ਰਮਾ, ਜਗਸੀਰ ਸਿੰਘ ਰਾਏਕੇ ਐੱਮ ਸੀ ਆਦਿ ਆਗੂ ਹਾਜ਼ਰ ਸਨ।

ਕੂਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਦੇਸ਼ ਕਦੇ ਨਹੀਂ ਭੁੱਲ ਸਕਦਾ : ਗੁਲਾਬ ਚੰਦ ਕਟਾਰੀਆ

ਸ੍ਰੀ ਭੈਣੀ ਸਾਹਿਬ ਵਿਖੇ ਰਾਜਪਾਲ ਦਾ ਨਿੱਘਾ ਸਵਾਗਤ, ਸਤਿਗੁਰੂ ਉਦੈ ਸਿੰਘ ਨੇ ਕੀਤਾ ਸਨਮਾਨਤ

ਦੋਰਾਹਾ/ਖੰਨਾ (ਹਰਮਿੰਦਰ ਸੇਠ/ਸੁਖਵਿੰਦਰ ਭਾਦਲਾ)-ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸ੍ਰੀ ਭੈਣੀ ਸਾਹਿਬ (ਲੁਧਿਆਣਾ) ਦੇ ਅਧਿਆਤਮਿਕ ਤੇ ਧਾਰਮਿਕ ਅਸਥਾਨ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਧਾਰਮਿਕ ਵਿਰਾਸਤੀ ਅਸਥਾਨ ਸ੍ਰੀ ਭੈਣੀ ਸਾਹਿਬ ਦੇ ਦਰਸ਼ਨ ਕੀਤੇ ਤੇ ਅਧਿਆਤਮਿਕ ਗੁਰਮਤਿ ਸਮਾਗਮ ਨੂੰ ਸੰਬੋਧਨ ਵੀ ਕੀਤਾ।ਨਾਮਧਾਰੀ ਸੰਪਰਦਾ ਦੇ ਵਿਸ਼ਵ ਮੁਖੀ ਸਤਿਗੁਰੂ ਉਦੈ ਸਿੰਘ ਨੇ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਦਾ ਸਵਾਗਤ ਕਰਦਿਆਂ ਨਾਮਧਾਰੀ ਭਾਈਚਾਰੇ ਦੁਆਰਾ ਅਪਣਾਈਆਂ ਗਈਆਂ ਅਧਿਆਤਮਿਕ ਪ੍ਰੰਪਰਾਵਾਂ ਤੇ ਮਾਨਵਤਾਵਾਦੀ ਕਦਰਾਂ-ਕੀਮਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਰਾਜ ਸੂਚਨਾ ਕਮਿਸ਼ਨਰ ਪੰਜਾਬ ਸ੍ਰੀ ਹਰਪ੍ਰੀਤ ਸੰਧੂ ਦੁਆਰਾ ਪ੍ਰਸਿੱਧ ਧਾਰਮਿਕ ਵਿਰਾਸਤ 'ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ' ਨੂੰ ਦਰਸਾਉਂਦੀ ਇੱਕ ਵਿਸ਼ੇਸ਼ ਚਿੱਤਰਕਾਰੀ ਕੀਤੀ ਤਸਵੀਰ, ਜੋ ਸਤਿਗੁਰ ਉਦੈ ਸਿੰਘ ਜੀ ਦੁਆਰਾ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਇੱਕ ਪਵਿੱਤਰ ਯਾਦਗਾਰ ਵਜੋਂ ਭੇਟ ਕੀਤੀ ਗਈ।

ਸ੍ਰੀ ਕਟਾਰੀਆ ਦੀ ਰਾਜਪਾਲ ਪੰਜਾਬ ਬਣਨ ਤੋਂ ਬਾਅਦ ਸ੍ਰੀ ਭੈਣੀ ਸਾਹਿਬ ਦੀ ਇਹ ਪਹਿਲੀ ਫੇਰੀ ਸੀ, ਇਸ ਫੇਰੀ ਦੌਰਾਨ ਰਾਜਪਾਲ ਨੇ ਸ੍ਰੀ ਭੈਣੀ ਸਾਹਿਬ ਦੇ ਅੰਦਰ ਪਵਿੱਤਰ ਅਸਥਾਨ ਰਾਮ ਮੰਦਰ ਦਾ ਵੀ ਦੌਰਾ ਕੀਤਾ, ਜਿੱਥੇ 1857 ਵਿੱਚ ਅੰਗਰੇਜ਼ਾਂ ਵਿਰੁੱਧ ਕੂਕਾ ਲਹਿਰ ਸ਼ੁਰੂ ਹੋਈ ਸੀ।ਰਾਜਪਾਲ ਨੇ ਰਾਮ ਮੰਦਰ ਅੰਦਰ ਲੱਗੀ ਫੋਟੋ ਪ੍ਰਦਰਸ਼ਨੀ ਵੀ ਦੇਖੀ।ਇਸ ਤੋਂ ਬਾਅਦ ਉਨ੍ਹਾਂ ਨੇ ਨਾਮਧਾਰੀ ਗਊਸ਼ਾਲਾ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਗਊਆਂ ਨੂੰ ਗੁੜ ਖਵਾਇਆ ਤੇ ਗਊਆਂ ਦੀ ਰੱਖਿਆ ਅਤੇ ਭਲਾਈ ਲਈ ਕੀਤੇ ਜਾ ਰਹੇ ਸਮਰਪਤ ਯਤਨਾਂ ਦੀ ਸ਼ਲਾਘਾ ਵੀ ਕੀਤੀ।

ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਤਿਗੁਰੂ ਉਦੈ ਸਿੰਘ ਦੀ ਮੌਜੂਦਗੀ ਵਿੱਚ ਸ੍ਰੀ ਭੈਣੀ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਵੀ ਹਿੱਸਾ ਲਿਆ, ਜਿੱਥੇ ਉਨ੍ਹਾਂ ਨੇ ਕੀਰਤਨ ਸਰਵਣ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਇੰਦਰਪਾਲ ਸਿੰਘ ਧੰਨਾ ਤੇ ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੇ ਵੀ ਗੁਰਮਤਿ ਸਮਾਗਮ ਵਿੱਚ ਸ਼ਿਰਕਤ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਭਾਰਤ ਦੀ ਅਜ਼ਾਦੀ ਦੀ ਲੜਾਈ ਦੌਰਾਨ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਤੇ ਅਜ਼ਾਦੀ ਦੀ ਲੜਾਈ ਦੌਰਾਨ ਨਾਮਧਾਰੀ ਸਿੰਘਾਂ ਨੇ ਵੀ ਬਹੁਤ ਕੁਰਬਾਨੀਆਂ ਦਿੱਤੀਆਂ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਇਹ ਨਾਮਧਾਰੀ ਸਤਿਗੁਰੂ ਰਾਮ ਸਿੰਘ ਜੀ ਹੀ ਸਨ, ਜਿਨ੍ਹਾਂ ਗੁਰੂਆਂ ਵੱਲੋਂ ਦਰਸਾਏ ਹੋਏ ਅਹਿੰਸਾ ਦੇ ਰਸਤੇ 'ਤੇ ਚੱਲਦਿਆਂ ਅੰਗਰੇਜ਼ਾਂ ਦਾ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਜਾਂਦੀਆਂ ਸੁੱਖ ਸਹੂਲਤਾਂ ਦਾ ਮੁਕੰਮਲ ਬਾਈਕਾਟ ਕੀਤਾ।ਇਤਿਹਾਸ ਗਵਾਹ ਹੈ ਦੇਸ਼ ਦੀ ਅਜ਼ਾਦੀ ਦਾ ਅਸਲ ਮੁੱਢ ਕੂਕਿਆਂ ਵੱਲੋਂ ਮਲੇਰਕੋਟਲਾ ਦੀ ਪਵਿੱਤਰ ਧਰਤੀ ਤੋਂ ਬੰਨਿਆ ਗਿਆ ਸੀ।ਉਨ੍ਹਾਂ ਕਿਹਾ ਕਿ ਨਾਮਧਾਰੀ ਸੰਪਰਦਾ ਨੇ ਹਮੇਸ਼ਾ ਵਾਤਾਵਰਣ, ਖੇਤੀਬਾੜੀ ਤੇ ਖੇਡਾਂ ਨੂੰ ਉਤਸ਼ਾਹਤ ਕੀਤਾ ਹੈ। ਇਸ ਮੌਕੇ ਸਤਿਗੁਰੂ ਉਦੈ ਸਿੰਘ ਨੇ ਗੁਰਮਤਿ ਸਮਾਗਮ ਦੌਰਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਮੁੱਖ ਸੂਚਨਾ ਕਮਿਸ਼ਨਰ ਪੰਜਾਬ ਇੰਦਰਪਾਲ ਸਿੰਘ ਧੰਨਾ ਤੇ ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੂੰ ਸਿਰੋਪਾਓ ਤੇ ਹੋਰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ।

ਅਮਨ ਅਰੋੜਾ ਵੱਲੋਂ ਹਲਕੇ 'ਚ 12 ਕਰੋੜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਤੇ ਲੋਕ ਅਰਪਣ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)

ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਵਿਧਾਨ ਸਭਾ ਹਲਕਾ ਸੁਨਾਮ ਦੇ ਵੱਖ-ਵੱਖ ਪਿੰਡਾਂ ਵਿੱਚ ਕਰੀਬ 12 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖ ਕੇ ਇਨ੍ਹਾਂ ਮਹੱਤਵਪੂਰਨ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਤੇ ਇਸ ਦੌਰਾਨ ਉਨ੍ਹਾਂ ਨੇ ਕਈ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ।ਪਿੰਡ ਕੁਲਾਰ ਖੁਰਦ ਵਿਖੇ ਕੈਬਨਿਟ ਮੰਤਰੀ ਨੇ ਕਰੀਬ 01 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ।ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਬਿਹਤਰ ਸੜਕੀ ਸੰਪਰਕ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ ਤਾਂ ਜੋ ਲੋਕਾਂ ਨੂੰ ਆਵਾਜਾਈ ਦੀਆਂ ਆਧੁਨਿਕ ਸਹੂਲਤਾਂ ਉਪਲਬਧ ਹੋ ਸਕਣ।ਇਸੇ ਤਰ੍ਹਾਂ ਪਿੰਡ ਤੁੰਗਾਂ ਵਿਖੇ 02 ਕਰੋੜ 93 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਲਈ ਵੱਖ-ਵੱਖ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨਗੇ ਤੇ ਆਵਾਜਾਈ ਨੂੰ ਹੋਰ ਸੁਖਾਲਾ ਬਣਾਉਣਗੇ।

ਪਿੰਡ ਕਨੋਈ ਵਿਖੇ ਕੈਬਨਿਟ ਮੰਤਰੀ ਨੇ ਕਰੀਬ 4 ਕਰੋੜ 60 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ।ਇਸ ਦੇ ਨਾਲ ਹੀ ਪਿੰਡ ਦੇ ਛੱਪੜ ਦੀ ਕਾਇਆ-ਕਲਪ ਲਈ 32 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦੀ ਸ਼ੁਰੂਆਤ ਵੀ ਕਰਵਾਈ।ਇਸ ਮੌਕੇ ਉਨ੍ਹਾਂ ਨੇ 16 ਲੱਖ ਰੁਪਏ ਦੀ ਲਾਗਤ ਨਾਲ ਬਣੀ ਧਰਮਸ਼ਾਲਾ ਤੇ 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਪੰਚਾਇਤ ਘਰ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਲੋਕ ਅਰਪਣ ਕੀਤਾ।ਪਿੰਡ ਖੇੜੀ ਵਿਖੇ 1 ਕਰੋੜ 66 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਦਿਆਂ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਪਿੰਡ ਖੁਰਾਣੀ ਵਿਖੇ 47 ਲੱਖ 78 ਹਜ਼ਾਰ ਰੁਪਏ ਦੀ ਲਾਗਤ ਨਾਲ ਫਿਰਨੀ ਦੀ ਕਾਇਆ-ਕਲਪ ਤੇ ਸੁਧਾਰ ਲਈ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਗਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਪਿੰਡ ਤੇ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤੀ ਨੁਮਾਇੰਦੇ, ਪਾਰਟੀ ਵਰਕਰ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਬਿਜਲੀ ਕਾਮਿਆਂ ਨੇ ਪਾਵਰਕਾਮ ਮੈਨੇਜਮੈਂਟ ਤੇ ਸਰਕਾਰ ਦੀ ਅਰਥੀ ਫੂਕੀ

ਅਪ੍ਰੈਂਟਿਸ਼ਿਪ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਜ਼ੋਰਦਾਰ ਨਿੰਦਾ

ਲੁਧਿਆਣਾ (ਨ ਜ਼ ਸ)-ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਸੂਬਾ ਪੱਧਰੀ ਹੰਗਾਮੀ ਮੀਟਿੰਗ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ, ਜਿਸ ਵਿੱਚ ਬੀਤੇ ਕੱਲ੍ਹ ਸੰਘਰਸ਼ ਕਰ ਰਹੇ ਅਪ੍ਰੈਂਟਿਸ਼ਿਪ ਲਾਈਨਮੈਨਾਂ 'ਤੇ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਦੇ ਬਾਹਰ ਪੰਜਾਬ ਪੁਲਸ ਵੱਲੋਂ ਕੀਤੇ ਵਹਿਸ਼ੀ ਲਾਠੀਚਾਰਜ ਦੀ ਜ਼ੋਰਦਾਰ ਨਿੰਦਾ ਕੀਤੀ ਗਈ।ਇਸ ਮੀਟਿੰਗ ਉਪਰੰਤ ਰੋਸ ਜ਼ਾਹਰ ਕਰਦਿਆਂ ਜਥੇਬੰਦੀ ਨੇ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਪ੍ਰਦਰਸ਼ਨ ਕੀਤਾ।ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਤੇ ਜਨਰਲ ਸਕੱਤਰ ਹਰਵਿੰਦਰ ਸਿੰਘ ਅਕਾਲਗੜ੍ਹ ਨੇ ਕਿਹਾ ਕੇ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਬੇਰੁਜ਼ਗਾਰੀ ਦੇ ਡੰਬੇ ਨੌਜਵਾਨਾਂ 'ਤੇ ਤਸ਼ੱਦਦ ਕਰਨ ਦੀ ਬਜਾਏ ਉਨ੍ਹਾਂ ਨੂੰ ਪਾਵਰਕਾਮ ਅਦਾਰੇ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਭਰਨ ਲਈ ਤੁਰੰਤ ਨਿਯੁਕਤੀ ਪੱਤਰ ਜਾਰੀ ਕਰਨੇ ਚਾਹੀਦੇ ਹਨ।ਜਥੇਬੰਦੀ ਨੇ ਮੈਨੇਜਮੈਂਟ ਨੂੰ ਤਾੜਨਾ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਮੰਨੀਆਂ ਮੰਗਾਂ ਲਾਗੂ ਕਰਨ ਸਬੰਧੀ ਟਾਲ ਮਟੋਲ ਕਰਨ ਦੀ ਨੀਤੀ ਜਾਰੀ ਰੱਖੀ ਤਾਂ ਸਾਂਝੇ ਥੜ੍ਹੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਸੱਦੇ 'ਤੇ 14 ਜੂਨ ਨੂੰ ਮੁੱਖ ਮੰਤਰੀ ਦੀ ਸੰਗਰੂਰ ਰਹਾਇਸ਼ ਉੱਤੇ ਰੋਸ ਮਾਰਚ ਕਰਨ ਦੇ ਦਿੱਤੇ ਪ੍ਰੋਗਰਾਮ ਨੂੰ ਸਫਲ ਬਣਾਉਣ ਅਤੇ 16 ਤੇ 17 ਜੂਨ ਦੀ ਦੋ ਰੋਜ਼ਾ ਮੁਕੰਮਲ ਹੜਤਾਲ ਨੂੰ ਕਾਮਯਾਬ ਕਰਨ ਲਈ ਵੱਡੇ ਪੱਧਰ 'ਤੇ ਲਾਮਬੰਦੀ ਕੀਤੀ ਜਾਵੇਗੀ।ਜਥੇਬੰਦੀ ਨੇ ਅਪ੍ਰੈਂਟਿਸ਼ਿਪ ਲਾਈਨਮੈਨਾਂ ਨੂੰ ਛੱਲੀਆਂ ਵਾਂਗ ਕੁੱਟਣ ਵਾਲੇ ਪੁਲਸ ਅਧਿਕਾਰੀਆਂ ਖ਼ਿਲਾਫ਼ ਢੁੱਕਵੀਂ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਲੋਕਾਂ ਦੇ ਜ਼ਬਰਦਸਤ ਰੋਹ ਨੂੰ ਵੇਖ ਕੇ ਭਾਵੇਂ ਗ੍ਰਿਫ਼ਤਾਰ ਕੀਤੇ 11 ਨੌਜਵਾਨ ਆਗੂਆਂ ਰਿਹਾਅ ਕਰ ਦਿੱਤਾ ਗਿਆ ਹੈ, ਪਰ ਜਥੇਬੰਦੀ ਮੰਗ ਕਰਦੀ ਹੈ ਕਿ ਬੇਰੁਜ਼ਗਾਰ ਨੌਜਵਾਨਾਂ ਵੱਲੋਂ ਪਹਿਲਾਂ ਕੀਤੇ ਸੰਘਰਸ਼ ਦੌਰਾਨ ਹੋਏ ਸਮਝੌਤੇ ਨੂੰ ਇੰਨ ਬਿੰਨ ਲਾਗੂ ਕੀਤਾ ਜਾਵੇ।ਅੱਜ ਦੀ ਮੀਟਿੰਗ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸੈਣੀ, ਮੀਤ ਪ੍ਰਧਾਨ ਜਸਵਿੰਦਰ ਸਿੰਘ ਬਰਗਾੜੀ, ਕੁਲਵਿੰਦਰ ਸਿੰਘ ਬਾਗੜੀਆ, ਅਰੁਣ ਕੁਮਾਰ, ਖਜ਼ਾਨਚੀ ਦਵਿੰਦਰ ਸਿੰਘ ਰੋਪੜ, ਸਕੱਤਰ ਗੁਰਪ੍ਰੀਤ ਸਿੰਘ ਮਹਿਦੂਦਾਂ, ਮਨਿੰਦਰ ਸਿੰਘ ਸਹਾਇਕ ਖਜ਼ਾਨਚੀ ਤੋਂ ਇਲਾਵਾ ਵੱਡੇ ਪੱਧਰ 'ਤੇ ਸਰਕਲਾਂ ਦੇ ਪ੍ਰਧਾਨ/ਸਕੱਤਰ ਤੇ ਖਜ਼ਾਨਚੀ ਹਾਜ਼ਰ ਹੋਏ।

ਟਰੇਨ ਦੀ ਲਪੇਟ 'ਚ ਆਉਣ ਕਾਰਨ ਸਾਈਕਲ ਸਵਾਰ ਦੀ ਮੌਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫਾਜ਼ਿਲਕਾ-ਫਿਰੋਜ਼ਪੁਰ ਰੇਲਵੇ ਸੈਕਸ਼ਨ 'ਤੇ ਸਥਿਤ ਪਿੰਡ ਮੱਧਰੇ ਨੇੜੇ ਫਾਟਕ ਕੋਲ ਐਤਵਾਰ ਸਵੇਰੇ ਸਾਢੇ 10 ਵਜੇ ਦੇ ਕਰੀਬ ਇਕ ਅਣਪਛਾਤਾ ਸਾਈਕਲ ਸਵਾਰ ਵਿਅਕਤੀ ਤੇਜ਼ ਰਫ਼ਤਾਰ ਗੱਡੀ ਦੀ ਲਪੇਟ ਵਿੱਚ ਆ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੌਕੇ 'ਤੇ ਮੌਜੂਦ ਲੋਕਾਂ ਤੇ ਰੇਲਵੇ ਕਰਮਚਾਰੀਆਂ ਅਨੁਸਾਰ, ਵਿਅਕਤੀ ਸਾਈਕਲ 'ਤੇ ਸਵਾਰ ਸੀ, ਪਰ ਅਜੇ ਤੱਕ ਇਹ ਸਪੱਸ਼ਟ ਨਹੀਂ ਹੋ ਸਕਿਆ ਕਿ ਉਹ ਫਾਟਕ ਪਾਰ ਕਰ ਰਿਹਾ ਸੀ ਜਾਂ ਕਿਸੇ ਹੋਰ ਕਾਰਨ ਟਰੈਕ ਦੇ ਨੇੜੇ ਮੌਜੂਦ ਸੀ। ਮ੍ਰਿਤਕ ਦੀ ਹਾਲਤ ਕਾਫੀ ਖਰਾਬ ਹੋਣ ਕਾਰਨ ਉਸ ਦੀ ਤੁਰੰਤ ਪਛਾਣ ਨਹੀਂ ਕੀਤੀ ਜਾ ਸਕੀ। ਉਸ ਕੋਲੋਂ ਅਜਿਹਾ ਕੋਈ ਦਸਤਾਵੇਜ਼ ਜਾਂ ਸਾਮਾਨ ਵੀ ਬਰਾਮਦ ਨਹੀਂ ਹੋਇਆ, ਜਿਸ ਨਾਲ ਉਸ ਦੇ ਨਾਮ ਜਾਂ ਪਤੇ ਦਾ ਪਤਾ ਲੱਗ ਸਕੇ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਤੇ ਰੇਲਵੇ ਪੁਲਸ ਦੇ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਤੇ ਪਛਾਣ ਲਈ ਨੇੜਲੇ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਆਸ-ਪਾਸ ਦੇ ਪਿੰਡਾਂ ਵਿੱਚ ਸੂਚਨਾ ਭੇਜ ਦਿੱਤੀ ਗਈ ਹੈ ਤਾਂ ਜੋ ਮ੍ਰਿਤਕ ਦੇ ਵਾਰਸਾਂ ਦਾ ਪਤਾ ਲਗਾਇਆ ਜਾ ਸਕੇ। ਪੁਲਸ ਵੱਲੋਂ ਇਸ ਮਾਮਲੇ ਵਿੱਚ ਧਾਰਾ 174 ਤਹਿਤ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਾਦਸੇ ਦੇ ਅਸਲ ਕਾਰਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕੋਈ ਇਸ ਵਿਅਕਤੀ ਬਾਰੇ ਜਾਣਕਾਰੀ ਰੱਖਦਾ ਹੋਵੇ ਤਾਂ ਤੁਰੰਤ ਸਬੰਧਤ ਥਾਣੇ ਨਾਲ ਸੰਪਰਕ ਕਰੇ।

ਕਾਰਖਾਨਾ ਮਜ਼ਦੂਰ ਯੂਨੀਅਨ ਵੱਲੋਂ ਡੀ.ਸੀ. ਦਫਤਰ ਵਿਖੇ ਰੋਸ ਮੁਜ਼ਾਹਰਾ ਭਲਕੇ

ਲੁਧਿਆਣਾ (ਰੈਕਟਰ ਕਥੂਰੀਆ) : ਕਾਰਖਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਤੇ ਟੈਕਸਟਾਇਲ ਹੌਜ਼ਰੀ ਕਾਮਗਾਰ ਯੂਨੀਅਨ ਦੇ ਪ੍ਰਧਾਨ ਜਗਦੀਸ਼ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਰਮਾਏਦਾਰਾਂ ਵੱਲੋਂ ਮਜ਼ਦੂਰਾਂ ਦੀ ਬੇਕਿਰਕ ਲੁੱਟੀ ਕੀਤੀ ਜਾ ਰਹੀ ਹੈ, ਕਨੂੰਨੀ ਕਿਰਤ ਹੱਕ ਤੱਕ ਲਾਗੂ ਨਹੀਂ ਕੀਤੇ ਜਾ ਰਹੇ ਹਨ।ਮਜ਼ਦੂਰਾਂ ਦੀ ਦਿਨੋਂ-ਦਿਨ ਮੰਦੀ ਹੁੰਦੀ ਜਾਂਦੀ ਹਾਲਤ ਉੱਤੇ ਪੰਜਾਬ ਸਰਕਾਰ ਨੇ ਅੱਖਾਂ ਬੰਦ ਕੀਤੀਆਂ ਹੋਈਆਂ ਹਨ।

ਮਜ਼ਦੂਰਾਂ ਕੋਲ ਇੱਕਮੁੱਠ ਸੰਘਰਸ਼ ਤੋਂ ਇਲਾਵਾ ਕੋਈ ਰਾਹ ਨਹੀਂ ਹੈ।ਇਸ ਲਈ ਮਜ਼ਦੂਰਾਂ ਦੇ ਫੌਰੀ ਮੰਗਾਂ-ਮਸਲੇ ਹੱਲ ਕਰਾਉਣ ਲਈ 9 ਜੂਨ ਨੂੰ ਡੀ.ਸੀ. ਦਫ਼ਤਰ ਲੁਧਿਆਣਾ ਵਿਖੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਇਸ ਰੋਸ ਮੁਜ਼ਾਹਰੇ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਲੁਧਿਆਣੇ ਵਿੱਚ ਅਲੱਗ-ਅਲੱਗ ਸਨਅਤੀ ਇਲਾਕਿਆਂ ਵਿੱਚ ਵੱਡੀ ਗਿਣਤੀ ਵਿੱਚ ਪਰਚਾ ਵੰਡਿਆ ਗਿਆ ਹੈ, ਮੀਟਿੰਗਾਂ, ਨੁੱਕੜ ਸਭਾਵਾਂ ਕੀਤੀਆਂ ਗਈਆਂ ਹਨ, ਘਰ-ਘਰ ਜਾ ਕੇ ਸੁਨੇਹਾ ਲਾਇਆ ਗਿਆ ਹੈ, ਰੋਸ ਮੁਜ਼ਾਹਰੇ ਦੇ ਪੋਸਟਰ ਲਾਏ ਗਏ ਹਨ।ਆਗੂਆਂ ਨੇ ਸਭਨਾਂ ਮਜ਼ਦੂਰਾਂ, ਇਨਸਾਫ ਪਸੰਦ ਲੋਕਾਂ, ਲੋਕ ਪੱਖੀ ਜਥੇਬੰਦੀਆਂ ਨੂੰ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਲਾਠੀਚਾਰਜ ਖਿਲਾਫ ਅਰਥੀ ਫੂਕ ਪ੍ਰਦਰਸ਼ਨ

ਸੰਗਰੂਰ (ਪ੍ਰਵੀਨ ਸਿੰਘ)-ਰੋਜ਼ਗਾਰ ਪ੍ਰਾਪਤ ਕਰਨ ਲਈ ਲੰਮੇ ਸਮੇਂ ਤੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਮੁੱਖ ਦਫਤਰ ਅੱਗੇ ਸ਼ਾਂਤਮਈ ਧਰਨਾ ਦੇ ਰਹੇ ਬੇਰੋਜ਼ਗਾਰ ਅਪ੍ਰੈਂਟਿਸ ਸਹਾਇਕ ਲਾਈਨਮੈਨਾਂ ਦੇ ਧਰਨੇ ਨੂੰ ਖਿੰਡਾਉਣ ਲਈ ਡੀਐੱਸਪੀ ਦੀ ਅਗਵਾਈ ਹੇਠ ਪੰਜਾਬ ਪੁਲਸ ਵੱਲੋਂ ਕੀਤੇ ਬੇਤਹਾਸ਼ਾ ਲਾਠੀਚਾਰਜ ਖਿਲਾਫ ਸੰਗਰੂਰ ਵਿਖੇ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਇਕੱਠੇ ਹੋ ਕੇ ਬੱਤੀਆਂ ਵਾਲੇ ਚੌਕ ਤੱਕ ਮੁਜ਼ਾਹਰਾ ਕਰਕੇ ਚੌਕ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਸੰਗਰੂਰ ਦੇ ਪ੍ਰਧਾਨ ਜਗਜੀਤ ਭੂਟਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਬਦਲਾਅ ਦੇ ਨਾਂ 'ਤੇ ਵੋਟਾਂ ਲੈ ਕੇ ਸਰਕਾਰ ਬਣਾਈ ਸੀ ਤੇ ਵਾਅਦਾ ਕੀਤਾ ਸੀ ਕਿ ਪੰਜਾਬ ਵਿੱਚ ਹੁਣ ਧਰਨੇ ਨਹੀਂ ਲੱਗਣਗੇ।ਕੋਈ ਕੱਚਾ ਕਾਮਾ ਨਹੀਂ ਰਹੇਗਾ, ਸਭ ਨੂੰ ਬਰਾਬਰ ਕੰਮ ਬਰਾਬਰ ਉਜਰਤਾਂ ਮਿਲਣਗੀਆਂ, ਪੰਜਾਬ ਦਾ ਹਰੇਕ ਵਰਗ ਖੁਸ਼ ਰਹੇਗਾ। ਪਰ ਹੋਇਆ ਇਸ ਤੋਂ ਉਲਟ ਹੈ ਲੋਕਾਂ ਨੂੰ ਨੌਕਰੀਆਂ ਦੇਣ ਦੀ ਥਾਂ ਧਰਨਿਆਂ 'ਤੇ ਬੈਠਿਆਂ ਨੂੰ ਡਾਂਗਾਂ ਨਾਲ ਨਵਾਜ਼ਿਆ ਜਾਣ ਲੱਗਿਆ ਹੈ।ਵਿੱਤ ਮੁਖੀ ਮਨਧੀਰ ਸਿੰਘ ਰਾਜੋਮਾਜਰਾ ਨੇ ਕਿਹਾ ਕਿ ਸਰਕਾਰ ਸਾਢੇ ਚਾਰ ਸਾਲਾਂ ਵਿੱਚ ਪੈਂਹਟ ਹਜ਼ਾਰ ਨੌਕਰੀਆਂ ਦੇਣ ਦਾ ਢੰਡੋਰਾ ਪਿੱਟ ਰਹੀ, ਪਰ ਇਹ ਨਹੀਂ ਦੱਸ ਰਹੀ ਸਾਢੇ ਚਾਰ ਸਾਲ ਵਿੱਚ ਕਿੰਨੇ ਸਰਕਾਰੀ ਕਰਮਚਾਰੀ ਸੇਵਾ ਮੁਕਤ ਹੋਏ ਹਨ।ਇਸ ਬਦਲਾਅ ਵਾਲੀ ਸਰਕਾਰ ਤੋਂ ਸਾਰੇ ਵਰਗ ਦੁਖੀ ਹਨ।ਇਸ ਪ੍ਰੋਗਰਾਮ ਵਿੱਚ ਸ਼ਾਮਲ ਜਥੇਬੰਦੀਆਂ ਨੇ ਮੰਗ ਕੀਤੀ ਕਿ ਬੇਰੋਜ਼ਗਾਰ ਸਹਾਇਕ ਲਾਈਨਮੈਨਾਂ ਨੂੰ ਨੌਕਰੀਆਂ ਦਿੱਤੀਆਂ ਜਾਣ ਅਤੇ ਸੇਵਾ ਕੇਂਦਰਾਂ ਤੇ ਹੋਰ ਥਾਵਾਂ 'ਤੇ ਕੰਮ ਕਰ ਰਹੇ ਕਾਮਿਆਂ ਦੀਆਂ ਉਜਰਤਾਂ ਵਿੱਚ ਵਾਧਾ ਕੀਤਾ ਜਾਵੇ।ਲਾਠੀਚਾਰਜ ਦਾ ਹੁਕਮ ਦੇਣ ਤੇ ਲਾਠੀਚਾਰਜ ਕਰਨ ਵਾਲੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਬਰਖਾਸਤ ਕੀਤਾ ਜਾਵੇ।

ਇਸ ਪ੍ਰੋਗਰਾਮ ਵਿੱਚ ਸਭਾ ਦੇ ਸਕੱਤਰ ਮਾਸਟਰ ਕੁਲਦੀਪ ਸਿੰਘ, ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਰੋਹੀ ਸਿੰਘ, ਆਈ ਡੀ ਪੀ ਦੇ ਫਲਜੀਤ ਸਿੰਘ, ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਦੇ ਬਲਵੀਰ ਚੰਦ ਲੌਂਗੋਵਾਲ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜ਼ੋਨ ਪ੍ਰਧਾਨ ਮਾਸਟਰ ਪਰਮਵੇਦ, ਸਰਵ ਭਾਰਤ ਨੌਜਵਾਨ ਸਭਾ ਦੇ ਸਕੱਤਰ ਨਵਜੀਤ ਸਿੰਘ, ਟੈਕਨੀਕਲ ਤੇ ਮਕੈਨੀਕਲ ਯੂਨੀਅਨ ਬੱਬਨ ਪਾਲ, 1158 ਯੂਨੀਅਨ ਦੇ ਪ੍ਰਧਾਨ ਨਿਰਭੈ ਸਿੰਘ, ਡੀਟੀਐੱਫ (ਦਿਗਵਿਜੇ) ਦੇ ਦਾਤਾ ਸਿੰਘ, ਡੀਟੀਐੱਫ ਦੇ ਸੁਖਵਿੰਦਰ ਗਿਰ, ਫੈਡਰੇਸ਼ਨ ਏਟਕ ਦੇ ਜੀਵਨ ਸਿੰਘ, ਕੇ ਪੀ ਐੱਮ ਯੂ ਬਲਜੀਤ ਨਮੋਲ, ਐੱਨ ਜ਼ੈੱਡ ਆਈ ਈ ਏ ਦੇ ਗੁਰਦੀਪ ਸਿੰਘ, ਸੇਵਾ ਕੇਂਦਰ ਸੁਨਾਮ ਤੋਂ ਮਨਪ੍ਰੀਤ ਲਹਿਰਾ, ਹਰਭਗਵਾਨ ਗੁਰਨੇ, ਨਰਦੇਵ ਸਿੰਘ ਤੇ ਸਭਾ ਦੀ ਸਮੁੱਚੀ ਟੀਮ ਹਾਜ਼ਰ ਸੀ।

ਲੋਕ ਆਪਣੀਆਂ ਵੋਟਾਂ ਦੀ ਰਾਖ਼ੀ ਲਈ ਸੁਚੇਤ ਤੇ ਸੰਗਠਤ ਹੋਣ : ਦੀਪਾਂਕਰ

- ਮੋਦੀ ਸਰਕਾਰ ਦੇ ਵਿਦੇਸ਼ ਵਪਾਰ ਸਮਝੌਤਿਆਂ ਖਿਲਾਫ ਲੋਕ ਲਾਮਬੰਦੀ ਕਰਾਂਗੇ : ਪਾਸਲਾ
- ਕਮਿਊਨਿਸਟ ਆਗੂਆਂ ਵੱਲੋਂ ਹਮਖਿਆਲ ਸ਼ਕਤੀਆਂ ਨੂੰ ਲਾਮਬੰਦ ਕਰਨ ਹਿੱਤ ਪੂਰਾ ਟਿੱਲ ਲਾਉਣ ਦਾ ਐਲਾਨ

ਲੁਧਿਆਣਾ (ਕਥੂਰੀਆ, ਸਚਦੇਵਾ)-'ਮੋਦੀ ਦੇ ਫਾਸ਼ੀਵਾਦੀ ਰਾਜ ਅੰਦਰ ਲੋਕਤੰਤਰ ਦੀ ਪ੍ਰੀਭਾਸ਼ਾ ਬਦਲ ਦਿੱਤੀ ਗਈ ਹੈ।ਪਹਿਲਾਂ ਜਿੱਥੇ ਦੇਸ਼ ਦੇ ਵੋਟਰ ਸਰਕਾਰਾਂ ਚੁਣਦੇ ਸਨ, ਉਥੇ ਹੁਣ ਮਨਮਾਨੇ ਐੱਸ.ਆਈ.ਆਰ. ਦੇ ਜ਼ਰੀਏ ਸਰਕਾਰ ਵੋਟਰਾਂ ਨੂੰ ਚੁਣ ਰਹੀ ਹੈ ਕਿ ਕੌਣ ਵੋਟ ਪਾ ਸਕੇਗਾ ਤੇ ਕੌਣ ਨਹੀਂ।' ਇਹ ਗੱਲ ਇਥੋਂ ਦੇ ਅੰਬੇਡਕਰ ਭਵਨ ਵਿਖੇ ਐੱਸ.ਆਈ.ਆਰ. ਦੇ ਮੁੱਦੇ ਉਤੇ ਬੁਲਾਈ ਗਈ ਵਿਸ਼ਾਲ ਲੋਕ ਸੁਣਵਾਈ ਕਨਵੈਨਸ਼ਨ ਨੂੰ ਸੰਬੋਧਨ ਕਰਨ ਵਾਲੇ ਬੁਲਾਰਿਆਂ ਨੇ ਕਹੀ।ਲਾਲ ਤੇ ਨੀਲੇ ਝੰਡਿਆਂ ਨਾਲ ਸਜਿਆ ਅੰਬੇਡਕਰ ਭਵਨ ਸਮਾਜਿਕ ਪਰਿਵਰਤਨ ਲਈ ਜੂਝ ਰਹੀਆਂ ਤਾਕਤਾਂ ਦੀ ਸਾਂਝ ਦਾ ਅਲੌਕਿਕ ਨਜ਼ਾਰਾ ਪੇਸ਼ ਕਰ ਰਿਹਾ ਸੀ।ਸਖ਼ਤ ਗਰਮੀ ਦੇ ਬਾਵਜੂਦ ਲੁਧਿਆਣਾ ਸ਼ਹਿਰ ਸਮੇਤ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚੋਂ ਸਰਗਰਮ ਸਿਆਸੀ ਕਾਰਕੁੰਨ, ਮਜ਼ਦੂਰ-ਕਿਸਾਨ, ਔਰਤਾਂ ਤੇ ਨੌਜਵਾਨ ਇਸ ਲੋਕ ਸੁਣਵਾਈ ਦਾ ਹਿੱਸਾ ਬਣਨ ਲਈ ਵੱਡੀ ਗਿਣਤੀ 'ਚ ਪਹੁੰਚੇ ਹੋਏ ਸਨ।

ਕਨਵੈਨਸ਼ਨ ਦੀ ਪ੍ਰਧਾਨਗੀ ਸਾਥੀ ਰੁਲਦੂ ਸਿੰਘ ਮਾਨਸਾ ਤੇ ਸਾਥੀ ਰਤਨ ਸਿੰਘ ਰੰਧਾਵਾ ਨੇ ਕੀਤੀ। ਕਨਵੈਨਸ਼ਨ ਦਾ ਆਰੰਭ ਸੰਸਾਰ ਦੇ ਵੱਖ ਵੱਖ ਭਾਗਾਂ ਵਿੱਚ ਪਸਾਰਵਾਦੀ ਸਾਮਰਾਜੀ ਤੇ ਨਸਲਵਾਦੀ ਜੰਗਾਂ ਤੇ ਹਮਲਿਆਂ ਵਿੱਚ ਮਾਰੇ ਗਏ ਸਮੂਹ ਨਿਰਦੋਸ਼ ਲੋਕਾਂ ਤੇ ਦਿੱਲੀ ਹੋਟਲ ਅਗਨੀਕਾਂਡ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਹੋਇਆ।ਸੀਪੀਆਈ (ਐੱਮ.ਐੱਲ.) ਲਿਬਰੇਸ਼ਨ ਦੇ ਜਨਰਲ ਸਕੱਤਰ ਸਾਥੀ ਦੀਪਾਂਕਰ ਭੱਟਾਚਾਰੀਆ ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ.ਪੀ.ਆਈ.) ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਮੁੱਖ ਬੁਲਾਰੇ ਸਨ।ਉੱਘੇ ਅੰਬੇਦਕਰੀ ਚਿੰਤਕ ਐਡਵੋਕੇਟ ਐੱਸ. ਐੱਲ. ਵਿਰਦੀ, ਆਰ.ਐੱਮ.ਪੀ.ਆਈ. ਦੇ ਸੂਬਾ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਲਿਬਰੇਸ਼ਨ ਦੇ ਸੀਨੀਅਰ ਸੂਬਾਈ ਆਗੂ ਸਾਥੀ ਸੁਖਦਰਸ਼ਨ ਸਿੰਘ ਨੱਤ, ਸਮਾਜਿਕ ਸੰਘਰਸ਼ ਪਾਰਟੀ ਦੀ ਕੌਮੀ ਪ੍ਰਧਾਨ ਹਰਵਿੰਦਰ ਕੌਰ, ਭਾਰਤ ਮੁਕਤੀ ਮੋਰਚਾ ਦੇ ਸੂਬਾ ਜਨਰਲ ਸਕੱਤਰ ਦਲਵਿੰਦਰ ਸਿੰਘ ਨੇ ਵੀ ਵਿਚਾਰ ਰੱਖੇ।ਮੰਚ ਸੰਚਾਲਨ ਪ੍ਰੋਫ਼ੈਸਰ ਜੈ ਪਾਲ ਸਿੰਘ ਨੇ ਕੀਤਾ ਤੇ ਪਹੁੰਚੇ ਆਗੂਆਂ ਤੇ ਲੋਕਾਂ ਦਾ ਸੁਆਗਤ ਕਾਮਰੇਡ ਚਿਤਰੰਜਨ ਨੇ ਕੀਤਾ।ਅਪਣੇ ਸੰਬੋਧਨ ਰਾਹੀਂ ਸਾਥੀ ਦੀਪਾਂਕਰ ਭੱਟਾਚਾਰੀਆ ਨੇ ਕਿਹਾ ਕਿ ਬਿਹਾਰ ਤੇ ਪੱਛਮੀ ਬੰਗਾਲ ਤੋਂ ਪਿੱਛੋਂ ਐੱਸ.ਆਈ.ਆਰ. ਦੀ ਮਾਰ ਹੇਠ ਆਉਣ ਵਾਲਾ ਅਗਲਾ ਸੂਬਾ ਹੁਣ ਪੰਜਾਬ ਹੋਵੇਗਾ।ਉਕਤ ਦੋਹਾਂ ਸੂਬਿਆਂ 'ਚ ਐੱਸ.ਆਈ.ਆਰ. ਦੇ ਜ਼ਰੀਏ ਲੱਖਾਂ ਲੋਕਾਂ ਦੇ ਨਾਂ ਵੋਟਰ ਸੂਚੀਆਂ 'ਚੋਂ ਕੱਢ ਦਿੱਤੇ ਗਏ ਹਨ। ਪੰਜਾਬੀਆਂ ਨੂੰ ਜਾਗਰੂਕ ਤੇ ਜਥੇਬੰਦ ਹੋ ਕੇ ਇਹ ਛੜਯੰਤਰ ਨਾਕਾਮ ਕਰਨਾ ਹੋਵੇਗਾ।ਬਿਹਾਰ ਤੇ ਪੱਛਮੀ ਬੰਗਾਲ ਦਾ ਤਜਰਬਾ ਸਾਨੂੰ ਦੱਸਦਾ ਹੈ ਕਿ ਚੋਣ ਸੂਚੀਆਂ 'ਚੋਂ ਨਾਮ ਕੱਟਣਾ ਕਿਸੇ ਨਾਗਰਿਕ ਨੂੰ ਉਸ ਦੇ ਸੰਵਿਧਾਨਕ ਅਧਿਕਾਰਾਂ ਤੋਂ ਵਾਂਝੇ ਕਰਨ ਵਾਲੀਆਂ ਕਾਰਵਾਈਆਂ ਦੀ ਲੜੀ ਦਾ ਪਹਿਲਾ ਕਦਮ ਹੈ। ਜਦਕਿ ਬੁਲਡੋਜ਼ਰ ਜ਼ਰੀਏ ਅਜਿਹੇ ਲੋਕਾਂ ਦੇ ਘਰਾਂ-ਦੁਕਾਨਾਂ ਆਦਿ ਨੂੰ ਮਲੀਆਮੇਟ ਕਰਕੇ ਲੋਕਾਂ ਦੇ ਰੋਜ਼ੀ-ਰੋਟੀ ਦੇ ਵਸੀਲੇ ਖੋਹੇ ਜਾ ਰਹੇ ਹਨ।ਇਹੋ ਨਹੀਂ ਵੋਟਰ ਸੂਚੀ ਤੋਂ ਬਾਹਰ ਕੱਢੇ ਲੋਕਾਂ ਨੂੰ ਰਾਸ਼ਨ ਤੇ ਹੋਰ ਭਲਾਈ ਯੋਜਨਾਵਾਂ ਤੋਂ ਵੀ ਵਾਂਝਾ ਕੀਤਾ ਜਾ ਰਿਹਾ ਹੈ। ਉਕਤ ਨੀਤੀ-ਪੈਂਤੜੇ ਦਾ ਸਭ ਤੋਂ ਅਮਾਨਵੀ ਪੱਖ ਇਹ ਹੈ ਕਿ ਲੋਕਾਂ ਨੂੰ ਤਸੀਹਾ ਕੇਂਦਰਾਂ (ਡਿਟੈਨਸ਼ਨ ਕੈਂਪਾਂ) 'ਚ ਬੰਦ ਕੀਤਾ ਜਾ ਰਿਹਾ ਹੈ, ਪਰ ਪੰਜਾਬ ਦੀ ਬਹਾਦਰ ਜਨਤਾ ਇਸ ਤਾਨਾਸ਼ਾਹੀ ਨੀਤੀ-ਪਹੁੰਚ ਤੇ ਬੁਲਡੋਜ਼ਰ ਰਾਜ ਨੂੰ ਯਕੀਨਨ ਠੱਲ੍ਹ ਪਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਨੇ ਸਾਢੇ ਕੁ ਚਾਰ ਸਾਲ ਪਹਿਲਾਂ ਇਤਿਹਾਸਕ ਕਿਸਾਨ ਅੰਦੋਲਨ ਦੇ ਪ੍ਰਸੰਗ 'ਚ ਵਿਧਾਨ ਸਭਾ ਚੋਣਾਂ ਦਾ ਸਾਹਮਣਾ ਕੀਤਾ ਸੀ।ਪੰਜਾਬ ਦੀ ਜਨਤਾ ਨੇ ਉਦੋਂ ਸੂਬੇ ਦੇ ਕਿਸਾਨਾਂ-ਮਜ਼ਦੂਰਾਂ ਤੇ ਬੇਰੁਜ਼ਗਾਰ ਨੌਜਵਾਨਾਂ ਦੇ ਮੰਗਾਂ-ਮਸਲੇ ਹੱਲ ਕਰਨ ਦਾ 'ਆਮ ਆਦਮੀ ਪਾਰਟੀ' ਨੂੰ ਸ਼ਾਨਦਾਰ ਮੌਕਾ ਦਿੱਤਾ ਸੀ, ਪਰ 'ਆਪ' ਸਰਕਾਰ ਆਪਣੇ ਚੋਣ ਵਾਅਦੇ ਪੂਰਾ ਕਰਨ ਪੱਖੋਂ ਬੁਰੀ ਤਰ੍ਹਾਂ ਅਸਫਲ ਰਹੀ ਹੈ।

ਆਰ.ਐੱਮ.ਪੀ.ਆਈ. ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਮੋਦੀ ਸਰਕਾਰ, ਆਪਣੇ ਵਿਚਾਰਧਾਰਕ ਆਕਾ ਆਰ.ਐੱਸ.ਐੱਸ. ਦੇ ਅਜੰਡੇ ਤਹਿਤ ਦੇਸ਼ ਦੇ ਸੰਵਿਧਾਨ ਤੇ ਲੋਕ ਰਾਜੀ, ਧਰਮ ਨਿਰਪੱਖ, ਸੰਘਾਤਮਕ ਢਾਂਚੇ ਨੂੰ ਤਬਾਹ ਕਰਕੇ ਧਰਮ ਅਧਾਰਤ, ਕੱਟੜ ਹਿੰਦੂਤਵੀ ਰਾਸ਼ਟਰ ਦੀ ਉਸਾਰੀ ਦਾ ਰਾਹ ਪੱਧਰਾ ਕਰਨ ਲੱਗੀ ਹੋਈ ਹੈ।ਇਸ ਕੋਝੇ ਮੰਤਵ ਲਈ ਇਹ ਕੇਂਦਰ ਨੂੰ ਮਜ਼ਬੂਤ ਕਰਨ ਦੀ ਆੜ 'ਚ ਦੇਸ਼ ਅੰਦਰ ਘੋਰ ਫਿਰਕੂ, ਜਾਤੀਵਾਦੀ ਤੇ ਤਾਨਾਸ਼ਾਹੀ ਵਾਲਾ ਰਾਜਸੀ ਢਾਂਚਾ ਕਾਇਮ ਕਰਨਾ ਚਾਹੁੰਦੀ ਹੈ।ਇਸ ਦਾ ਇਰਾਦਾ ਵੋਟ ਦੇ ਅਧਿਕਾਰ ਸਮੇਤ ਲੋਕਾਂ ਦੇ ਸਾਰੇ ਮੌਲਿਕ ਅਧਿਕਾਰ ਖੋਹ ਲੈਣ ਦਾ ਹੈ।ਧਾਰਮਿਕ ਤੇ ਕੌਮੀ ਘੱਟ ਗਿਣਤੀਆਂ, ਦਲਿਤਾਂ-ਔਰਤਾਂ 'ਤੇ ਸੰਘ ਪਰਿਵਾਰ ਤੇ ਬੀਜੇਪੀ ਦੇ ਕਾਰਕੁੰਨਾਂ ਵੱਲੋਂ ਲਗਾਤਾਰ ਜਾਨਲੇਵਾ ਹਮਲੇ ਕੀਤੇ ਜਾ ਰਹੇ ਹਨ।ਕਾਮਰੇਡ ਪਾਸਲਾ ਨੇ ਕਿਹਾ ਕਿ ਭਾਜਪਾ ਦਾ ਅਗਲਾ ਨਿਸ਼ਾਨਾ ਹੁਣ ਪੰਜਾਬ ਹੈ।ਆਉਂਦੀਆਂ ਅਸੈਂਬਲੀ ਚੋਣਾਂ ਦੌਰਾਨ 'ਸਾਮ-ਦਾਮ-ਦੰਡ-ਭੇਦ' ਦੇ ਸਾਰੇ ਹਥਿਆਰ ਵਰਤ ਕੇ ਇਹ ਸੂਬੇ ਦੀ ਸੱਤਾ 'ਤੇ ਕਾਬਜ਼ ਹੋਣ ਲਈ ਤਰਲੋ-ਮੱਛੀ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਖੱਬੀਆਂ ਪਾਰਟੀਆਂ, ਅੰਬੇਡਕਰੀ ਵਿਚਾਰਧਾਰਾ ਨੂੰ ਪ੍ਰਨਾਏ ਸੰਗਠਨ ਤੇ ਹੋਰ ਹਮਖਿਆਲ ਸ਼ਕਤੀਆਂ ਮਿਲ ਕੇ ਮਨਮਾਨੇ ਐੱਸ.ਆਈ.ਆਰ. ਦਾ ਵਿਰੋਧ ਕਰਦਿਆਂ ਪੰਜਾਬ ਅੰਦਰ ਇਕ ਮਜ਼ਬੂਤ ਸਿਆਸੀ ਬਦਲ ਉਸਾਰਨ ਲਈ ਪੂਰੀ ਤਾਕਤ ਨਾਲ ਕੰਮ ਕਰਨ ਲਈ ਦ੍ਰਿੜ੍ਹ ਹਨ। ਕਨਵੈਨਸ਼ਨ ਵਿੱਚ ਲਿਬਰੇਸ਼ਨ ਦੇ ਕੇਂਦਰੀ ਕਮੇਟੀ ਦੇ ਮੈਂਬਰ ਕਾਮਰੇਡ ਪ੍ਰਸ਼ੋਤਮ ਸ਼ਰਮਾ, ਰਾਜਵਿੰਦਰ ਸਿੰਘ ਰਾਣਾ, ਕਿਸਾਨ ਆਗੂ ਡਾਕਟਰ ਸਤਨਾਮ ਸਿੰਘ ਅਜਨਾਲਾ, ਕੁਲਵੰਤ ਸਿੰਘ ਸੰਧੂ, ਗੁਰਨਾਮ ਸਿੰਘ ਭੀਖੀ, ਕਾਮਰੇਡ ਮਹੀਪਾਲ, ਰਘਬੀਰ ਸਿੰਘ ਬੈਨੀਪਾਲ, ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਦੀ ਕੇਂਦਰੀ ਆਗੂ ਜਸਬੀਰ ਕੌਰ ਨੱਤ, ਜੈ ਪ੍ਰਕਾਸ਼ ਨਰਾਇਣ, ਕਾਮਰੇਡ ਗੁਰਨਾਮ ਸਿੰਘ ਦਾਊਦ, ਗੋਬਿੰਦ ਸਿੰਘ ਛਾਜਲੀ ਤੇ ਬਲਬੀਰ ਸਿੰਘ ਝਾਮਕਾ ਆਦਿ ਮੌਜੂਦ ਸਨ।

ਐਡਹਾਕ ਕਮੇਟੀ ਵੱਲੋਂ ਅਪ੍ਰੈਂਟਿਸ ਲਾਈਨਮੈਨਾਂ 'ਤੇ ਲਾਠੀਚਾਰਜ ਕਰਨ ਦੀ ਨਿੰਦਾ

ਰਾਜਪੁਰਾ (ਰਮੇਸ਼ ਕਟਾਰੀਆ)

ਪਿਛਲੇ ਦਿਨੀਂ ਅਪ੍ਰੈਂਟਿਸ ਲਾਈਨਮੈਨਾਂ ਵੱਲੋਂ ਪਟਿਆਲਾ ਵਿਖੇ ਨਵੀਂ ਭਰਤੀ ਦੀ ਮੰਗ ਲੈ ਕੇ ਕੀਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਸਾਥੀਆਂ 'ਤੇ ਪੰਜਾਬ ਪੁਲਸ ਵੱਲੋਂ ਪਾਵਰਕਾਮ ਤੇ ਪੰਜਾਬ ਸਰਕਾਰ ਦੀ ਸ਼ਹਿ 'ਤੇ ਕੀਤੇ ਗਏ ਅੰਨ੍ਹੇ ਤਸ਼ੱਦਦ ਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਐਡਹਾਕ ਕਮੇਟੀ ਵੱਲੋਂ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਇਨ੍ਹਾਂ ਅਪ੍ਰੈਂਟਿਸ ਲਾਈਨਮੈਨਾਂ ਵੱਲੋਂ ਮਹਿਕਮੇ ਵੱਲੋਂ ਕੰਮ ਕਰਨ ਲਈ ਟ੍ਰੇਨਿੰਗ ਲਈ ਹੋਈ ਹੈ ਤੇ ਮਹਿਕਮੇ ਵਿੱਚ ਅਨੇਕਾਂ ਪੋਸਟਾਂ ਖਾਲੀ ਪਈਆਂ ਹਨ।ਮਹਿਕਮੇ ਵਿੱਚ ਕੰਮ ਕਰਦੇ ਤਕਨੀਕੀ ਕਰਮਚਾਰੀਆਂ 'ਤੇ ਕੰਮ ਦਾ ਬਹੁਤ ਜ਼ਿਆਦਾ ਭਾਰ ਹੈ, ਜੋ ਦਿਨੋਂ ਦਿਨ ਹੋਰ ਵਧਦਾ ਜਾ ਰਿਹਾ ਹੈ।ਉੱਚ ਅਧਿਕਾਰੀਆਂ ਵੱਲੋਂ ਘੱਟ ਸਮੇਂ ਵਿੱਚ ਵੱਧ ਕੰਮ ਕਰਨ ਦਾ ਦਬਾਅ ਪਾਇਆ ਜਾ ਰਿਹਾ ਹੈ।ਬੇਲੋੜੀਆਂ ਸੂਚਨਾਵਾਂ ਲਗਾਤਾਰ ਮੰਗੀਆਂ ਜਾ ਰਹੀਆਂ ਹਨ। ਕਰਮਚਾਰੀ ਮਾਨਸਿਕ ਦਬਾਅ ਥੱਲੇ ਡਿਊਟੀ ਕਰ ਰਹੇ ਹਨ, ਜਿਸ ਕਰਕੇ ਤਕਨੀਕੀ ਕਰਮਚਾਰੀਆਂ ਨੂੰ ਘਾਤਕ/ਗੈਰ-ਘਾਤਕ ਹਾਦਸਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਦੂਜੇ ਪਾਸੇ ਆਮ ਪਬਲਿਕ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣਾ ਸਮੇਂ ਦੀ ਲੋੜ ਹੈ।

ਇਸ ਲਈ ਨਵੀਂ ਭਰਤੀ ਕਰੇ ਤੋਂ ਬਿਨਾਂ ਮਹਿਕਮੇ ਦਾ ਸਰ ਹੀ ਨਹੀਂ ਸਕਦਾ।ਜਥੇਬੰਦੀ ਮੰਗ ਕਰਦੀ ਹੈ ਕਿ ਆਮ ਪਬਲਿਕ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਲਾਈਨਮੈਨ ਦੀ ਅਪ੍ਰੈਂਟਿਸ ਕਰ ਚੁੱਕੇ ਸਾਥੀਆਂ ਨੂੰ ਮਹਿਕਮੇ ਵਿੱਚ ਬਿਨਾਂ ਕਿਸੇ ਸ਼ਰਤ ਤੋਂ ਤੁਰੰਤ ਭਰਤੀ ਕੀਤਾ ਜਾਵੇ ਤੇ ਇਨ੍ਹਾਂ ਬੇਰੁਜ਼ਗਾਰ ਅਪ੍ਰੈਂਟਿਸ ਲਾਈਨਮੈਨਾਂ 'ਤੇ ਸਰਕਾਰ ਤਸ਼ੱਦਦ ਕਰਨਾ ਬੰਦ ਕਰੇ।ਨਜ਼ਰਬੰਦ ਕੀਤੇ ਬੇਰੁਜ਼ਗਾਰ ਅਪ੍ਰੈਂਟਿਸ ਲਾਈਨਮੈਨਾਂ ਨੂੰ ਸਰਕਾਰ ਤੁਰੰਤ ਰਿਹਾਅ ਕਰੇ ਨਹੀ ਤਾਂ ਜਥੇਬੰਦੀ ਇਨ੍ਹਾਂ ਅਪ੍ਰੈਂਟਿਸ ਲਾਈਨਮੈਨਾਂ ਦੇ ਹੱਕ ਵਿੱਚ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।ਇਹ ਜਾਣਕਾਰੀ ਦਿੰਦਿਆਂ ਹਰਭਜਨ ਸਿੰਘ ਪਿਲਖਣੀ ਸਾਬਕਾ ਸੂਬਾ ਪ੍ਰਧਾਨ, ਸਾਥੀ ਬਲਜੀਤ ਕੁਮਾਰ ਧੀਮਾਨ ਸਕੱਤਰ ਐਡਹਾਕ ਕਮੇਟੀ ਪੰਜਾਬ, ਸਾਥੀ ਗੁਰਦਿਆਲ ਸਿੰਘ ਬੱਬੂ ਪ੍ਰਧਾਨ ਸਰਕਲ ਪਟਿਆਲਾ, ਸਾਥੀ ਸੁਖਦੇਵ ਸਿੰਘ ਸਰਕਲ ਸੀਨੀਅਰ ਮੀਤ ਪ੍ਰਧਾਨ, ਸਾਥੀ ਹਰਦੀਪ ਸਿੰਘ ਸਰਕਲ ਆਗੂ, ਸਾਥੀ ਪਿਆਰਾ ਸਿੰਘ ਸਮਾਣਾ ਸਰਕਲ ਆਗੂ, ਸਾਥੀ ਬਲਬੀਰ ਸਿੰਘ ਨਾਭਾ ਸਰਕਲ ਆਗੂ, ਸਾਥੀ ਕੁਲਦੀਪ ਸਿੰਘ ਪ੍ਰਧਾਨ ਡਵੀਜ਼ਨ ਰਾਜਪੁਰਾ, ਸਾਥੀ ਜਗਜੀਤ ਸਿੰਘ ਸਕੱਤਰ ਡਵੀਜ਼ਨ ਰਾਜਪੁਰਾ ਤੇ ਪਾਵਰਕਾਮ ਟ੍ਰਾਂਸਕੋ ਪੈਨਸ਼ਨ ਯੂਨੀਅਨ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਰਾਜਿੰਦਰ ਸਿੰਘ, ਸਾਥੀ ਚਰਨ ਸਿੰਘ ਸਰਕਲ ਪ੍ਰਧਾਨ ਨੇ ਕੀਤਾ।

ਹੋਲੀ ਹਾਰਟ ਸਕੂਲ 'ਚ ਮਨਾਇਆ ਵਿਸ਼ਵ ਵਾਤਾਵਰਨ ਦਿਵਸ

ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਸ਼ਵ ਵਾਤਾਵਰਣ ਦਿਵਸ ਮੌਕੇ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਪ੍ਰਕਿਰਤੀ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ।ਇਸ ਮੌਕੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਇੱਕ ਬੱਚੇ ਨੂੰ ਵਾਤਾਵਰਣ ਪ੍ਰੇਮੀ ਬਣਨਾ ਚਾਹੀਦਾ ਹੈ।ਉਨ੍ਹਾਂ ਆਪਣੇ ਜਨਮ ਦਿਨ 'ਤੇ ਘੱਟੋ-ਘੱਟ ਇੱਕ ਪੌਦਾ ਲਗਾਉਣ ਤੇ ਉਸ ਦੀ ਪਰਵਰਿਸ਼ ਕਰਨ ਦੀ ਪ੍ਰੇਰਣਾ ਦਿੱਤੀ।ਅੱਜ ਸਕੂਲ ਦੇ ਵਿਹੜੇ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਛਾਂਦਾਰ ਤੇ ਫਲਦਾਰ ਬੂਟੇ ਲਗਾਏ ਗਏ।ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਵਾਤਾਵਰਣ ਨੂੰ ਬਚਾਉਣ ਦੇ ਸੰਦੇਸ਼ ਦਿੰਦੇ ਸੁੰਦਰ ਪੋਸਟਰ ਤੇ ਸਲੋਗਨ ਵੀ ਤਿਆਰ ਕੀਤੇ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਸ਼੍ਰੇਆ ਪਲਤਾ ਖਾਸ ਤੌਰ 'ਤੇ ਪਹੁੰਚੇ ਅਤੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਕੁਦਰਤ ਦੀ ਸੰਭਾਲ ਲਈ ਸਾਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਛੋਟੇ-ਛੋਟੇ ਬਦਲਾਅ ਲਿਆਉਣੇ ਪੈਣਗੇ।ਪਾਣੀ ਦੀ ਇੱਕ-ਇੱਕ ਬੂੰਦ ਕੀਮਤੀ ਹੈ, ਇਸ ਲਈ ਬੁਰਸ਼ ਕਰਦੇ ਸਮੇਂ ਜਾਂ ਬਿਨਾਂ ਵਜ੍ਹਾ ਟੂਟੀਆਂ ਖੁੱਲ੍ਹੀਆਂ ਨਾ ਛੱਡੋ। ਬਿਜਲੀ ਦੀ ਫ਼ਾਲਤੂ ਵਰਤੋਂ ਬੰਦ ਕਰਕੇ ਅਸੀਂ ਊਰਜਾ ਦੀ ਬਚਤ ਕਰ ਸਕਦੇ ਹਾਂ, ਜੋ ਕਿ ਵਾਤਾਵਰਣ ਲਈ ਬਹੁਤ ਫ਼ਾਇਦੇਮੰਦ ਹੈ।ਆਪਣੇ ਆਲੇ-ਦੁਆਲੇ ਕੂੜਾ-ਕਰਕਟ ਨਾ ਫੈਲਾਓ ਅਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਡਸਟਬਿਨਾਂ ਵਿੱਚ ਪਾਓ।ਖ਼ਬਰ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਬੇਨਤੀ ਕੀਤੀ ਕਿ ਉਹ ਇਸ ਮੁਹਿੰਮ ਨੂੰ ਸਿਰਫ਼ ਸਕੂਲ ਤੱਕ ਸੀਮਤ ਨਾ ਰੱਖਣ, ਬਲਕਿ ਆਪਣੇ ਘਰਾਂ ਤੇ ਪਿੰਡਾਂ/ਸ਼ਹਿਰਾਂ ਵਿੱਚ ਵੀ ਜਾਗਰੂਕਤਾ ਫੈਲਾਉਣ।

ਸ਼ਹੀਦ ਊਧਮ ਸਿੰਘ ਕਾਲਜ 'ਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ ਡੀ.ਡੀ.ਓ. ਸ੍ਰੀ ਸ਼ਾਮ ਸੁੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਐਨ.ਐੱਸ.ਐੱਸ. ਵਿਭਾਗ ਵੱਲੋਂ ਲਾਈਨਜ਼ ਕਲੱਬ 63 (ਪ੍ਰਾਇਸ) ਤੇ ਜੰਗਲਾਤ ਵਿਭਾਗ ਸੁਨਾਮ ਤੇ ਸੰਗਰੂਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ।ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਅੰਚਲਾ ਤੇ ਐਨ.ਐੱਸ.ਐੱਸ. ਵਿਭਾਗ ਪ੍ਰੋਗਰਾਮ ਅਫਸਰ ਪ੍ਰੋਫੈਸਰ ਗੁਰਪ੍ਰੀਤ ਸਿੰਘ, ਡਾਕਟਰ ਮਨੀਤਾ ਜੋਸ਼ੀ, ਪ੍ਰੋਫੈਸਰ ਕਾਲਾ ਸਿੰਘ, ਡਾਕਟਰ ਮਨਪ੍ਰੀਤ ਹਾਂਡਾ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ।ਜੰਗਲਾਤ ਵਿਭਾਗ ਤੋਂ ਬਲਾਕ ਅਫਸਰ ਮੈਡਮ ਗੁਰਪ੍ਰੀਤ ਕੌਰ ਤੇ ਲਾਈਨਜ਼ ਕਲੱਬ (ਪ੍ਰਾਇਸ) ਤੇ ਪ੍ਰਧਾਨ ਪਵਿੱਤਰ ਸਿੰਗਲਾ ਨੇ ਵਲੰਟੀਅਰਜ਼ ਨੂੰ ਵਾਤਾਵਰਨ ਦਿਵਸ ਦੀ ਵਧਾਈ ਦਿੰਦੇ ਹੋਏ, ਵਾਤਾਵਰਨ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕਰਦੇ ਹੋਏ, ਅੱਜ ਦੇ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।ਇਸ ਮੌਕੇ ਜਿੱਥੇ ਜੰਗਲਾਤ ਵਿਭਾਗ ਵੱਲੋਂ ਕਾਲਜ ਦੇ ਵੱਖ-ਵੱਖ ਪਾਰਕਾਂ ਵਿੱਚ ਬੂਟੇ ਲਗਾਏ ਗਏ, ਉੱਥੇ ਹੀ ਲਾਈਨ ਕਲੱਬ (ਪ੍ਰਾਇਸ) ਨੇ ਪੌਦਿਆਂ ਦੇ ਨਾਲ ਨਾਲ ਐਨ.ਐੱਸ.ਐੱਸ. ਵਿਭਾਗ ਨੂੰ ਪਾਣੀ ਦੀ ਪਾਈਪ ਦਿੱਤੀ, ਤਾਂ ਜੋ ਇਨ੍ਹਾਂ ਲਗਾਏ ਬੂਟਿਆਂ ਦੀ ਬਾਅਦ ਵਿੱਚ ਸੰਭਾਲ ਕੀਤੀ ਜਾਵੇ।ਇਸ ਪ੍ਰੋਗਰਾਮ ਦੇ ਆਖਿਰ ਵਿੱਚ ਜਸਪ੍ਰੀਤ ਕੌਰ, ਖੁਸ਼ਕਰਨ ਸਿੰਘ (ਬੇਦੀ) ਨੂੰ ਲਗਾਈ ਗਈ ਟ੍ਰੇਨਿੰਗ ਲਈ ਸਨਮਾਨਤ ਕੀਤਾ।ਨਾਲ ਹੀ ਪੋਸਟਰ ਮੇਕਿੰਗ ਮੁਕਾਬਲੇ ਦੇ ਜੇਤੂ ਵਲੰਟੀਅਰਜ਼ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਲਾਈਨਸ ਕਲੱਬ ਤੋਂ ਪਵਿੱਤਰ ਸਿੰਗਲਾ, ਅੰਕੁਰ ਜ਼ਖਮੀ, ਰਾਕੇਸ਼ ਬੱਬੂ, ਰੁਪਿੰਦਰ, ਜੰਗਲਾਤ ਵਿਭਾਗ ਤੋਂ ਮੈਡਮ ਗੁਰਪ੍ਰੀਤ ਕੌਰ, ਰੁਪਿੰਦਰ ਸਿੰਘ, ਸੁਖਚੈਨ ਸਿੰਘ, ਮਨਪ੍ਰੀਤ ਸਿੰਘ ਤੇ ਕਾਲਜ ਵਿੱਚ ਡਾਕਟਰ ਪਰਮਿੰਦਰ ਕੌਰ, ਡਾਕਟਰ ਕੁਲਦੀਪ ਸਿੰਘ ਵਾਹਿਆ, ਕੁਲਦੀਪ ਸਿੰਘ ਸ਼ਾਮਲ ਹੋਏ।

ਰੁੱਖਾਂ ਤੋਂ ਬਿਨਾਂ ਧਰਤੀ 'ਤੇ ਜੀਵਨ ਸੰਭਵ ਨਹੀਂ ਹੋ ਸਕਦਾ : ਦੇਹੜਕਾ

ਜਗਰਾਉਂ (ਸੰਜੀਵ ਅਰੋੜਾ)-ਕੁਦਰਤ ਸਰਵਉੱਚ ਹੈ, ਜੋ ਸਾਰੇ ਜੀਵਾਂ ਨੂੰ ਹਵਾ, ਪਾਣੀ, ਭੋਜਨ ਤੇ ਜੀਵਨ ਪ੍ਰਦਾਨ ਕਰਦੀ ਹੈ, ਪਰ ਫਿਰ ਵੀ ਅਜੋਕੇ ਸਮੇਂ 'ਚ ਮਨੁੱਖ ਕੁਦਰਤ ਤੋਂ ਦੂਰ ਹੁੰਦਾ ਜਾ ਰਿਹਾ ਹੈ। ਜਿਉਂ-ਜਿਉਂ ਕੁਦਰਤ ਤੋਂ ਦੂਰ ਜਾ ਰਿਹਾ ਹੈ, ਤਿਉਂ-ਤਿਉਂ ਮਨੁੱਖ ਸਰੀਰਕ ਤੇ ਮਾਨਸਿਕ ਤੌਰ 'ਤੇ ਦੁੱਖੀ ਵੀ ਹੋ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਮਾ. ਸਰਬਜੀਤ ਸਿੰਘ ਦੇਹੜਕਾ ਨੇ ਕਿਹਾ ਕਿ ਜਿੰਨਾ ਅਸੀਂ ਜ਼ਿਆਦਾ ਕੁਦਰਤ ਅਨੁਸਾਰ ਜੀਵਨ ਬਤੀਤ ਕਰਾਂਗੇ, ਉਨਾ ਹੀ ਸਰੀਰਕ ਤੇ ਮਾਨਸਿਕ ਤੌਰ 'ਤੇ ਸਿਹਤਮੰਦ ਵੀ ਹੋਵਾਂਗੇ ਅਤੇ ਦਿਲ ਨੂੰ ਇਕ ਅਨੰਦਮਈ ਸਕੂਨ ਪ੍ਰਾਪਤ ਹੋਵੇਗਾ। ਉਨ੍ਹਾਂ ਕਿਹਾ ਕਿ ਮਨੁੱਖ ਦੀਆਂ ਅਣਗਹਿਲੀਆਂ ਕਾਰਨ ਵਿਸ਼ਵ ਪੱਧਰ 'ਤੇ ਗਲੋਬਲ ਵਾਰਮਿੰਗ ਭਵਿੱਖ ਵਿੱਚ ਮਨੁੱਖੀ ਜਨਜੀਵਨ ਲਈ ਵੱਡਾ ਖਤਰਾ ਹੈ। ਵਾਤਾਵਰਨ ਪ੍ਰਦੂਸ਼ਤ ਹੋਣ ਕਾਰਨ ਮੌਸਮ 'ਚ ਵੱਡੀਆਂ ਤਬਦੀਲੀਆਂ ਆਈਆਂ ਹਨ, ਜਿਸ ਕਰਕੇ ਅੱਜ ਧਰਤੀ ਭੱਠੀ ਵਾਂਗ ਤਪ ਰਹੀ ਹੈ ਤੇ ਕਹਿਰ ਦੀ ਗਰਮੀ ਤੋਂ ਛੁਟਕਾਰਾ ਪਾਉਣ ਲਈ ਵੱਧ ਤੋਂ ਵੱਧ ਪੌਦੇ ਲਗਾ ਕੇ ਉਨ੍ਹਾਂ ਦੀ ਸਾਂਭ-ਸੰਭਾਲ ਵੀ ਕਰਨੀ ਜ਼ਰੂਰੀ ਹੋਵੇਗੀ। ਮਾ. ਸਰਬਜੀਤ ਸਿੰਘ ਨੇ ਕਿਹਾ ਕਿ ਇਹ ਧਰਤੀ ਲੱਖਾਂ-ਕਰੋੜਾਂ ਜੀਵਾਂ ਦਾ ਘਰ ਵੀ ਹੈ। ਰੁੱਖਾਂ ਤੋਂ ਬਿਨਾਂ ਧਰਤੀ 'ਤੇ ਜੀਵਨ ਸੰਭਵ ਨਹੀਂ ਹੋ ਸਕਦਾ। ਇਸ ਲਈ ਹਰੇਕ ਵਿਅਕਤੀ ਨੂੰ ਹਰ ਸਾਲ ਘੱਟੋ-ਘੱਟ 5 ਨਹੀਂ ਤਾਂ 2 ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ।

ਲਖਮੀਰਵਾਲਾ ਦੇ ਲਾਲ ਲਕੀਰ ਅੰਦਰ ਰਹਿੰਦੇ ਪਰਵਾਰਾਂ ਨੂੰ ਮਾਲਕੀ ਦੇ ਹੱਕ ਦਿੱਤੇ

ਵਿਧਾਇਕ ਬੁੱਧ ਰਾਮ ਨੇ ਘਰਾਂ ਦੇ ਮਾਲਕਾਂ ਨੂੰ ਸੌਂਪੇ ਦਸਤਾਵੇਜ਼

ਬੁਢਲਾਡਾ (ਅਸ਼ੋਕ ਲਾਕੜਾ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਲਖਮੀਰਵਾਲਾ ਵਿਖੇ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੀ ਅਗਵਾਈ ਹੇਠ ਸਮੂਹ ਪਿੰਡ ਦੀ ਨਿਸ਼ਾਨਦੇਹੀ ਕਰਕੇ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੇ ਮਾਲਕਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ (ਰਜਿਸਟਰੀਆਂ) ਸੌਂਪੇ ਗਏ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਉਹਨਾਂ ਦੇ ਹੱਕ ਘਰ-ਘਰ ਪਹੁੰਚਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੇ ਮਾਲਕਾਂ ਨੂੰ ਮਾਲਕੀ ਹੱਕ ਦੇ ਦਸਤਾਵੇਜ਼ ਮਿਲਣ ਨਾਲ ਸਾਲਾਂ ਪੁਰਾਣੀ ਮੰਗ ਪੂਰੀ ਹੋਈ ਹੈ ਤੇ ਹੁਣ ਪਿੰਡ ਵਾਸੀਆਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਾਲਕੀ ਦਾ ਅਧਿਕਾਰ ਪ੍ਰਾਪਤ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਤੇ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ।ਇਹ ਉਪਰਾਲਾ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੇ ਸਸ਼ਕਤੀਕਰਨ ਵੱਲ ਇੱਕ ਅਹਿਮ ਕਦਮ ਸਾਬਿਤ ਹੋਵੇਗਾ।ਇਸ ਮੌਕੇ ਜਨਰਲ ਸਕੱਤਰ ਕਿਸਾਨ ਵਿੰਗ ਚਰਨਜੀਤ ਸਿੰਘ ਅੱਕਾਂਵਾਲੀ, ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਤਹਿਸੀਲਦਾਰ ਰਾਜੀਵ ਖੋਸਲਾ, ਰਾਮੂ ਸਿੰਘ ਜਿਲਾ ਪ੍ਰੀਸ਼ਦ, ਰਛਪਾਲ ਸਿੰਘ ਸਰਪੰਚ ਤੇ ਪੰਚਾਇਤ ਲਖਮੀਰਵਾਲਾ ਦੇ ਮੈਂਬਰ, ਪਿੰਡ ਦੇ ਮੋਹਤਬਰ ਵਿਅਕਤੀ ਤੇ ਪਿੰਡ ਵਾਸੀ ਹਾਜ਼ਰ ਸਨ।

ਖੁਰਾਕ ਸਪਲਾਈ ਵਿਭਾਗ ਨੇ ਲਾਭਪਾਤਰੀਆਂ ਨੂੰ ਰਾਸ਼ਨ ਵੰਡਿਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਖੁਰਾਕ ਸਪਲਾਈ ਵਿਭਾਗ ਮਾਛੀਵਾੜਾ ਵੱਲੋਂ ਪਿੰਡਾਂ ਵਿੱਚ ਲਾਭਪਾਤਰੀਆਂ ਨੂੰ ਮੁਫ਼ਤ ਰਾਸ਼ਨ ਵੰਡਿਆ ਗਿਆ। ਇਸ ਮੌਕੇ ਏ ਐੱਫ ਐੱਸ ਓ ਬਲਰਾਜ ਸਿੰਘ, ਸਰਪੰਚ ਜਸਪ੍ਰੀਤ ਸਿੰਘ, ਇੰਸਪੈਕਟਰ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਈਸਾਪੁਰ, ਦੌਲਤਪੁਰ, ਮੰਡ ਝੜੌਦੀ ਤੇ ਮਿਲਕੋਵਾਲ ਵਿਖੇ ਸੈਂਕੜੇ ਲਾਭਪਾਤਰੀਆਂ ਨੂੰ ਇਹ ਰਾਸ਼ਨ ਸੌਂਪਿਆ ਗਿਆ। ਇਸ ਮੌਕੇ ਏ ਐੱਫ ਐੱਸ ਓ ਬਲਰਾਜ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਕਿਸੇ ਵੀ ਲਾਭਪਾਤਰੀ ਨੂੰ ਮੁਫ਼ਤ ਰਾਸ਼ਨ ਲੈਣ ਵਿੱਚ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਵਿਭਾਗ ਦੇ ਦਫ਼ਤਰ ਵਿਖੇ ਆ ਕੇ ਸੂਚਿਤ ਕਰ ਸਕਦਾ ਹੈ। ਇਸ ਮੌਕੇ ਰੇਸ਼ਮ ਸਿੰਘ, ਜਗਤਾਰ ਸਿੰਘ, ਦਿਲਬਰ ਸਿੰਘ, ਸੋਨਾ ਸਿੰਘ, ਸੁਰਿੰਦਰ ਸਿੰਘ, ਬੂਟਾ ਸਿੰਘ, ਅਜੀਤ ਕੌਰ, ਜੋਗਿੰਦਰ ਸਿੰਘ (ਸਾਰੇ ਪੰਚ) ਹਾਜ਼ਰ ਸਨ।

ਕੋਰਟਸ ਕੰਪਲੈਕਸ 'ਚ ਬੂਟੇ ਲਾ ਕੇ ਮਨਾਇਆ ਵਿਸ਼ਵ ਵਾਤਾਵਰਨ ਦਿਵਸ

ਮੋਗਾ (ਇਕਬਾਲ ਸਿੰਘ ਖਹਿਰਾ)-ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ- ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਵਿਸ਼ਵ ਵਾਤਾਵਰਣ ਦਿਵਸ ਮਨਾਉਂਦਿਆਂ ਜੁਡੀਸ਼ੀਅਲ ਕੋਰਟਸ ਕੰਪਲੈਕਸ ਮੋਗਾ ਵਿਖੇ ਸੈਸ਼ਨ ਡਵੀਜ਼ਨ ਮੋਗਾ ਦੇ ਜੱਜ ਸਾਹਿਬਾਨ ਵੱਲੋਂ ਬੂਟੇ ਲਗਾਏ ਗਏ।ਜੱਜ ਸਾਹਿਬਾਨ ਤੋਂ ਇਲਾਵਾ ਜ਼ਿਲ੍ਹਾ ਅਟਾਰਨੀ ਮੋਗਾ ਦੇ ਪ੍ਰਧਾਨ ਤੇ ਸਕੱਤਰ ਬਾਰ ਐਸੋਸੀਏਸ਼ਨ ਮੋਗਾ ਵੱਲੋਂ ਵੀ ਬੂਟੇ ਲਗਾਏ ਗਏ।ਨੀਲਮ ਅਰੋੜਾ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ- ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਨੇ ਦੱਸਿਆ ਕਿ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਬੂਟੇ ਲਗਾਉਣ ਦਾ ਮੁੱਖ ਮਕਸਦ ਵਾਤਾਵਰਣ ਨੂੰ ਸਾਫ ਸੁਥਰਾ ਰੱਖਣਾ ਤੇ ਵੱਧ ਰਹੇ ਪ੍ਰਦੂਸ਼ਣ ਤੋਂ ਹੋ ਰਹੇ ਮਾੜੇ ਪ੍ਰਭਾਵਾਂ ਤੋਂ ਬਚਾਅ ਕਰਨਾ ਹੈ।ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਨੂੰ ਵੱਖ-ਵੱਖ ਕਿਸਮ ਦੇ ਪ੍ਰਦੂਸ਼ਣਾਂ ਬਾਰੇ ਵੀ ਜਾਗਰੂਕ ਕੀਤਾ, ਜਿਸ ਵਿੱਚ ਖ਼ਾਸ ਤੌਰ 'ਤੇ ਪਲਾਸਟਿਕ ਸਮੱਗਰੀ ਦੇ ਇਸਤੇਮਾਲ ਕਾਰਨ ਹੋਣ ਵਾਲੇ ਪ੍ਰਦੂਸ਼ਣ ਨੂੰ ਰੋਕਣ ਲਈ ਖਾਸ ਜ਼ੋਰ ਦਿੱਤਾ।ਇਸ ਮੌਕੇ ਬਿਸ਼ਨ ਸਰੂਪ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਮੁਨੀਸ਼ ਅਰੋੜਾ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਰਵੀ ਇੰਦਰ ਕੌਰ ਸੰਧੂ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ, ਪੁਸ਼ਪਾ ਰਾਣੀ ਸਿਵਲ ਜੱਜ (ਸੀਨੀਅਰ ਡਵੀਜ਼ਨ), ਮਮਤਾ ਕੱਕੜ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਸਿਮਰਨ ਸਿੰਘ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਸਾਰੇ ਸਿਵਲ ਜੱਜ-ਕਮ-ਜੁਡੀਸ਼ੀਅਲ ਮੈਜਿਸਟ੍ਰੇਟ, ਗੁਰਿੰਦਰ ਸਿੰਘ ਸੁਪਰਡੈਂਟ ਸੈਸ਼ਨ ਡਵੀਜ਼ਨ, ਨੀਲਮ ਪਾਠਕ ਜ਼ਿਲ੍ਹਾ ਅਟਾਰਨੀ, ਸੁਖਵਿੰਦਰ ਸਿੰਘ ਪ੍ਰਧਾਨ ਬਾਰ ਐਸੋਸੀਏਸ਼ਨ ਮੋਗਾ, ਰਜੀਵ ਮਿੱਤਲ ਸਕੱਤਰ ਬਾਰ ਐਸੋਸੀਏਸ਼ਨ ਮੋਗਾ ਹਾਜ਼ਰ ਸਨ।

ਪੇਂਡੂ ਮਜ਼ਦੂਰ ਯੂਨੀਅਨ ਨੇ ਚਿੱਟੇ ਖਿਲਾਫ ਲੋਕਾਂ ਨੂੰ ਕੀਤਾ ਲਾਮਬੰਦ

ਹਠੂਰ (ਲਵਲੀ ਕੁਮਾਰ)

ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ ਦੀ ਅਗਵਾਈ ਹੇਠ ਪਿੰਡ ਮੱਲ੍ਹਾ, ਰਸੂਲਪੁਰ, ਲੱਖਾ ਤੇ ਮਾਣੂੰਕੇ ਵਿਖੇ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਤਰਕਸ਼ੀਲ ਆਗੂ ਗੁਰਮੀਤ ਸਿੰਘ ਮੱਲ੍ਹਾ ਤੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਮਾਣੂੰਕੇ ਨੇ ਕਿਹਾ ਕਿ ਚਿੱਟੇ ਦਾ ਭਿਆਨਕ ਨਸ਼ਾ ਨੌਜਵਾਨਾਂ ਨੂੰ ਲਗਾਤਾਰ ਆਪਣੀ ਲਪੇਟ ਵਿੱਚ ਲੈ ਕੇ ਮੌਤ ਦੇ ਰਸਤੇ ਲਿਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਚਿੱਟੇ ਦੇ ਕਹਿਰ ਕਾਰਨ ਨੌਜਵਾਨ, ਜਿਨ੍ਹਾਂ ਆਪਣੇ ਮਾਪਿਆਂ ਦਾ ਸਹਾਰਾ ਬਣਨਾ ਸੀ, ਉਹੀ ਨੌਜਵਾਨ ਆਪਣੇ ਮਾਪਿਆਂ 'ਤੇ ਬੋਝ ਬਣ ਮਾੜੇ ਕੰਮਾਂ ਦੇ ਰਾਹ ਪੈ ਰਹੇ ਹਨ।ਉਨ੍ਹਾਂ ਕਿਹਾ ਕਿ ਦਲਿਤ ਮਜ਼ਦੂਰ ਤੇ ਛੋਟੀ ਕਿਸਾਨੀ ਆਦਿ ਵਰਗਾਂ ਨਾਲ ਸਬੰਧਤ ਚਿੱਟੇ ਦੀ ਲੱਤ ਵਿੱਚ ਫਸੇ ਨੌਜਵਾਨ ਤਾਂ ਨਸ਼ੇ ਦੀ ਪੂਰਤੀ ਲਈ ਆਪਣੇ ਮਾਤਾ-ਪਿਤਾ ਦਾ ਮਿਹਨਤ ਨਾਲ ਬਣਾਇਆ ਘਰ ਦਾ ਕੀਮਤੀ ਸਾਮਾਨ ਚੋਰੀ ਕਰਕੇ ਕੌਡੀਆਂ ਦੇ ਭਾਅ ਵੇਚ ਦਿੰਦੇ ਹਨ, ਘਰ ਦੀ ਤਬਾਹੀ ਤੋਂ ਬਾਅਦ ਨਸ਼ਾ ਹੀ ਇਨ੍ਹਾਂ ਨਸ਼ੇੜੀਆਂ ਨੂੰ ਰਾਹਗੀਰਾਂ ਦੀ ਲੁੱਟ-ਖੋਹ ਤੇ ਚੋਰੀਆਂ ਕਰਨ ਦੇ ਰਾਹ ਪਾਉਂਦਾ ਹੈ, ਜੋ ਆਏ ਦਿਨ ਆਪਣੇ ਮਾਪਿਆਂ ਲਈ ਪ੍ਰੇਸ਼ਾਨੀਆਂ ਖੜ੍ਹੀਆਂ ਕਰਨ ਦਾ ਜ਼ਰੀਆ ਬਣਦੇ ਹਨ।ਉਨ੍ਹਾਂ ਕਿਹਾ ਕਿ ਚਿੱਟੇ ਦੀ ਲਤ ਤੋਂ ਨੌਜਵਾਨਾਂ ਨੂੰ ਬਚਾਉਣ ਤੇ ਜਾਗਰੂਕ ਕਰਨ ਲਈ ਅੱਜ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ ਬਸਤੀਆਂ ਵਿੱਚ ਮੀਟਿੰਗਾਂ ਕਰਕੇ ਚਿੱਟੇ ਤੋਂ ਨੌਜਵਾਨੀ ਨੂੰ ਬਚਾਉਣ, ਚਿੱਟਾ ਪੀਣ ਵਾਲਿਆਂ ਦੇ ਇਲਾਜ ਤੇ ਚਿੱਟੇ ਕਾਰਨ ਮਰਨ ਵਾਲੇ ਨੌਜਵਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਅਤੇ ਚਿੱਟੇ ਦੇ ਭਿਆਨਕ ਨਸ਼ੇ 'ਤੇ ਪੂਰਨ ਰੋਕ ਲਾਉਣ ਆਦਿ ਮੰਗਾਂ ਨੂੰ ਲੈ ਕੇ ਸਮੂਹ ਲੋਕਾਂ ਨੂੰ ਇੱਕਤਰ ਹੋ ਕੇ ਪੰਜਾਬ ਦੇ ਮੁੱਖ ਮੰਤਰੀ ਨੂੰ ਐੱਸ ਡੀ ਐੱਮ ਜਗਰਾਉਂ ਰਾਹੀਂ ਮੰਗ ਪੱਤਰ ਦੇਣ ਲਈ 8 ਜੂਨ ਨੂੰ ਜਗਰਾਉਂ ਪਹੁੰਚਣ ਦਾ ਸੱਦਾ ਦਿੱਤਾ।

ਉਨ੍ਹਾ ਕਿਹਾ ਕਿ ਨਸ਼ਿਆਂ ਦਾ ਮੁੱਖ ਕਾਰਨ ਬੇਚੈਨੀ ਹੈ, ਬੇਚੈਨੀ ਬੇਰੁਜ਼ਗਾਰੀ ਦੀ ਦੇਣ ਹੈ।ਇਸ ਲਈ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਪ੍ਰਬੰਧ ਕਰੇ।ਚਿੱਟੇ ਦਾ ਖ਼ਤਰਨਾਕ ਪਰਕੋਪ ਵਧਣਾ ਸਰਕਾਰ ਦੀ ਨਲਾਇਕੀ ਹੈ, ਇਸ ਲਈ ਚਿੱਟੇ ਕਾਰਨ ਜਾਨਾਂ ਗਵਾਉਣ ਵਾਲੇ ਨੌਜਵਾਨਾਂ ਦੇ ਪੀੜਤ ਪਰਿਵਾਰਾਂ ਨੂੰ ਸਰਕਾਰ 10-10 ਲੱਖ ਰੁਪਏ ਦਾ ਮੁਆਵਜ਼ਾ ਤੇ ਰੁਜ਼ਗਾਰ ਦਾ ਪ੍ਰਬੰਧ ਕਰੇ।ਇਸ ਮੌਕੇ ਗੁਰਮੀਤ ਸਿੰਘ ਮੱਲ੍ਹਾ, ਡਾਕਟਰ ਪਾਲੀ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ ਖਾਲਸਾ, ਸੇਵਕ ਸਿੰਘ ਖਾਲਸਾ, ਇੰਦਰਪਾਲ ਸਿੰਘ, ਸਾਬਕਾ ਪੰਚ ਪਰਮਜੀਤ ਸਿੰਘ, ਜੋਗਿੰਦਰ ਸਿੰਘ, ਨਿਰਮਲ ਸਿੰਘ, ਜਗਤਾਰ ਸਿੰਘ, ਲਖਵੀਰ ਸਿੰਘ ਜਨਾਗਲ, ਕਾਕਾ ਸਿੰਘ, ਪ੍ਰੀਤਮ ਸਿੰਘ, ਚਮਕੌਰ ਸਿੰਘ ਆਦਿ ਹਾਜ਼ਰ ਸਨ।

ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਸ਼ਿੰਗਾਰਾ ਸਿੰਘ ਸਲਾਣਾ ਤੇ ਵਾਈਸ ਚੇਅਰਮੈਨ ਗੁਰਵਿੰਦਰ ਸਿੰਘ ਨੇ ਅਹੁਦਾ ਸੰਭਾਲਿਆ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ਼ਿੰਗਾਰਾ ਸਿੰਘ ਸਲਾਣਾ ਨੇ ਬਤੌਰ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਫ਼ਤਹਿਗੜ੍ਹ ਸਾਹਿਬ ਤੇ ਗੁਰਵਿੰਦਰ ਸਿੰਘ ਨੇ ਵਾਈਸ ਚੇਅਰਮੈਨ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਵਿਧਾਇਕ ਫ਼ਤਹਿਗੜ੍ਹ ਸਾਹਿਬ ਐਡਵੋਕੇਟ ਲਖਵੀਰ ਸਿੰਘ ਰਾਏ, ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ, ਵਿਧਾਇਕ ਬੱਸੀ ਪਠਾਣਾ, ਰੁਪਿੰਦਰ ਸਿੰਘ ਹੈਪੀ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਅਜੈ ਲਿਬੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਨਵ-ਨਿਯੁਕਤ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਨਵ-ਨਿਯੁਕਤ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਤੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਪੇਂਡੂ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਕਿਹਾ।ਵਿੱਤ ਮੰਤਰੀ ਚੀਮਾ ਨੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਨੂੰ ਪ੍ਰਤੀ ਹਲਕਾ 25 ਲੱਖ ਰੁਪਏ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਸੌਂਪੇ।ਇਸੇ ਦੌਰਾਨ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਬਣਾਏ ਗਏ ਸਖ਼ਤ ਕਾਨੂੰਨ ਤੇ ਹੋਰ ਵਿਕਾਸ ਕੰਮਾਂ ਦੀ ਜਾਣਕਾਰੀ ਦਿੱਤੀ। ਨਵੇਂ ਚੇਅਰਮੈਨ ਸ਼ਿੰਗਾਰਾ ਸਿੰਘ ਸਲਾਣਾ ਤੇ ਵਾਈਸ ਚੇਅਰਮੈਨ ਗੁਰਵਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਵਿਧਾਇਕ ਫਤਹਿਗੜ੍ਹ ਸਾਹਿਬ ਐਡਵੋਕੇਟ ਲਖਵੀਰ ਸਿੰਘ ਰਾਏ, ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ, ਵਿਧਾਇਕ ਬੱਸੀ ਰੁਪਿੰਦਰ ਸਿੰਘ ਹੈਪੀ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ੍ਰੀ ਅਜੈ ਸਿੰਘ ਲਿਬੜਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

ਵਿਧਾਇਕ ਡਿੰਪੀ ਢਿੱਲੋਂ ਨੇ ਫੂਡ ਕਿੱਟਾਂ ਵੰਡਣ ਦੀ ਕੀਤੀ ਸ਼ੁਰੂਆਤ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਗਿੱਦੜਬਾਹਾ ਵਿਖੇ ਮੇਰੀ ਰਸੋਈ ਸਕੀਮ ਤਹਿਤ ਫੂਡ ਕਿੱਟਾਂ ਵੰਡਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਏਐੱਫਐੱਸਓ ਰੁਪਿੰਦਰ ਸਿੰਘ ਧਾਲੀਵਾਲ, ਸ਼ਹਿਰ ਦੇ ਇੰਚਾਰਜ ਪਰਵਜੋਤ ਸਿੰਘ ਪੈਵੀ ਢਿੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਡਿੰਪੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਸਾਰੇ ਵਾਅਦੇ ਪੂਰੇ ਕਰਦੇ ਹੋਏ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਚਲਾਈ ਜਾ ਰਹੀ ਮੇਰੀ ਰਸੋਈ ਸਕੀਮ ਤਹਿਤ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਘਰੇਲੂ ਰਸੋਈ ਵਿੱਚ ਵਰਤੋਂ ਕਰਨ ਵਾਲੇ ਸਾਮਾਨ ਦੀਆਂ ਫੂਡ ਕਿੱਟ ਦਿੱਤੀਆਂ ਜਾ ਰਹੀਆਂ ਹਨ।ਇਸ ਉਪਰਾਲੇ ਦਾ ਮਕਸਦ ਗਰੀਬ ਤੇ ਜ਼ਰੂਰਤਮੰਦ ਪਰਵਾਰਾਂ ਨੂੰ ਰੋਜ਼ਾਨਾ ਦੀ ਲੋੜੀਂਦੀ ਪੌਸ਼ਟਿਕ ਸਮੱਗਰੀ ਦੀ ਸੁਵਿਧਾ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਫੂਡ ਕਿੱਟ ਵਿੱਚ ਕਣਕ ਦੇ ਨਾਲ-ਨਾਲ ਹੋਰ ਜ਼ਰੂਰੀ ਰਾਸ਼ਨ ਸਮੱਗਰੀ ਵੀ ਸ਼ਾਮਲ ਕੀਤੀ ਗਈ ਹੈ, ਜਿਸ ਵਿੱਚ 2 ਕਿੱਲੋ ਮਾਹ ਛੋਲਿਆਂ ਦੀ ਦਾਲ, 2 ਕਿੱਲੋ ਚੀਨੀ, 1 ਕਿੱਲੋ ਨਮਕ, 200 ਗ੍ਰਾਮ ਹਲਦੀ ਤੇ 1 ਲੀਟਰ ਸਰ੍ਹੋਂ ਦਾ ਤੇਲ ਹੋਵੇਗਾ ਤਾਂ ਜੋ ਪਰਿਵਾਰਾਂ ਨੂੰ ਪੂਰਾ ਪੋਸ਼ਣ ਮਿਲ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਹਰ ਲੋੜਵੰਦ ਤੱਕ ਸਰਕਾਰੀ ਸਹਾਇਤਾ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਗਿੱਦੜਬਾਹਾ ਹਲਕਾ ਮੇਰਾ ਪਰਿਵਾਰ ਹੈ ਤੇ ਮੈਂ ਆਪਣੇ ਪਰਿਵਾਰ ਦੀ ਸੇਵਾ ਲਈ ਹਰ ਸਮੇਂ ਤਤਪਰ ਰਹਿੰਦਾ ਹਾਂ।ਇਸ ਮੌਕੇ ਇੰਸਪੈਕਟਰ ਲੋਕੇਸ਼ ਬਾਂਸਲ, ਇੰਸਪੈਕਟਰ ਜਸਪਾਲ ਸਿੰਘ, ਜਸਵੀਰ ਸਿੰਘ ਪ੍ਰਧਾਨ ਐੱਮ ਸੀ, ਸੁਖਮੰਦਰ ਸਿੰਘ, ਅਸ਼ੋਕ ਬੁੱਟਰ ਚੇਅਰਮੈਨ ਟਰੇਡ ਵਿੰਗ, ਗੌਰਵ ਜੈਨ ਚੀਨੂ ਐੱਮ ਸੀ, ਮਾਧੋਦਾਸ ਸਿੰਘ ਖਾਲਸਾ ਐਮਸੀ, ਐਡਵੋਕੇਟ ਲਗਨਪ੍ਰੀਤ ਸਿੰਘ ਲਾਲੀ ਮਾਨ ਐੱਮ ਸੀ, ਮਿੰਟੂ ਵਾਲੀਆ ਪ੍ਰਧਾਨ ਸਿਟੀ ਕਲੱਬ, ਸ਼ਿਵਰਾਜ ਸਿੰਘ, ਓ ਪੀ ਕਾਕਾ, ਪ੍ਰੇਮ ਸਿੰਘ, ਐਡਵੋਕੇਟ ਜਗਤਾਰ ਸਿੰਘ ਧਾਲੀਵਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲਾਭਪਾਤਰੀ ਤੇ ਵਰਕਰ ਹਾਜ਼ਰ ਸਨ।

ਸੈਂਟੀਨਲ ਸਕੂਲ 'ਚ ਅਧਿਆਪਕਾਂ ਲਈ ਤਿੰਨ ਰੋਜ਼ਾ ਵਰਕਸ਼ਾਪ

ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕਾਂ ਲਈ ਤਿੰਨ ਰੋਜ਼ਾ 'ਇਨ ਹਾਊਸ ਵਰਕਸ਼ਾਪ ਆਫ਼ ਕਲਾਸਰੂਮ ਮੈਨੇਜਮੈਂਟ' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਧਿਆਪਕਾਂ ਦੇ ਪ੍ਰੋਫੈਸ਼ਨਲ ਵਿਕਾਸ, ਅਧਿਆਪਨ ਦੇ ਹੁਨਰ ਨੂੰ ਨਿਖਾਰਨ ਤੇ ਜਮਾਤ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਹ ਵਿਸ਼ੇਸ਼ ਆਯੋਜਨ ਕੀਤਾ ਗਿਆ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਦੱਸਿਆ ਕਿ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਪ੍ਰਣਾਲੀ ਤੇ ਜਮਾਤ ਦੇ ਸੁਚੱਜੇ ਪ੍ਰਬੰਧਾਂ ਬਾਰੇ ਜਾਣਕਾਰੀ ਦੇਣਾ ਸੀ।ਇਸ ਤਿੰਨ ਦਿਨਾ ਸੈਸ਼ਨ ਦੌਰਾਨ ਰੋਜ਼ਾਨਾ ਵੱਖ-ਵੱਖ ਮੱਹਤਵਪੂਰਨ ਵਿਸ਼ਿਆਂ 'ਤੇ ਗਿਆਨ ਦਿੱਤਾ ਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।

ਪਹਿਲੇ ਦਿਨ ਦੀ ਸ਼ੁਰੂਆਤ ਅਧਿਆਪਕਾਂ ਦੇ ਰੋਜ਼ਾਨਾ ਅਕਾਦਮਿਕ ਰਿਕਾਰਡ ਨੂੰ ਸਹੀ ਤੇ ਵਿਵਸਥਿਤ ਢੰਗ ਨਾਲ ਬਣਾਈ ਰੱਖਣ ਦੇ ਵਿਸ਼ੇ ਨਾਲ ਹੋਈ।ਦੂਜੇ ਦਿਨ ਦੀ ਸ਼ੁਰੂਆਤ ਅਧਿਆਪਕਾਂ ਦੀ ਮਾਨਸਿਕ ਸ਼ਾਂਤੀ ਤੇ ਇਕਾਗਰਤਾ ਵਧਾਉਣ ਲਈ ਇੱਕ ਘੰਟੇ ਦਾ ਵਿਸ਼ੇਸ਼ ਮੈਡੀਟੇਸ਼ਨ (ਧਿਆਨ) ਸੈਸ਼ਨ ਅਧਿਆਪਕ ਸੁਨੀਲ ਕੁਮਾਰ ਨੇ ਕਰਵਾਇਆ।ਤੀਜੇ ਤੇ ਆਖਰੀ ਦਿਨ ਸਟਾਫ਼ ਲਈ ਖੁੱਲ੍ਹੇ ਮਾਹੌਲ ਵਿੱਚ 'ਗਰਾਊਂਡ ਐਕਟੀਵਿਟੀਜ਼' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਲਕੀ ਕਸਰਤ ਤੋਂ ਬਾਅਦ ਕਾਨਸਨਟ੍ਰੇਸ਼ਨ ਵਧਾਉਣ ਲਈ ਅੰਗਰੇਜ਼ੀ ਤੇ ਹਿੰਦੀ ਵਿੱਚ ਗਿਣਤੀ ਤੇ ਹੋਰ ਐਕਟੀਵਿਟੀ ਕਰਵਾਈ।ਸਕੂਲ ਪਿੰਸੀਪਲ ਡਾ. ਪੂਨਮ ਸ਼ਰਮਾ ਨੇ ਸਮੂਹ ਅਧਿਆਪਕਾਂ ਦੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਇੱਕ ਅਧਿਆਪਕ ਖੁਦ ਮਾਨਸਿਕ ਤੌਰ 'ਤੇ ਸੰਤੁਸ਼ਟ ਤੇ ਨਵੀਆਂ ਤਕਨੀਕਾਂ ਨਾਲ ਲੈਸ ਹੁੰਦਾ ਹੈ, ਤਾਂ ਉਹ ਬੱਚਿਆਂ ਨੂੰ ਉੱਤਮ ਸਿੱਖਿਆ ਦੇ ਸਕਦਾ ਹੈ।ਅਖੀਰ ਵਿੱਚ ਅਧਿਆਪਕਾਂ ਨੇ ਇਸ ਤਿੰਨ-ਰੋਜ਼ਾ ਵਰਕਸ਼ਾਪ ਨੂੰ ਬਹੁਤ ਲਾਹੇਵੰਦ ਦੱਸਿਆ ਤੇ ਵਿਸ਼ਵਾਸ ਦਿਵਾਇਆ ਕਿ ਇਹ ਨਵੇਂ ਤਰੀਕਿਆਂ ਨੂੰ ਆਪਣੀ ਜਮਾਤ ਵਿੱਚ ਜ਼ਰੂਰ ਲਾਗੂ ਕਰਨਗੇ।

ਡੀ ਬੀ ਯੂ ਨੇ ਹਰਿਆਲੀ ਪਹਿਲ ਨਾਲ ਮਨਾਇਆ ਵਾਤਾਵਰਣ ਦਿਵਸ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)

ਦੇਸ਼ ਭਗਤ ਯੂਨੀਵਰਸਿਟੀ (ਡੀ ਬੀ ਯੂ) ਨੇ ਵਿਸ਼ਵ ਵਾਤਾਵਰਣ ਦਿਵਸ ਨੂੰ ਬਹੁਤ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਖੇਤੀਬਾੜੀ ਤੇ ਜੀਵਨ ਵਿਗਿਆਨ ਫੈਕਲਟੀ ਦੇ ਅਗ੍ਰਿਮ ਕਲੱਬ ਵੱਲੋਂ ਵਾਤਾਵਰਣ ਜਾਗਰੂਕਤਾ ਤੇ ਟਿਕਾਊ ਵਿਕਾਸ ਨਾਲ ਸੰਬੰਧਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਇਹ ਪ੍ਰੋਗਰਾਮ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੇ ਮਿਸ਼ਨ ਲਾਈਫ, ਹਰਾ ਪੰਜਾਬ ਖਰਾ ਸਮਾਜ, ਸਵੱਛ ਭਾਰਤ ਸੈੱਲ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਉੱਨਤ ਭਾਰਤ ਸੈੱਲ ਦੇ ਸਹਿਯੋਗ ਨਾਲ ਕਰਵਾਇਆ ਗਿਆ।ਪ੍ਰੋਗਰਾਮ ਵਿੱਚ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਦੀ ਵਿਸ਼ੇਸ਼ ਹਾਜ਼ਰੀ ਰਹੀ।ਉਨ੍ਹਾਂ ਦੀ ਪ੍ਰੇਰਨਾਦਾਇਕ ਮੌਜੂਦਗੀ ਨੇ ਵਿਦਿਆਰਥੀਆਂ ਤੇ ਸਟਾਫ ਨੂੰ ਵਾਤਾਵਰਣ ਦੀ ਸੰਭਾਲ ਤੇ ਟਿਕਾਊ ਵਿਕਾਸ ਲਈ ਸਰਗਰਮ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ।

ਸਮਾਗਮ ਵਿੱਚ ਸਰਹਿੰਦ ਦੀ ਫਾਰੈਸਟ ਰੇਂਜ ਅਫ਼ਸਰ ਅਨੰਤਜੋਤ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਈ।ਉਨ੍ਹਾਂ ਨਾਲ ਨਰਿੰਦਰ ਸਿੰਘ (ਬੀਟ ਅਫ਼ਸਰ) ਤੇ ਨਿਰਮਲ ਸਿੰਘ (ਬਲਾਕ ਅਫ਼ਸਰ) ਵੀ ਮੌਜੂਦ ਸਨ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਦੇ ਸਰਗਰਮ ਦੂਤ ਬਣਨ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਖੇਤੀਬਾੜੀ ਤੇ ਜੀਵਨ ਵਿਗਿਆਨ ਫੈਕਲਟੀ ਦੇ ਡਾਇਰੈਕਟਰ ਡਾ. ਐੱਚ. ਕੇ. ਸਿੱਧੂ ਦੇ ਸਵਾਗਤੀ ਸੰਬੋਧਨ ਨਾਲ ਹੋਈ।ਡਾ. ਅਜੈ ਗੁਪਤਾ ਨੇ ਜਲ ਬਚਾਓ ਵਿਸ਼ੇ ਉੱਤੇ ਇੱਕ ਡਾਕੂਮੈਂਟਰੀ ਪੇਸ਼ ਕੀਤੀ, ਜਿਸ ਵਿੱਚ ਖਾਸ ਤੌਰ 'ਤੇ ਗੰਗਾ ਤੇ ਯਮੁਨਾ ਦਰਿਆਵਾਂ ਦੇ ਸੰਦਰਭ ਵਿੱਚ ਪਾਣੀ ਦੀ ਸੰਭਾਲ ਤੇ ਪਰਿਆਵਰਣਕ ਜ਼ਿੰਮੇਵਾਰੀ ਬਾਰੇ ਜਾਗਰੂਕਤਾ ਪੈਦਾ ਕੀਤੀ ਗਈ।

ਪ੍ਰੋਗਰਾਮ ਦਾ ਮੁੱਖ ਆਕਰਸ਼ਣ ਹਰਾ ਕੈਂਪਸ ਪਹਿਲ ਤਹਿਤ ਕਰਵਾਇਆ ਗਿਆ ਰੁੱਖ ਲਗਾਓ ਅਭਿਆਨ ਸੀ, ਜੋ ਜੰਗਲਾਤ ਵਿਭਾਗ ਤੇ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਸਾਂਝੇ ਤੌਰ 'ਤੇ ਚਲਾਇਆ ਗਿਆ। ਪ੍ਰੋਗਰਾਮ ਦੀ ਸਮਾਪਤੀ ਡਾ. ਐੱਚ. ਕੇ. ਸਿੱਧੂ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਕੀਤਾ ਗਿਆ।ਉਨ੍ਹਾਂ ਵਾਤਾਵਰਣਕ ਟਿਕਾਊਪਣ ਪ੍ਰਤੀ ਯੂਨੀਵਰਸਿਟੀ ਦੀ ਅਟੱਲ ਵਚਨਬੱਧਤਾ ਨੂੰ ਦੁਹਰਾਉਂਦਿਆਂ ਨੌਜਵਾਨਾਂ 'ਚ ਪਰਿਆਵਰਣਕ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਯਤਨ ਜਾਰੀ ਰੱਖਣ ਦਾ ਸੰਕਲਪ ਪ੍ਰਗਟਾਇਆ।

ਹੈੱਡ ਟੀਚਰਜ਼, ਸੈਂਟਰ ਹੈੱਡ ਟੀਚਰਜ਼ ਦੀ ਸੀਨੀਆਰਤਾ ਸੂਚੀ ਠੀਕ ਕਰਕੇ ਤਰੱਕੀਆਂ ਕੀਤੀਆਂ ਜਾਣ : ਅਮਨਦੀਪ ਸ਼ਰਮਾ

ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)-ਪਿਛਲੇ ਲੰਮੇ ਸਮੇਂ ਤੋਂ ਤਰੱਕੀਆਂ ਦਾ ਇੰਤਜ਼ਾਰ ਕਰ ਰਹੇ ਹੈੱਡ ਟੀਚਰਜ਼ ਤੇ ਸੈਂਟਰ ਹੈੱਡ ਟੀਚਰਜ਼ ਦੇ ਪੱਲੇ ਉਸ ਸਮੇਂ ਨਿਰਾਸ਼ਾ ਪਈ, ਜਦੋਂ ਜੂਨੀਅਰ ਅਧਿਆਪਕਾਂ ਨੂੰ ਪ੍ਰਮੋਟ ਕਰ ਦਿੱਤਾ ਗਿਆ ਤੇ ਸੀਨੀਅਰ ਅਧਿਆਪਕਾਂ ਨੂੰ ਅੱਖੋਂ ਉਹਲੇ ਕੀਤਾ ਗਿਆ।ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਹੈੱਡ ਟੀਚਰ, ਸੈਂਟਰ ਹੈੱਡ ਟੀਚਰ ਦੀ ਸੀਨੀਆਰਤਾ ਸੂਚੀ ਠੀਕ ਕਰਨ ਉਪਰੰਤ ਪ੍ਰਮੋਸ਼ਨਾਂ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਕਿੰਨੇ ਵਾਰ ਹੀ ਅਧਿਆਪਕਾਂ ਵੱਲੋਂ ਦਫਤਰਾਂ 'ਚ ਫਾਈਲਾਂ ਜਮ੍ਹਾਂ ਕਰਵਾਈਆਂ ਗਈਆਂ ਹਨ ਤੇ ਗੂਗਲ ਸੀਟਾਂ ਭਰੀਆਂ ਗਈਆਂ ਹਨ, ਪ੍ਰੰਤੂ ਸੋਧ ਕਰਨ ਦੀ ਬਜਾਏ ਪੁਰਾਣੀਆਂ ਲਿਸਟਾਂ ਨਾਲ ਹੀ ਅਧਿਆਪਕਾਂ ਨੂੰ ਪ੍ਰਮੋਟ ਕੀਤਾ ਗਿਆ।ਜਥੇਬੰਦੀ ਦੇ ਸੂਬਾ ਜਾਇੰਟ ਸਕੱਤਰ ਰਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਜੇਕਰ ਸੀਨੀਅਰਤਾ ਸੂਚੀਆਂ ਠੀਕ ਨਾ ਕੀਤੀਆਂ ਤਾਂ ਡੀ ਪੀ ਆਈ ਦਫਤਰ ਦਾ ਅਣਮਿੱਥੇ ਸਮੇਂ ਲਈ ਘਿਰਾਓ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਗਲਤ ਪ੍ਰਮੋਸ਼ਨ ਲਿਸਟਾਂ ਨੂੰ ਅਦਾਲਤ 'ਚ ਵੀ ਚੈਲਿੰਜ ਕੀਤਾ ਜਾਵੇਗਾ।ਜਥੇਬੰਦੀ ਵੱਲੋਂ ਇਸ ਮਸਲੇ ਨੂੰ ਲੈ ਕੇ ਸੋਮਵਾਰ ਨੂੰ ਡੀ ਪੀ ਆਈ ਸੈਕੰਡਰੀ ਸਿੱਖਿਆ ਤੇ ਪ੍ਰਮੋਸ਼ਨ ਸੈੱਲ ਪੰਜਾਬ ਨਾਲ ਮੀਟਿੰਗ ਕੀਤੀ ਜਾਵੇਗੀ ਤਾਂ ਜੋ ਪ੍ਰਮੋਟ ਹੋਣ ਵਾਲੇ ਸੀਨੀਅਰ ਅਧਿਆਪਕਾਂ ਨੂੰ ਉਨ੍ਹਾਂ ਦਾ ਹੱਕ ਮਿਲ ਸਕੇ।ਉਨ੍ਹਾ ਕਿਹਾ ਕਿ ਹੈੱਡ ਟੀਚਰ ਨੂੰ ਸਾਰੇ ਵਿਸ਼ਿਆਂ ਵਿੱਚ 4% ਤੇ ਸੈਂਟਰ ਹੈੱਡ ਟੀਚਰ ਨੂੰ ਸਾਰੇ ਵਿਸ਼ਿਆਂ ਵਿੱਚ 1% ਕੋਟਾ ਦੇ ਕੇ ਪ੍ਰਮੋਟ ਕੀਤਾ ਜਾਵੇ।ਜੇਕਰ ਕੋਟੇ ਤੋਂ ਘੱਟ ਪ੍ਰਮੋਸ਼ਨ ਕੀਤੀਆਂ ਗਈਆਂ ਤਾਂ ਜਥੇਬੰਦੀ ਸੰਘਰਸ਼ ਦੀ ਰੂਪ-ਰੇਖਾ ਬਣਾਵੇਗੀ।ਇਸ ਸਮੇਂ ਸੂਬਾ ਸਰਪ੍ਰਸਤ ਗੁਰਮੇਲ ਸਿੰਘ ਬਰੇ, ਪਰਮਜੀਤ ਤੂਰ ਪਟਿਆਲਾ, ਭਗਵੰਤ ਭਟੇਜਾ ਅਬੋਹਰ, ਗੁਰਜੰਟ ਸਿੰਘ ਬੱਛੋਆਣਾ, ਜਸ਼ਨਦੀਪ ਕੁਲਾਣਾ, ਦੀਪਕ ਮੋਹਾਲੀ, ਸੁਖਵਿੰਦਰ ਸਿੰਗਲਾ ਬਰੇਟਾ, ਮਾਲਵਿੰਦਰ ਬਰਨਾਲਾ, ਗੁਰਦੀਪ ਸਿੰਘ ਮਾਂਗਟ ਫਤਿਹਗੜ੍ਹ ਸਾਹਿਬ, ਰਘਵਿੰਦਰ ਸਿੰਘ ਧੂਲਕਾ ਅੰਮ੍ਰਿਤਸਰ, ਕਮਲ ਗੋਇਲ ਸੁਨਾਮ, ਸੁਖਬੀਰ ਸਿੰਘ ਸੰਗਰੂਰ, ਗੁਰਨਾਮ ਸਿੰਘ, ਪਰਮਜੀਤ ਸਿੰਘ ਤਲਵੰਡੀ ਸਾਬੋ, ਰਾਮਪਾਲ ਸਿੰਘ ਗੁੜੱਦੀ ਆਦਿ ਹਾਜ਼ਰ ਸਨ।

ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਵੱਲੋਂ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਨਿਖੇਧੀ



ਮਾਨਸਾ (ਆਤਮਾ ਸਿੰਘ ਪਮਾਰ)-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਜ਼ਿਲ੍ਹਾ ਮਾਨਸਾ ਦੀ ਪ੍ਰਧਾਨ ਰਣਜੀਤ ਕੌਰ ਬਰੇਟਾ ਨੇ ਪਟਿਆਲਾ ਵਿਖੇ ਬਿਜਲੀ ਵਿਭਾਗ ਦੇ ਦਫ਼ਤਰ ਅੱਗੇ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਕੀਤੇ ਗਏ ਵਹਿਸ਼ੀਆਨਾ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ ਅਤੇ ਉਨ੍ਹਾਂ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਵਿਰੁੱਧ ਸਖ਼ਤ ਵਿਭਾਗੀ ਕਾਰਵਾਈ ਦੀ ਮੰਗ ਕੀਤੀ ਹੈ। ਇੱਥੇ ਜਾਰੀ ਇੱਕ ਬਿਆਨ 'ਚ ਆਂਗਣਵਾੜੀ ਮੁਲਾਜ਼ਮ ਆਗੂ ਨੇ ਕਿਹਾ ਕਿ ਲੋਕਤੰਤਰੀ ਢੰਗ ਨਾਲ ਆਪਣੀ ਰੋਜ਼ੀ-ਰੋਟੀ ਅਤੇ ਰੁਜ਼ਗਾਰ ਦਾ ਹੱਕ ਮੰਗਣ ਵਾਲੇ ਨੌਜਵਾਨਾਂ ਅਤੇ ਕਾਮਿਆਂ ਉੱਪਰ ਅੰਨੇਵਾਹ ਡਾਂਗਾਂ ਨਾਲ ਕੁੱਟਮਾਰ ਕਰਨਾ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੇ ਅਸਲ ਚਿਹਰੇ ਨੂੰ ਬੇਨਕਾਬ ਕਰਦਾ ਹੈ। ਸੀਟੂ ਆਗੂ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੇ ਵੀ ਪਿਛਲੇ ਸਮੇਂ ਦੌਰਾਨ ਆਪਣੀਆਂ ਮੰਗਾਂ ਲਈ ਲੰਬੇ ਸੰਘਰਸ਼ ਲੜੇ ਹਨ ਅਤੇ ਸਰਕਾਰੀ ਜਬਰ ਦਾ ਸਾਹਮਣਾ ਵੀ ਕੀਤਾ ਹੈ। ਸੀਟੂ ਆਗੂ ਨੇ ਪੰਜਾਬ ਦੇ ਸਮੁੱਚੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਔਰਤਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜਬਰ ਜ਼ੁਲਮ ਖ਼ਿਲਾਫ਼ ਅਤੇ ਰੁਜ਼ਗਾਰ, ਰੋਟੀ, ਇੱਜ਼ਤ ਅਤੇ ਲੋਕਤੰਤਰੀ ਹੱਕਾਂ ਦੀ ਰਾਖੀ ਲਈ ਇੱਕਜੁੱਟ ਹੋ ਕੇ ਸੰਘਰਸ਼ ਨੂੰ ਮਜ਼ਬੂਤ ਕਰਨ।

ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਨਵ-ਨਿਯੁਕਤ ਅਹੁਦੇਦਾਰਾਂ ਦਾ ਵਿਸ਼ੇਸ਼ ਸਨਮਾਨ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਅਕਾਲ ਜੱਥੇਬੰਦੀ (ਰਜਿ:188) ਪੰਜਾਬ ਹਲਕਾ ਮਹਿਲ ਕਲਾਂ (ਬਰਨਾਲਾ) ਦੀ ਅਹਿਮ ਇਕੱਤਰਤਾ ਜਥੇਬੰਦੀ ਦੇ ਕੌਮੀ ਕਨਵੀਨਰ ਬਾਈ ਹਰਜੀਤ ਸਿੰਘ ਰਾਮਗੜ੍ਹੀਆ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਹਲਕਾ ਮੁੱਖ ਦਫ਼ਤਰ ਮਹਿਲ ਕਲਾਂ ਵਿਖੇ ਸੂਬਾ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੌਕੇ ਜਥੇਬੰਦੀ ਦੇ ਸਮੂਹ ਆਗੂਆਂ ਦੀ ਰਾਇ ਸਲਾਹ ਅਨੁਸਾਰ ਮਿਹਨਤੀ ਵਰਕਰਾਂ ਨੂੰ ਅਹੁਦੇਦਾਰੀਆਂ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਹਲਕਾ ਪ੍ਰਧਾਨ ਬੁੱਧ ਸਿੰਘ ਕਲਸੀ ਨੇ ਦੱਸਿਆ ਕਿ ਇਸ ਮੌਕੇ ਜਾਰੀ ਕੀਤੀ ਸੂਚੀ ਅਨੁਸਾਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ ਛੀਨੀਵਾਲ, ਜ਼ਿਲ੍ਹਾ ਜਨਰਲ ਸਕੱਤਰ ਭਰਪੂਰ ਸਿੰਘ ਜਗਦੇ, ਜ਼ਿਲਾ ਮੀਤ ਪ੍ਰਧਾਨ ਪ੍ਰਮਜੀਤ ਸਿੰਘ ਬਰਨਾਲਾ , ਸੰਗਠਨ ਸਕੱਤਰ ਤਜਿੰਦਰ ਸਿੰਘ ਟੱਲੇਵਾਲ , ਹਲਕਾ ਸੀਨੀਅਰ ਮੀਤ ਪ੍ਰਧਾਨ ਜੁਗਿੰਦਰ ਸਿੰਘ ਧੰਜਲ, ਹਲਕਾ ਸੀਨੀਅਰ ਮੀਤ ਪ੍ਰਧਾਨ ਗੁਰਜਨਕ ਸਿੰਘ ਚੰਨਣਵਾਲ ,ਹਲਕਾ ਮੀਤ ਪ੍ਰਧਾਨ ਬਲਵੀਰ ਸਿੰਘ ਛੀਨੀਵਾਲ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਧਨੇਰ, ਪ੍ਰਬੰਧਕ ਸਕੱਤਰ ਗੁਰਤੇਜ ਸਿੰਘ ਛੀਨੀਵਾਲ, ਜਨਰਲ ਸਕੱਤਰ ਹਰਭਜਨ ਸਿੰਘ ਸਹੌਰ, ਇਕਾਈ ਪ੍ਰਧਾਨ ਸੁਰਜੀਤ ਸਿੰਘ ਰਾਮਗੜ੍ਹ, ਇਕਾਈ ਸਕੱਤਰ ਜਨਰਲ ਸੁਖਪਾਲ ਸਿੰਘ ਟੱਲੇਵਾਲ, ਇਕਾਈ ਪ੍ਰਧਾਨ ਸੁਖਬੀਰ ਸਿੰਘ ਟੱਲੇਵਾਲ ਨੂੰ ਨਿਯੁਕਤ ਕੀਤਾ ਗਿਆ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਸੂਬਾ ਸਹਾਇਕ ਸਕੱਤਰ ਜਰਨੈਲ ਸਿੰਘ ਮਠਾੜੂ, ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਸੋਹਲ, ਜ਼ਿਲਾ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਸਿੰਘ ਟੱਲੇਵਾਲ, ਹਲਕਾ ਪ੍ਰਧਾਨ ਬੁੱਧ ਸਿੰਘ ਕਲਸੀ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਸਿਰੋਪਾਓ ਭੇਂਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਸੂਬਾ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਨੇ ਸਮੂਹ ਅਹੁਦੇਦਾਰਾਂ ਨੂੰ ਇਕਜੁੱਟ ਹੋ ਕੇ ਜਥੇਬੰਦੀ ਨੂੰ ਮਜ਼ਬੂਤ ਬਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੱਥੇਬੰਦੀ ਦੇ ਕੌਮੀ ਕਨਵੀਨਰ ਬਾਈ ਹਰਜੀਤ ਸਿੰਘ ਰਾਮਗੜ੍ਹੀਆ ਵੱਲੋਂ ਰਾਮਗੜ੍ਹੀਆ ਅਕਾਲ ਜਥੇਬੰਦੀ ਦਾ ਮੁੱਢ ਬੰਨਣ ਤੋਂ ਲੈ ਕੇ ਅਜ ਤੱਕ ਨਿਸ਼ਕਾਮ ਸੇਵਾਵਾਂ ਨਿਭਾਈਆਂ ਗਈਆਂ ਹਨ।

ਸਰਾਫ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਸਿਟੀ ਦਾ ਸਿੱਖਿਅਕ ਦੌਰਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ.ਬੀ.ਐੱਸ.ਈ. ਵੱਲੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਦੇ ਵਿਦਿਆਰਥੀਆਂ ਲਈ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਦਾ ਇੱਕ ਵਿਸ਼ੇਸ਼ ਸਿੱਖਿਅਕ ਦੌਰਾ ਆਯੋਜਿਤ ਕੀਤਾ ਗਿਆ।ਇਹ ਦੌਰਾ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਦੀ ਰਹਿਨੁਮਾਈ ਅਤੇ ਅਧਿਆਪਕਾਂ ਦੀ ਦੇਖ-ਰੇਖ ਹੇਠ ਸੰਪੰਨ ਹੋਇਆ।ਇਸ ਸਿੱਖਿਅਕ ਯਾਤਰਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਗਿਆਨ, ਤਕਨਾਲੋਜੀ ਅਤੇ ਨਵੀਨਤਾ ਦੀ ਦੁਨੀਆ ਨਾਲ ਸਿੱਧੇ ਤੌਰ 'ਤੇ ਜਾਣੂ ਕਰਵਾਉਣਾ ਅਤੇ ਉਨ੍ਹਾਂ ਦੀ ਜਿਗਿਆਸਾ, ਵਿਗਿਆਨਕ ਸੋਚ ਅਤੇ ਰਚਨਾਤਮਿਕਤਾ ਨੂੰ ਉਤਸ਼ਾਹਿਤ ਕਰਨਾ ਸੀ। ਦੌਰੇ ਦੌਰਾਨ ਵਿਦਿਆਰਥੀਆਂ ਨੇ ਅੰਤਰਿਕਸ਼, ਵਾਤਾਵਰਣ, ਰੋਬੋਟਿਕਸ, ਆਧੁਨਿਕ ਤਕਨਾਲੋਜੀ ਅਤੇ ਵਿਗਿਆਨਕ ਸਿਧਾਂਤਾਂ ਨਾਲ ਸੰਬੰਧਿਤ ਵੱਖ-ਵੱਖ ਇੰਟਰਐਕਟਿਵ ਪ੍ਰਦਰਸ਼ਨੀਆਂ ਅਤੇ ਆਕਰਸ਼ਕ ਮਾਡਲਾਂ ਦਾ ਨਰੀਖਣ ਕੀਤਾ।ਸਕੂਲ ਦੇ ਉਪ-ਪ੍ਰਧਾਨ ਅਤੇ ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਅਜਿਹੇ ਸਿੱਖਿਅਕ ਦੌਰੇ ਵਿਦਿਆਰਥੀਆਂ ਨੂੰ ਕਲਾਸ ਰੂਮ ਦੀਆਂ ਸੀਮਾਵਾਂ ਤੋਂ ਬਾਹਰ ਅਸਲ ਜੀਵਨ ਦੇ ਤਜਰਬੇ ਪ੍ਰਦਾਨ ਕਰਦੇ ਹਨ। ਇਹ ਵਿਦਿਆਰਥੀਆਂ ਵਿੱਚ ਖੋਜ, ਨਵੀਨਤਾ ਅਤੇ ਤਰਕਸ਼ੀਲ ਸੋਚ ਦੀ ਭਾਵਨਾ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਬਲਜੀਤ ਸਿੰਘ ਵਿਧਾਨ ਸਭਾ ਹਲਕਾ ਮੋਗਾ ਐੱਸ ਸੀ ਵਿੰਗ ਦੇ ਪ੍ਰਧਾਨ ਨਿਯੁਕਤ

ਚਾਰ ਸਰਕਲਾਂ ਦੇ ਵੀ ਥਾਪੇ ਐੱਸ ਸੀ ਵਿੰਗ ਪ੍ਰਧਾਨ

ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦਿਹਾਤੀ ਦੀ ਇੱਕ ਅਹਿਮ ਮੀਟਿੰਗ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਾਰੇ ਸਰਕਲਾਂ ਦੇ ਪ੍ਰਧਾਨ ਸਰਕਲ ਚੜਿੱਕ ਤੋਂ ਗੁਰਬਿੰਦ ਸਿੰਘ ਸਿੰਘਾ ਵਾਲਾ, ਸਰਕਲ ਡਰੋਲੀ ਭਾਈ ਤੋਂ ਮਾਸਟਰ ਗੁਰਦੀਪ ਸਿੰਘ ਮਹੇਸਰੀ, ਸਰਕਲ ਦੌਲਤਪੁਰਾ ਤੋਂ ਰਵਦੀਪ ਸਿੰਘ ਸੰਘਾ ਦਾਰਾਪੁਰ, ਸਰਕਲ ਘੱਲ ਕਲਾਂ ਤੋਂ ਨਰਿੰਦਰ ਸਿੰਘ ਬੁੱਕਣ ਵਾਲਾ, ਸਰਕਲ ਖੋਸਾ ਪਾਂਡੋ ਤੋਂ ਬਿਪਨਪਾਲ ਸਿੰਘ ਖੋਸਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਰੇ ਸਰਕਲਾਂ ਦੇ ਵਰਕਰ ਤੇ ਆਗੂ ਹਾਜ਼ਰ ਸਨ।ਇਸ ਮੌਕੇ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਮੋਗਾ ਦੇ ਐੱਸ ਸੀ ਵਿੰਗ ਦੇ ਪ੍ਰਧਾਨ ਬਲਜੀਤ ਸਿੰਘ ਸਾਬਕਾ ਸਰਪੰਚ ਡਰੋਲੀ ਭਾਈ ਨੂੰ ਲਗਾਇਆ ਗਿਆ ਤੇ ਸਰਕਲ ਪ੍ਰਧਾਨਾਂ ਵਿੱਚ ਐੱਸ ਸੀ ਵਿੰਗ ਵਿੱਚ ਸਰਕਲ ਚੜਿੱਕ ਤੋਂ ਸਰਕਲ ਪ੍ਰਧਾਨ ਸਾਗਰ ਸਿੰਘ ਡੰਡੇਵਾਲਾ, ਮੀਤ ਪ੍ਰਧਾਨ ਓਮਕਾਰ ਸਿੰਘ ਚੜਿੱਕ, ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਸਾਬਕਾ ਸਰਪੰਚ ਸਿੰਘਾਂ ਵਾਲਾ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮੱਲੀਆਂ ਵਾਲਾ, ਜੋਇੰਟ ਸਕੱਤਰ ਜੱਗਾ ਸਿੰਘ ਨਾਹਲ ਖੋਟੇ ਤੇ ਅਰਸ਼ਦੀਪ ਸਿੰਘ ਚੜਿੱਕ ਕ੍ਰਮਵਾਰ ਚੁਣੇ ਗਏ।ਸਰਕਲ ਡਰੋਲੀ ਭਾਈ ਤੋਂ ਸਰਕਲ ਪ੍ਰਧਾਨ ਨਸੀਬ ਸਿੰਘ ਬਘੇਲੇ ਵਾਲਾ, ਮੀਤ ਪ੍ਰਧਾਨ ਜਗਦੀਸ਼ ਸਿੰਘ ਦੀਸਾ ਡਰੋਲੀ ਭਾਈ, ਜਨਰਲ ਸਕੱਤਰ ਗੁਰਚਰਨ ਸਿੰਘ ਥੰਮਣ ਵਾਲਾ, ਜੋਇੰਟ ਸਕੱਤਰ ਅੰਗਰੇਜ਼ ਸਿੰਘ ਸੱਦਾ ਸਿੰਘ ਵਾਲਾ, ਗੁਰਪ੍ਰੀਤ ਸਿੰਘ ਮਹੇਸਰੀ ਤੇ ਗੁਰਜੰਟ ਸਿੰਘ ਮਹੇਸਰੀ ਚੁਣੇ ਗਏ।ਸਰਕਲ ਦੌਲਤਪੁਰਾ ਤੋਂ ਸਰਕਲ ਪ੍ਰਧਾਨ ਪਰਮਜੀਤ ਸਿੰਘ ਸਾਬਕਾ ਚੇਅਰਮੈਨ ਖੁਖਰਾਣਾ, ਸੀਨੀਅਰ ਮੀਤ ਪ੍ਰਧਾਨ ਮੱਘਰ ਸਿੰਘ ਸਾਬਕਾ ਸਰਪੰਚ ਚੋਟੀਆਂ ਕਲਾਂ, ਜਨਰਲ ਸਕੱਤਰ ਤੀਰਥ ਸਿੰਘ ਦਾਰਾਪੁਰ, ਜੋਇੰਟ ਸਕੱਤਰ ਗੁਰਤੇਜ ਸਿੰਘ ਚੋਟੀਆਂ ਕਲਾਂ, ਰਣਜੀਤ ਸਿੰਘ ਸਰਪੰਚ ਦੌਲਤਪੁਰਾ ਉੱਚਾ ਚੁਣੇ ਗਏ।ਸਰਕਲ ਘੱਲ ਕਲਾਂ ਤੋਂ ਸਰਕਲ ਪ੍ਰਧਾਨ ਨਛੱਤਰ ਸਿੰਘ ਸਾਫੂਵਾਲਾ, ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਬੁੱਕਣ ਵਾਲਾ, ਮੀਤ ਪ੍ਰਧਾਨ ਗੁਰਚਰਨ ਸਿੰਘ ਸੋਸਣ, ਜਨਰਲ ਸਕੱਤਰ ਕਾਲਾ ਸਿੰਘ ਬੁੱਕਣ ਵਾਲਾ, ਜੋਇੰਟ ਸਕੱਤਰ ਭੁਪਿੰਦਰ ਸਿੰਘ ਘੱਲ ਕਲਾਂ ਤੇ ਗੁਰਦਿਆਲ ਸਿੰਘ ਬੁੱਕਣ ਵਾਲਾ ਸੁਰਜੀਤ ਸਿੰਘ ਕਾਲਾ ਬੁੱਕਣ ਵਾਲਾ ਚੁਣੇ ਗਏ।ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਸੰਜੀਤ ਸਿੰਘ ਸੰਨੀ ਗਿੱਲ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਤੇ ਵਧਾਈਆਂ ਦਿੱਤੀਆਂ।

ਬੇਰੁਜ਼ਗਾਰਾਂ ਨੂੰ ਕੁੱਟੋ ਨਾ, ਕੰਮ ਦਿਓ : ਕੁੱਲ ਹਿੰਦ ਕਿਸਾਨ ਸਭਾ

ਤਲਵੰਡੀ ਸਾਬੋ (ਜਗਦੀਪ ਗਿੱਲ)

ਕੁੱਲ ਹਿੰਦ ਕਿਸਾਨ ਸਭਾ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਪਟਿਆਲਾ ਪੁਲਸ ਵੱਲੋਂ ਬੇਰੁਜ਼ਗਾਰ ਅਪ੍ਰੈਂਟਿਸ਼ਪ ਲਾਈਨਮੈਨਾਂ 'ਤੇ ਅੰਨ੍ਹਾਂ ਤਸ਼ੱਦਦ ਕਰਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਸਰਕਾਰ ਨੂੰ ਕਿਹਾ ਹੈ ਕਿ ਉਹ ਕੰਮ ਮੰਗਦੇ ਪਵਿੱਤਰ ਹੱਥਾਂ ਨੂੰ ਲਾਠੀਆਂ ਨਾਲ ਨਾ ਨਿਵਾਜੇ, ਸਗੋਂ ਨੌਜਵਾਨਾਂ ਨੂੰ ਕੰਮ ਦੇਵੇ, ਤਾਂ ਕਿ ਉਹ ਰਾਜ ਤੇ ਦੇਸ਼ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਸਕੇ।ਇਹ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਵਰਕਿੰਗ ਪ੍ਰਧਾਨ ਮਹਾਂਵੀਰ ਸਿੰਘ ਗਿੱਲ, ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਹਾ ਕਿ ਬੀਤੇ ਦਿਨ ਜੋ ਕੁਝ ਪਟਿਆਲਾ ਵਿੱਚ ਹੋਇਆ ਹੈ, ਉਸ ਜ਼ਾਲਮਾਨਾ ਕਾਰਵਾਈ 'ਤੇ ਪੰਜਾਬ ਦੇ ਮੁੱਖ ਮੰਤਰੀ ਜਿਨ੍ਹਾਂ ਕੋਲ ਪੁਲਸ ਵਿਭਾਗ ਵੀ ਹੈ, ਨੂੰ ਸਖ਼ਤ ਐਕਸ਼ਨ ਲੈਣਾ ਚਾਹੀਦਾ।ਉਨ੍ਹਾਂ ਇਸ ਗੱਲ 'ਤੇ ਹੈਰਾਨੀ ਪ੍ਰਗਟ ਕੀਤੀ ਕਿ ਪੁਲਸ ਦੇ ਇੱਕ ਜ਼ਿੰਮੇਵਾਰ ਅਹੁਦੇ ਤੇ ਡੀ ਐੱਸ ਪੀ ਦੇ ਰੈਂਕ ਵਾਲਾ ਅਫਸਰ ਖੁਦ ਡਾਂਗ ਫੜ ਕੇ ਬੇਰੁਜ਼ਗਾਰ ਅਪ੍ਰੈਂਟਿਸ਼ਪ ਲਾਈਨਮੈਨਾਂ 'ਤੇ ਤਸ਼ੱਦਦ ਕਰਨ ਲਈ ਸਭ ਤੋਂ ਅੱਗੇ ਸੀ ਤੇ ਆਪਣੀ ਬੇਰਹਿਮ ਕਰਤੂਤ ਕਾਰਨ ਉਸ ਨੇ ਅੰਨ੍ਹੇਵਾਹ ਇਨ੍ਹਾਂ ਨੌਜਵਾਨਾਂ ਨੂੰ ਕੁੱਟਿਆ ਤੇ ਨਾਲ ਆਪਣੀ ਪੁਲਸ ਟੀਮ ਨੂੰ ਵੀ ਇਹ ਕੰਮ ਕਰਨ ਲਈ ਮਜਬੂਰ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਜਵਾਬ ਦੇਵੇ ਕਿ ਇਸ ਡੀਐੱਸਪੀ ਨੂੰ ਅਜਿਹਾ ਜ਼ੁਲਮ ਕਰਨ ਲਈ ਕਿਸ ਮਜਿਸਟਰੇਟ ਨੇ ਹੁਕਮ ਦਿੱਤੇ ਸਨ ਤੇ ਇਨ੍ਹਾਂ ਬੇਰੁਜ਼ਗਾਰਾਂ ਨੂੰ ਧਰਨੇ ਤੋਂ ਉਠਾਉਣ ਲਈ ਤਸ਼ਦਦ ਕਰਨ ਲਈ ਕਿਹੜਾ ਲਿਖਤੀ ਪੱਤਰ ਜਾਰੀ ਹੋਇਆ ਸੀ।ਜੇਕਰ ਇਹ ਨਹੀਂ ਹੋਇਆ ਤਾਂ ਇਸ ਪੁਲਸ ਅਫਸਰ ਤੇ ਜ਼ੁਲਮ ਕਰਨ ਵਾਲੇ ਹੋਰ ਪੁਲਸ ਵਾਲਿਆਂ ਨੂੰ ਤੁਰੰਤ ਬਰਖਾਸਤ ਕਰਕੇ ਇਨ੍ਹਾਂ ਤੇ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।

ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਤੇ ਦੇਸ਼ ਵਿੱਚ ਬੇਰੁਜ਼ਗਾਰੀ ਵੱਡੇ ਪੱਧਰ 'ਤੇ ਫੈਲ ਗਈ ਹੈ, ਇਸੇ ਕਾਰਨ ਹੀ ਅੱਜ ਸੂਬੇ ਤੇ ਦੇਸ਼ ਵਿੱਚ ਨਸ਼ਿਆਂ ਦਾ ਬੋਲਬਾਲਾ ਹੋ ਰਿਹਾ ਹੈ।ਜਵਾਨੀ ਨਸ਼ਿਆਂ ਵਿੱਚ ਮਰ ਰਹੀ ਹੈ ਤੇ ਲੁੱਟਾਂ ਖੋਹਾਂ, ਗੈਂਗਸਟਰਵਾਦ ਤੇ ਹੋਰ ਜੁਰਮਾਂ ਦੇ ਰਾਹ ਪੈ ਰਹੀ ਹੈ।ਇਸੇ ਕਰਕੇ ਹੀ ਸਾਡੇ ਦੇਸ਼ ਦੀ ਜਵਾਨੀ ਵਿਦੇਸ਼ਾਂ ਵੱਲ ਮੂੰਹ ਕਰਕੇ ਦੇਸ਼ ਵਿੱਚ ਨਹੀਂ ਰਹਿਣਾ ਚਾਹੁੰਦੀ।ਉਨ੍ਹਾਂ ਮੰਗ ਕੀਤੀ ਕਿ ਦੇਸ਼ ਦੀ ਕੇਂਦਰ ਤੇ ਸੂਬਾਈ ਸਰਕਾਰਾਂ ਵੀ ਅਜਿਹਾ ਕਾਨੂੰਨ ਬਣਾਉਣ, ਜਿਸ ਵਿੱਚ ਹਰ ਬੇਰੁਜ਼ਗਾਰ ਹੱਥਾਂ ਨੂੰ ਕੰਮ ਮਿਲਣ ਦੀ ਗਰੰਟੀ ਹੋਵੇ ਤੇ ਜਿਉਣ ਲਈ ਚੰਗਾ ਮਿਹਨਤਾਨਾ ਮਿਲੇ।

ਮੁੱਖ ਮੰਤਰੀ ਦੀ ਮਾਂ ਦੀ ਹਾਜ਼ਰੀ 'ਚ ਰਣਧੀਰ ਸਿੰਘ ਧੀਰਾ ਖੁੱਡੀਆਂ ਨੇ ਚੇਅਰਮੈਨ ਵਜੋਂ ਸੰਭਾਲਿਆ ਅਹੁਦਾ

ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਰਕਾਰ ਵੱਲੋਂ ਨੌਜਵਾਨ ਆਗੂ ਸ. ਰਣਧੀਰ ਸਿੰਘ ਧੀਰਾ ਖੁੱਡੀਆਂ ਨੂੰ ਪੰਜਾਬ ਸਟੇਟ ਕੰਟੇਨਰ ਵੇਅਰ ਹਾਊਸਿੰਗ ਕਾਰਪੋਰੇਸ਼ਨ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਉਪਰੰਤ ਉਨ੍ਹਾਂ ਨੇ ਆਪਣੇ ਅਹੁਦੇ ਦਾ ਰਸਮੀ ਚਾਰਜ ਸੰਭਾਲ ਲਿਆ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਮਾਤਾ ਸ੍ਰੀਮਤੀ ਹਰਪਾਲ ਕੌਰ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਜਥੇਦਾਰ ਸ. ਗੁਰਮੀਤ ਸਿੰਘ ਖੁੱਡੀਆਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਮਾਗਮ ਦੌਰਾਨ ਸ੍ਰੀਮਤੀ ਹਰਪਾਲ ਕੌਰ ਨੇ ਰਣਧੀਰ ਸਿੰਘ ਧੀਰਾ ਖੁੱਡੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਅਹਿਮ ਜ਼ਿੰਮੇਵਾਰੀਆਂ ਦੇ ਕੇ ਉਨ੍ਹਾਂ ਦੀ ਯੋਗਤਾ ਅਤੇ ਸੇਵਾ ਭਾਵਨਾ ਨੂੰ ਮਾਣ ਦੇ ਰਹੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਧੀਰਾ ਖੁੱਡੀਆਂ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਂਦੇ ਹੋਏ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ। ਖੇਤੀਬਾੜੀ ਮੰਤਰੀ ਜਥੇਦਾਰ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਇਹ ਜ਼ਿੰਮੇਵਾਰੀ ਇੱਕ ਵੱਡਾ ਵਿਸ਼ਵਾਸ ਹੈ। ਉਨ੍ਹਾਂ ਕਿਹਾ ਕਿ ਰਣਧੀਰ ਸਿੰਘ ਧੀਰਾ ਆਪਣੀ ਮਿਹਨਤ, ਸੂਝਬੂਝ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਇਸ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਬਾਖੂਬੀ ਨਿਭਾਉਣਗੇ ਅਤੇ ਕਾਰਪੋਰੇਸ਼ਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਹਿਮ ਯੋਗਦਾਨ ਪਾਉਣਗੇ।ਅਹੁਦਾ ਸੰਭਾਲਣ ਉਪਰੰਤ ਚੇਅਰਮੈਨ ਰਣਧੀਰ ਸਿੰਘ ਧੀਰਾ ਖੁੱਡੀਆਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਸ੍ਰੀ ਮਨੀਸ਼ ਸਿਸੋਦੀਆ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਜਥੇਦਾਰ ਸ. ਗੁਰਮੀਤ ਸਿੰਘ ਖੁੱਡੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਵੱਲੋਂ ਜਤਾਏ ਗਏ ਵਿਸ਼ਵਾਸ ਨੂੰ ਕਾਇਮ ਰੱਖਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਕੈਬਨਿਟ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ, ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ, ਐਮ.ਪੀ. ਮਾਲਵਿੰਦਰ ਸਿੰਘ ਕੰਗ, ਐਮ.ਐਲ.ਏ. ਸਰਵਣ ਸਿੰਘ ਧੁੰਨ, ਚੇਅਰਮੈਨ ਸ਼੍ਰੀ ਬਾਲ ਮੁਕੰਦ ਸ਼ਰਮਾ, ਸਾਬਕਾ ਐਮ.ਐਲ.ਏ. ਗੁਰਪ੍ਰੀਤ ਸਿੰਘ ਜੀ. ਪੀ., ਵਾਇਸ ਚੇਅਰਮੈਨ ਕੋਨਵੇਅਰ ਸ. ਇੰਦਰਜੀਤ ਸਿੰਘ ਸੰਧੂ, ਸਾਬਕਾ ਚੇਅਰਮੈਨ ਜਗਦੀਪ ਸਿੰਘ ਸੰਧੂ, ਅਮੀਤ ਸਿੰਘ ਖੁੱਡੀਆਂ, ਹਿੰਮਤ ਖੁੱਡੀਆਂ, ਦਰੋਗਾ ਖੁੱਡੀਆਂ, ਮੀਡੀਆ ਸਲਾਹਕਾਰ ਮੋਹਿਤ ਸੋਨੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਤਰਕਸ਼ੀਲ ਸੁਸਾਇਟੀ ਵੱਲੋਂ ਬੇਰੁਜ਼ਗਾਰ ਨੌਜਵਾਨਾਂ 'ਤੇ ਤਸ਼ੱਦਦ ਦੀ ਨਿਖੇਧੀ

ਮਾਨਸਾ (ਆਤਮਾ ਸਿੰਘ ਪਮਾਰ)-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਮਾਨਸਾ ਦੀ ਇੱਕ ਜ਼ਰੂਰੀ ਮੀਟਿੰਗ ਪੈਨਸ਼ਨਰਜ਼ ਭਵਨ, ਮਾਨਸਾ ਵਿਖੇ ਹੋਈ। ਮੀਟਿੰਗ ਦੌਰਾਨ ਸੁਸਾਇਟੀ ਦੇ ਕਾਰਜਾਂ ਦੀ ਸਮੀਖਿਆ ਕਰਨ ਉਪਰੰਤ ਅੰਧਵਿਸ਼ਵਾਸ ਰੋਕੂ ਕਾਨੂੰਨ ਬਣਾਉਣ ਸਬੰਧੀ ਪ੍ਰਸ਼ਾਸਨ ਨੂੰ ਮੰਗ-ਪੱਤਰ ਦੇਣ ਲਈ ਅਗਲੀ ਰੂਪ ਰੇਖਾ ਵੀ ਉਲੀਕੀ ਗਈ। ਪ੍ਰੈਸ ਦੇ ਨਾਮ ਜਾਰੀ ਇੱਕ ਬਿਆਨ 'ਚ ਇਕਾਈ ਮੁਖੀ ਮਾਸਟਰ ਲੱਖਾ ਸਿੰਘ ਸਹਾਰਨਾ ਅਤੇ ਮੀਡੀਆ ਵਿਭਾਗ ਮੁਖੀ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਅਨੇਕਾਂ ਅਪਰਾਧਿਕ ਮਾਮਲਿਆਂ ਦੇ ਦੋਸ਼ੀ ਕਰਾਰ ਦਿੱਤੇ ਜਾ ਚੁੱਕੇ ਡੇਰਾ ਮੁਖੀ ਰਾਮ ਰਹੀਮ ਨੂੰ ਸਿਆਸੀ ਪ੍ਰਭਾਵ ਕਾਰਨ ਵਾਰ-ਵਾਰ ਪੈਰੋਲ ਦਿੱਤੀ ਜਾ ਰਹੀ ਹੈ, ਜਦੋਂ ਕਿ ਇਸ ਦੇ ਐਨ ਉਲਟ ਉਮਰ ਖਾਲਿਦ ਵਰਗੇ ਕਈ ਬੇਗੁਨਾਹ ਜਾਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਵਿਅਕਤੀਆਂ ਨੂੰ ਰਿਹਾਈ ਵੀ ਨਸੀਬ ਨਹੀਂ ਹੋ ਰਹੀ।ਉਨ੍ਹਾਂ ਕਿਹਾ ਕਿ ਲੋਕਤੰਤਰੀ ਢਾਂਚੇ ਦੇ ਉਲਟ ਅਜਿਹੇ ਦੋਹਰੇ ਮਾਪਦੰਡ ਅਪਣਾਉਣਾ ਕਿਸੇ ਤਰ੍ਹਾਂ ਵੀ ਤਰਕਸੰਗਤ ਨਹੀਂ।ਇਸੇ ਦੌਰਾਨ ਤਰਕਸ਼ੀਲ ਆਗੂ ਗੁਰਦੀਪ ਸਿੰਘ ਸਿੱਧੂ,, ਹਰਬੰਸ ਸਿੰਘ ਢਿੱਲੋਂ ਅਤੇ ਅਜੈਬ ਸਿੰਘ ਅਲੀਸ਼ੇਰ ਨੇ ਪਟਿਆਲਾ ਵਿਖੇ ਬੇਰੁਜ਼ਗਾਰ ਨੌਜਵਾਨਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਬਦਲਾਅ ਦੇ ਨਾਅਰੇ ਨਾਲ ਸੱਤਾ 'ਚ ਆਈ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਨ੍ਹਾਂ 'ਤੇ ਜ਼ਬਰ ਕਰ ਰਹੀ ਹੈ, ਜਿਸ ਨਾਲ ਅਰਾਜਕਤਾ ਦਾ ਮਾਹੌਲ ਪੈਦਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਰੁਝਾਨ ਨਾ ਤਾਂ ਪੰਜਾਬ ਅਤੇ ਨਾ ਹੀ ਇੱਥੋਂ ਦੀ ਜਨਤਾ ਦੇ ਹਿੱਤ 'ਚ ਹੈ।ਸੁਸਾਇਟੀ ਆਗੂਆਂ ਨੇ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਤੋਂ ਇਲਾਵਾ ਹੋਰ ਜ਼ਰੂਰੀ ਵਸਤਾਂ ਦੀਆਂ ਵਧਦੀਆਂ ਕੀਮਤਾਂ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਤੋਂ ਮਹਿੰਗਾਈ ਨੂੰ ਨੱਥ ਪਾਉਣ ਦੀ ਮੰਗ ਕੀਤੀ।

ਕੁਦਰਤੀ ਤੇ ਜੈਵਿਕ ਖੇਤੀ ਨੂੰ ਪ੍ਰੋਤਸਾਹਿਤ ਕਰਨ ਲਈ ਬਣਾਈ ਜਾਵੇਗੀ ਵਿਸ਼ੇਸ਼ ਨੀਤੀ- ਨਾਇਬ ਸਿੰਘ ਸੈਣੀ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਚਾਇਤ ਦੀ ਸਵਾਮਿਤਵ ਵਾਲੀਆਂ ਜ਼ਮੀਨਾਂ 'ਤੇ ਵੀ ਕੁਦਰਤੀ ਅਤੇ ਜੈਵਿਕ ਖੇਤੀ ਨੂੰ ਪ੍ਰੋਤਸਾਹਿਤ ਕਰਨ ਲਈ ਅਗਲੇ ਸਾਲ ਇੱਕ ਨੀਤੀ ਬਣਾਈ ਜਾਵੇਗੀ। ਖੇਤੀਬਾੜੀ ਵਿਭਾਗ ਦੀ ਸਵਾਮਿਤਵ ਵਾਲੀ ਲਗਭਗ 800 ਏਕੜ ਜ਼ਮੀਨ ਸਿਰਫ਼ ਉਨ੍ਹਾਂ ਕਿਸਾਨਾਂ ਨੂੰ ਪੱਟੇ (ਲੀਜ਼) 'ਤੇ ਦਿੱਤੀ ਜਾਵੇਗੀ, ਜੋ ਘੱਟੋ-ਘੱਟ ਅਗਲੇ 10 ਸਾਲਾਂ ਤੱਕ ਉਸ ਵਿੱਚ ਕੁਦਰਤੀ ਅਤੇ ਜੈਵਿਕ ਖੇਤੀ ਕਰਨਗੇ। ਮੁੱਖ ਮੰਤਰੀ ਕੁਰੂਕਸ਼ੇਤਰ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੁਦਰਤੀ ਖੇਤੀ ਨੂੰ ਪ੍ਰੋਤਸਾਹਿਤ ਕਰਨ ਅਤੇ ਕਲਸਟਰ ਗਠਨ ਪ੍ਰੋਗਰਾਮ ਤਹਿਤ ਆਯੋਜਿਤ ਖੇਤੀਬਾੜੀ ਵਰਕਸ਼ਾਪ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵ੍ਰਤ ਅਤੇ ਹਰਿਆਣਾ ਦੇ ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।ਮੁੱਖ ਮੰਤਰੀ ਨੇ ਇਸ ਮੌਕੇ ਦੱਸਿਆ ਕਿ ਏਪੀਡਾ ਏਜੰਸੀ ਤੋਂ ਪ੍ਰਮਾਣਿਤ ਕੁਦਰਤੀ ਅਤੇ ਜੈਵਿਕ ਕਿਸਾਨਾਂ ਨੂੰ 5 ਸਾਲਾਂ ਦੀ ਮਿਆਦ ਲਈ ਪ੍ਰਤੀ ਸਾਲ 10 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਕਿਸਾਨਾਂ ਨੂੰ ਜੈਵਿਕ ਖੇਤੀ ਪ੍ਰਮਾਣੀਕਰਣ ਲਈ ਹਰਿਆਣਾ ਰਾਜ ਬੀਜ ਪ੍ਰਮਾਣੀਕਰਣ ਏਜੰਸੀ ਨੂੰ ਇੱਕ ਪ੍ਰਮਾਣੀਕਰਣ ਸੰਸਥਾ ਬਣਾਇਆ ਜਾਵੇਗਾ।

COURT NOTICE

(U/o 5 Rule 20 CPC)
In the Court of Ms. Amita Singh
Additional Principal Judge Family Court-I, Jalandhar
CNR No. PBJL01-014846-2025
Next Date:- 18-07-2026
Manisha Rani
wife of Narinder Singh, daughter of Dharam Pal, R/o H.No. 214, Three Star Colony Road, Opposite Raj HP Gas Agency, New Gulmarg Colony, Lamba Pind, Jalandhar
Vs.
Narinder Singh
S/o Pal Singh, R/o V.P.O. Mehli, Tehsil Nawan Shahar, SBS Nagar (Nawanshahar)
Publication Issued To:
Narinder Singh
Son of Pal Singh, R/O V.P.O. Mehli, Tehsil Nawan Shahar, SBS Nagar, (Nawanshahar)
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 18-07-2026 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge Family Court-I Jalandhar
Dated, this day of 06-06-2026

LPU DISTANCE EDUCATION
Bridging the Distance in Education
Recognized/Entitled by UGC
NAAC GRADE A++
Recognized by University Grants Commission (UGC-DEB)
June-July 2026 End Term Examination
LPU ਡਿਸਟੈਂਸ ਐਜੂਕੇਸ਼ਨ ਦੇ ਸਾਰੇ ਸਬੰਧਿਤ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੂਨ-ਜੁਲਾਈ 2026 End Term Examination ਪੰਜਾਬ ਰਾਜ ਵਿੱਚ ਸਥਿਤ ਪ੍ਰੀਖਿਆ ਕੇਂਦਰਾਂ ਵਿੱਚ 10th ਜੂਨ 2026 ਤੋਂ ਸ਼ੁਰੂ ਹੋ ਰਹੇ ਹਨ। ਡੇਟਸ਼ੀਟ ਅਤੇ ਐਡਮਿਟ ਕਾਰਡ ਪ੍ਰੀਖਿਆ ਕੇਂਦਰ ਦੇ ਵੇਰਵੇ ਦੇ ਨਾਲ ਸਾਰੇ ਪਾਤਰ ਵਿਦਿਆਰਥੀਆਂ ਦੇ e-Connect Log-in ਵਿੱਚ ਮੁਹੱਈਆ ਕਰਾ ਦਿੱਤੇ ਗਏ ਹਨ।
ਵਿਦਿਆਰਥੀਆਂ ਲਈ ਵਿਦਿਆਰਥੀ ID Card ਅਤੇ ਐਡਮਿਟ ਕਾਰਡ ਪ੍ਰੀਖਿਆ ਕੇਂਦਰ ਵਿੱਚ ਲੈ ਕੇ ਜਾਣਾ ਲਾਜ਼ਮੀ ਹੈ।
Visit: www.lpude.in Call: 01824-521360

ਠੇਕੇ ਦੀ ਛੱਤ ਤੋੜ ਕੇ ਹਥਿਆਰਬੰਦ ਲੁਟੇਰਿਆਂ ਨੇ ਕੀਤੀ ਲੱਖਾਂ ਦੀ ਲੁੱਟ

ਕਰਿੰਦੇ ਨੂੰ ਬੰਧਕ ਬਣਾ ਕੇ ਨਕਦੀ ਤੇ ਮਹਿੰਗੀ ਸ਼ਰਾਬ ਲੈ ਕੇ ਫ਼ਰਾਰ

ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਚੁਣੌਤੀ ਦਿੰਦਿਆਂ ਹਥਿਆਰਬੰਦ ਲੁਟੇਰਿਆਂ ਨੇ ਪਿੰਡ ਬੀਂਬੜੀ ਵਿਖੇ ਸਥਿਤ ਸ਼ਰਾਬ ਦੇ ਠੇਕੇ ਨੂੰ ਨਿਸ਼ਾਨਾ ਬਣਾਇਆ। ਲੰਘੀ ਰਾਤ ਕਰੀਬ ਅੱਧੀ ਦਰਜਨ ਲੁਟੇਰਿਆਂ ਨੇ ਠੇਕੇ ਦੀ ਛੱਤ ਤੋੜ ਕੇ ਅੰਦਰ ਦਾਖ਼ਲ ਹੋ ਕੇ ਕਰਿੰਦੇ ਨੂੰ ਚਾਕੂ ਦੀ ਨੋਕ 'ਤੇ ਡਰਾ-ਧਮਕਾ ਕੇ ਨਕਦੀ, ਮੋਬਾਈਲ ਫੋਨ ਤੇ ਲੱਖਾਂ ਰੁਪਏ ਦੀ ਸ਼ਰਾਬ ਲੁੱਟ ਲਈ।

ਜਾਣਕਾਰੀ ਦਿੰਦਿਆਂ ਠੇਕੇਦਾਰ ਰਵਿੰਦਰ ਸਿੰਘ ਕਾਲਾ ਨੇ ਦੱਸਿਆ ਕਿ ਘਟਨਾ ਸਮੇਂ ਠੇਕੇ ਦਾ ਕਰਿੰਦਾ ਅੰਦਰ ਸੁੱਤਾ ਹੋਇਆ ਸੀ।ਦੇਰ ਰਾਤ ਲੁਟੇਰਿਆਂ ਨੇ ਸੀਮਿੰਟ ਦੀਆਂ ਚਾਦਰਾਂ ਵਾਲੀ ਛੱਤ ਤੋੜ ਕੇ ਅੰਦਰ ਦਾਖ਼ਲ ਹੋਏ ਤੇ ਕਰਿੰਦੇ ਨੂੰ ਡਰਾ ਕੇ ਉਸ ਦਾ ਮੋਬਾਈਲ ਫੋਨ ਤੇ ਠੇਕੇ ਵਿੱਚ ਪਈ ਨਕਦੀ ਖੋਹ ਲਈ। ਇਸ ਤੋਂ ਬਾਅਦ ਲੁਟੇਰਿਆਂ ਨੇ ਮਹਿੰਗੇ ਬ੍ਰਾਂਡਾਂ ਦੀ ਸ਼ਰਾਬ ਤੇ ਬੀਅਰ ਦੀਆਂ ਪੇਟੀਆਂ ਆਪਣੀ ਗੱਡੀ ਵਿੱਚ ਲੋਡ ਕਰ ਲਈਆਂ ਤੇ ਮੌਕੇ ਤੋਂ ਫ਼ਰਾਰ ਹੋ ਗਏ।ਪੀੜਤ ਕਰਿੰਦੇ ਮਨੀਕਾਂਤ ਕੁਮਾਰ ਨੇ ਦੱਸਿਆ ਕਿ ਕਰੀਬ ਰਾਤ 2 ਵਜੇ ਕੁਝ ਅਣਪਛਾਤੇ ਵਿਅਕਤੀ ਛੱਤ ਤੋੜ ਕੇ ਅੰਦਰ ਆਏ।ਉਨ੍ਹਾਂ ਨੇ ਚਾਕੂ ਦਿਖਾ ਕੇ ਉਸ ਨੂੰ ਧਮਕਾਇਆ ਤੇ ਕਰੀਬ 20 ਹਜ਼ਾਰ ਰੁਪਏ ਕੀਮਤ ਦਾ ਮੋਬਾਈਲ ਫੋਨ, ਨਕਦੀ ਤੇ ਵੱਡੀ ਮਾਤਰਾ ਵਿੱਚ ਸ਼ਰਾਬ ਲੈ ਗਏ।ਉਸ ਨੇ ਦੱਸਿਆ ਕਿ ਲੁਟੇਰੇ ਪੂਰੀ ਤਿਆਰੀ ਨਾਲ ਆਏ ਹੋਏ ਸਨ ਤੇ ਵਾਰਦਾਤ ਨੂੰ ਅੰਜਾਮ ਦੇ ਕੇ ਚੰਦ ਮਿੰਟਾਂ ਵਿੱਚ ਹੀ ਫ਼ਰਾਰ ਹੋ ਗਏ।ਠੇਕੇਦਾਰ ਅਨੁਸਾਰ ਲੁੱਟੀ ਗਈ ਨਕਦੀ ਤੇ ਸ਼ਰਾਬ ਦੀ ਕੁੱਲ ਕੀਮਤ ਕਰੀਬ 3 ਲੱਖ ਰੁਪਏ ਬਣਦੀ ਹੈ, ਜਿਸ ਕਾਰਨ ਕਾਰੋਬਾਰ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ ਤੇ ਜਾਂਚ ਸ਼ੁਰੂ ਕਰ ਦਿੱਤੀ। ਥਾਣਾ ਮੁਖੀ ਇੰਸਪੈਕਟਰ ਰਮਨਦੀਪ ਸਿੰਘ ਨੇ ਦੱਸਿਆ ਕਿ ਠੇਕੇਦਾਰਾਂ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਹੈ।ਪੁਲਸ ਵੱਲੋਂ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਤੇ ਦੋਸ਼ੀਆਂ ਦੀ ਪਛਾਣ ਲਈ ਆਸ-ਪਾਸ ਦੇ ਸੀਸੀਟੀਵੀ ਕੈਮਰਿਆਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

ਗਜ਼ਲਗੋ ਸੁਲਤਾਨ ਭਾਰਤੀ ਨੂੰ ਗਹਿਰਾ ਸਦਮਾ, ਜਵਾਨ ਪੁੱਤ ਦੀ ਮੌਤ

ਧਾਰੀਵਾਲ, (ਮਨਦੀਪ ਵਿੱਕੀ)-ਪ੍ਰਸਿੱਧ ਗਜ਼ਲਗੋ ਸੁਲਤਾਨ ਭਾਰਤੀ (ਬਟਾਲਾ ਵਾਸੀ) ਨੂੰ ਉਸ ਵਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਇਕਲੌਤੇ ਨੌਜਵਾਨ ਪੁੱਤਰ ਵਿਸ਼ਾਲ ਭਾਰਤੀ (ਤਿੰਨ ਭੈਣਾਂ ਦੇ ਇਕਲੌਤੇ ਵੀਰ) ਦੀ ਭਰ ਜਵਾਨੀ ਵਿੱਚ ਮੌਤ ਹੋ ਗਈ। ਪੁੱਤ ਦੀ ਬੇਵਕਤੀ ਮੌਤ ਨੇ ਪਹਿਲਾਂ ਤੋਂ ਵੱਡੀਆਂ ਪੀੜਾਂ ਝੱਲਦੇ ਆ ਰਹੇ ਸਾਥੀ ਸੁਲਤਾਨ ਭਾਰਤੀ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਸੁਲਤਾਨ ਭਾਰਤੀ ਦੀ ਜੀਵਨ ਸਾਥਣ ਪਹਿਲਾਂ ਹੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਈ ਸੀ। ਉਹ ਪਹਿਲਾਂ ਤੋਂ ਹੀ ਟੁੱਟ ਚੁੱਕਾ ਸੀ ਅਤੇ ਵੱਡੀਆਂ ਪੀੜਾਂ ਝੱਲਦਾ ਆ ਰਿਹਾ ਸੀ ਅਤੇ ਹੁਣ ਉਸ ਦਾ ਬਚਿਆ-ਖੁਚਿਆ ਸਹਾਰਾ ਵੀ ਕੁਦਰਤ ਨੇ ਬੜੀ ਬੇਰਹਿਮੀ ਨਾਲ ਉਸ ਕੋਲੋਂ ਖੋਹ ਲਿਆ ਹੈ ਅਤੇ ਉਸ ਨੂੰ ਜੀਵਨ ਦੇ ਪੰਧ ਉੱਤੇ ਇਕੱਲਿਆਂ ਹੀ ਠੇਡੇ ਠੋਕਰਾਂ ਖਾਣ ਲਈ ਛੱਡ ਦਿੱਤਾ ਗਿਆ ਹੈ। ਜ਼ਿੰਦਗੀ ਦੇ ਪੰਧ 'ਤੇ ਇਸ ਅੰਨ੍ਹੇ ਖੂਹ ਵਿੱਚ ਡਿੱਗੇ ਸੁਲਤਾਨ ਭਾਰਤੀ ਨਾਲ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਡਾ. ਲੇਖ ਰਾਜ, ਮੱਖਣ ਕੁਹਾੜ, ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ, ਸੁਲੱਖਣ ਸਰਹੱਦੀ, ਡਾ. ਰਜਵਿੰਦਰ ਕੌਰ, ਬੂਟਾ ਰਾਮ ਆਜ਼ਾਦ, ਗੁਰਮੀਤ ਬਾਜਵਾ, ਗੁਰਪ੍ਰੀਤ ਸਿੰਘ ਰੰਗੀਲਪੁਰ, ਸੁੱਚਾ ਸਿੰਘ ਪਸਨਾਵਾਲ, ਸੁਖਵਿੰਦਰ ਰੰਧਾਵਾ, ਡਾ. ਸੁਰਿੰਦਰ ਸ਼ਾਂਤ, ਨਿਸ਼ਾਨ ਸਿੰਘ ਜੌੜਾਸਿੰਘਾ ਅਤੇ ਸੋਹਣ ਸਿੰਘ ਆਦਿ ਨੇ ਗਹਿਰੀ ਸੰਵੇਦਨਾ ਦਾ ਪ੍ਰਗਟਾਵਾ ਕੀਤਾ ਅਤੇ ਵਿਛੜੀ ਰੂਹ ਦੀ ਸ਼ਾਂਤੀ ਹਿੱਤ ਦੁਆ ਕੀਤੀ।

SBI SME CENTER (05023), Main Branch Building, 2nd Floor, Civil Lines, Ludhiana. Email:- agmsecc.zolud@sbi.co.in

ਰੂਲ (8-1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਐੱਸ ਐੱਮ ਈ ਸੈਂਟਰ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਦੱਸੇ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ ਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਐੱਸ ਐੱਮ ਈ ਸੈਂਟਰ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ	ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ	ਡਿਮਾਂਡ ਨੋਟਿਸ ਦੀ ਮਿਤੀ	ਕਬਜ਼ੇ ਦੀ ਮਿਤੀ	ਕਬਜ਼ੇ ਦੀ ਕਿਸਮ / ਬਕਾਇਆ ਰਕਮ
(ਕਰਜ਼ਦਾਰ) :- ਮੈਸਰਜ਼ ਮਾਤਾ ਇੰਡਸਟਰੀਜ਼, ਪਲਾਟ ਨੰ: 157, ਗਲੀ ਨੰਬਰ 02, ਨੇੜੇ ਮਿੰਨੀ ਰੋਜ਼ ਗਾਰਡਨ ਗੌਸਪੁਰਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (ਪੰਜਾਬ) ਰਾਹੀਂ ਇਸ ਦੇ ਮਾਲਕ ਸ੍ਰੀ ਅਨਿਲ ਕੁਮਾਰ ਪੁੱਤਰ ਸ੍ਰੀ ਪਤੇਸ਼ਵਰੀ ਪ੍ਰਸ਼ਾਦ ਵਾਸੀ ਮਕਾਨ ਨੰ: 3376, ਗਲੀ ਨੰ: 03, ਸ਼ਹੀਦ ਅਜੀਤ ਸਿੰਘ ਕਾਲੋਨੀ, 33 ਫੁੱਟ ਰੋਡ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (ਪੰਜਾਬ) ਅਤੇ ਗਰੰਟਰ : ਸ੍ਰੀਮਤੀ ਚਿਤਰਾ ਤਿਵਾੜੀ ਪਤਨੀ ਸ੍ਰੀ ਪਤੇਸ਼ਵਰੀ ਪ੍ਰਸ਼ਾਦ ਵਾਸੀ # 3376, ਗਲੀ ਨੰ: 3, ਸ਼ਹੀਦ ਅਜੀਤ ਸਿੰਘ ਕਾਲੋਨੀ, 33 ਫੁੱਟ ਰੋਡ, ਲੁਧਿਆਣਾ (ਪੰਜਾਬ)	ਜਾਇਦਾਦ ਰਕਬਾ 100 ਵਰਗ ਗਜ਼, ਖਸਰਾ ਨੰ: 35//5/1-6/2-7/1-14/1/2-15/1-4/2, ਖੱਤਾ ਨੰ: 676/697-698 ਜਮ੍ਹਾਂਬੰਦੀ ਸਾਲ 2008-09 ਅਨੁਸਾਰ, ਹੱਦਬਸਤ ਨੰ: 261, ਪਤਾ ਪਿੰਡ ਗੌਸਪੁਰਾ ਆਬਾਦੀ ਅਜੀਤ ਨਗਰ ਲੁਧਿਆਣਾ, ਸ੍ਰੀਮਤੀ ਚਿਤਰਾ ਤਿਵਾੜੀ ਪਤਨੀ ਪਤੇਸ਼ਵਰੀ ਪ੍ਰਸ਼ਾਦ ਦੇ ਨਾਂਅ, ਵਸੀਕਾ ਨੰ: 15593 ਮਿਤੀ 25.03.2013, ਹੱਦਬੰਦੀ ਹੇਠਾਂ ਅਨੁਸਾਰ : ਪੂਰਬ : ਗੁਆਂਢੀ 22'-6", ਪੱਛਮ : ਗਲੀ 22'-6", ਉੱਤਰ : ਗੁਆਂਢੀ 40'-0", ਦੱਖਣ : ਗੁਆਂਢੀ 40'-0"	30.07.2022	02.06.2026	ਭੌਤਿਕ ਕਬਜ਼ਾ ਰੁਪਏ 28,41,982.00/- (ਅਠਾਈ ਲੱਖ ਇਕਤਾਲੀ ਹਜ਼ਾਰ ਨੌ ਸੌ ਬਿਆਸੀ ਰੁਪਏ ਕੇਵਲ) 28.07.2022 ਨੂੰ ਸਮੇਤ ਵਿਆਜ ਅਤੇ ਹੋਰ ਚਾਰਜਿਜ਼ ਜੋ ਵੀ ਹੋਣ।

ਮਿਤੀ : 07.06.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

COURT NOTICE

(U/o 5 Rule 20 CPC)
(Under Guardian And Ward Act)
In the Court of Ms. Amita Singh
Additional Principal Judge Family Court-I, Jalandhar
CNR No. PBJL01-005067-2026
Next Date:- 28-07-2026
Jaspal Kaur
W/o Gurcharan Singh D/o Jaswinder Singh, R/o Village Mustafapur, Tehsil and Distt. Jalandhar
Vs. 1. General Public
2. Gurcharan Singh, S/o Baldev Singh, R/o Village Pandher. Tehsil Nakodar, Distt. Jalandhar
Notice To :
1. General Public
:- General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28-07-2026 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge Family Court-I Jalandhar
Dated, this day of 06-06-2026

COURT NOTICE

(U/o 5 Rule 20 CPC)
In The Court of Ms. Amita Singh
Additional Principal Judge Family Court-I, Jalandhar
CNR No. PBJL01-009566-2024
Next Date:- 28-07-2026
Mohar Singh S/o Budh Pal Singh R/o H.No. 370, Green Wood Avenue, Phase-3, (Mithapur), Tehsil and Distt. Jalandhar
Vs. SONIA
wife of Mohar Singh & D/o Rajvir Singh, R/o Gali no. 2, Sant Nagar, Mandir Wali Gali, Burari, Delhi
Publication Issued To:
Sonia
Spouse: Mohar Singh
D/O Rajvir Singh R/O Gali No. 2, Sant Nagar, Mandir Wali Gali, Burari, Delhi.
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28-07-2026 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge Family Court-I, Jalandhar
Dated, this day of 06-06-2026

COURT NOTICE

(U/o 5 Rule 20 CPC)
(Succession Case)
In the Court of
Parminder Kaur Bains
Civil Judge (Senior Division), Amritsar
CNR No. PBAS02-003003-2026
Next Date:-08-07-2026
Amnish Arora Son of Lt. Sh. Ramesh Kumar S/o Sh. Sohan Singh R/o 1-A, Near Jamun Wali Sadak, Garden Colony, Amritsar
Vs.
General Public
Petition U/S 372 Of The Indian Succession Act
Notice To:
General Public
:- To Whom It May Concern
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 08-07-2026 at 10 a.m.
For details logon to https://highcourtchd.gov.in/?trs=district_notice&district=Amritsar
Civil Judge (Senior Division) Amritsar
Dated, this day of 04-06-2026

ਬਾਲ ਸਿਰਜਣਾਤਮਕ ਕੈਂਪ ਸ਼ੁਰੂ, 60 ਬੱਚਿਆਂ ਨੇ ਲਿਆ ਭਾਗ

ਲੁਧਿਆਣਾ, (ਸਤੀਸ਼ ਸਚਦੇਵਾ)-ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ 7 ਜੂਨ ਤੋਂ 14 ਜੂਨ ਤੱਕ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰੱਸਟ ਦੇ ਬਾਨੀ ਪ੍ਰਧਾਨ ਮਰਹੂਮ ਲੈਫ. ਕਰਨਲ ਜਗਦੀਸ਼ ਸਿੰਘ ਬਰਾੜ ਨੂੰ ਸਮਰਪਤ ਬਾਲ ਸਿਰਜਣਾਤਮਕ ਕੈਂਪ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ, ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਅੱਜ ਪਹਿਲੇ ਦਿਨ ਸ਼ੁਰੂ ਹੋਇਆ।ਇਸ ਕੈਂਪ ਲਈ ਬੱਚਿਆਂ ਵਿੱਚ ਬਹੁਤ ਉਤਸ਼ਾਹ ਵੇਖਣ ਨੂੰ ਮਿਲਿਆ।ਕੈਂਪ ਦੇ ਪਹਿਲੇ ਦਿਨ ਵਿੱਚ 60 ਦੇ ਕਰੀਬ ਬੱਚਿਆਂ ਨੇ ਹਿੱਸਾ ਲਿਆ।ਕੈਂਪ ਦੀ ਸ਼ੁਰੂਆਤ ਟਰੱਸਟ ਦੇ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ ਨੇ ਰਿਬਨ ਕੱਟ ਕੇ ਕੀਤਾ ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿਹਤ ਦੀ ਸੰਭਾਲ ਮਨੁੱਖ ਦਾ ਪਹਿਲਾ ਕਾਰਜ ਹੈ ਤੇ ਕੈਂਪ ਵਿੱਚ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਤੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਆ। ਉਨ੍ਹਾਂ ਬੱਚਿਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਅਪਣਾਉਣ ਲਈ ਕਿਹਾ ਤੇ ਜ਼ਿੰਦਗੀ ਵਿੱਚ ਬਿਨਾਂ ਡਰੇ ਸੱਚ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਐਡਵੋਕੇਟ ਹਰਪ੍ਰੀਤ ਜ਼ੀਰਖ ਤੇ ਜਨਰਲ ਸਕੱਤਰ ਰਾਕੇਸ਼ ਆਜ਼ਾਦ ਨੇ ਬੱਚਿਆਂ ਲਈ ਸਿੱਖਣ-ਸਿਖਾਉਣ ਦੇ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ।ਇਸ ਕੈਂਪ ਵਿੱਚ ਨਾਟਕਕਾਰ ਤਰਲੋਚਨ ਸਿੰਘ ਵੱਲੋਂ ਰੰਗਮੰਚ ਤੇ ਕੋਰਿਓਗ੍ਰਾਫੀ, ਸ਼ਮਸ਼ੇਰ ਨੂਰਪੁਰੀ ਵੱਲੋਂ ਚਿੱਤਰਕਾਰੀ ਤੇ ਮਿੱਟੀ ਦੇ ਖਿਡੌਣੇ, ਕਮਲ ਦੀਪ ਕੌਰ ਵੱਲੋਂ ਭੰਗੜਾ ਤੇ ਗਿੱਧਾ ਅਤੇ ਮਾਸਟਰ ਰਾਜ ਕੁਮਾਰ ਵੱਲੋਂ ਗੀਤ ਸੰਗੀਤ ਸਿਖਾਇਆ ਜਾਵੇਗਾ। ਇਸ ਮੌਕੇ ਉਦਘਾਟਨੀ ਸਮਾਰੋਹ ਵਿੱਚ ਟ੍ਰੱਸਟ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ, ਤਰਕਸ਼ੀਲ ਸੁਸਾਇਟੀ ਦੇ ਜ਼ਿਲ੍ਹਾ ਲੁਧਿਆਣਾ ਦੇ ਮੁਖੀ ਬਲਵਿੰਦਰ ਲਾਲ ਬਾਗ, ਸਤੀਸ਼ ਸਚਦੇਵਾ ਇਨਕਲਾਬੀ ਮਜ਼ਦੂਰ ਕੇਂਦਰ ਤੋਂ ਕਾਮਰੇਡ ਸੁਰਿੰਦਰ, ਕਲਪਨਾ ਤੋਂ ਇਲਾਵਾ ਨੌਜਵਾਨ ਸਭਾ ਦੇ ਕਾਰਕੁਨ ਪ੍ਰਤਾਪ ਸਿੰਘ, ਕੁਲਵਿੰਦਰ ਸਿੰਘ, ਤਜਿੰਦਰ ਕੁਮਾਰ, ਮੀਨੂੰ ਸ਼ਰਮਾ, ਜਗਜੀਤ ਗੁੜੇ ਆਦਿ ਨੇ ਹਾਜ਼ਰ ਰਹਿ ਕੇ ਵਲੰਟੀਅਰ ਡਿਊਟੀਆਂ ਨਿਭਾਈਆਂ।

SBI RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

ਸਕਿਓਰਟਾਈਜ਼ੇਸ਼ਨ ਐਂਡ ਰੀਕੰਸਟਰੱਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਉਨ੍ਹਾਂ ਵੱਲੋਂ ਬੈਂਕ ਕੋਲੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਦੀ ਮੁੜ ਅਦਾਇਗੀ 'ਚ ਨਾਕਾਮੀ ਦਿਖਾਈ ਹੈ ਅਤੇ ਉਕਤ ਸਹੂਲਤਾਂ ਨਾਨ ਪ੍ਰਫਾਰਮਿੰਗ ਐਸੇਟਸ (ਐਨ ਪੀ ਏ) ਵਰਗੀਕ੍ਰਿਤ ਕਰ ਦਿੱਤੀਆਂ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ, ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਅਜਿਹੇ 'ਚ 'ਚ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾਂਦੀ ਹੈ।

ਬਰਾਂਚ ਦਾ ਨਾਂਅ, ਕਰਜ਼ਦਾਰ/ਗਰੰਟਰ/ਭਾਈਵਾਲ/ਰਹਿਣਕਾਰ	ਜਾਇਦਾਦਾਂ ਦਾ ਵੇਰਵਾ	ਨਾਨ-ਪ੍ਰਫਾਰਮਿੰਗ ਐਸੈਟ (ਐਨ ਪੀ ਏ) ਦੀ ਮਿਤੀ	ਡਿਮਾਂਡ ਨੋਟਿਸ ਦੀ ਮਿਤੀ	ਬਕਾਇਆ ਰਕਮ
ਸਾਹਨੇਵਾਲ ਲੁਧਿਆਣਾ ਕਰਜ਼ਦਾਰ ਸ੍ਰੀ ਦਿਲਬਾਗ ਸਿੰਘ ਪੁੱਤਰ ਸ੍ਰੀ ਨਰਿੰਦਰ ਸਿੰਘ, ਨਿਊ ਮਾਡਲ ਟਾਊਨ, ਨੇੜੇ ਹਰੇ ਕ੍ਰਿਸ਼ਨਾ ਮੰਦਿਰ, ਸਾਹਮਣੇ ਗੇਟ ਨੰ. 2 ਸੈਕਰਡ ਹਾਰਟ ਸਕੂਲ, ਮਜਾਰਾ ਰੋਡ, ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ।	ਸਮੁੱਚੇ ਜਾਇਦਾਦ/ਮਕਾਨ/ਪਲਾਟ ਦਾ ਹਿੱਸਾ, ਰਕਬਾ 277.77 ਵਰਗ ਗਜ਼, ਖਸਰਾ ਨੰ.90//25/3, 106//5/2, 106//6/1, 105//20/3, 105//21/1, 106//15, 106//16/1, 106/25/3 ਖੱਤਾ ਨੰ. 692/728, 695/731 ਜਮ੍ਹਾਂਬੰਦੀ ਸਾਲ 2015-16 ਅਨੁਸਾਰ, ਰੈਵੇਨਿਊ ਅਸਟੇਟ ਪਿੰਡ ਸਾਹਨੇਵਾਲ ਕਲਾਂ ਜ਼ਿਲ੍ਹਾ ਲੁਧਿਆਣਾ ਬੈਨਾਮੇ ਅਨੁਸਾਰ ਵਸੀਕਾ ਨੰ. 2021-22/102/1/7797 ਮਿਤੀ 02/03/2022, ਹੱਦਬੰਦੀ ਹੇਠਾਂ ਅਨੁਸਾਰ ਪੂਰਬ : ਗੁਆਂਢੀ : 50', ਪੱਛਮ : ਜਗਦੀਪ ਸਿੰਘ 50", ਉੱਤਰ : ਰਸਤਾ 20', ਚੌੜਾਈ 50", ਦੱਖਣ : ਗੁਆਂਢੀ 50' ਬੈਨਾਮਾ ਵਸੀਕਾ ਨੰ. 2021/22/102/1/7797 ਮਿਤੀ 02/03/2022 ਅਨੁਸਾਰ ਸ੍ਰੀ ਦਿਲਬਾਗ ਸਿੰਘ ਪੁੱਤਰ ਨਰਿੰਦਰ ਸਿੰਘ ਦੇ ਨਾਂਅ ਹੈ।	29-04.2026	30-04-2026	ਰੁਪਏ 51,50,702/- (ਇਕਵੰਜਾ ਲੱਖ ਪੰਜਾਹ ਹਜ਼ਾਰ ਸੱਤ ਸੌ ਦੋ ਰੁਪਏ ਕੇਵਲ) ਸਮੇਤ ਵਿਆਜ 29.04.2026 ਤੱਕ, ਉਕਤ ਦੱਸੀ ਰਕਮ 'ਤੇ ਠੇਕਾ ਦਰ 'ਤੇ ਭਵਿੱਖੀ ਵਿਆਜ ਸਮੇਤ ਅਚਨਚੇਤ ਖਰਚੇ ਲਾਗਤਾਂ ਤੇ ਚਾਰਜਿਜ਼ ਦੀ ਅਦਾਇਗੀ ਕਰਨੀ ਪਵੇਗੀ।

ਬਦਲਵੀ ਨੋਟਿਸ ਸੇਵਾ ਵਾਸਤੇ ਕਦਮ ਉਠਾਏ ਜਾ ਰਹੇ ਹਨ, ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ (ਜਿੱਥੇ ਵੀ ਲਾਗੂ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦੀ ਅਦਾਇਗੀ ਕਰਨ ਦਾ ਸੱਦਾ ਦਿੱਤਾ ਗਿਆ ਹੈ, ਅਸਫਲ ਰਹਿਣ 'ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ ਦੇ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਸੈਕਸ਼ਨ 13 ਦੇ ਸਬ-ਸੈਕਸ਼ਨ 4 ਤਹਿਤ ਅਗਲੇ ਕਦਮ ਉਠਾਏ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਤੇ ਕਾਰੋਬਾਰ ਦੀ ਆਮ ਪ੍ਰਕਿਰਿਆ ਤੋਂ ਇਲਾਵਾ ਤੁਹਾਡੇ 'ਤੇ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸੰਬੰਧਤ ਬਰਾਂਚ ਤੋਂ ਨੋਟਿਸ ਪ੍ਰਾਪਤੀ ਦੀ ਕਾਪੀ ਹਾਸਲ ਕਰਨ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 07.06.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

ਕਲਾਸੀਫਾਈਡ ਇਸ਼ਤਿਹਾਰ

Change of Name

I, Gurpreet Singh S/O Narinder Vir Singh R/O H No. 286/12 Back Side Post Office Opp Gayatri Modren School, Gurdaspur. Pin :143521, Punjab,Indi. Declare That My Given Name As Gurpreet And My Surname As Singh.

I, Amarbir Kaur W/O Gurpreet Singh R/O H No.286/12 Back Side Post Office Opp Gayatri Modren School, Gurdaspur Pin: 143521, Punjab , India. Declare That My Given Name As Amarbir And My Surname As Kaur.

I, Ishav S/o Kewal Krishan R/o Village: Bulandpur, Po: Nurpur, District: Jalandhar-144012 (Punjab) have changed my name from Ishav to Ishav Bhagat. All concerned please note.

I, Hans Raj S/o Sh. Taru Ram R/o Village Rasulpur, PO. Phillaur, District Jalandhar, Punjab have changed my name from Hans Raj to Raj as Given Name and Hans as Surname. All concerned please note.

I, Vijay Kumar Bhardwaj son of Sh. Mangal Dass R/o H.No. 67/2, Guru Nanak Nagar, Basti Sheikh, Jalandhar, Punjab have changed my name from Vijay Kumar Bhardwaj to Vijay Kumar. All concerned please note.

I, Harpreet Kaur W/o Bikram Singh R/o VPO Patara Distt Jalandhar Punjab-144101 have declare that Harpreet Kaur is my Given name and Sangar is my Surname. All Concerned may please note.

I, Aatish Kumar S/o Darshan Lal R/o 37, Tagore Nagar, Backside TV Centre, Jalandhar, Punjab have changed my name from Aatish Kumar to Kumar Aatish (Kumar as Surname). All Please Note.

I, Pamdeep Singh S/o Jodha Singh R/o VPO Bhangali Kalan, Tehsil Majitha District Amritsar Punjab have declare that Pamdeep is my Given name and Singh is my Surname.

Change of Name

I, Muskan W/o Sagar Verma R/o opp Telephone Exchange, Majitha District Amritsar have changed my name from Muskan to Muskan Verma.

I, Rakesh Kumar s/o Joginder Singh r/o VPO.Karari, Tehsil Mukerian, Distt. Hoshiarpur have changed my Given name as Rakesh & Surname as Kumar) All Please Note.

I, Prince Kumar s/o Rampal r/o Vill. Mainwal, Po. Mau Mianwal, Tehsil Phillaur, Distt. Jalandhar have changed my Given name as Prince & Surname as Kumar. All Please Note.

ਬੇਦਖਲੀ ਨੋਟਿਸ

ਮੈਂ, ਸੁਨੀਤਾ ਪਾਲ ਪਤਨੀ ਬਲਦੇਵ ਪਾਲ ਵਾਸੀ ਮਕਾਨ ਨੰ. ਈ. ਐਸ-315, ਗਲੀ ਨੰ. 1, ਅਬਾਦਪੁਰਾ, ਡਾਕਖਾਨਾ ਮਾਡਲ ਟਾਊਨ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਮਨਸਿਮਰ ਪਾਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਆਮ ਸੂਚਨਾ

ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ ਐਸ ਏ 612, ਹਾਰਸ ਪਾਵਰ 15, ਜੋ ਜੋਗਾ ਸਿੰਘ ਪੁੱਤਰ ਬਾਲ ਸਿੰਘ ਵਾਸੀ ਪਿੰਡ ਬਕਰਾਹਾ ਤਹਿਸੀਲ ਪਾਤੜਾਂ (ਪਟਿਆਲਾ) ਦੇ ਨਾਮ ਚੱਲਦਾ ਹੈ ਨੂੰ ਆਪਣੇ ਨਾਮ ਕਰਨ ਲਈ ਜਸਕਰਨ ਸਿੰਘ ਅਤੇ ਅਮਰਿੰਦਰ ਸਿੰਘ ਪੁੱਤਰਾਨ ਗੁਰਮੇਲ ਸਿੰਘ ਵਾਸੀਆਨ ਪਿੰਡ ਬਕਰਾਹਾ ਨੇ ਦਰਖਾਸਤ ਦਿੱਤੀ ਹੈ। ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਵਿੱਚ ਪੇਸ਼ ਕਰੇ। ਐਸਡੀਓ ਪਾਵਰਕਾਮ ਸ਼ੁਤਰਾਣਾ (ਪਟਿਆਲਾ)

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

pnb Punjab National Bank
Branch Office:- BAREWAL AWANA, DISTT. LUDHIANA

ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾ ਨੋਟਿਸ)
ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)

ਸੇਵਾ 'ਚ

(ਕਰਜ਼ਦਾਰ) : ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, 859, ਅੰਬੇਡਕਰ ਨਗਰ, ਗਲੀ ਨੰ. 13, ਧਾਂਦਰਾ, ਲੁਧਿਆਣਾ-141116	ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, ਮਕਾਨ ਨੰ. 20, ਐੱਲ ਆਈ ਜੀ ਫਲੈਕਸ, ਚੰਡੀਗੜ੍ਹ ਰੋਡ, ਵਰਧਮਾਨ ਮੰਡੀ, ਲੁਧਿਆਣਾ-141010

ਸ੍ਰੀਮਾਨ/ਸ੍ਰੀਮਤੀ

ਸਕਿਓਰਡ ਐਸੇਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਓਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਓਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਓਰਡ ਕ੍ਰੈਡਿਟਰ ਦੀ (ਕਰਜ਼ਦਾਰ) ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, 859, ਅੰਬੇਡਕਰ ਨਗਰ, ਗਲੀ ਨੰ. 13, ਧਾਂਦਰਾ ਰੋਡ, ਲੁਧਿਆਣਾ-141116, ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ, ਮਕਾਨ ਨੰ. 20, ਐੱਲ ਆਈ ਜੀ ਫਲੈਟਸ, ਚੰਡੀਗੜ੍ਹ ਰੋਡ, ਵਰਧਮਾਨ ਮੰਡੀ, ਲੁਧਿਆਣਾ-141010 ਨੂੰ 28.01.2026 ਨੂੰ ਰਕਮ ਰੁਪਏ 11,78,736/- (ਗਿਆਰਾਂ ਲੱਖ ਅਠੱਤਰ ਹਜ਼ਾਰ ਸੱਤ ਸੌ ਛੱਤੀ ਰੁਪਏ ਕੇਵਲ) ਸਮੇਤ 28.01.2026 ਤੱਕ ਵਿਆਜ ਅਤੇ 28.01.2026 ਤੋਂ ਹੋਰ ਵਿਆਜ ਤੇ ਚਾਰਜਿਜ਼ ਮੁਕੰਮਲ ਅਦਾਇਗੀ ਤੱਕ ਵਸੂਲੀ ਘਟਾ ਕੇ, ਜੇਕਰ ਕੋਈ ਹੋਈ ਦੀ ਵਸੂਲੀ ਲਈ 06.02.2026 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ 'ਤੇ ਸਰਫੇਸੀ ਐਕਟ ਦੇ ਸੈਕਸ਼ਨ 13(2) ਅਧੀਨ ਵਿਕਰੀ ਕੀਤੀ ਜਾਵੇਗੀ।

ਜਿਨ੍ਹਾਂ ਸਕਿਓਰਡ ਐਸੇਟਸ ਦੀ ਵਿਕਰੀ ਕੀਤੀ ਜਾਣੀ ਹੈ, ਦੇ ਵੇਰਵੇ ਹੇਠਾਂ ਦਰਸਾਏ ਗਏ ਹਨ :

ਜ਼ਮੀਨ ਅਤੇ ਇਮਾਰਤ ਰਕਬਾ 100 ਵਰਗ ਗਜ਼, ਖਸਰਾ ਨੰ. 39//2,8,9, 11/2, 12, 13, 16/2, 18/2, 19/1, 20, 21/1, ਖੱਤਾ ਨੰ. 461/532, ਜਮ੍ਹਾਂਬੰਦੀ ਸਾਲ 2008-09 (ਨਵਾਂ) ਅਤੇ ਖੱਤਾ ਨੰ. 437/488 ਜਮ੍ਹਾਂਬੰਦੀ ਸਾਲ 2003-04 ਅਨੁਸਾਰ (ਪੁਰਾਣੀ ਜਮ੍ਹਾਂਬੰਦੀ) ਹੱਦਬਸਤ ਨੰ. 181, ਪਿੰਡ ਭਾਮੀਆਂ ਕਲਾਂ, ਅਬਾਦੀ ਸੰਤ ਇਨਕਲੇਵ ਨਗਰ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਮਨਪ੍ਰੀਤ ਕੌਰ ਪੁੱਤਰੀ ਰਾਜੂ ਸਿੰਘ ਦੇ ਨਾਂਅ, ਬੈਨਾਮਾ ਵਸੀਕਾ ਨੰ. 2024-25/106/1/8741 ਮਿਤੀ 13 ਅਗਸਤ 2024 ਸਬ-ਰਜਿਸਟਰਾਰ ਲੁਧਿਆਣਾ ਕੋਲ ਦਰਜ। ਹੱਦਾਂ : ਪੂਰਬ : ਗੁਆਂਢ, ਪੱਛਮ : ਗੁਆਂਢ, ਉੱਤਰ : ਗਲੀ, ਦੱਖਣ : ਪ੍ਰਦੀਪ ਕੁਮਾਰ

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਮੁਕੰਮਲ ਅਦਾਇਗੀ ਕਰਕੇ ਸਕਿਓਰਡ ਐਸੇਟ ਨੂੰ 30 ਦਿਨਾਂ ਦੇ ਅੰਦਰ-ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਇਹ ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-

"ਜਿੱਥੇ ਸਕਿਓਰਡ ਕ੍ਰੈਡਿਟਰ ਦੀ ਬਕਾਇਆ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਬਕਾਏ ਹਨ, ਦੇ ਸਕਿਓਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤਾਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਓਰਡ ਐਸੇਟਸ ਦੀ ਵਿਕਰੀ ਤੋਂ ਪਹਿਲਾਂ ਸਕਿਓਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

ਸਕਿਓਰਡ ਕ੍ਰੈਡਿਟਰ ਵੱਲੋਂ (i) ਸਕਿਓਰਡ ਐਸੇਟਸ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ (ii) ਜੇਕਰ ਸਕਿਓਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਓਰਡ ਐਸੇਟਸ ਸੰਬੰਧੀ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਓਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13(8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 28.01.2026 ਨੂੰ ਬਕਾਇਆ ਰਕਮ ਰੁਪਏ 11,78,736/- (ਗਿਆਰਾਂ ਹਜ਼ਾਰ ਅਠੱਤਰ ਲੱਖ ਸੱਤ ਸੌ ਛੱਤੀ ਰੁਪਏ ਕੇਵਲ) ਸਮੇਤ 28.01.2026 ਤੱਕ ਇਸ 'ਤੇ ਹੋਰ ਵਿਆਜ ਅਤੇ 28.01.2026 ਤੋਂ ਹੋਰ ਵਿਆਜ ਅਤੇ ਹੋਰ ਚਾਰਜਿਜ਼ ਅਦਾ ਕਰਕੇ ਉਕਤ ਸਕਿਓਰ ਐਸੇਟਸ ਦੇ ਪੁਨਰ ਗ੍ਰਹਿਣ ਕਰਨ ਲਈ ਬੇਨਤੀ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਸਕਿਓਰਡ ਐਸੇਟਸ ਦੀ ਵਿਕਰੀ ਵਾਸਤੇ ਸਕਿਓਰਡ ਐਸੇਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 9(1) ਦੀ ਪਾਲਣਾ ਹਿੱਤ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਸਥਾਨ : ਲੁਧਿਆਣਾ ਅਧਿਕਾਰਤ ਅਫਸਰ,
ਮਿਤੀ : 27.05.2026 ਪੰਜਾਬ ਨੈਸ਼ਨਲ ਬੈਂਕ ਸਕਿਓਰਡ ਕ੍ਰੈਡਿਟਰ

ਪਬਲਿਕ ਨੋਟਿਸ

ICICI Bank Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai – 400051.

ਸੋਨਾ ਨਿਲਾਮੀ ਅਤੇ ਸੱਦਾ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਨੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ ਤੋਂ ਸੋਨੇ ਦੇ ਗਹਿਣਿਆਂ ਬਦਲੇ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੂੰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਸੀ।
ਬਕਾਇਆ ਰਕਮ ਦਾ ਭੁਗਤਾਨ ਨਾ ਕਰਨ 'ਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ 08 ਜੁਲਾਈ 2026 ਨੂੰ ਹੋਵੇਗੀ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੇ ਨਿਯਮ ਅਤੇ ਸ਼ਰਤਾਂ ਉਨ੍ਹਾਂ ਦੇ ਸੰਬੰਧਤ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

ਕਰਜ਼ਾ ਖਾਤਾ ਨੰ.	ਕਰਜ਼ਦਾਰ ਦਾ ਨਾਮ	ਨਿਲਾਮੀ ਸ਼ਾਖਾ ਦਾ ਪਤਾ
ਬਰਾਂਚ ਦਾ ਨਾਂਅ : ਅਜਨਾਲਾ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮੇਨ ਚੌਂਕ, ਅੰਮ੍ਰਿਤਸਰ ਰੋਡ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143102
108362007003	ਗੁਰਵਿੰਦਰ ਸਿੰਘ	
ਬਰਾਂਚ ਦਾ ਨਾਂਅ : ਬਲਾਚੌਰ, ਪੰਜਾਬ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਵਾਰਡ ਨੰ. 1, ਗੜ੍ਹਸ਼ੰਕਰ ਰੋਡ, ਬਲਾਚੌਰ, ਪੰਜਾਬ-144521
357205002020	ਬਲਜੀਤ ਕੁਮਾਰ	
ਬਰਾਂਚ ਦਾ ਨਾਂਅ : ਬਰਗਾੜੀ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਦਸਮੇਸ਼ ਪਬਲਿਕ ਸਕੂਲ, ਪਿੰਡ ਤੇ ਡਾਕਖਾਨਾ ਬਰਗਾੜੀ, ਜ਼ਿਲ੍ਹਾ ਫਰੀਦਕੋਟ, ਪੰਜਾਬ-151208
295662000494	ਹਰਦੀਪ ਸਿੰਘ	
ਬਰਾਂਚ ਦਾ ਨਾਂਅ : ਭੋਗਪੁਰ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਐੱਫ 8 ਗਰੇਨ ਮਾਰਕੀਟ ਜੀ ਟੀ ਰੋਡ ਭੋਗਪੁਰ, ਜਲੰਧਰ, ਪੰਜਾਬ-144201
374505000640	ਪਰਮਿੰਦਰ ਸਿੰਘ	
ਬਰਾਂਚ ਦਾ ਨਾਂਅ : ਝਬਾਲ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਨੇੜੇ ਕੋਹੇਨੂਰ ਫਾਰਮ, ਝਬਾਲ-ਅੰਮ੍ਰਿਤਸਰ ਰੋਡ, ਅੱਡਾ ਝਬਾਲ, ਤਹਿਸੀਲ ਤੇ ਜ਼ਿਲ੍ਹਾ ਤਰਨ-ਤਾਰਨ, ਪੰਜਾਬ-143301
374657000024	ਸਾਹਿਲ-ਸਾਹਿਲ	
ਬਰਾਂਚ ਦਾ ਨਾਂਅ : ਚੰਡੀਗੜ੍ਹ- ਸੈਕਟਰ-34-ਏ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ 218219, ਸੈਕਟਰ 34-ਏ, ਚੰਡੀਗੜ੍ਹ-160022
134105001287	ਕ੍ਰਿਸ਼ਨ ਕੁਮਾਰ ਸਿੰਘ	
ਬਰਾਂਚ ਦਾ ਨਾਂਅ : ਚੁਗਾਵਾਂ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਿੰਡ ਤੇ ਡਾਕਖਾਨਾ ਚੌਗਾਵਾਂ, ਅੰਮ੍ਰਿਤਸਰ ਰੋਡ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143109
380262002681	ਗੁਰਪ੍ਰੀਤ ਕੌਰ	
ਬਰਾਂਚ ਦਾ ਨਾਂਅ : ਡੇਰਾ ਬੱਸੀ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬੜਵਾਲ ਕੰਪਲੈਕਸ, ਚੰਡੀਗੜ੍ਹ-ਅੰਬਾਲਾ ਹਾਈਵੇਅ ਡੇਰਾਬੱਸੀ, ਪੰਜਾਬ-140507
096757000019	ਸ਼ਾਹਨਵ ਸ਼ਾਹਨਵਾਜ਼	
ਬਰਾਂਚ ਦਾ ਨਾਂਅ : ਦੀਨਾਨਗਰ, ਪੰਜਾਬ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਠਾਨਕੋਟ ਰੋਡ, ਦੀਨਾਨਗਰ-143531
355962002334	ਹਰਨੂਰ ਸਿੰਘ	
ਬਰਾਂਚ ਦਾ ਨਾਂਅ : ਦੋਰਾਹਾ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬੋਪਾਰਾਏ ਹਾਊਸ, ਰੇਲਵੇ ਰੋਡ, ਦੋਰਾਹਾ, ਜ਼ਿਲ੍ਹਾ ਲੁਧਿਆਣਾ, ਪੰਜਾਬ-141421
078762001861	ਜਗਰੂਪ ਸਿੰਘ ਕੂਨਰ	
ਬਰਾਂਚ ਦਾ ਨਾਂਅ : ਫਤਹਿਗੜ੍ਹ ਚੂੜੀਆ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਅਜਨਾਲਾ ਰੋਡ, ਫਤਹਿਗੜ੍ਹ ਚੂੜੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143602
283062002922	ਹਰਸਿਮਰਨਜੀਤ ਸਿੰਘ	
ਬਰਾਂਚ ਦਾ ਨਾਂਅ : ਗੜ੍ਹਸ਼ੰਕਰ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 368/3/1, ਸਾਹਮਣੇ ਐੱਸ ਡੀ ਐੱਮ ਕੋਰਟ, ਹੁਸ਼ਿਆਰਪੁਰ ਰੋਡ, ਗੜ੍ਹਸ਼ੰਕਰ, ਹੁਸ਼ਿਆਰਪੁਰ, ਪੰਜਾਬ-144527
150962001929	ਜਸਵਿੰਦਰ ਕੌਰ	
ਬਰਾਂਚ ਦਾ ਨਾਂਅ : ਗੁਰਦਾਸਪੁਰ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਤਿੱਬੜੀ ਕੈਂਟ ਰੋਡ, ਸਾਹਮਣੇ ਨਿਆਰਾ ਪੈਟਰੋਲ ਪੰਪ, ਗੁਰਦਾਸਪੁਰ, ਪੰਜਾਬ-143521
050157000229	ਨਵਨੀਤ ਕੌਰ	
ਬਰਾਂਚ ਦਾ ਨਾਂਅ : ਗੁਰੂ ਹਰਸਹਾਏ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮਕਾਨ ਨੰ. 8, ਗਲੀ ਨੰ. 10, ਕ੍ਰਿਸ਼ਨਾ ਮੰਦਿਰ ਰੋਡ, ਜ਼ਿਲ੍ਹਾ ਫਿਰੋਜ਼ਪੁਰ, ਗੁਰੂਹਰਸਹਾਏ, ਪੰਜਾਬ-152022
199357000082	ਗੁਰਸਿਮਰਨ ਸਿੰਘ	
ਬਰਾਂਚ ਦਾ ਨਾਂਅ : ਜਗਰਾਵਾਂ ਨਿਊ ਗਰੇਨ ਮਾਰਕਿਟ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਦੁਕਾਨ ਨੰ. 72, ਨਿਊ ਗਰੇਨ ਮਾਰਕੀਟ, ਜ਼ਿਲ੍ਹਾ ਲੁਧਿਆਣਾ, ਜਗਰਾਉਂ, ਪੰਜਾਬ-142026
378957000016	ਸੁਖਦੀਪ ਸਿੰਘ ਵਿਰਕ	
ਬਰਾਂਚ ਦਾ ਨਾਂਅ : ਜਲਾਲਾਬਾਦ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਲਾਟ ਨੰ. 877, ਗਗਨੇਜਾ ਸਟਰੀਟ, ਨੇੜੇ ਪੁਰਾਣਾ ਬੱਸ ਅੱਡਾ, ਜਲਾਲਾਬਾਦ, ਫਿਰੋਜ਼ਪੁਰ, ਜ਼ਿਲ੍ਹਾ ਪੰਜਾਬ-152024
211862006906	ਵੀਰ ਸਿੰਘ	
ਬਰਾਂਚ ਦਾ ਨਾਂਅ : ਜਲੰਧਰ-ਮਾਈਂ ਹੀਰਾਂ ਗੇਟ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮਾਈਂ ਹੀਰਾ ਗੇਟ, ਐੱਨ ਈ-205, ਅੱਡਾ ਹੁਸ਼ਿਆਰਪੁਰ ਚੌਂਕ, ਜਲੰਧਰ, ਪੰਜਾਬ-144009
418805001358	ਰਾਘਵ ਸਾਹਨੀ	
ਬਰਾਂਚ ਦਾ ਨਾਂਅ : ਜਲੰਧਰ-ਧੰਨੋਵਾਲੀ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਟੀ ਡੀ ਅੱਪਰ ਗਰਾਊਂਡ ਫਲੋਰ, ਪਿੰਡ ਤੇ ਡਾਕਖਾਨਾ ਧੰਨੋਵਾਲੀ ਐਡਜੋਇਨਿੰਗ ਡੀ ਐੱਚ ਐੱਲ ਆਫਿਸ, ਜਲੰਧਰ, ਪੰਜਾਬ-144010
562805000086	ਸੌਰਵ ਸ਼ਰਮਾ	
ਬਰਾਂਚ ਦਾ ਨਾਂਅ : ਕਰਤਾਰਪੁਰ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਰਮਾਰ ਕੰਪਲੈਕਸ, ਸਾਹਮਣੇ ਸੁਨਮ ਸਿਨਮਾ, ਜੀ ਟੀ ਰੋਡ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ-144801
163405002640	ਪੂਜਾ ਰਾਣੀ	
ਬਰਾਂਚ ਦਾ ਨਾਂਅ : ਕੋਟਕਪੂਰਾ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਕੋਟਕਪੂਰਾ ਆਇਲ ਮਿਲ ਟਰੇਡਿੰਗ ਕੰਪਨੀ ਲਿਮਟਿਡ, ਫਰੀਦਕੋਟ ਰੋਡ, ਕੋਟਕਪੂਰਾ, ਜ਼ਿਲ੍ਹਾ ਫਰੀਦਕੋਟ, ਪੰਜਾਬ-151204
078462003955	ਨਵਨੀਤ ਸਿੰਘ	
ਬਰਾਂਚ ਦਾ ਨਾਂਅ : ਲੁਧਿਆਣਾ-ਢੰਡਾਰੀ ਕਲਾਂ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਲਾਟ ਨੰ. 6, ਨੇੜੇ ਗਰੇਟ ਵੇਅ ਇਬਲਿੰਨ, ਢੰਡਾਰੀ ਕਲਾਂ, ਲੁਧਿਆਣਾ, ਪੰਜਾਬ-141014
366305000734	ਪੂਜਾ ਤਿਵਾੜੀ	
ਬਰਾਂਚ ਦਾ ਨਾਂਅ : ਲੁਧਿਆਣਾ-ਫਿਲਡ ਗੰਜ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ, 9-10 ਫੀਲਡਗੰਜ, ਪੁਡਾ ਮਾਰਕਿਟ, ਲੁਧਿਆਣਾ, ਪੰਜਾਬ-141008
366105001543	ਜਤਿੰਦਰ ਸਿੰਘ	
ਬਰਾਂਚ ਦਾ ਨਾਂਅ : ਲੁਧਿਆਣਾ-33 ਫੁੱਟ ਰੋਡ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ, 14 ਅਤੇ 15 ਐੱਸ ਜਸਵੰਤ ਸਿੰਘ ਇਨਕਲੇਵ, 33 ਫੁੱਟ ਰੋਡ, ਨੇੜੇ ਸੁੰਦਰ ਨਗਰ ਚੌਂਕ, ਮੁੰਡੀਆਂ ਕਲਾਂ, ਚੰਡੀਗੜ੍ਹ ਰੋਡ, ਲੁਧਿਆਣਾ, ਪੰਜਾਬ-141015
700257000001	ਰਾਹੁਲ ਕੁਮਾਰ	
ਬਰਾਂਚ ਦਾ ਨਾਂਅ : ਮਜੀਠਾ, ਪੰਜਾਬ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਿੰਡ ਮਜੀਠਾ, ਨਿਊ ਬੱਸ ਸਟੈਂਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143601
357062002590	ਬਲਵਿੰਦਰ ਕੌਰ	
ਬਰਾਂਚ ਦਾ ਨਾਂਅ : ਮੰਡੀ ਗੋਬਿੰਦਗੜ੍ਹ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਦੁਕਾਨ ਨੰ. 140-148 ਸਾਹਮਣੇ ਸ਼ਨੀ ਮੰਦਰ, ਜੀ ਟੀ ਰੋਡ, ਮੰਡੀ ਗੋਬਿੰਦਗੜ੍ਹ-147301, ਪੰਜਾਬ
045005003619	ਸਤਪਾਲ ਸਿੰਘ	
ਬਰਾਂਚ ਦਾ ਨਾਂਅ : ਪਟਿਆਲਾ-ਲੋਅਰ ਮਾਲ ਰੋਡ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬੀ-17/423, ਸੇਠੀ ਕੰਪਲੈਕਸ, ਨੇੜੇ ਮੋਦੀ ਕਾਲਜ ਚੌਂਕ, ਸਾਹਮਣੇ ਪੋਲੋ ਗਰਾਊਂਡ, ਲੋਅਰ ਮਾਲ ਰੋਡ, ਪਟਿਆਲਾ-147001, ਪੰਜਾਬ
660357015057	ਧੱਵਲ ਜਿੰਦੀਆ	
ਬਰਾਂਚ ਦਾ ਨਾਂਅ : ਪੱਤੀ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਗਰਾਊਂਡ ਫਲੋਰ, ਅੰਮ੍ਰਿਤਸਰ ਰੋਡ, ਪੱਤੀ, ਜ਼ਿਲ੍ਹਾ ਤਰਨ-ਤਾਰਨ, ਪੰਜਾਬ-143416
150562008126	ਲਵਪ੍ਰੀਤ ਸਿੰਘ	
150505008566	ਅਵਤਾਰ ਸਿੰਘ	
ਬਰਾਂਚ ਦਾ ਨਾਂਅ : ਪੱਟੀ, ਸੰਦਲੀ ਮਹਿਰਾਜ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਿੰਡ ਪੱਤੀ ਸੰਦਲੀ ਮਹਿਰਾਜ, ਜ਼ਿਲ੍ਹਾ ਬਠਿੰਡਾ, ਪੰਜਾਬ-151105
435662000503	ਜਗਤਾਰ ਸਿੰਘ	
ਬਰਾਂਚ ਦਾ ਨਾਂਅ : ਰਾਏਕੋਟ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸੀ ਟੀ ਕੰਪਲੈਕਸ, ਨੇੜੇ ਐੱਲ ਆਈ ਸੀ ਬਿਲਡਿੰਗ, ਰਾਏਕੋਟ, ਲੁਧਿਆਣਾ ਰੋਡ, ਤਹਿਸੀਲ ਰਾਏਕੋਟ, ਜ਼ਿਲ੍ਹਾ ਲੁਧਿਆਣਾ, ਪੰਜਾਬ-141109
201757000025	ਸਰਬਜੀਤ ਕੌਰ	
201757000024	ਮਨਜੀਤ ਕੌਰ	
ਬਰਾਂਚ ਦਾ ਨਾਂਅ : ਸਾਦਿਕ, ਪੰਜਾਬ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬਿਸ਼ਨ ਲਾਲ ਕੰਪਲੈਕਸ, ਫਰੀਦਕੋਟ ਰੋਡ, ਸਾਦਿਕ, ਜ਼ਿਲ੍ਹਾ ਫਰੀਦਕੋਟ, ਪੰਜਾਬ-151212
357162006651	ਜਸਪ੍ਰੀਤ ਸਿੰਘ	
357162005801	ਕਿਕਰ ਸਿੰਘ	
ਬਰਾਂਚ ਦਾ ਨਾਂਅ : ਸੰਗਤ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਿੱਧੂ ਕੰਪਲੈਕਸ, ਮੇਨ ਰੋਡ, ਸੰਗਤ ਮੰਡੀ, ਜ਼ਿਲ੍ਹਾ ਬਠਿੰਡਾ, ਪੰਜਾਬ-151401
383562003269	ਕਰਮਜੀਤ ਸਿੰਘ	
ਬਰਾਂਚ ਦਾ ਨਾਂਅ : ਸੈਕਟਰ-70, ਮੋਹਾਲੀ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸੰਜੇ ਪਬਲਿਕ ਸਕੂਲ, ਸੈਕਟਰ-70 ਮੋਹਾਲੀ, ਜ਼ਿਲ੍ਹਾ ਰੋਪੜ, ਪੰਜਾਬ-160071
660005600863	ਲਕਸ਼ਮੀ	
ਬਰਾਂਚ ਦਾ ਨਾਂਅ : ਸੋਹਾਣਾ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਅੱਪਰ ਗਰਾਊਂਡ ਫਲੋਰ, 9 ਸੁੱਕੇਅਰ, ਚੰਡੀਗੜ੍ਹ ਰੋਡ, ਸੁਹਾਣਾ, ਸੈਕਟਰ-77, ਮੋਹਾਲੀ, ਪੰਜਾਬ-140308
565357000016	ਕੁਲਜੀਤ ਸਿੰਘ	
ਬਰਾਂਚ ਦਾ ਨਾਂਅ : ਟਾਂਡਾ ਉੜਮੁੜ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਵਰਨ ਪੈਲੇਸ ਨੇੜੇ, ਰੇਲਵੇ ਚੌਂਕ ਟਾਂਡਾ, ਹੁਸ਼ਿਆਰਪੁਰ ਜ਼ਿਲ੍ਹਾ ਪੰਜਾਬ-144203
087862003287	ਮਨੀਸ਼ ਬੱਸੀ	
087805003475	ਮਨਦੀਪ ਕੌਰ	
087862003283	ਹੀਰਾ ਲਾਲ	
ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ-34-ਏ		ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ 218219, ਸੈਕਟਰ 34-ਏ, ਚੰਡੀਗੜ੍ਹ-160022
134105001287	ਕ੍ਰਿਸ਼ਨਾ ਕੁਮਾਰ ਸਿੰਘ	

ਨਿਲਾਮੀ ਉਕਤ ਦਰਸਾਈ ਸਾਰਣੀ 'ਚ ਪਤੇ ਅਤੇ ਮਿਤੀ ਨੂੰ ਹੋਵੇਗੀ। ਸਮਾਂ 3.00 ਵਜੇ ਬਾਅਦ ਦੁਪਹਿਰ ਤੋਂ 6.00 ਸ਼ਾਮ ਤੱਕ ਹੈ।
ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਆਈ ਸੀ ਆਈ ਸੀ ਆਈ ਬੈਂਕ ਨੂੰ ਨਿਲਾਮੀ ਮਿਤੀ/ਸਥਾਨ, ਨਿਲਾਮੀ ਦਾ ਢੰਗ ਬਿਨਾਂ ਅਗਾਊਂ ਨੋਟਿਸ ਦਿੱਤਿਆਂ ਬਦਲਣ ਦਾ ਅਧਿਕਾਰ ਹੈ।
ਚਾਹਵਾਨ ਪਾਰਟੀਆਂ ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ ਉਕਤ ਦਰਸਾਈਆਂ ਸ਼ਾਖਾਵਾਂ 'ਤੇ ਪਹੁੰਚਣ।
ਮਿਤੀ : 08.06.2026
ਸਥਾਨ : ਅੰਮ੍ਰਿਤਸਰ, ਚੰਡੀਗੜ੍ਹ, ਲੁਧਿਆਣਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਬਠਿੰਡਾ, ਫਾਜ਼ਿਲਕਾ, ਗੁਰਦਾਸਪੁਰ, ਜਲੰਧਰ, ਤਰਨ-ਤਾਰਨ, ਫਰੀਦਕੋਟ, ਫਤਹਿਗੜ੍ਹ ਸਾਹਿਬ, ਹੁਸ਼ਿਆਰਪੁਰ, ਫਿਰੋਜ਼ਪੁਰ, ਸ਼ਹੀਦ ਭਗਤ ਸਿੰਘ ਨਗਰ, ਜ਼ੀਰਕਪੁਰ
ਸ਼ੁੱਭਚਿੰਤਕ, ਸਹੀ/- ਅਧਿਕਾਰਤ ਹਸਤਾਖਰੀ ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ

ਨਾਜਾਇਜ਼ ਸ਼ਰਾਬ ਬਰਾਮਦ, ਮੁਲਜ਼ਮ ਹਨੇਰੇ ਦਾ ਫ਼ਾਇਦਾ ਉਠਾ ਕੇ ਮੌਕੇ ਤੋਂ ਫ਼ਰਾਰ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਪੰਜਾਬ ਸਰਕਾਰ ਅਤੇ ਐਕਸਾਈਜ਼ (ਆਬਕਾਰੀ) ਵਿਭਾਗ ਵੱਲੋਂ ਸੂਬੇ ਭਰ ਵਿੱਚ ਨਾਜਾਇਜ਼ ਸ਼ਰਾਬ ਦੀ ਤਸਕਰੀ ਅਤੇ ਬਲੈਕ ਮਾਰਕੀਟਿੰਗ ਖ਼ਿਲਾਫ਼ ਵਿੱਢੀ ਗਈ ਵਿਸ਼ੇਸ਼ ਮੁਹਿੰਮ ਤਹਿਤ ਡੇਰਾਬੱਸੀ ਪੁਲਿਸ ਅਤੇ ਐਕਸਾਈਜ਼ ਵਿਭਾਗ ਦੀ ਇੱਕ ਸਾਂਝੀ ਟੀਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਹਾਸਲ ਹੋਈ, ਜਦੋਂ ਉਨ੍ਹਾਂ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਪਿੰਡ ਮਹਿਮਦਪੁਰ ਰੋਡ ਸਥਿਤ ਇੱਕ ਲੋਹੇ ਦੇ ਖੋਖੇ 'ਤੇ ਅਚਨਚੇਤ ਛਾਪੇਮਾਰੀ ਕਰਕੇ ਭਾਰੀ ਮਾਤਰਾ ਵਿੱਚ ਚੰਡੀਗੜ੍ਹ ਮਾਰਕਾ ਨਾਜਾਇਜ਼ ਸ਼ਰਾਬ ਬਰਾਮਦ ਕੀਤੀ। ਹਾਲਾਂਕਿ, ਪੁਲਿਸ ਅਤੇ ਵਿਭਾਗੀ ਟੀਮ ਨੂੰ ਆਉਂਦਿਆਂ ਦੇਖ ਕੇ ਨਾਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲਾ ਮੁਲਜ਼ਮ ਹਨੇਰੇ ਦਾ ਫ਼ਾਇਦਾ ਉਠਾਉਂਦੇ ਹੋਏ ਮੌਕੇ ਤੋਂ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਪੁਲਿਸ ਵੱਲੋਂ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਇਲਾਕੇ ਵਿੱਚ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ?ਇਸ ਸਬੰਧੀ ਪੱਤਰਕਾਰਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਆਬਕਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਦੱਸਿਆ ਕਿ ਇਹ ਸਾਰੀ ਸਫ਼ਲ ਕਾਰਵਾਈ ਡਿਪਟੀ ਕਮਿਸ਼ਨਰ (ਐਕਸਾਈਜ਼) ਪਟਿਆਲਾ ਜ਼ੋਨ, ਖ਼ੁਸ਼ਦਿਲ ਸਿੰਘ ਸੰਧੂ ਅਤੇ ਸਹਾਇਕ ਕਮਿਸ਼ਨਰ (ਐਕਸਾਈਜ਼) ਅਸ਼ੋਕ ਚਲੋਤਰਾ ਵੱਲੋਂ ਨਾਜਾਇਜ਼ ਸ਼ਰਾਬ ਦੇ

ਤਸਕਰਾਂ ਵਿਰੁੱਧ ਜਾਰੀ ਕੀਤੀਆਂ ਗਈਆਂ ਸਖ਼ਤ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਅਮਲ ਵਿੱਚ ਲਿਆਂਦੀ ਗਈ ਹੈ। ?ਮੁਲਜ਼ਮ ਦੇ ਫ਼ਰਾਰ ਹੋਣ ਤੋਂ ਬਾਅਦ ਜਦੋਂ ਪੁਲਿਸ ਅਤੇ ਐਕਸਾਈਜ਼ ਪਾਰਟੀ ਵੱਲੋਂ ਉਕਤ ਲੋਹੇ ਦੇ ਖੋਖੇ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ, ਤਾਂ ਉੱਥੋਂ ਵੱਡੀ ਮਾਤਰਾ ਵਿੱਚ ਚੰਡੀਗੜ੍ਹ ਵਿਖੇ ਵਿਕਣ ਵਾਲੀ ਨਾਜਾਇਜ਼ ਸ਼ਰਾਬ ਦੇ ਸਟਾਕ ਬਰਾਮਦ ਹੋਏ। ?ਇੰਪਾਇਰ ਨੰ. 1 ਮੋਟਸ ਸੰਤਰਾ: ਕੁੱਲ 24 ਅੱਧੀਏ (01 ਪੇਟੀ) ਬਰਾਮਦ ਕੀਤੇ ਗਏ। ਇਹ ਸ਼ਰਾਬ ਸਿਰਫ਼ ਚੰਡੀਗੜ੍ਹ ਖੇਤਰ ਵਿੱਚ ਵਿਕਰੀ ਲਈ ਮਾਰਕਾ ਸੀ। ਸਭ ਤੋਂ ਹੈਰਾਨੀਜਨਕ ਗੱਲ ਇਹ ਸੀ ਕਿ ਇਸ ਸਟਾਕ ਉੱਤੇ ਕੋਈ ਵੀ ਸਰਕਾਰੀ 'ਟ੍ਰੈਕ ਐਂਡ ਟ੍ਰੇਸ ਸਿਸਟਮ' ਜਾਂ ਸਰਕਾਰੀ ਹੋਲੋਗ੍ਰਾਮ ਮੌਜੂਦ ਨਹੀਂ ਸੀ, ਜੋ ਇਸ ਦੇ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੋਣ ਦੀ ਪੁਸ਼ਟੀ ਕਰਦਾ ਹੈ। ?999 ਸਟਾਰ ਫਾਈਨ ਵਿਸਕੀ ਕੁੱਲ 24 ਬੋਤਲਾਂ (02 ਪੇਟੀਆਂ) ਬਰਾਮਦ ਹੋਈਆਂ। ਜਾਂਚ ਦੌਰਾਨ ਪਾਇਆ ਗਿਆ ਕਿ ਇਨ੍ਹਾਂ ਬੋਤਲਾਂ 'ਤੇ ਲੱਗੇ ਸਰਕਾਰੀ ਹੋਲੋਗ੍ਰਾਮਾਂ ਨਾਲ ਛੇੜਛਾੜ (ਟੈਂਪਰ) ਕੀਤੀ ਗਈ ਸੀ, ਤਾਂ ਜੋ ਅਸਲ ਪਛਾਣ ਨੂੰ ਲੁਕਾਇਆ ਜਾ ਸਕੇ। ?ਮਾਮਲੇ ਦੇ ਤਫਤੀਸ਼ੀ ਅਫਸਰ ਏ ਐੱਸ ਆਈ ਦਿਲਬਾਗ ਸਿੰਘ ਨੇ ਦੱਸਿਆ ਕਿ ਐਕਸਾਈਜ਼ ਵਿਭਾਗ ਵੱਲੋਂ ਮਿਲੀ ਲਿਖਤੀ ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਤਸਕਰ ਖ਼ਿਲਾਫ਼ ਪੰਜਾਬ ਐਕਸਾਈਜ਼ ਐਕਟ (ਆਬਕਾਰੀ ਐਕਟ) ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਥਾਣਾ ਡੇਰਾਬੱਸੀ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਬੇਰੁਜ਼ਗਾਰ ਲਾਈਨਮੈਨਾਂ 'ਤੇ ਕੀਤੇ ਪੁਲਸ ਤਸ਼ੱਦਦ ਦੀ ਨਿਖੇਧੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਸਾਥੀ ਸੁਖਦੇਵ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਪ੍ਰਮੁੱਖ ਆਗੂਆਂ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਗਗਨਦੀਪ ਸਿੰਘ ਭੁੱਲਰ, ਕੁਲਵਿੰਦਰ ਸਿੰਘ, ਜਗਦੀਸ਼ ਸਿੰਘ ਚਾਹਲ, ਸੁਰਿੰਦਰ ਰਾਮ ਕੁੱਸਾ, ਰਾਧੇ ਸ਼ਾਮ, ਸੁਰਜੀਤ ਸਿੰਘ ਗਗੜਾ, ਕਰਮਜੀਤ ਸਿੰਘ ਬੀਹਲਾ, ਰਣਜੀਤ ਸਿੰਘ ਰਾਣਵਾ, ਧਨਵੰਤ ਸਿੰਘ ਭੱਠਲ, ਜਰਮਨਜੀਤ ਸਿੰਘ, ਬਾਜ ਸਿੰਘ ਖਹਿਰਾ, ਮਨਜੀਤ ਸਿੰਘ ਬਾਸਰਕੇ, ਕੁਲਦੀਪ ਸਿੰਘ ਉਦੋਕੇ, ਜਸਵੀਰ ਤਲਵਾੜਾ, ਬੋਬਿੰਦਰ ਸਿੰਘ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਅੱਜ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਇਸ਼ਾਰੇ ਤੇ ਪਟਿਆਲਾ ਪੁਲਿਸ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ ਤੇ ਕੀਤੇ ਅੰਨੇ ਪੁਲਿਸ ਤਸ਼ਦਦ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਆਖਿਆ ਕਿ ਡੀ ਐੱਸ ਪੀ ਸਮੇਤ ਸਮੁੱਚੇ ਦੋਸ਼ੀ ਪੁਲਿਸ ਕਰਮਚਾਰੀਆਂ ਤੇ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਪੰਜਾਬ ਸਰਕਾਰ ਬੇਰੁਜ਼ਗਾਰ ਨੌਜਵਾਨਾਂ ਨਾਲ ਗੱਲਬਾਤ ਕਰਕੇ ਉਹਨਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰੇ। ਉਕਤ ਆਗੂਆਂ ਨੇ ਆਖਿਆ ਕਿ ਪਿਛਲੇ ਦਿਨੀ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਨਾਲ ਵੀ ਇਸ ਤਰ੍ਹਾਂ ਦਾ ਹੀ ਦੁਰਵਿਵਹਾਰ ਕੀਤਾ ਗਿਆ ਹੈ। ਮੀਟਿੰਗ ਵਿੱਚ 17 ਮਈ ਦੀ ਜਲੰਧਰ ਕਨਵੈਨਸ਼ਨ ਦੇ ਫੈਸਲਿਆਂ ਨੂੰ ਲਾਗੂ ਕਰਨ ਹਿੱਤ ਫੈਸਲਾ ਕੀਤਾ ਗਿਆ ਕਿ 15 ਜੂਨ ਤੱਕ ਸਮੁੱਚੇ ਜਿਲਿਆਂ ਅੰਦਰ ਸਾਂਝਾ ਫਰੰਟ ਦੀਆਂ ਮੀਟਿੰਗਾਂ ਕਰਕੇ ਜਿਲਾ ਕਨਵੈਂਸ਼ਨਾਂ ਦੀਆਂ ਤਾਰੀਖਾਂ ਦਾ ਐਲਾਨ ਕੀਤਾ ਜਾਵੇਗਾ।

ਅੱਖਾਂ ਦਾ ਫਰੀ ਚੈੱਕਅੱਪ ਤੇ ਸ਼ੂਗਰ ਜਾਂਚ ਕੈਂਪ ਲਗਾਇਆ

ਬੰਗਾ (ਅਵਤਾਰ ਕਲੇਰ)- ਸ਼ਹੀਦ ਥਾਣੇਦਾਰ ਕੁਲਦੀਪ ਸਿੰਘ ਦੀ ਤੀਜੀ ਬਰਸੀ ਮੌਕੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਪਿੰਡ ਗੁਣਾਚੌਰ ਵਿਖੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਚੈੱਕਅੱਪ ਅਤੇ ਸ਼ੂਗਰ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 265 ਤੋਂ ਵੱਧ ਮਰੀਜ਼ਾਂ ਨੇ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ। ਸ਼ਹੀਦ ਥਾਣੇਦਾਰ ਕੁਲਦੀਪ ਸਿੰਘ ਨੂੰ ਸ਼ਰਧਾ ਸੁਮਨ ਭੇਟ ਕਰਕੇ ਯਾਦ ਕੀਤਾ ਗਿਆ। ਇਸ ਮੌਕੇ ਅਵਤਾਰ ਸਿੰਘ ਕਰੀਮਪੁਰੀ (ਬਸਪਾ ਪ੍ਰਧਾਨ), ਕੁਲਵਿੰਦਰ ਸਿੰਘ ਢਾਹਾਂ (ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ) ਤੇ ਬਸਪਾ ਆਗੂ ਪ੍ਰਵੀਨ ਬੰਗਾ ਨੇ ਸਮੂਹ ਪਰਿਵਾਰ ਵੱਲੋਂ ਸ਼ਹੀਦ ਥਾਣੇਦਾਰ ਕੁਲਦੀਪ ਸਿੰਘ ਦੀ ਨਿੱਘੀ ਯਾਦ ਵਿਚ ਲੋੜਵੰਦ ਲੋਕਾਂ ਲਈ ਮੁਫਤ ਕੈਂਪ ਲਗਵਾਕੇ ਨਿਸ਼ਕਾਮ ਸੇਵਾ ਕਾਰਜ ਕਰਨ ਦੀ ਭਰਪੂਰ ਸ਼ਲਾਘਾ ਕੀਤੀ। ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਐੱਸ ਐੱਮ ਓ ਡਾ. ਕੁਲਦੀਪ ਸਿੰਘ ਅਤੇ ਉਪਟੋਮੀਟੀਰੀਅਸ ਰਵੀ ਕਾਂਤ ਨੇ ਕੈਂਪ ਵਿਚ ਆਏ 265 ਤੋਂ ਵੱਧ ਮਰੀਜ਼ਾਂ ਫਰੀ ਚੈੱਕਅੱਪ ਕੀਤਾ ਗਿਆ। ਕੈਂਪ ਮਰੀਜ਼ਾਂ ਦਾ ਸ਼ੂਗਰ ਟੈਸਟ ਤੇ ਬੀ.ਪੀ. ਦੀ ਵੀ ਮੁਫਤ ਜਾਂਚ ਕੀਤੀ ਗਈ। ਉਪਰੰਤ ਮਰੀਜ਼ਾਂ ਨੂੰ ਮੁਫਤ ਐਨਕਾਂ ਅਤੇ ਮੁਫ਼ਤ ਦਵਾਈਆਂ ਪ੍ਰਦਾਨ

ਕੀਤੀਆਂ ਗਈ। ਇਸ ਮੌਕੇ ਅਜੀਤ ਰਾਮ ਸਾਬਕਾ ਸਰਪੰਚ (ਪਿਤਾ ਜੀ ਸ਼ਹੀਦ ਥਾਣੇਦਾਰ ਕੁਲਦੀਪ ਸਿੰਘ) ਨੇ ਸਮੂਹ ਸਹਿਯੋਗੀ ਸੱਜਣਾਂ ਦਾ, ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਮੂਹ ਪ੍ਰਬੰਧਕਾਂ ਦਾ, ਸਮੂਹ ਮੈਡੀਕਲ ਟੀਮ, ਸਟਾਫ਼ ਅਤੇ ਪਿੰਡ ਗੁਣਾਚੌਰ ਦੇ ਸਮੂਹ ਨਗਰ ਨਿਵਾਸੀਆਂ ਦਾ ਸਹਿਯੋਗ ਦੇਣ ਲਈ ਹਾਰਦਿਕ ਧੰਨਵਾਦ ਕੀਤਾ। ਇਸ ਕੈਂਪ ਵਿਚ ਅਜੀਤ ਰਾਮ ਸਾਬਕਾ ਸਰਪੰਚ (ਪਿਤਾ ਜੀ), ਵਿਦਿਆ ਕੁਮਾਰੀ (ਮਾਤਾ ਜੀ), ਜਸਵਿੰਦਰ ਕੌਰ (ਪਤਨੀ ਸ਼ਹੀਦ ਕੁਲਦੀਪ ਸਿੰਘ), ਭੁਪਿੰਦਰ ਸਿੰਘ (ਬੇਟਾ), ਵਿਜੈ ਕੁਮਾਰ ਗੁਣਾਚੌਰ (ਵੱਡਾ ਭਰਾ), ਪਰਮਜੀਤ ਕੌਰ, ਪਵਨਪ੍ਰੀਤ ਸਿੰਘ, ਚਰਨਜੀਤ ਕੌਰ, ਹਰਜਿੰਦਰ ਸਿੰਘ ਐੱਮ ਸੀ, ਮਲਕੀਤ ਮੰਢਾਲੀ, ਮਨੋਹਰ ਕਮਾਮ, ਜਸਵੀਰ ਚਾਹਲ, ਹਰਬਿਲਾਸ ਬਸਰਾ, ਪ੍ਰਦੀਪ ਜੱਸੀ, ਪਰਮਜੀਤ ਮਹਿਰਮਪੁਰੀ, ਜੈ ਪਾਲ ਸੁੰਡਾ, ਸੁਰਿੰਦਰ ਬਖਲੌਰ, ਰਵਿੰਦਰ ਮਹਿਮੀ, ਰਾਮ ਕਿਸ਼ਨ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ, ਮਾਸਟਰ ਕੇਵਲ ਰਾਮ, ਗੁਰਮੇਜ ਰਾਮ, ਚਮਨ ਲਾਲ ਵਿਰਦੀ, ਹਰਜੀਤ ਸਿੰਘ ਢੇਸੀਆ ਕਾਹਨਾ ਢੇਸੀਆਂ, ਗਾਇਕ ਰਾਜ ਦਦਰਾਲ, ਗਾਇਕਾ ਰਾਣੀ ਅਰਮਾਨ, ਕਮਲਜੀਤ ਕੌਰ ਨਵਾਂਸ਼ਹਿਰ, ਰਾਮ ਪ੍ਰਕਾਸ਼, ਫ਼ਕੀਰ ਚੰਦ, ਕੁਲਦੀਪ ਵਿਰਦੀ, ਮੋਹਨ ਲਾਲ, ਅਵਤਾਰ ਸਿੰਘ ਵਿਰਦੀ, ਜਗਦੀਸ਼ ਗੁਰੂ, ਸਤਨਾਮ ਸਿੰਘ, ਵਿਜੇ ਪਾਲ ਸਿੰਘ, ਬਾਬੂ ਬਿੱਕਰ ਰਾਮ, ਗੁਰਦੇਵ ਰਾਮ ਪੰਚ, ਹੈਪੀ ਬੰਗਾ, ਰਾਜ ਕੁਮਾਰ, ਸ਼ਰਨਜੀਤ ਸਿੰਘ, ਪ੍ਰਦੀਪ ਜੱਸੀ, ਸਮੂਹ ਪੰਚਾਇਤ ਮੈਂਬਰਾਨ ਤੇ ਇਲਾਕੇ ਦੇ ਸਮਾਜ ਸੇਵੀ ਮਰੀਜ਼ਾਂ ਦੀ ਸੇਵਾ ਸੰਭਾਲ ਲਈ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਵਾਤਾਵਰਣ ਦੀ ਰਾਖੀ ਲਈ ਛਾਂ-ਦਾਰ ਅਤੇ ਫਲਦਾਰ ਪੌਦੇ ਵੀ ਫਰੀ ਵੰਡੇ ਗਏ।

ਏ ਜੀ ਆਈ ਗਲੋਬਲ ਸਕੂਲ 'ਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਜਲੰਧਰ (ਰਾਜੇਸ਼ ਥਾਪਾ) ਏ ਜੀ ਆਈ ਗਲੋਬਲ ਸਕੂਲ ਵਿੱਚ ਵਿਸ਼ਵ ਵਾਤਾਵਰਣ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦਾ ਮੁੱਖ ਉਦੇਸ਼ ਵਾਤਾਵਰਣ ਦੀ ਸੰਭਾਲ ਅਤੇ ਕੁਦਰਤ ਦੀ ਰੱਖਿਆ ਬਾਰੇ ਜਾਗਰੂਕਤਾ ਫੈਲਾਉਣਾ ਸੀ। ਵਿਦਿਆਰਥੀਆਂ ਨੇ ਰੁੱਖ ਲਗਾਉਣ, ਪੋਸਟਰ ਬਣਾਉਣ, ਨਾਅਰੇ ਲਿਖਣ ਤੇ ਜਾਗਰੂਕਤਾ ਮੁਹਿੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਉਨ੍ਹਾਂ ਨੇ ਲੋਕਾਂ ਨੂੰ ਰੁੱਖ ਲਗਾਉਣ, ਪਾਣੀ ਬਚਾਉਣ ਅਤੇ ਪ੍ਰਦੂਸ਼ਣ ਘਟਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ 'ਤੇ ਏ ਜੀ ਆਈ ਇੰਫਰਾ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਵਾਤਾਵਰਣ ਦੀ ਰੱਖਿਆ ਕਰਨਾ ਹਰ ਇਨਸਾਨ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ, ਪਾਣੀ ਦੀ ਬਚਤ ਕਰਨੀ ਚਾਹੀਦੀ ਹੈ ਅਤੇ ਕੁਦਰਤ ਨੂੰ ਸਾਫ਼-ਸੁਥਰਾ ਰੱਖਣ ਲਈ ਯਤਨ ਕਰਨੇ ਚਾਹੀਦੇ ਹਨ।ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਬੱਚਿਆਂ ਵਿੱਚ ਵਾਤਾਵਰਣ ਪ੍ਰਤੀ ਪਿਆਰ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਸਕੂਲਾਂ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ।

ਏ ਜੀ ਆਈ ਗਲੋਬਲ ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਕਿਹਾ ਕਿ ਸਕੂਲ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਬਣਾਉਣ ਲਈ ਵੀ ਕੰਮ ਕਰ ਰਿਹਾ ਹੈ।ਸਕੂਲ ਦੀ ਪ੍ਰਿੰਸੀਪਲ ਆਰਤੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਛੋਟੇ-ਛੋਟੇ ਚੰਗੇ ਕੰਮ ਮਿਲ ਕੇ ਵਾਤਾਵਰਣ ਦੀ ਸੰਭਾਲ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਨ।

ਕੁਮਾਰ ਜਗਦੇਵ ਦੀ ਕਿਤਾਬ 'ਮੈਲੇ ਲੱਠੇ ਦੀ ਝਾਲਰ' 'ਤੇ ਹੋਈ ਵਿਚਾਰ ਚਰਚਾ

ਚੰਡੀਗੜ੍ਹ (ਸੁਰਜੀਤ ਸੁਮਨ)- ਸਵਪਨ ਫਾਊਂਡੇਸ਼ਨ, ਪਟਿਆਲਾ ਵੱਲੋਂ ਪੰਜਾਬ ਕਲਾ ਪਰਿਸ਼ਦ ਦੇ ਸਹਿਯੋਗ ਨਾਲ ਕਲਾ ਭਵਨ ਸੈਕਟਰ 16 ਵਿਖੇ ਕੁਮਾਰ ਜਗਦੇਵ ਸਿੰਘ ਦੀ ਕਿਤਾਬ ਮੈਲੇ ਲੱਠੇ ਦੀ ਝਾਲਰ 'ਤੇ ਵਿਚਾਰ ਚਰਚਾ ਕਰਵਾਈ ਗਈ। ਫਾਊਂਡੇਸ਼ਨ ਦੇ ਕਾਰਜਕਾਰਨੀ ਮੈਂਬਰ ਤੇ ਖਜਾਨਚੀ ਸੁਖਵਿੰਦਰ ਸਿੱਧੂ ਨੇ ਆਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਕੁਮਾਰ ਜਗਦੇਵ ਸਿੰਘ ਦੀ ਕਿਤਾਬ ਵਿਚ ਕੋਈ ਇਤਰਾਜ਼ਯੋਗ ਗੱਲ ਨਹੀਂ ਹੈ ਅਤੇ ਇਹ ਸਾਫਗੋਈ ਦੀ ਵਾਰਤਕ ਹੈ। ਇਸ ਉਪਰੰਤ ਖਾਲਸਾ ਕਾਲਜ ਚੰਡੀਗੜ੍ਹ ਤੋਂ ਸਹਾਇਕ ਪ੍ਰੋਫੈਸਰ ਡਾ. ਤੇਜਿੰਦਰ ਸਿੰਘ ਨੇ ਆਪਣੇ ਭਾਸ਼ਨ ਵਿਚ ਕਿਤਾਬ ਬਾਰੇ ਬੋਲਦਿਆਂ ਕਿਹਾ ਕਿ ਇਹਨਾਂ ਵਾਰਤਕ ਲੇਖਾਂ ਰਾਹੀਂ ਪੰਜਾਬੀ ਬੰਦੇ ਦੇ ਚਰਿੱਤਰ ਦੀ ਪ੍ਰਮਾਣਿਕ ਨਿਸ਼ਾਨਦੇਹੀ ਹੁੰਦੀ ਹੈ। ਬਿਨਾਂ ਕਿਸੇ ਲਾਗ ਲਪੇਟ ਦੇ ਕੋਈ ਫੋਕਾ ਆਦਰਸ਼ਵਾਦ ਨਹੀਂ, ਜੋ ਹੈ ਸੋ ਹੈ। ਜੀਵਨ ਨੂੰ ਬਹੁਤ ਸਪੱਸ਼ਟਤਾ ਨਾਲ ਅਤੇ ਉਸ ਨੂੰ ਸ਼ਿੱਦਤ ਨਾਲ ਜਿਉਣ ਦੀ ਵਾਰਤਕ ਹੈ।ਉਹਨਾਂ ਅਗਾਂਹ ਕਿਹਾ ਵਾਰਤਕ ਸਭ ਤੋਂ ਵੱਧ ਪੜ੍ਹੀ ਜਾਣ ਲਈ ਵਿਧਾ ਹੈ। ਉਹਨਾਂ ਨੂੰ ਦੀ ਵਾਰਤਕ ਘਟਨਾ ਤੋਂ ਘਟਨਾ ਵੱਲ ਜਾਂਦੀ ਹੈ। ਲੇਖਕ ਮਨਜੀਤ ਪੁਰੀ ਨੇ ਕਿਹਾ ਕਿ ਮੈਂ ਇਸ ਕਿਤਾਬ ਦੀ ਸਾਰੀਆਂ ਘਟਨਾਵਾਂ ਦਾ ਗਵਾਹ ਹਾਂ ਤੇ ਇਸ ਵਿਚ ਸ਼ਾਮਿਲ ਵੀ ਹਾਂ।ਉਹਨਾਂ ਅਗਾਂਹ ਕਿਤਾਬ ਦੇ ਕਰਾਫਟ ਬਾਰੇ ਗੱਲਾਂ ਕੀਤੀਆਂ। ਉਹਨਾਂ ਕੁਮਾਰ ਦੀ ਬੇਬਾਕੀ ਬਾਰੇ ਦੱਸਿਆ। ਉਂਘੇ ਆਲੋਚਕ ਡਾ. ਯੋਗਰਾਜ ਅੰਗਰਿਸ਼ ਨੇ ਕਿਹਾ ਕਿ ਜ਼ਿਆਦਾਤਰ ਖੂਬਸੂਰਤ ਵਾਰਤਕ, ਚੰਗੇ ਕਵੀ ਲਿਖ ਰਹੇ ਨੇ। ਕੁਮਾਰ ਜਗਦੇਵ ਸਿੰਘ ਨੇ ਕਿਹਾ ਮੇਰੇ ਲਈ ਮੰਚ ਵੱਡਾ ਹੈ। ਜਿਨ੍ਹਾਂ ਨੂੰ ਦੇਖ ਕੇ ਅਸੀਂ ਲਿਖਣਾ ਸ਼ੁਰੂ ਕੀਤਾ ਉਹ ਮੰਚ 'ਤੇ ਬਿਰਾਜਮਾਨ ਹਨ। ਕਲਾ ਪਰਿਸ਼ਦ ਦੇ ਚੇਅਰਮੈਨ ਤੇ ਉਂਘੇ ਕਵੀ ਸਵਰਨਜੀਤ ਸਵੀ ਨੇ ਕਿਹਾ ਕਿ ਕਿਤਾਬ ਪੜ੍ਹਦਿਆਂ ਇਸ ਤਰ੍ਹਾਂ ਲੱਗਿਆ, ਲੇਖਕ ਪੂਰੀ ਤਰ੍ਹਾਂ ਸੰਸਾਰ ਵਿਚ ਵਿਚਰਿਆ ਹੈ। ਲੇਖਣੀ ਵਿਚ ਸਭ ਕੁਝ ਬੜੀ ਸਹਿਜ ਰੂਪ ਵਿਚ ਆਉਂਦਾ ਹੈ। ਅੱਜ ਦੇ ਸਮਾਗਮ ਦੇ ਮੁੱਖ ਮਹਿਮਾਨ ਡਾ. ਪਾਲੀ ਭੁਪਿੰਦਰ ਸਿੰਘ ਨੇ ਕਿਹਾ ਕਿ ਮੈਨੂੰ ਹੈਰਾਨੀ ਹੋਈ। ਮੈਨੂੰ ਲੱਗਦਾ ਸੀ ਕਿ ਕੁਮਾਰ ਕਹਾਣੀ ਜਾਂ ਨਾਵਲ ਲਿਖੇਗਾ। ਕਿਤਾਬ ਵਿਚ ਦੋ ਤਿੰਨ ਚੀਜ਼ਾਂ ਗੁੰਮ ਨੇ, ਪਰ ਬਿਰਤਾਂਤ ਬੜਾ ਕਮਾਲ ਦਾ ਹੈ। ਕੁਮਾਰ ਨੂੰ ਗੱਲ ਕਰਨ ਦਾ ਵੱਲ ਹੈ। ਉਹਨਾਂ ਅਗਾਂਹ ਕਿਹਾ ਕਿ ਵਾਰਤਕ ਵਿੱਚ ਤਰਕ ਹੋਣਾ ਚਾਹੀਦਾ ਹੈ। ਪਾਲ ਅਜਨਬੀ ਨੇ ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿਚ ਕਹਾਣੀਕਾਰ ਬਲੀਜੀਤ, ਗੁਲ ਚੌਹਾਨ, ਗਾਇਕ ਸਲੀਮ ਸਿਕੰਦਰ, ਹਰਜੀਤ ਸਿੰਘ, ਅਵਤਾਰ ਸਿੰਘ ਪਤੰਗ, ਚਰਨਜੀਤ ਬਾਠ, ਭੁਪਿੰਦਰ ਮਲਿਕ, ਕੰਵਰਦੀਪ ਸਿੰਘ, ਗੁਰਸੇਵਕ ਚਹਿਲ, ਸ਼ਾਇਰ ਬੱਟੀ, ਰਣਬੀਰ ਸੋਹਲ, ਵਰਿੰਦਰ ਸਿੰਘ ਆਦਿ ਨੇ ਸ਼ਿਰਕਤ ਕੀਤੀ।

ਵੜਿੰਗ ਨੇ ਝਾੜੂ ਖੋਲ੍ਹ ਕੇ ਕੀਤਾ ਪ੍ਰਦਰਸ਼ਨ

ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)- ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਪਣੇ ਪਾਰਟੀ ਵਰਕਰਾਂ ਨਾਲ ਮਿਲ ਕੇ ਝਾੜੂ ਖੋਲ੍ਹ ਕੇ ਰੋਸ ਪ੍ਰਗਟ ਕੀਤਾ। ਇਹ ਪ੍ਰਦਰਸ਼ਨ ਸਰਕਾਰ ਵੱਲੋਂ ਕਥਿਤ ਤੌਰ 'ਤੇ ਝਾੜੂ ਦੀ ਬੇਅਦਬੀ ਦੇ ਦੋਸ਼ ਹੇਠ ਇਕ ਕਾਂਗਰਸੀ ਵਰਕਰ ਨੂੰ ਜੇਲ੍ਹ ਭੇਜਣ ਦੇ ਵਿਰੋਧ ਵਜੋਂ ਕੀਤਾ ਗਿਆ ਸੀ।ਇਸ ਤੋਂ ਇਲਾਵਾ, ਵੜਿੰਗ ਨੇ ਇੱਥੇ ਪਾਰਟੀ ਵਰਕਰ ਅਰਸ਼ਦੀਪ ਅਤੇ ਉਸਦੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਵੀ ਕੀਤੀ।ਅਰਸ਼ਦੀਪ ਨੂੰ ਪੰਜਾਬ ਪੁਲਿਸ ਵੱਲੋਂ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਦੀ ਕਥਿਤ ਬੇਅਦਬੀ ਕਰਨ ਦੇ ਦੋਸ਼ਾਂ ਹੇਠ ਗ੍ਰਿਫ਼ਤਾਰ ਕੀਤਾ ਗਿਆ ਸੀ।ਵੜਿੰਗ ਨੇ ਅਰਸ਼ਦੀਪ ਅਤੇ ਉਸਦੇ ਪਰਿਵਾਰ ਨਾਲ ਇਕਜੁੱਟਤਾ ਪ੍ਰਗਟਾਉਂਦਿਆਂ, ਕਿਹਾ ਕਿ ਪਾਰਟੀ ਦਾ ਹਰ ਆਗੂ ਤੇ ਵਰਕਰ ਉਸਦੇ ਨਾਲ ਖੜ੍ਹਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਭਰ ਵਿੱਚ ਕਾਂਗਰਸ ਵਰਕਰਾਂ ਨੇ ਉਸਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਹਨ। ਇਸ ਮੌਕੇ ਸੂਬਾ ਕਾਂਗਰਸ ਪ੍ਰਧਾਨ ਨਾਲ ਪਾਰਟੀ ਦੇ ਸੀਨੀਅਰ ਆਗੂਆਂ ਵਿੱਚ ਸੰਗਤ ਸਿੰਘ ਗਿਲਜੀਆਂ ਅਤੇ ਹੋਰ ਨੇਤਾ ਵੀ ਮੌਜੂਦ ਸਨ।

ਖ਼ੂਨਦਾਨ ਕੈਂਪ ਅੱਜ

ਆਦਮਪੁਰ (ਪਰਮਜੀਤ ਸਿੰਘ)- ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਹੈਪੀ ਬਾਬਾ ਤੇ ਸਮੂਹ ਪ੍ਰਬੰਧਕ ਕਮੇਟੀ ਗ੍ਰਾਮ ਪੰਚਾਇਤ ਪਿੰਡ ਪਧਿਆਣਾ ਦੇ ਪੂਰਨ ਸਹਿਯੋਗ ਨਾਲ ਦਰਬਾਰ ਪੀਰ ਬਾਬਾ ਬੱਦੇ ਸ਼ਾਹ ਜੀਆ ਦੇ ਅਸਥਾਨ ਤੇ ਸਲਾਨਾ ਯਾਦਗਾਰੀ ਮੇਲਾ ਮਨਾਉਂਦਿਆਂ ਮਾਨਵਤਾ ਦੀ ਸੱਚੀ ਸੁੱਚੀ ਸੇਵਾ ਲਈ 67 ਵਾ ਸਵੈਂ ਇੱਛੁਕ ਖ਼ੂਨਦਾਨ ਕੈਂਪ ਪਸਰੀਚਾ ਬਲੱਡ ਬੈਂਕ ਜਲੰਧਰ ਦੀ ਟੀਮ ਵੱਲੋਂ ਲਗਾਇਆ ਜਾਵੇਗਾ। ਇਸ ਮੇਲੇ ਨੂੰ ਹੋਰ ਵੀ ਚਾਰ ਚੰਨ ਲਾਉਣ ਲਈ ਪੰਜਾਬ ਦੀ ਬੁਲੰਦ ਆਵਾਜ਼ ਸ਼੍ਰੀ ਦੁਰਗਾ ਰੰਗੀਲਾ ਵੀ ਉਚੇਚੇ ਤੌਰ ਤੇ ਪਹੁੰਚ ਕੇ ਆਪਣੀ ਬਾ ਕਮਾਲ ਗਾਇਕੀ ਨਾਲ ਬੇਹੱਦ ਖ਼ੂਬਸੂਰਤ ਰੰਗ ਬੰਨਣਗੇ।

ਸੱਭਿਆਚਾਰਕ ਮੇਲਾ 12 ਤੋਂ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਪਿੰਡ ਮੁੱਗੋਵਾਲ ਵਿਖੇ ਮਹਾਂਸਤੀ ਦਾਦੀ ਰਾਣੀ ਦੀ ਯਾਦ ਨੂੰ ਤਾਜ਼ਾ ਰੱਖਦੇ ਹੋਏ 12, 13, 14 ਤੇ 15 ਜੂਨ ਨੂੰ ਸੰਘਾ ਗੋਤ ਨਾਲ ਸੰਬੰਧਿਤ ਬਾਵਾ ਦੇਵੀ ਦਿਆਲ ਉਰਫ ਨਾਂਗਾ ਬਾਵਾ ਅਤੇ ਬਾਬਾ ਗਿਆਨਪੁਰੀ ਨੂੰ ਸਮਰਪਿਤ ਵਿਸ਼ਾਲ ਯੱਗ ਅਤੇ ਸੱਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ। ਮਹਾਂਸਤੀ ਪ੍ਰਬੰਧਕ ਕਮੇਟੀ, ਨੌਜਵਾਨ ਸਭਾ, ਸਮੂੰਹ ਨਗਰ ਨਿਵਾਸੀ ਅਤੇ ਗ੍ਰਾਮ ਪੰਚਾਇਤ ਪਿੰਡ ਮੁੱਗੋਵਾਲ ਵੱਲੋਂ ਸਾਂਝੇ ਤੌਰ ਤੇ ਕਰਵਾਏ ਜਾ ਰਹੇ ਇਸ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਭੁਪਿੰਦਰ ਸਿੰਘ ਸੰਘਾ, ਪ੍ਰਧਾਨ ਬਲਵੀਰ ਸਿੰਘ ਸੰਘਾ ਅਤੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਨੇ ਦੱਸਿਆ ਕਿ 12 ਜੂਨ ਦਿਨ ਸ਼ੁਕਰਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਅਤੇ ਸ੍ਰੀ ਰਾਮਾਇਣ ਦੇ ਪਾਠ ਆਰੰਭ ਕੀਤੇ ਜਾਣਗੇ। 13 ਜੂਨ ਦਿਨ ਸ਼ਨੀਵਾਰ ਨੂੰ ਸ੍ਰੀ ਰਮਾਇਣ ਦੇ ਪਾਠ ਦਾ ਭੋਗ ਪਵੇਗਾ। 14 ਜੂਨ ਦਿਨ ਐਤਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਦਾ ਭੋਗ ਪਾਇਆ ਜਾਵੇਗਾ। 15 ਜੂਨ ਦਿਨ ਸੋਮਵਾਰ ਨੂੰ ਸੱਭਿਆਚਾਰਕ ਮੇਲਾ ਹੋਵੇਗਾ। ਉਹਨਾਂ ਦੱਸਿਆ ਕਿ 12 ਜੂਨ ਨੂੰ ਹਲਟ ਦੀਆਂ ਦੌੜਾਂ ਵੀ ਹੋਣਗੀਆਂ। 13 ਜੂਨ ਨੂੰ ਮਾਤਾ ਜੀ ਦੀ ਵਿਸ਼ਾਲ ਚੌਂਕੀ ਲੱਗੇਗੀ ਜਿਸ ਵਿੱਚ ਸੁਮੀਤ ਸ਼ਰਮਾ ਮਿਊਜ਼ੀਕਲ ਗਰੁੱਪ ਜਲੰਧਰ ਵੱਲੋਂ ਮਹਾਂਮਾਈ ਦਾ ਗੁਣ ਗਾਇਨ ਕੀਤਾ ਜਾਵੇਗਾ।14 ਜੂਨ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਇੰਟਰਨੈਸ਼ਨਲ ਜਥਾ ਭਾਈ ਬਲਵੀਰ ਸਿੰਘ ਪਾਰਸ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਉਣਗੇ। ਸ਼ਾਮ ਦੇ ਟਾਈਮ ਵਿਸ਼ਾਲ ਸ਼ੋਭਾ ਯਾਤਰਾ ਨਿਕਲੇਗੀ, ਜਿਹੜੀ ਸਾਰੇ ਪਿੰਡ ਦੀ ਪਰਿਕਰਮਾ ਕਰਦੀ ਹੋਈ ਵਾਪਸ ਮੰਦਰ ਵਿਖੇ ਜਾ ਕੇ ਸਮਾਪਤ ਹੋਵੇਗੀ। ਇਸ ਮੌਕੇ ਗੋਪੀ ਰੁੜਕੀ ਮਹਾਂਮਾਈ ਦਾ ਗੁਣ ਗਾਇਨ ਕਰਨਗੇ।15 ਜੂਨ ਨੂੰ ਹਸਨ ਮਾਣਕ, ਬਲਕਾਰ ਅਣਖੀਲਾ ਤੇ ਮਨਜਿੰਦਰ ਗੁਲਸ਼ਨ ਤੇ ਗੁਲਾਬ ਸਿੱਧੂ ਧਾਰਮਿਕ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ।

ਦਰਬਾਰ ਪੀਰ ਬਾਬਾ ਫ਼ਾਜ਼ਲ ਸ਼ਾਹ ਵਿਖੇ ਸਾਲਾਨਾ ਮੇਲਾ ਮਨਾਇਆ

ਬੰਗਾ (ਅਵਤਾਰ ਕਲੇਰ)- ਦਰਬਾਰ ਪੀਰ ਬਾਬਾ ਫ਼ਾਜ਼ਲ ਸ਼ਾਹ ਜੀ ਬੀੜ ਸਾਰੰਗਵਾਲ ਵਿਖੇ ਸਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਮੰਨਾ ਜੀ, ਸਮੂਹ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਚੱਕ ਮੰਡੇਰ, ਗ੍ਰਾਮ ਪੰਚਾਇਤ ਮੁੰਨਾ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੇਲੇ 'ਚ ਗਾਇਕ ਕੇ ਐਸ ਮੱਖਣ,ਅਮਰ ਸਿੰਘ ਜੀਤ, ਅਮਨ ਸਰਹਾਲੀ, ਬੌਬੀ ਵਰਮਾ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਅਤੇ ਤੀਸਰੇ ਦਿਨ ਨਾਮਵਰ ਕਲਾਕਾਰਾਂ ਅਮਰ ਅਰਸ਼ੀ-ਨਰਿੰਦਰ ਜੋਤ, ਰਣਜੀਤ ਰਾਣਾ, ਲੱਕੀ ਖਾਨ, ਪ੍ਰੇਮ ਹੀਰਾ, ਕੌਰ ਸਿਸਟਰਜ਼, ਅਰਮਾਨ ਢਿੱਲੋਂ, ਧੀਰਾ ਸਿੱਧੂ-ਚਾਂਦਨੀ ਸਿਤਾਰਾ, ਸਾਹਿਲ ਟੰਡਨ, ਪੰਮਾ ਕੁਲਥਮ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਸਟੇਜ ਸਕੱਤਰ ਦੀ ਭੂਮਿਕਾ ਬਿੱਟੂ ਮੇਹਟਾਂ ਵਲੋਂ ਬਾਖੂਬੀ ਨਿਭਾਈ। ਗੱਦੀ ਨਸ਼ੀਨ ਬਾਬਾ ਮੰਨਾ ਤੇ ਪ੍ਰਬੰਧਕਾਂ ਵੱਲੋਂ ਕਲਾਕਾਰਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਧਾਨ ਸੰਤੋਖ ਸਿੰਘ, ਕੈਸ਼ੀਅਰ ਕਸ਼ਮੀਰਾ ਸਿੰਘ ਚੱਕ ਮੰਡੇਰ, ਗੁਰਮਿੰਦਰ ਫਰਾਲਾ, ਗੁਰਿੰਦਰ ਸਿੰਘ ਚੱਕ ਮੰਡੇਰ, ਵਿੱਕੀ ਬਸਰਾ, ਅਮਰਜੀਤ ਸਿੰਘ ਪੰਚ ਬਹੂਆ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੈਮੀਨਾਰ ਕਰਵਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਥਾਨਕ ਹੋਟਲ ਵਿਖੇ ਇੱਕ ਸੈਮੀਨਾਰ ਕੀਤਾ ਗਿਆ ਜਿਸ ਵਿਚ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤੇ ਤਸਲੀ ਪ੍ਰਗਟ ਕਰਦਿਆਂ ਆਖਿਆ ਕਿ ਇਸ ਮੁਹਿੰਮ ਕਾਰਨ ਨਸ਼ਿਆਂ ਦੇ ਸੁਦਾਗਰਾਂ ਦਾ ਲੱਕ ਟੁਟਿਆ ਹੈ। ਨਸ਼ਿਆਂ ਦੇ ਪੀੜਤਾਂ ਨੂੰ ਸਰਕਾਰੀ ਹਸਪਤਾਲਾਂ ਵਿਚ ਭਰਤੀ ਕਰਾਇਆ ਜਾ ਰਿਹਾ ਹੈ ਅਤੇ ਨਸ਼ੇ ਦਾ ਧੰਦਾ ਕਰਨ ਵਾਲੀਆਂ ਨੂੰ ਜੇਲੀਂ ਡਕਿਆ ਜਾ ਰਿਹਾ ਹੈ।

ਇਸ ਮੁਹਿੰਮ ਨੂੰ ਪੰਜਾਬ ਦੀਆਂ ਗ੍ਰਾਮ ਪੰਚਾਇਤਾਂ ਅਤੇ ਸਮਾਜਿਕ ਜਥੇਬੰਦੀਆਂ ਵਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਹਨਾਂ ਆਖਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤ ਕਰਕੇ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ ਇਸੇ ਕੜੀ ਤਹਿਤ ਪਿੰਡਾਂ ਵਿਚ ਜਿੰਮ ਖੋਲੇ ਜਾ ਰਹੇ ਹਨ। ਖੇਡਾਂ ਦਾ ਸਾਮਾਨ ਦਿਤਾ ਜਾ ਰਿਹਾ ਹੈ। ਉਹਨਾਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਇਲਾਕਾ ਨਿਵਾਸੀਆਂ ਨੂੰ ਪੂਰਨ ਸਹਿਯੋਗ ਦੀ ਮੰਗ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ ਡੀ ਐਮ ਮੋਰਿੰਡਾ ਚੇਤਨ ਬੰਗੜ, ਤਹਿਸੀਲਦਾਰ ਸੁਰਿੰਦਰ ਪਾਲ ਸਿੰਘ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਜਗਦੇਵ ਸਿੰਘ ਭਟੋਆ, ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਮਹਿੰਦਰ ਸਿੰਘ ਢਿੱਲੋਂ, ਰਾਹੁਲ ਸ਼ਰਮਾ, ਜਸਵੀਰ ਸਿੰਘ ਸਖੋਮਾਜਰਾ ਸਮੇਤ ਵੱਖ ਵੱਖ ਪਿੰਡਾਂ ਦੇ ਪੰਚ, ਸਰਪੰਚ ਤੇ ਪਤਵੰਤੇ ਸੱਜਣ ਹਾਜ਼ਰ ਸਨ।

ਆਈਕੋਨ ਅਲਟੀਮਾ ਸਟੋਰ ਦਾ ਉਦਘਾਟਨ

ਜਲੰਧਰ (ਸ਼ੈਲੀ ਐਲਬਰਟ)- ਸਿਰੇਮਿਕ ਅਤੇ ਇੰਟੀਰੀਅਰ ਡਿਜ਼ਾਈਨ ਉਦਯੋਗ ਲਈ ਇੱਕ ਮਹੱਤਵਪੂਰਨ ਵਿਕਾਸ ਵਿੱਚ ਆਈਕੋਨ ਸਿਰੇਮਿਕਸ ਇੱਕ ਵਿਸ਼ਵ ਪੱਧਰ 'ਤੇ ਮਸ਼ਹੂਰ ਸਿਰੇਮਿਕ ਬ੍ਰਾਂਡ ਨੇ ਜਲੰਧਰ ਦੇ ਨਕੋਦਰ ਰੋਡ 'ਤੇ ਆਪਣੇ ਸ਼ਾਨਦਾਰ ਆਈਕੋਨ ਅਲਟੀਮਾ ਸਟੋਰ ਦਾ ਉਦਘਾਟਨ ਕੀਤਾ। ਉੱਤਰੀ ਭਾਰਤ ਦੀ ਸਭ ਤੋਂ ਵੱਡੀ ਲਗਜ਼ਰੀ ਸਿਰੇਮਿਕ ਗੈਲਰੀ ਮੰਨੀ ਜਾਂਦੀ, ਇਹ ਸ਼ਾਨਦਾਰ ਗੈਲਰੀ, ਜੋ ਕਿ ਲਵਲੀ ਮਾਰਬਲਜ਼ ਐਂਡ ਸੈਨੀਟੇਸ਼ਨ ਦੇ ਸਹਿਯੋਗ ਨਾਲ ਬਣਾਈ ਗਈ ਹੈ, ਗਾਹਕਾਂ ਨੂੰ ਪ੍ਰੀਮੀਅਮ ਸਿਰੇਮਿਕ ਅਤੇ ਟਾਈਲ ਸਮਾਧਾਨਾਂ ਵਿੱਚ ਇੱਕ ਬੇਹਤਰੀਨ ਅਨੁਭਵ ਪ੍ਰਦਾਨ ਕਰਦੀ ਹੈ।ਉਦਘਾਟਨ ਸਮਾਰੋਹ ਵਿੱਚ ਆਈਕੋਨ ਸਿਰੇਮਿਕਸ ਦੇ ਡਾਇਰੈਕਟਰ ਤੀਰਥ ਫਾਲਦੂ ਅਤੇ ਲਖਨ ਫਾਲਦੂ, ਲਵਲੀ ਮਾਰਬਲਜ਼ ਐਂਡ ਸੈਨੀਟੇਸ਼ਨ ਦੇ ਵਿਕਾਸ ਅਗਰਵਾਲ ਅਤੇ ਵਿਸ਼ਾਲ ਅਗਰਵਾਲ ਨੇ ਸ਼ਿਰਕਤ ਕੀਤੀ। ਲਵਲੀ ਗਰੁੱਪ ਦੇ ਚੇਅਰਮੈਨ ਰਮੇਸ਼ ਮਿੱਤਲ ਅਤੇ ਵਾਈਸ ਚੇਅਰਮੈਨ ਨਰੇਸ਼ ਮਿੱਤਲ ਵੀ ਮੌਜੂਦ ਸਨ। ਇਸ ਸਮਾਗਮ ਵਿੱਚ ਪੰਜਾਬ, ਜੰਮੂ ਅਤੇ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਪ੍ਰਸਿੱਧ ਆਰਕੀਟੈਕਟ, ਇੰਟੀਰੀਅਰ ਡਿਜ਼ਾਈਨਰ, ਬਿਲਡਰ ਅਤੇ ਉਦਯੋਗ ਪੇਸ਼ੇਵਰ ਸ਼ਾਮਲ ਹੋਏ।

ਪੁਲਸ ਵੱਲੋਂ ਸਹਾਇਕ ਲਾਈਨਮੈਨਾਂ 'ਤੇ ਕੀਤੇ ਲਾਠੀਚਾਰਜ ਦੀ ਨਿਖੇਧੀ

ਜਲੰਧਰ (ਰਾਜੇਸ਼ ਥਾਪਾ) ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ) ਦੇ ਪ੍ਰਧਾਨ ਕਰਮ ਸਿੰਘ ਧਨੋਆ, ਜਨਰਲ ਸਕੱਤਰ ਕੁਲਵਰਨ ਸਿੰਘ, ਸੂਬਾ ਸਹਾਇਕ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਵਲੋਂ ਸਾਂਝੇ ਪ੍ਰੈੱਸ ਬਿਆਨ ਰਾਹੀਂ ਪਟਿਆਲਾ ਪੁਲਿਸ ਪ੍ਰਸ਼ਾਸਨ ਵਲੋਂ ਆਪਣੀਆਂ ਸੇਵਾਵਾਂ ਨੂੰ ਰੈਗੂਲਰ ਕਰਵਾਉਣ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਸਹਾਇਕ ਲਾਈਨਮੈਨਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਤਿੱਖੇ ਸ਼ਬਦਾਂ ਵਿਚ ਨਿਖੇਧੀ ਕਰਦੇ ਹੋਏ ਕਿਹਾ ਕਿ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਵਲੋਂ ਸਿਪਾਹੀਆਂ ਨਾਲ ਮਿਲ ਕੇ ਸਹਾਇਕ ਲਾਈਨਮੈਨਾ ਨਾਲ ਕੁੱਟਮਾਰ ਕੀਤੀ ਗਈ।ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਵਲੋਂ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਸੰਘਰਸ਼ਸ਼ੀਲ ਬੇਰੁਜ਼ਗਾਰ ਨੌਜਵਾਨਾਂ ਦੀਆਂ ਮੰਗਾਂ ਦਾ ਤੁਰੰਤ ਸਹੀ ਨਿਪਟਾਰਾ ਨਾ ਕੀਤਾ ਤਾਂ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ, ਪੈਨਸ਼ਨਰਾਂ ਵਲੋਂ ਸਰਕਾਰ ਦੇ ਵਿਰੁੱਧ ਜੋ ਸੰਘਰਸ਼ ਉਲੀਕਿਆ ਗਿਆ ਹੈ, ਉਸਨੂੰ ਹੋਰ ਵੀ ਤਿੱਖਾ ਰੂਪ ਦਿੱਤਾ ਜਾਵੇਗਾ।



ਦਰਬਾਰ ਬਾਬਾ ਚੁੱਪ ਸ਼ਾਹ ਦਾ ਸਾਲਾਨਾ ਜੋੜ ਮੇਲਾ 18, 19 ਨੂੰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਦਰਬਾਰ ਬਾਬਾ ਚੁੱਪ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ 18 ਅਤੇ 19 ਜੂਨ ਨੂੰ ਪਿੰਡ ਸੰਘੇ ਜਾਗੀਰ (ਨੂਰਮਹਿਲ) ਵਿਖੇ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਗੁਰਸ਼ਰਨ ਰਾਏ ਨੇ ਦੱਸਿਆ ਕਿ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 18 ਜੂਨ ਦਿਨ ਵੀਰਵਾਰ ਨੂੰ ਝੰਡੇ ਦੀ ਰਸਮ ਅਤੇ ਹੋਰ ਧਾਰਮਿਕ ਸਮਾਗਮ ਕਰਵਾਏ ਜਾਣਗੇ ਸਵੇਰੇ ਚਾਦਰ ਦੀ ਰਸਮ ਅਤੇ ਵਜੇ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। ਸਵੇਰੇ 10:30 ਵਜੇ ਤੋਂ ਕਵਾਲੀਆਂ ਦਾ ਪ੍ਰੋਗਰਾਮ ਸ਼ੁਰੂ ਹੋਵੇਗਾ ਅਤੇ ਰਾਤ 8:00 ਵਜੇ ਪ੍ਰਸਿੱਧ ਕਵਾਲ ਅਸ਼ਰਫ ਅਲੀ ਆਪਣੀ ਹਾਜ਼ਰੀ ਭਰਨਗੇ। 19 ਜੂਨ ਦਿਨ ਸ਼ੁੱਕਰਵਾਰ ਨੂੰ ਸਟੇਜ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10:00 ਵਜੇ ਹੋਵੇਗੀ, ਜਿਸ ਵਿੱਚ ਵੱਖ-ਵੱਖ ਨਾਮਵਰ ਡੇਰਿਆਂ ਤੋਂ ਸੰਤ-ਮਹਾਂਪੁਰਸ਼ ਉਚੇਚੇ ਤੌਰ 'ਤੇ ਪਹੁੰਚ ਕੇ ਸੰਗਤਾਂ ਨੂੰ ਅਸ਼ੀਰਵਾਦ ਦੇਣਗੇ। ਮੇਲੇ ਦੌਰਾਨ ਪ੍ਰਸਿੱਧ ਕਲਾਕਾਰ ਬੂਟਾ ਮੁਹੰਮਦ, ਆਰ ਕੇ ਮਹਿੰਦੀ, ਹਰਮੇਸ਼ ਰਸੀਲਾ, ਜੋਤੀ ਸੱਭਰਵਾਲ, ਅਸ਼ਰਫ ਅਲੀ (ਕਵਾਲ), ਸਾਜਨ ਭੱਟੀ (ਕਵਾਲ) ਅਤੇ ਇੰਦਾ ਘਈ (ਐਂਕਰ) ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਮੁੱਖ ਸੇਵਾਦਾਰ ਗੁਰਸ਼ਰਨ ਰਾਏ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਮੇਲੇ ਵਿੱਚ ਕੋਈ ਵੀ ਵਿਅਕਤੀ ਕਿਸੇ ਵੀ ਪ੍ਰਕਾਰ ਦਾ ਨਸ਼ਾ ਕਰਕੇ ਜਾਂ ਕਿਸੇ ਕਿਸਮ ਦਾ ਮਾਰੂ ਹਥਿਆਰ ਲੈ ਕੇ ਨਾ ਆਵੇ, ਤਾਂ ਜੋ ਸਮਾਗਮ ਸ਼ਾਂਤੀਪੂਰਵਕ ਅਤੇ ਧਾਰਮਿਕ ਮਾਹੌਲ ਵਿੱਚ ਸੰਪੰਨ ਹੋ ਸਕੇ।ਉਨ੍ਹਾਂ ਦੱਸਿਆ ਕਿ ਦਰਬਾਰ ਵੱਲੋਂ ਸਮੂਹ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ।

ਮੁੱਖ ਸੇਵਾਦਾਰ ਗੁਰਸ਼ਰਨ ਰਾਏ ਜੀ

ਨਸ਼ੀਲੇ ਪਾਊਡਰ ਤੇ ਡਰੱਗ ਮਨੀ ਸਮੇਤ ਨੌਜਵਾਨ ਕਾਬੂ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)- ਚਮਕੌਰ ਸਾਹਿਬ ਪੁਲੀਸ ਵੱਲੋਂ ਡੀ ਐੱਸ ਪੀ ਮਨਜੀਤ ਸਿੰਘ ਔਲਖ ਦੀ ਅਗਵਾਈ ਹੇਠ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਇੱਕ ਨੌਜਵਾਨ ਨੂੰ ਨਸ਼ੀਲੇ ਪਾਊਡਰ (ਹੈਰੋਇਨ) ਅਤੇ ਹਜ਼ਾਰਾਂ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਥਾਣਾ ਮੁਖੀ ਗੁਰਵਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਪੁਲੀਸ ਵੱਲੋਂ ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਥਾਣੇਦਾਰ ਮਨਜੀਤ ਸਿੰਘ ਪੁਲੀਸ ਪਾਰਟੀ ਸਮੇਤ ਸਰਕਾਰੀ ਗੱਡੀ ਵਿੱਚ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਲਈ ਕੱਚੀ ਨਹਿਰ ਦੇ ਰਸਤੇ ਆ ਰਹੇ ਸਨ ਤਾਂ ਝਾੜੀਆਂ ਵਿੱਚ ਖੜ੍ਹੇ ਇੱਕ ਵਿਅਕਤੀ ਨੇ ਪੁਲੀਸ ਦੀ ਗੱਡੀ ਦੇਖ ਕੇ ਆਪਣੇ ਹੱਥ ਵਿੱਚ ਫੜਿਆ ਚਿੱਟਾ ਲਿਫਾਫਾ ਸੁੱਟ ਦਿੱਤਾ ਅਤੇ ਦੌੜਨ ਦੀ ਕੋਸ਼ਿਸ਼ ਕੀਤੀ ਪਰ ਪੁਲਿਸ ਨੇ ਉਸ ਨੂੰ ਕਾਬੂ ਕਰ ਲਿਆ। ਜਦੋ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋ 23 ਗ੍ਰਾਮ ਨਸ਼ੀਲਾ ਪਾਊਡਰ (ਹੈਰੋਇਨ) ਅਤੇ 86, 200 ਰੁਪਏ ਬਰਾਮਦ ਹੋਏ। ਮੁਲਜ਼ਮ ਦੀ ਪਹਿਚਾਣ ਦਵਿੰਦਰ ਸਿੰਘ (30) ਪਿੰਡ ਡਹਿਰ ਵਜੋਂ ਹੋਈ। ਪੁਲਿਸ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ।

ਵਿਸ਼ਵ ਵਾਤਾਵਰਨ ਦਿਵਸ ਮੌਕੇ ਲਗਾਏ 9000 ਤੋਂ ਵੱਧ ਪੌਦੇ

ਹੁਸਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਯੁਵਕ ਸੇਵਾਵਾਂ ਵਿਭਾਗ ਹੁਸਿਆਰਪੁਰ ਦੁਆਰਾ ਮੁੱਖ ਮੰਤਰੀ ਭਗਵੰਤ ਮਾਨ ਦੇ ਤੰਦਰੁਸਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਸਰਪ੍ਰਸਤੀ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ ਦੁਆਰਾ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਯੁਵਕ ਸੇਵਾਵਾਂ ਵਿਭਾਗ ਨਾਲ ਸੰਬਧਤ ਯੂਥ ਕਲੱਬਾਂ, ਐਨ ਐਸ ਐਸ ਯੂਨਿਟਾਂ, ਰੈਡ ਰੀਬਨ ਕਲੱਬਾਂ ਦੇ ਮੈਂਬਰਾਂ ਦੀ ਮਦਦ ਨਾਲ ਵਾਤਾਵਰਨ ਦਿਵਸ ਮਨਾਇਆ। ਇਸ ਮੌਕੇ ਤੇ ਜ਼ਿਲ੍ਹੇ ਭਰ ਦੇ ਵਲੰਟੀਅਰਾਂ ਵੱਲੋਂ ਛੁਟੀਆਂ ਹੋਣ ਦੇ ਬਾਵਜੂਦ ਆਪੋ-ਆਪਣੇ ਘਰ, ਗਲੀ, ਮੁਹਲੇ ਅਤੇ ਕੁੱਝ ਇੱਕ ਸਾਂਝੀਆ ਥਾਵਾਂ ਤੇ 9000 ਤੋਂ ਵੱਧ ਪੋਦੇ ਲਗਾਏ ਗਏ। ਪ੍ਰੀਤ ਕੋਹਲੀ ਨੇ ਦੱਸਿਆ ਕਿ ਛੁਟੀਆਂ ਦੇ ਚਲਦਿਆਂ ਸਮੂਹ ਸਕੂਲ/ਕਾਲਜ ਬੰਦ ਸਨ ਇਸ ਲਈ ਸਕੂਲਾਂ/ ਕਾਲਜਾਂ ਦੇ ਪ੍ਰੋਗਰਾਮ ਅਫਸਰਾਂ ਨੂੰ ਵਾਟਸਐਪ ਗਰੁਪ ਰਾਂਹੀ ਇੱਕਠਾਂ ਕੀਤਾ ਗਿਆ। ਉਹਨਾਂ ਨਾਲ ਆਨਲਾਈਨ ਮੀਟਿੰਗ ਕੀਤੀ ਗਈ ਅਤੇ ਉਹਨਾਂ ਨੂੰ ਪੋਦਾਰੋਪਣ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਜਿਸ ਦੇ ਨਤੀਜੇ ਵਲੋਂ ਇਹਨਾਂ ਵਧੀਆ ਰਿਸਪੌਂਸ ਵੇਖਣ ਨੂੰ ਮਿਲਿਆ।ਪੋਦੇ ਲਗਾ ਕਿ ਵਾਤਾਵਰਨ ਦਿਵਸ ਮਨਾਉਣ ਦੀ ਜੋ ਸ਼ੁਰੂਆਤ ਕੀਤੀ ਗਈ, ਉਹਨਾਂ ਕਿਹਾ ਕਿ ਵਾਤਾਵਰਨ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਪਾਣੀ ਦੀ ਬਚਤ ਕਰਨ ਲਈ ਵੀ ਪਿੰਡਾ ਤੇ ਸ਼ਹਿਰਾਂ ਦੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ।

ਅਧਿਆਪਕ ਆਗੂ ਸ਼ਸ਼ੀਕਾਂਤ ਨੂੰ ਸਦਮਾ, ਮਾਤਾ ਦਾ ਦਿਹਾਂਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਗੋਰਮਿੰਟ ਟੀਚਰਜ਼ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਸ਼ਸ਼ੀਕਾਂਤ ਦੀ ਮਾਤਾ ਬਿਆਸਾ ਦੇਵੀ ਦਾ ਸੰਖੇਪ ਬਿਮਾਰੀ ਤੋਂ ਬਾਅਦ ਬੀਤੀ 2 ਜੂਨ ਨੂੰ ਸਦੀਵੀ ਵਿਛੋੜੇ ਤੇ ਗੋਰਮਿੰਟ ਟੀਚਰਜ਼ ਯੂਨੀਅਨ ਦੇ ਅਮਨਦੀਪ ਸ਼ਰਮਾ, ਪ੍ਰਿਤਪਾਲ ਸਿੰਘ ਚੌਟਾਲਾ, ਸੁਨੀਲ ਸ਼ਰਮਾ, ਅਮਰ ਸਿੰਘ, ਰੱਜਤ ਮਹਾਜਨ, ਨਰੇਸ਼ ਮਿੱਡਾ, ਰਜੀਵ ਸ਼ਰਮਾ, ਹਿਤੇਸ਼ ਸ਼ਰਮਾ, ਦਵਿੰਦਰ ਹਲੇੜ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਹੁਦੇਦਾਰ ਜਸਵੀਰ ਸਿੰਘ ਤਲਵਾੜਾ, ਵਰਿੰਦਰ ਵਿੱਕੀ, ਸੱਤ ਪਰਕਾਸ਼, ਮਨਮੋਹਣ ਸਿੰਘ, ਨਿਰਮਲ ਸਿੰਘ ਬੱਧਣ, ਰਜਿੰਦਰ ਸਿੰਘ ਟੱਪਾ, ਪੈਨਸ਼ਨਰ ਆਗੂ ਗਿਆਨ ਸਿੰਘ ਗੁਪਤਾ, ਸ਼ਿਵ ਕੁਮਾਰ, ਕੇਹਰ ਸਿੰਘ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪ੍ਰਧਾਨ ਸ਼ਸ਼ੀਕਾਂਤ ਨੂੰ ਕਦੇ ਨਾ ਪੂਰਾ ਹੋਣ ਵਾਲਾ ਪਰਵਾਰਕ ਘਾਟਾ ਪਿਆ ਹੈ। ਜੱਥੇਬੰਦੀ ਵਾਹਿਗੁਰੂ ਅੱਗੇ ਅਰਦਾਸ ਕਰਦੀ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅੰਤਿਮ ਅਰਦਾਸ ਰਸਮ ਪਗੜੀ 14 ਜੂਨ ਨੂੰ ਉਹਨਾਂ ਦੇ ਜੱਦੀ ਪਿੰਡ ਸਥਾਣਾ ਵਿਖੇ ਹੋਵੇਗੀ।



ਰੂਸ-ਯੂਕਰੇਨ ਜੰਗ 'ਚ ਫਸੇ ਨੌਜਵਾਨਾਂ ਦੇ ਪਰਵਾਰਾਂ ਦੇ ਸੀਚੇਵਾਲ ਨੇ ਦੁੱਖ ਸੁਣੇ

ਸ਼ਾਹਕੋਟ(ਗਿਆਨ ਸੈਦਪੁਰੀ)- ਰੂਸ-ਯੂਕਰੇਨ ਜੰਗ ਦੌਰਾਨ ਰੂਸੀ ਫੌਜ ਵਿੱਚ ਫਸੇ ਭਾਰਤੀ ਨੌਜਵਾਨਾਂ ਦੇ ਛੇ ਪਰਵਾਰਾਂ ਨੇ ਅੱਜ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿੱਚ ਮੁਲਾਕਾਤ ਕਰਕੇ ਆਪਣੇ ਦੁੱਖੜੇ ਦੱਸੇ। ਸੰਤ ਸੀਚੇਵਾਲ ਨੇ ਪੀੜਤ ਪਰਵਾਰਾਂ ਨਾਲ ਹਮਦਰਦੀ ਪ੍ਰਗਟਾਉਂਦਿਆ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਸ ਨੂੰ ਵਿਦੇਸ਼ ਮੰਤਰੀ ਕੋਲ ਉਠਾਉਣਗੇ। ਪਰਵਾਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਆਪਣੇ ਬੱਚਿਆਂ ਨਾਲ ਗੱਲਬਾਤ ਹੋਈ ਨੂੰ ਅੱਠ ਨੌਂ ਮਹੀਨੇ ਹੋ ਗਏ ਹਨ। ਉਨ੍ਹਾਂ ਨੂੰ ਪਤਾ ਨਹੀਂ ਲੱਗ ਰਿਹਾ ਕਿ ਉਨ੍ਹਾਂ ਦੇ ਬੱਚੇ ਕਿਹੜੇ ਹਲਾਤਾਂ ਵਿੱਚ ਹਨ ਤੇ ਕਿੱਥੇ ਫਰੰਟ 'ਤੇ ਲੜਾਈ ਲੜ ਰਹੇ ਹਨ। ਟ੍ਰੈਵਲ ਏਜੰਟਾਂ ਨੇ ਉਨ੍ਹਾਂ ਦੇ ਬੱਚਿਆਂ ਨੂੰ ਤਰ੍ਹਾਂ-ਤਰ੍ਹਾਂ ਦੇ ਲਾਲਚ ਝਾਂਸਾ ਦੇ ਕੇ ਰਸ਼ੀਅਨ ਫੌਜ ਵਿੱਚ ਭਰਤੀ ਹੋਣ ਲਈ ਮਜਬੂਰ ਕੀਤਾ ਸੀ। ਪੀੜਤ ਪਰਵਾਰਾਂ ਨੇ ਦੱਸਿਆ ਕਿ ਉਥੇ ਬੱਚਿਆ ਨੇ ਆਖਰੀਵਾਰ ਜਿਹੜੀਆਂ ਗੱਲਾਂ ਕੀਤੀਆਂ ਸਨ ਉਹ ਫੌਜੀ ਟ੍ਰੇਨਿੰਗ ਬਾਰੇ ਸੀ। ਬੱਚਿਆਂ ਦੇ ਖਾਤਿਆਂ ਵਿੱਚ 15-15 ਲੱਖ ਰਕਮ ਪਾਉਣ ਅਤੇ 2 ਲੱਖ 10 ਹਜ਼ਾਰ ਪ੍ਰਤੀ ਮਹੀਨੇ ਤਨਖਾਹ ਦੇਣ ਵਰਗੇ ਲਾਲਚ ਦਿੱਤੇ ਗਏ ਸਨ। ਕਈ ਮਾਪਿਆਂ ਨੇ ਦੱਸਿਆ ਕਿ ਉਨ੍ਹਾਂ ਨੇ ਤਾਂ ਆਪਣੇ ਬੱਚਿਆਂ ਨੂੰ ਪੜ੍ਹਨ ਵਾਸਤੇ ਭੇਜਿਆ ਸੀ। ਉਨ੍ਹਾਂ ਨੂੰ ਨਹੀਂ ਸੀ ਪਤਾ ਕਿ ਉਥੇ ਉਨ੍ਹਾਂ ਲੜਾਈ ਲੜਨ ਲਈ ਫਰੰਟ 'ਤੇ ਭੇਜ ਦਿੱਤਾ ਜਾਵੇਗਾ। ਪਰਵਾਰਾਂ ਅਨੁਸਾਰ ਜਲੰਧਰ ਦੇ ਗੁਰਸੇਵਕ ਸਿੰਘ, ਲੁਧਿਆਣਾ ਦੇ ਸਮਰਜੀਤ ਸਿੰਘ ਅਤੇ ਅੰਮ੍ਰਿਤਸਰ ਦੇ ਹੀਰਾ ਸਿੰਘ ਦੀ ਜੰਗ ਦੌਰਾਨ ਮੌਤ ਹੋ ਚੁੱਕੀ ਹੈ। ਸਮਰਜੀਤ ਸਿੰਘ ਅਤੇ ਗੁਰਸੇਵਕ ਸਿੰਘ ਦੀਆਂ ਮ੍ਰਿਤਕ ਦੇਹਾਂ ਭਾਰਤ ਪਹੁੰਚ ਚੁੱਕੀਆਂ ਹਨ। ਪਰ ਪੀੜਤ ਪਰਵਾਰਾਂ ਨੇ ਸੰਤ ਸੀਚੇਵਾਲ ਨੂੰ ਦੱਸਿਆ ਕਿ ਉਨ੍ਹਾਂ ਨੂੰ ਅਜੇ ਤੱਕ ਕਿਸੇ ਵੀ ਤਰ੍ਹਾਂ ਦਾ ਕੋਈ ਮੁਆਵਜ਼ਾ ਨਹੀਂ ਮਿਲਿਆ ਹੈ ਅਤੇ ਨਾ ਹੀ ਉਹ ਹੋਰ ਸਹੂਲਤਾਂ ਜੋ ਰੂਸੀ ਫੌਜ ਆਪਣੇ ਸੈਨਿਕਾਂ ਜਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਦਿੰਦੀ ਹੈ। ਪੀੜਤ ਪਰਵਾਰਾਂ ਨੇ ਕਿਹਾ ਕਿ ਉਨ੍ਹਾਂ ਦੇ ਪੁੱਤਰਾਂ ਦੀ ਮੌਤ ਹੋ ਜਾਣ ਤੋਂ ਬਾਅਦ ਉਹ ਆਰਥਿਕ ਤੌਰ 'ਤੇ ਬੁਰੀ ਤਰ੍ਹਾਂ ਨਾਲ ਟੁੱਟ ਚੁੱਕੇ ਹਨ।ਪੀੜਤ ਪਰਵਾਰਾਂ ਨੇ ਦੱਸਿਆ ਕਿ ਪੰਜਾਬ ਤੋਂ ਇਲਾਵਾ ਹਰਿਆਣਾ, ਰਾਜਸਥਾਨ, ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਵੀ ਕਈ ਨੌਜਵਾਨ ਰੂਸੀ ਫੌਜ ਵਿੱਚ ਫਸੇ ਹੋਏ ਹਨ, ਜਿਨ੍ਹਾਂ ਦੇ ਪਰਵਾਰ ਚਿੰਤਾ ਅਤੇ ਅਨਿਸ਼ਚਿਤਤਾ ਵਿੱਚ ਜੀਵਨ ਬਤੀਤ ਕਰ ਰਹੇ ਹਨ। ਤਰਨ ਤਾਰਨ ਦੇ ਹਰਵਿੰਦਰ ਸਿੰਘ ਦੇ ਪਰਵਾਰ ਨੇ ਦੱਸਿਆ ਕਿ ਉਹ 2024 ਵਿੱਚ ਸਟੱਡੀ ਵੀਜ਼ਾ 'ਤੇ ਰੂਸ ਗਿਆ ਸੀ, ਪਰ ਏਜੰਟਾਂ ਨੇ ਉਸ ਨੂੰ ਲਾਲਚ ਦੇ ਕੇ ਅਗਸਤ 2025 ਵਿੱਚ ਫੌਜ ਵਿੱਚ ਭਰਤੀ ਕਰਵਾ ਦਿੱਤਾ। ਪਰਵਾਰ ਦਾ ਕਹਿਣਾ ਹੈ ਕਿ 17 ਸਤੰਬਰ ਤੋਂ ਬਾਅਦ ਉਸ ਨਾਲ ਕੋਈ ਸੰਪਰਕ ਨਹੀਂ ਹੋਇਆ। ਇਸੇ ਤਰ੍ਹਾਂ ਤਰਨ ਤਾਰਨ ਦੇ ਜਰਨੈਲ ਸਿੰਘ ਦੀ ਪਤਨੀ ਨੇ ਦੱਸਿਆ ਕਿ ਉਸ ਦਾ ਪਤੀ ਦਸੰਬਰ 2024 ਵਿੱਚ ਸਟੱਡੀ ਵੀਜ਼ਾ 'ਤੇ ਰੂਸ ਗਿਆ ਸੀ। ਉੱਥੇ ਉਸ ਨੂੰ ਤਿੰਨ ਲੱਖ ਰੁਪਏ ਮਹੀਨਾਵਾਰ ਤਨਖ਼ਾਹ ਅਤੇ ਪੱਕੇ ਕਾਗਜ਼ਾਂ ਦਾ ਲਾਲਚ ਦੇ ਕੇ ਫੌਜ ਵਿੱਚ ਭਰਤੀ ਕਰਵਾ ਦਿੱਤਾ ਗਿਆ। 28 ਅਗਸਤ ਤੋਂ ਬਾਅਦ ਜਰਨੈਲ ਸਿੰਘ ਨਾਲ ਵੀ ਕੋਈ ਸੰਪਰਕ ਨਹੀਂ ਹੋ ਸਕਿਆ। ਪਰਵਾਰ ਵਿੱਚ ਉਸ ਦੀ ਤਿੰਨ ਸਾਲ ਦੀ ਬੇਟੀ ਹੈ ਤੇ ਸਾਰਾ ਪਰਵਾਰ ਉਸ ਦੀ ਕਮਾਈ 'ਤੇ ਨਿਰਭਰ ਸੀ। ਆਰਥਿਕ ਹਾਲਾਤ ਬਹੁਤ ਮੰਦੇ ਹੋ ਚੁੱਕੇ ਹਨ ਅਤੇ ਛੋਟੀ ਬੱਚੀ ਰੋਜ਼ ਆਪਣੇ ਪਿਤਾ ਬਾਰੇ ਪੁੱਛਦੀ ਹੈ। ਅੰਮ੍ਰਿਤਸਰ ਦੇ ਸਾਹਿਲ ਸੇਖੜੀ ਦੀ ਮਾਤਾ ਨੇ ਸੰਤ ਸੀਚੇਵਾਲ ਨੂੰ ਦੱਸਿਆ ਕਿ ਉਸ ਦਾ ਪੁੱਤਰ 2025 ਵਿੱਚ ਮਾਸਕੋ ਗਿਆ ਸੀ। ਏਜੰਟਾਂ ਨੇ ਉਸ ਨੂੰ ਵਰਕ ਵੀਜ਼ਾ, ਸ਼ੈਫ਼ ਦੀ ਨੌਕਰੀ ਅਤੇ ਡੇਢ ਲੱਖ ਰੁਪਏ ਮਹੀਨਾਵਾਰ ਤਨਖ਼ਾਹ ਦਾ ਭਰੋਸਾ ਦਿੱਤਾ ਸੀ, ਪਰ ਉਸ ਨੂੰ ਵੀ ਫੌਜ ਵਿੱਚ ਭਰਤੀ ਕਰਕੇ ਸਿਰਫ਼ 15 ਦਿਨਾਂ ਦੀ ਟ੍ਰੇਨਿੰਗ ਤੋਂ ਬਾਅਦ ਰੂਸ-ਯੂਕਰੇਨ ਜੰਗ ਦੇ ਮੋਰਚੇ 'ਤੇ ਭੇਜ ਦਿੱਤਾ ਗਿਆ। ਪਿਛਲੇ ਨੌਂ ਮਹੀਨਿਆਂ ਤੋਂ ਸਾਹਿਲ ਬਾਰੇ ਪਰਵਾਰ ਨੂੰ ਕੋਈ ਜਾਣਕਾਰੀ ਨਹੀਂ ਮਿਲੀ। ਪਰਵਾਰ ਵਿੱਚ ਉਸ ਦੀ ਵਿਧਵਾ ਮਾਂ ਅਤੇ ਇੱਕ ਭੈਣ ਹੈ, ਜਿਨ੍ਹਾਂ ਦਾ ਗੁਜ਼ਾਰਾ ਉਸ 'ਤੇ ਹੀ ਨਿਰਭਰ ਸੀ। ਆਰਥਿਕ ਤੰਗੀ ਕਾਰਨ ਪਰਵਾਰ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਆਰਥਿਕ ਮਜਬੂਰੀਆਂ ਅਤੇ ਬੇਰੁਜ਼ਗਾਰੀ ਦਾ ਫਾਇਦਾ ਚੁੱਕ ਕੇ ਏਜੰਟਾਂ ਵੱਲੋਂ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਗੁੰਮਰਾਹ ਕਰਨਾ ਬਹੁਤ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਗੰਭੀਰਤਾ ਨਾਲ ਦਖ਼ਲ ਦੇਣਾ ਚਾਹੀਦਾ ਹੈ ਤਾਂ ਜੋ ਫਸੇ ਹੋਏ ਨੌਜਵਾਨਾਂ ਨੂੰ ਸੁਰੱਖਿਅਤ ਵਾਪਸ ਲਿਆਂਦਾ ਜਾ ਸਕੇ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਇਨਸਾਫ਼ ਮਿਲ ਸਕੇ।

● ਵਿਦੇਸ਼ ਮੰਤਰਾਲੇ ਕੋਲ ਮਾਮਲੇ ਨੂੰ ਗੰਭੀਰਤਾ ਨਾਲ ਚੁੱਕਣ ਦਾ ਦਿੱਤਾ ਭਰੋਸਾ

ਪ੍ਰਿੰਸੀਪਲ ਗੋਸਲ ਨੇ ਆਪਣੀ 122ਵੀਂ ਪੁਸਤਕ ਡਾ. ਗੁਰਪ੍ਰੀਤ ਕੌਰ ਮਾਨ ਨੂੰ ਕੀਤੀ ਭੇਟ

ਚੰਡੀਗੜ੍ਹ (ਸੁਰਜੀਤ ਸੁਮਨ)- ਚੰਡੀਗੜ੍ਹ ਦੇ ਹਯਾਤ ਸੈਂਟਰਿਕ ਹੋਟਲ ਵਿੱਚ ਕਰਵਾਏ ਗਏ ਇੱਕ ਸ਼ਾਨਦਾਰ ਸਮਾਗਮ ਵਿੱਚ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਸਮਾਗਮ ਦੇ ਮੁੱਖ ਮਹਿਮਾਨ ਡਾ. ਗੁਰਪ੍ਰੀਤ ਕੌਰ ਮਾਨ ਸੁਪਤਨੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਆਪਣੀ 122ਵੀਂ ਪੁਸਤਕ "ਮਿੱਠੀਆਂ-ਮਿੱਠੀਆਂ ਰੱਬ ਨੂੰ ਚਿੱਠੀਆਂ" ਭੇਟ ਕੀਤੀ ਗਈ। ਪ੍ਰਸਿੱਧ ਸਾਹਿਤਕਾਰ ਪ੍ਰਿੰ. ਗੋਸਲ ਨੇ ਡਾ. ਗੁਰਪ੍ਰੀਤ ਕੌਰ ਮਾਨ ਨੂੰ ਦੱਸਿਆ ਕਿ ਇਹ ਉਨ੍ਹਾਂ ਵਲੋਂ ਸੰਪਾਦਿਤ ਕੀਤੀ ਪੰਜਾਬੀ ਦੀ ਬਹੁਤ ਹੀ ਦਿਲਚਸਪ ਪੁਸਤਕ ਹੈ, ਜਿਸ ਵਿੱਚ ਬਹੁਤ ਹੀ ਪ੍ਰਸਿੱਧ 25 ਲੇਖਕ-ਲੇਖਿਕਾਵਾਂ ਵਲੋਂ ਰੱਬ ਨੂੰ ਲਿਖੀਆਂ ਚਿੱਠੀਆਂ ਦੇ ਰੂਪ ਵਿੱਚ ਲੇਖ ਸ਼ਾਮਲ ਕੀਤੇ ਗਏ ਹਨ।

ਇਸ ਮੌਕੇ ਉਨ੍ਹਾਂ ਨਾਲ ਦਿਸ਼ਾ ਫਾਊਂਡੇਸ਼ਨ ਆਫ ਇੰਡੀਆ ਦੀ ਪ੍ਰਧਾਨ ਹਰਦੀਪ ਵਿਰਕ ਅਤੇ ਬਲਜਿੰਦਰ ਸ਼ੇਰਗਿੱਲ ਸਮੇਤ ਹੋਰ ਪ੍ਰਬੰਧਕ ਵੀ ਸ਼ਾਮਲ ਸਨ। ਡਾ. ਗੁਰਪ੍ਰੀਤ ਕੌਰ ਮਾਨ ਨੇ ਪੁਸਤਕ ਦੀ ਸ਼ਾਨਦਾਰ ਦਿੱਖ ਦੀ ਪ੍ਰਸੰਸਾ ਕੀਤੀ ਅਤੇ ਪ੍ਰਿੰ. ਬਹਾਦਰ ਸਿੰਘ ਗੋਸਲ ਨੂੰ ਸੰਸਥਾ ਵਲੋਂ ਇੱਕ ਬੂਟਾ ਦੇ ਕੇ ਸਨਮਾਨਤ ਕੀਤਾ। ਪ੍ਰਿੰ. ਗੋਸਲ ਨੇ ਦੱਸਿਆ ਕਿ ਇਸ ਵਿਲੱਖਣ ਪੁਸਤਕ ਵਿਚ ਜਿਨ੍ਹਾਂ ਲੇਖਕ ਅਤੇ ਲੇਖਿਕਾਵਾਂ ਦੇ ਲੇਖ ਸ਼ਾਮਲ ਹਨ,ਉਨ੍ਹਾਂ ਵਿੱਚ ਭੁਪਿੰਦਰ ਭਾਗੋਮਾਜਰੀਆ, ਬਹਾਦਰ ਸਿੰਘ ਗੋਸਲ, ਰਾਜ ਕੁਮਾਰ ਸਾਹੋਵਾਲੀਆ, ਜਸਵਿੰਦਰ ਸਿੰਘ ਕਾਈਨੌਰ, ਬਾਬੂ ਰਾਮ ਦੀਵਾਨਾ, ਅਮਰਜੀਤ ਬਠਲਾਣਾ, ਗੁਰਦਸ਼ਨ ਸਿੰਘ ਮਾਵੀ, ਸੁਰਜੀਤ ਸੁਮਨ, ਮੰਦਰ ਗਿੱਲ ਸਾਹਿਬਚੰਦੀਆ, ਪਿਆਰਾ ਸਿੰਘ ਰਾਹੀ, ਚਰਨਜੀਤ ਕੌਰ ਬਾਠ, ਰਾਜਿੰਦਰ ਸਿੰਘ ਧੀਮਾਨ, ਡਾ. ਪੰਨਾ ਲਾਲ ਮੁਸਤਫਾਬਾਦੀ, ਕ੍ਰਿਸ਼ਨ ਰਾਹੀ, ਬਲਜਿੰਦਰ ਕੌਰ ਸ਼ੇਰਗਿੱਲ, ਮੰਜੂ ਸ਼ਾਰਦਾ, ਡਾ. ਰਵਿੰਦਰ ਸਿੰਘ ਲੁਬਾਣਾ, ਜਗਤਾਰ ਸਿੰਘ ਜੋਗ, ਦਰਸ਼ਨ ਸਿੰਘ ਸਿੱਧੂ, ਰਣਜੋਧ ਸਿੰਘ ਰਾਣਾ, ਅਵਤਾਰ ਸਿੰਘ ਮਹਿਤਪੁਰੀ, ਸੁਧਾ ਜੈਨ 'ਸੁਦੀਪ', ਸੁਖਵਿੰਦਰ ਕੌਰ 'ਆਹੀ', ਮਨਜੀਤ ਕੌਰ ਮੀਤ, ਅਮਨਪ੍ਰੀਤ ਕੌਰ ਦੇ ਨਾਮ ਵਰਨਣਯੋਗ ਹਨ। ਉਨ੍ਹਾਂ ਨੇ ਇਨ੍ਹਾਂ ਸਾਰੇ ਲੇਖਕਾਂ- ਲੇਖਿਕਾਵਾਂ ਦਾ ਵਿਸ਼ੇਸ਼ ਧੰਨਵਾਦ ਕਰਦੇ ਹੋਏ ਸਾਰਿਆਂ ਨੂੰ ਵਧੀਆ ਲੇਖਾਂ ਲਈ ਵਧਾਈ ਦਿੱਤੀ।

ਨੌਜਵਾਨ ਦੇ ਕਤਲ ਖ਼ਿਲਾਫ਼ ਥਾਣਾ ਮਹਿਤਪੁਰ ਅੱਗੇ ਪ੍ਰਦਰਸ਼ਨ

ਮਹਿਤਪੁਰ (ਗਿਆਨ ਸੈਦਪੁਰੀ)- ਥਾਣਾ ਮਹਿਤਪੁਰ ਪੁਲਿਸ ਪਿੰਡ ਬਾਂਗੀਵਾਲ ਦੇ ਨੌਜਵਾਨ ਲਵਪ੍ਰੀਤ ਸਿੰਘ ਨੂੰ ਉਸ ਦੇ ਘਰ ਜਦੋਂ ਗ੍ਰਿਫ਼ਤਾਰ ਕਰਨ ਲਈ ਗਈ ਤਾਂ ਪੁਲਿਸ ਵਲੋਂ ਚਲਾਈ ਗੋਲੀ ਨਾਲ ਲਵਪ੍ਰੀਤ ਸਿੰਘ ਦੀ ਮੌਤ ਹੋਣ ਖ਼ਿਲਾਫ਼ ਥਾਣਾ ਮਹਿਤਪੁਰ ਅੱਗੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਵੱਖ ਵੱਖ ਮਜ਼ਦੂਰ, ਕਿਸਾਨ, ਨੌਜਵਾਨ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ ਕਰਕੇ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਅਤੇ ਮਾਮਲੇ ਦੀ ਜੁਡੀਸ਼ੀਅਲ ਜਾਂਚ ਦੀ ਮੰਗ ਕੀਤੀ। ਇਸ ਮੌਕੇ ਆਗੂਆਂ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਲਗਾਤਾਰ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਕੀਤੇ ਜਾ ਰਹੇ ਹਨ। ਹਰ ਮੁਕਾਬਲੇ ਦੀ ਇਕੋ ਕਹਾਣੀ ਪੁਲਿਸ ਵਲੋਂ ਬਿਆਨ ਕੀਤੀ ਜਾਂਦੀ ਹੈ ਕਿ ਅੱਗਿਓਂ ਜਦੋਂ ਹਮਲਾ ਹੋਇਆ ਤਾਂ ਪੁਲਿਸ ਨੇ ਜਵਾਬੀ ਕਾਰਵਾਈ ਵਿਚ ਗੋਲੀ ਚਲਾਈ ਹੈ।ਆਗੂਆਂ ਮੰਗ ਕੀਤੀ ਕਿ ਇਸ ਮਾਮਲੇ ਦੇ ਦੋਸ਼ੀ ਐਸ ਐੱਚ ਓ ਸਮੇਤ ਦੋਸ਼ੀ ਪੁਲਿਸ ਅਫਸਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਕੀਤਾ ਜਾਵੇ। ਆਗੂਆਂ ਨੇ ਐਸ ਐਸ ਪੀ ਦੇ ਬਿਆਨ ਸਖ਼ਤ ਨਿਖੇਧੀ ਕੀਤੀ ਹੈ ਜਿਸ ਵਿਚ ਉਸ ਨੇ ਆਪਣੇ ਪੁਲਿਸ ਮੁਲਾਜ਼ਮਾਂ ਨੂੰ ਬਚਾਉਣ ਲਈ ਉਲਟਾ ਪਰਿਵਾਰ ਦੇ ਮੈਂਬਰਾਂ ਤੇ ਪਰਚਾ ਦਰਜ ਕਰ ਦਿੱਤਾ। ਜਥੇਬੰਦੀਆਂ ਅਤੇ ਪਰਵਾਰ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਜੁਡੀਸ਼ੀਅਲ ਜਾਂਚ ਕਰਕੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਅਤੇ ਪਰਵਾਰਕ ਮੈਂਬਰਾਂ ਤੇ ਦਰਜ ਝੂਠੇ ਕੇਸ ਰੱਦ ਕੀਤੇ ਜਾਣ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ,ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਸੰਦੀਪ ਅਰੋੜਾ, ਜਮਹੂਰੀ ਕਿਸਾਨ ਸਭਾ ਦੇ ਮੇਜਰ ਸਿੰਘ, ਬੀਕੇਯੂ ਖਹਿਰਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਖਹਿਰਾ, ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਲੋਹਗੜ੍ਹ, ਸੁਖਜੀਤ ਸਿੰਘ ਕਿਰਤੀ ਕਿਸਾਨ ਯੂਨੀਅਨ ਦੇ ਰਜਿੰਦਰ ਸਿੰਘ ਮੰਡ, ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਮੰਗਲਜੀਤ ਪੰਡੋਰੀ, ਕਸ਼ਮੀਰ ਸਿੰਘ ਮੰਡਿਆਲਾ, ਗੁਰਚਰਨ ਅਟਵਾਲ, ਗੁਰਬਖਸ਼ ਕੌਰ ਸਾਦਿਕਪੁਰ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਬਚਨ ਸਿੰਘ ਆਦਿ ਨੇ ਸੰਬੋਧਨ ਕੀਤਾ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਅੱਜ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਜਾਵੇਗਾ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਤੇ ਜ਼ੋਰ ਦੇਣ ਲਈ 8 ਜੂਨ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਜਾਵੇਗਾ। ਇਹ ਐਲਾਨ ਸੰਘਰਸ਼ ਕਮੇਟੀ ਪੰਜਾਬ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ ਜਿਸ ਦੀ ਪ੍ਰਧਾਨਗੀ ਸਵਰਨ ਸਿੰਘ ਢੰਗਰਾਲੀ ਨੇ ਕੀਤੀ। ਇਸ ਮੌਕੇ ਸਟੇਟ ਕਮੇਟੀ ਦੇ ਅਹੁਦੇਦਾਰਾਂ ਅਤੇ ਇਲਾਕੇ ਦੀਆਂ 12 ਪਿੰਡਾਂ ਦੇ ਕਿਸਾਨ ਨੁਮਾਇੰਦਿਆਂ ਅਤੇ ਕਿਰਤੀਆਂ ਨੇ ਹਿੱਸਾ ਲਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਸਤਨਾਮ ਸਿੰਘ ਪੰਨੂ ਨੇ ਆਖਿਆ ਕਿ ਅੱਜ ਦੇਸ਼ ਅੰਦਰ 7 ਕੁਝ ਫੀਸਦੀ ਮਲਕ ਭਾਗੋ, ਕਾਰਪੋਰੇਟ ਘਰਾਣੇ ਅਤੇ ਰਾਜਨੀਤਕ ਲੋਕ ਕਾਬਜ਼ ਹਨ ਜੋ 93 ਫੀਸਦੀ ਗਰੀਬ ,ਕਿਸਾਨ ਅਤੇ ਮਜ਼ਦੂਰ ਵਰਗ ਦਾ ਗਲਾ ਘੁੱਟ ਰਹੇ ਹਨ। ਕਿਸਾਨ ਨੂੰ ਕਰਜ਼ੇ ਦੀ ਦਲ ਦਲ ਵਿੱਚ ਧੱਕ ਕੇ ਖੁਦਕਸ਼ੀਆਂ ਦੇ ਰਾਹ ਪਾਇਆ ਜਾ ਰਿਹਾ ਹੈ। ਉਹਨਾਂ ਐਲਾਨ ਕੀਤਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ 8 ਜੂਨ ਨੂੰ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ ਅਤੇ ਪਿੰਡ ਪਿੰਡ ਸਮਾਰਟ ਮੀਟਰ ਲਗਾਉਣ ਦੀਆਂ ਕੋਸ਼ਿਸ਼ਾਂ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਜਥੇਬੰਦੀ ਦੇ ਵਿਧੀ-ਵਿਧਾਨ ਮੁਤਾਬਿਕ ਬਲਾਕ ਮੋਰਿੰਡਾ (ਜੋਨ) ਦੀ ਨਵੀਂ 20 ਮੈਂਬਰੀ ਕਮੇਟੀ ਅਤੇ ਪ੍ਰਮੁੱਖ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਸਰਬਸੰਮਤੀ ਨਾਲ ਚੁਣੀ ਗਈ 15 ਮੈਂਬਰੀ ਵਿਚ ਪ੍ਰਧਾਨ ਗੁਰਦੀਪ ਸਿੰਘ ਕੰਗ, ਸਕੱਤਰ ਸਵਰਨ ਸਿੰਘ ਢੰਗਰਾਲੀ ਅਤੇ ਖ਼ਜ਼ਾਨਚੀ ਸਤਨਾਮ ਸਿੰਘ ਸਿੱਧੂ ਚੁਣੇ ਗਏ।

ਇਹਨਾਂ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਧਨੋਆ, ਮੀਤ ਪ੍ਰਧਾਨ: ਅਮਰਜੀਤ ਸਿੰਘ ਨਥਮਲਪੁਰ, ਮੀਤ ਪ੍ਰਧਾਨ ਲਖਵਿੰਦਰ ਸਿੰਘ ਬਡਵਾਲੀ, ਮੀਤ ਸਕੱਤਰ: ਬਲਜਿੰਦਰ ਸਿੰਘ ਦਤਾਰਪੁਰ ਅਤੇ ਗੁਰਿੰਦਰ ਸਿੰਘ ਧਨੋਆ, ਮੀਤ ਖ਼ਜ਼ਾਨਚੀ ਨਾਥ ਸਿੰਘ ਨਥਮਲਪੁਰ, ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰਾ ਬਡਵਾਲੀ ਅਤੇ ਜਥੇਬੰਦਕ ਮੀਤ ਸਕੱਤਰ ਧਰਮਪਾਲ ਸਿੰਘ ਬੂਰਮਾਜਰਾ, ਮੀਤ ਸਕੱਤਰ (ਸੰਗਠਨ) ਜਸਵਿੰਦਰ ਸਿੰਘ ਧੂਰਪੁਰ, ਪ੍ਰਚਾਰ ਸਕੱਤਰ ਵੀਰ ਦਵਿੰਦਰ ਸਿੰਘ ਢੰਗਰਾਲੀ, ਆਈ ਟੀ ਸੈੱਲ ਇੰਚਾਰਜ ਹਰਕੀਰਤ ਸਿੰਘ ਬੱਲ-ਬਲਜਿੰਦਰ ਸਿੰਘ ਅਕਬਰਪੁਰ ਆਦਿ ਮੈਂਬਰ ਚੁਣੇ ਗਏ।

ਗੈਸਟ ਫੈਕਲਟੀ ਇੰਸਟਰਕਟਰਾਂ ਦੀਆਂ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ

ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)- ਇੰਸਟੀਚਿਊਟ ਮੈਨੇਜਮੈਂਟ ਕਮੇਟੀ ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ, ਲੋਹੀਆਂ ਖਾਸ ਵੱਲੋਂ ਵੱਖ-ਵੱਖ ਟਰੇਡਾਂ ਲਈ ਗੈਸਟ ਫੈਕਲਟੀ ਇੰਸਟਰਕਟਰਾਂ ਦੀ ਠੇਕੇ ਦੇ ਆਧਾਰ 'ਤੇ ਆਰਜ਼ੀ ਤੌਰ 'ਤੇ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਇੰਸਟੀਚਿਊਟ ਕਮੇਟੀ ਮੈਂਬਰ ਸਕੱਤਰ ਰੁਪਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਲੈਕਟ੍ਰਿਸ਼ਨ-2,ਪਲੰਬਰ-2, ਵੈਲਡਰ-1, ਫਿਟਰ-1 ਅਤੇ ਮੈਕੇਨਿਕ ਇਲੈਕਟ੍ਰਿਕ ਵ੍ਹੀਕਲ-2 ਟਰੇਡਾਂ ਲਈ ਗੈਸਟ ਫੈਕਲਟੀ ਇੰਸਟਰਕਟਰਾਂ ਦੀ ਠੇਕੇ ਦੇ ਆਧਾਰ 'ਤੇ ਆਰਜ਼ੀ ਤੌਰ 'ਤੇ ਨਿਯੁਕਤੀ ਕੀਤੀ ਜਾਣੀ ਹੈ।ਉਨ੍ਹਾਂ ਕਿਹਾ ਕਿ ਉਪਰੋਕਤ ਅਸਾਮੀਆਂ ਲਈ ਜ਼ਰੂਰੀ ਯੋਗਤਾਵਾਂ ਅਤੇ ਤਜ਼ਰਬੇ ਸਬੰਧੀ ਜਾਣਕਾਰੀ ਡਾਇਰੈਕਟਰ ਜਨਰਲ ਆਫ ਟ੍ਰੇਨਿੰਗ ਵਿਭਾਗ ਦੀ ਵੈੱਬਸਾਇਟ http://dgt.gov.in/cts.details ਉੱਪਰ ਉਪਲੱਬਧ ਹੈ। ਯੋਗ ਉਮੀਦਵਾਰ ਆਪਣੇ ਅਸਲ ਦਸਤਾਵੇਜ਼ ਅਤੇ ਸਵੈ ਪ੍ਰਮਾਣਿਤ ਫੋਟੋ ਕਾਪੀਆਂ ਦੇ ਨਾਲ 9 ਜੂਨ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਅਤੇ ਕਾਰੋਬਾਰ ਬਿਊਰੋ ਜਲੰਧਰ ਵਿਖੇ ਹੋਣ ਵਾਲੀ ਇੰਟਰਵਿਊ ਵਿੱਚ ਸ਼ਾਮਿਲ ਹੋ ਸਕਦੇ ਹਨ।

ਸਿੱਖਿਆ ਨੂੰ ਰੋਜ਼ਗਾਰ ਤੇ ਉਦਯੋਗ ਦੀਆਂ ਭਵਿੱਖੀ ਲੋੜਾਂ ਅਨੁਸਾਰ ਢਾਲਿਆ ਜਾ ਰਿਹੈ : ਬੈਂਸ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ) ਸੂਬੇ ਵਿੱਚ ਤਕਨੀਕੀ ਅਤੇ ਪੇਸ਼ੇਵਰ ਸਿੱਖਿਆ ਨੂੰ ਹੁਲਾਰਾ ਦੇਣ ਦੇ ਵਿਆਪਕ ਯਤਨ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਵਿੱਚ ਅਕਾਦਮਿਕ ਸੈਸ਼ਨ 2026-27 ਤੋਂ ਪੰਜ ਨਵੇਂ ਉਦਯੋਗ ਅਤੇ ਹੁਨਰ-ਅਧਾਰਤ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ।ਸ੍ਰੀ ਬੈਂਸ ਨੇ ਕਿਹਾ ਕਿ ਨਵੇਂ ਕੋਰਸਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਮਸ਼ੀਨ ਲਰਨਿੰਗ ਵਿੱਚ ਬੀ.ਟੈਕ, ਰੋਬੋਟਿਕਸ ਅਤੇ ਏਆਈ ਵਿੱਚ ਬੀ.ਟੈਕ, ਬੀ.ਫਾਰਮੇਸੀ, ਬੀ.ਐਸ.ਸੀ. ਐਗਰੀਕਲਚਰ ਅਤੇ ਐਮ.ਸੀ.ਏ., ਐਮ.ਬੀ.ਏ. ਤੇ ਐਮ.ਐਸ.ਸੀ. ਵਿੱਚ ਪੰਜ ਸਾਲਾ ਇੰਟੀਗ੍ਰੇਟਿਡ ਪ੍ਰੋਗਰਾਮ ਸ਼ਾਮਲ ਹਨ।ਉਨ੍ਹਾਂ ਅੱਗੇ ਕਿਹਾ 'ਥਿਊਰੀ, ਪ੍ਰੀਖਿਆ-ਕੇਂਦ੍ਰਿਤ ਸਿੱਖਿਆ ਦਾ ਪੁਰਾਣਾ ਮਾਡਲ ਵੇਲਾ ਹੰਢਾ ਚੁੱਕਾ ਹੈ, ਜਿਸ ਕਰਕੇ ਅਸੀਂ ਇਸਨੂੰ ਵਿਹਾਰਕ ਸਿਖਲਾਈ, ਪ੍ਰਯੋਗਸ਼ਾਲਾ-ਅਧਾਰਤ ਅਤੇ ਅਸਲ-ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਹੱਲ ਅਨੁਸਾਰ ਢਾਲ ਰਹੇ ਹਾਂ। ਸਰਦਾਰ ਬੇਅੰਤ ਸਿੰਘ ਯੂਨੀਵਰਸਿਟੀ ਹੁਣ ਸਿਰਫ ਡਿਗਰੀ ਧਾਰਕਾਂ ਲਈ ਹੀ ਨਹੀਂ, ਸਗੋਂ ਨਵੀਨ ਵਿਚਾਰਾਂ ਵਾਲੇ ਨੌਜਵਾਨਾਂ ਲਈ ਲਾਂਚਪੈਡ ਬਣੇਗੀ।' ਹਰਜੋਤ ਸਿੰਘ ਬੈਂਸ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਪਹਿਲ ਸੂਬੇ 'ਚੋਂ ਹੁਨਰ ਦੀ ਹਿਜਰਤ ਦੇ ਰੁਝਾਨ ਨੂੰ ਉਲਟਾਉਣ ਦੇ ਉਦੇਸ਼ ਨਾਲ ਤਿਆਰ ਕੀਤੀ ਗਈ ਹੈ।

ਲਾਇਨਮੈਨਾਂ 'ਤੇ ਲਾਠੀਚਾਰਜ਼ ਦੀ ਗੌਰਮਿੰਟ ਸਕੂਲ ਟੀਚਰ ਯੂਨੀਅਨ ਵੱਲੋਂ ਨਿਖੇਧੀ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ) ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਜਿਲ੍ਹਾ ਰੂਪਨਗਰ ਦੇ ਪ੍ਰਧਾਨ ਜਗਮੋਹਨ ਸਿੰਘ ਚੌਂਤਾ ਨੇ ਕਿਹਾ ਕਿ ਬੇਰੁਜ਼ਗਾਰ ਅਪਰੇਟਿਸਪ ਲਾਇਨਮੈਨ ਰੁਜ਼ਗਾਰ ਮੰਗਣ ਲਈ ਪਟਿਆਲਾ ਵਿਖੇ ਸ਼ਾਂਤਮਈ ਧਰਨਾ ਦਿੱਤਾ ਜਾ ਰਿਹਾ ਸੀ ਪਰ ਪੁਲਸ ਪ੍ਰਸ਼ਾਸਨ ਨੇ ਧਰਨਾਕਾਰੀਆ ਉਪਰ ਲਾਠੀਚਾਰਜ਼ ਕੀਤਾ ਗਿਆ ਜਿਸ ਨੇ ਗੌਰਮਿੰਟ ਸਕੂਲ ਯੂਨੀਅਨ ਵੱਲੋਂ ਸਖਤ ਸ਼ਬਦਾ 'ਚ ਨਿਖੇਧੀ ਕੀਤੀ। ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਚੌਂਤਾ ਸਮੇਤ ਕਨਵੀਨਰ ਮਨਦੀਪ ਕੁਮਾਰ, ਸਕੱਤਰ ਹਰਦੀਪ ਸਿੰਘ ਔਲਖ, ਜਥੇਬੰਦਕ ਸਕੱਤਰ ਗੁਰਿੰਦਰ ਬੜਾ ਪਿੰਡ ਨੇ ਵੀ ਸਾਂਝਾ ਬਿਆਨ ਜਾਰੀ ਕਰਦਿਆਂ ਸ਼ਖ਼ਤ ਸ਼ਬਦਾ 'ਚ ਨਿਖੇਧੀ ਕੀਤੀ।

ਸਹਾਇਕ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਨਿਖੇਧੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਅਪ੍ਰੈਂਟਿਸ ਲਾਈਨ ਮੈਨ ਆਪਣੇ ਹੱਕਾਂ ਲਈ ਸਰਕਾਰ ਵਿਰੁੱਧ ਆਪਣੀਆ ਮੰਗਾਂ ਨੂੰ ਲੈ ਕੇ ਮੁੱਖ ਦਫ਼ਤਰ ਪਟਿਆਲ਼ਾ ਦੇ ਗੇਟ 'ਤੇ ਸ਼ਾਤ ਮਈ ਧਰਨਾ ਦੇ ਰਹੇ ਸਨ।ਜਿੰਨ੍ਹਾਂ ਉੱਪਰ ਪੁਲਸ ਪ੍ਰਸ਼ਾਸਨ ਵਲੋਂ ਕੀਤੇ ਗਏ ਅੰਨੇਵਾਹ ਲਾਠੀਚਾਰਜ ਦੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਸੂਬਾ ਕਨਵੀਨਰ ਜਸਵੀਰ ਸਿੰਘ ਤਲਵਾੜਾ, ਜਨਰਲ ਸਕੱਤਰ ਜਰਨੈਲ ਸਿੰਘ ਪੱਟੀ, ਵਰਿੰਦਰ ਵਿੱਕੀ, ਜੱਸਾ ਪਿਸ਼ੌਰੀਆ, ਜਗਸੀਰ ਸਿੰਘ ਸਹੋਤਾ, ਅਜੀਤਪਾਲ ਸਿੰਘ ਜਸੋਵਾਲ, ਰਣਬੀਰ ਸਿੰਘ ਉੱਪਲ਼, ਲਖਵਿੰਦਰ ਸਿੰਘ ਭੋਰ, ਕਰਮਜੀਤ ਤਾਮਕੋਟ, ਬਿਕਰਮਜੀਤ ਸਿੰਘ ਕਦੋ ਅਤੇ ਸਮੁੱਚੀ ਸਟੇਟ ਕਮੇਟੀ ਨੇ ਸਾਂਝੇ ਤੌਰ ਤੇ ਪੰਜਾਬ ਸਰਕਾਰ ਦੀ ਸ਼ਹਿ ਪ੍ਰਾਪਤ ਪੁਲਸ ਨੇ ਸ਼ਾਂਤ ਮਈ ਪ੍ਰਦਰਸ਼ਨ ਕਰਦੇ ਸਾਥੀਆਂ ਤੇ ਕੀਤੇ ਲਾਠੀਚਾਰਜ ਦੀ ਨਿੰਦਾ ਕਰਦਿਆਂ ਕਿਹਾ ਕਿ ਜੇਕਰ ਸਰਕਾਰ/ਪੁਲਸ ਵੱਲੋਂ ਚੁੱਕੇ ਸਾਥੀਆਂ ਨੂੰ ਰਿਹਾ ਕਰਕੇ ਇੰਨਾਂ ਨਾਲ ਪਾਵਰਕਾਮ ਦੀ ਮੈਨੇਜ਼ਮੈਂਟ ਗੱਲਬਾਤ ਰਾਹੀਂ ਫੌਰੀ ਤੌਰ 'ਤੇ ਮਸਲੇ ਹੱਲ ਕਰੇ ਤੇ ਤੁਰੰਤ ਇਹਨਾਂ ਦੀ ਰੈਗੂਲਰ ਗ੍ਰੇਡ ਤੇ ਭਰਤੀ ਕਰੇ।

ਹਰਜੋਤ ਕੌਰ ਲੋਹਟੀਆ ਨੇ ਪੁਰਾਣੇ ਵਰਕਰਾਂ ਨਾਲ ਕੀਤੀ ਮੀਟਿੰਗ

ਫਿਲੌਰ, ਗੁਰਾਇਆ (ਹਰਜਿੰਦਰ ਕੌਰ ਚਾਹਲ, ਬਿੰਦਰ ਸੁਮਨ)- ਫਿਲੌਰ ਹਲਕੇ ਦੀ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ ਪਾਰਟੀ ਦੇ ਪੁਰਾਣੇ, ਤਜਰਬੇਕਾਰ ਅਤੇ ਸਮਰਪਿਤ ਵਰਕਰਾਂ ਨਾਲ ਇੱਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਪਾਰਟੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ, ਵਰਕਰਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਆਉਣ ਵਾਲੀਆਂ ਸੰਗਠਨਾਤਮਕ ਗਤੀਵਿਧੀਆਂ ਲਈ ਰਣਨੀਤੀ ਤਿਆਰ ਕਰਨਾ ਸੀ। ਮੀਟਿੰਗ ਦੌਰਾਨ ਹਰਜੋਤ ਕੌਰ ਲੋਹਟੀਆ ਨੇ ਪੁਰਾਣੇ ਵਰਕਰਾਂ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਅਸਲ ਤਾਕਤ ਉਸਦੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪੁਰਾਣੇ ਵਰਕਰਾਂ ਦਾ ਤਜਰਬਾ, ਮਿਹਨਤ ਤੇ ਪਾਰਟੀ ਪ੍ਰਤੀ ਨਿਸ਼ਠਾ ਸੰਗਠਨ ਦੀ ਸਭ ਤੋਂ ਵੱਡੀ ਪੂੰਜੀ ਹੈ।ਉਨ੍ਹਾਂ ਦੇ ਸਾਲਾਂ ਦੇ ਸੰਘਰਸ਼ ਅਤੇ ਸਮਰਪਣ ਸਦਕਾ ਹੀ ਪਾਰਟੀ ਨੇ ਲੋਕਾਂ ਵਿੱਚ ਆਪਣੀ ਮਜ਼ਬੂਤ ਪਹਿਚਾਣ ਬਣਾਈ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਸਨਮਾਨ ਦਾ ਹੱਕਦਾਰ ਹੈ ਅਤੇ ਪੁਰਾਣੇ ਸਾਥੀਆਂ ਨੂੰ ਬਨਦਾ ਮਾਨ-ਸਨਮਾਨ ਦੇਣਾ ਸਾਡੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਵਰਕਰਾਂ ਦੀਆਂ ਭਾਵਨਾਵਾਂ, ਸੁਝਾਵਾਂ ਅਤੇ ਮੁਸ਼ਕਲਾਂ ਨੂੰ ਹਮੇਸ਼ਾ ਤਰਜੀਹ ਦਿੱਤੀ ਜਾਵੇਗੀ ਅਤੇ ਸੰਗਠਨ ਵਿੱਚ ਹਰ ਕਿਸੇ ਦੀ ਭੂਮਿਕਾ ਨੂੰ ਯੋਗ ਸਥਾਨ ਦਿੱਤਾ ਜਾਵੇਗਾ।ਮੀਟਿੰਗ ਦੌਰਾਨ ਵਰਕਰਾਂ ਨੇ ਵੀ ਆਪਣੇ ਵਿਚਾਰ ਖੁੱਲ੍ਹ ਕੇ ਸਾਂਝੇ ਕੀਤੇ ਤੇ ਹਲਕੇ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਰਕਰਾਂ ਦੀ ਭੂਮਿਕਾ ਸਭ ਤੋਂ ਮਹੱਤਵਪੂਰਨ ਰਹੇਗੀ। ਇਸ ਲਈ ਸਾਰੇ ਵਰਕਰ ਇਕਜੁੱਟ ਹੋ ਕੇ ਸੰਗਠਨ ਦੀ ਮਜ਼ਬੂਤੀ ਲਈ ਕੰਮ ਕਰਨ ਅਤੇ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ।ਅੰਤ ਵਿੱਚ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪਾਰਟੀ ਦੀ ਤਰੱਕੀ ਅਤੇ ਲੋਕਾਂ ਦਾ ਭਰੋਸਾ ਬਣਾਈ ਰੱਖਣ ਲਈ ਸਾਰੇ ਵਰਕਰਾਂ ਦਾ ਇਕਜੁੱਟ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪੁਰਾਣੇ ਵਰਕਰ ਤਰਲੋਕ ਸਿੰਘ ਵਿਰਕ, ਸੁਖਦੀਪ ਸਿੰਘ ਅੱਪਰਾ, ਪੰਕਜ ਕੁਮਾਰ, ਮਨਜੀਤ ਸਿੰਘ, ਰਜਿੰਦਰ ਟਾਂਡਾ, ਇਕਬਾਲ ਸਿੰਘ, ਤੀਰਥ ਸਿੰਘ, ਪਰਮਜੀਤ ਸਿੰਘ ਚਚਰਾੜੀ, ਬਹਾਦਰ ਕੈਲੇ, ਜਗਦੀਸ਼ ਸਿੰਘ, ਸੁਖਵਿੰਦਰ ਸਿੰਘ, ਗੌਰਵ ਬਾਵਾ ਮੀਡੀਆ ਇੰਚਾਰਜ ਫਿਲੌਰ, ਬਲਜਿੰਦਰ ਕੌਰ ਕੋਆਰਡੀਨੇਟਰ ਮਹਿਲਾ ਵਿੰਗ ਤੇ ਬਲਾਕ ਪ੍ਰਧਾਨ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਪੰਜਵਾਂ ਸਵੈਇੱਛੁਕ ਖ਼ੂਨਦਾਨ ਕੈਂਪ ਲਗਾਇਆ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ) ਸੱਚਖੰਡ ਵਾਸੀ ਮਹੰਤ ਜਸਵਿੰਦਰ ਸਿੰਘ ਬਾਵਾ ਮਹੰਤ ਦੀ ਨਿੱਘੀ ਯਾਦ ਨੂੰ ਮਨਾਉਂਦਿਆਂ ਉਨ੍ਹਾਂ ਦੀ ਸਾਲਾਨਾ ਬਰਸੀ ਮੌਕੇ ਮੁੱਖ ਸੇਵਾਦਾਰ ਬਾਬਾ ਸਾਬੀ ਦੀ ਰਹਿਨੁਮਾਈ ਹੇਠ ਬਾਬਾ ਬਾਲਕ ਨਾਥ ਮੰਦਰ ਪਿੰਡ ਫੁਗਲਾਣਾ ਵਿਖੇ 5ਵਾਂ ਸਲਾਨਾ ਖ਼ੂਨਦਾਨ ਕੈਂਪ ਦੋਆਬਾ ਹਸਪਤਾਲ ਸੈਂਟਰ ਜਲੰਧਰ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਲਈ ਗਿਆਨੀ ਕੁਲਦੀਪ ਸਿੰਘ ਵੱਲੋਂ ਅਰਦਾਸ ਕੀਤੀ ਗਈ।ਦੋਆਬਾ ਹਸਪਤਾਲ ਬਲੱਡ ਸੈਂਟਰ ਜਲੰਧਰ ਦੀ ਟੀਮ ਵੱਲੋਂ ਇਸ ਮੌਕੇ ਸਵੈ ਇੱਛਕ 50 ਤੋਂ ਵਧੇਰੇ ਖ਼ੂਨਦਾਨੀਆਂ ਨੇ ਅਪਨਾ ਖ਼ੂਨਦਾਨ ਕੀਤਾ ਜਿਨ੍ਹਾਂ ਨੂੰ ਸਰਟੀਫਿਕੇਟ, ਮੈਡਲ, ਕੌਫੀ ਮੱਗ ਅਤੇ ਰਿਫਰੈਸ਼ਮੈਂਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੀਨੀਅਰ ਪੱਤਰਕਾਰ ਕੇ.ਐਸ. ਨੂਰ ਦੇ ਸਪੁੱਤਰ ਕਮਲਪ੍ਰੀਤ ਸਿੰਘ ਨੂਰ ਨੇ ਪਹਿਲੀ ਵਾਰ ਖ਼ੂਨਦਾਨ ਕਰ ਖੁਸ਼ੀ ਮਹਿਸੂਸ ਕਰਦਿਆ ਆਖਿਆ ਕਿ ਭਾਰਤ ਚ ਹਰ 2 ਸੈਕਿੰਡ ਬਾਅਦ ਕਿਸੇ ਨਾ ਕਿਸੇ ਨੂੰ ਖ਼ੂਨ ਦੀ ਲੋੜ ਪੈਂਦੀ ਹੈ। ਇਸ ਮੌਕੇ ਗੁਰਪ੍ਰੀਤ ਸਿੰਘ, ਵਿਕਾਸ ਕਪੂਰ, ਵਿੱਕੀ, ਕ੍ਰਿਸਟੋਫਰ, ਮਨਪ੍ਰੀਤ ਸਿੰਘ, ਮਨਦੀਪ ਸਿੰਘ ਸਾਗਰ, ਸਮਰ, ਦਿਲਪ੍ਰੀਤ, ਜੱਸੀ, ਅਸ਼ਵਨੀ ਬੰਗੜ, ਰਵੀ ਬੰਗੜ, ਰੋਹਿਤ ਰੱਤੂ, ਆਸ਼ੂ ਤੋਂ ਇਲਾਵਾ ਹੋਰ ਵੀ ਪੰਤਵੰਤੇ ਮੌਜੂਦ ਸਨ। ਬਰਸੀ ਸਮਾਗਮ ਦੇ ਅੰਤ ਵਿੱਚ ਡੇਰੇ ਦੇ ਮੁੱਖ ਸੰਚਾਲਕ ਸਾਬੀ ਬਾਬਾ ਜੀ ਨੇ ਸਮੂਹ ਸਹਿਯੋਗੀਆਂ ਦਾ ਜਿੱਥੇ ਧੰਨਵਾਦ ਕੀਤਾ ਉੱਥੇ ਹੀ ਉਨ੍ਹਾਂ ਨੇ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ।

ਸਹਾਇਕ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਨਿਖੇਧੀ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ) ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਪੰਜਾਬ ਇਕਾਈ ਗੜ੍ਹਸ਼ੰਕਰ ਦੀ ਮਾਸਿਕ ਮੀਟਿੰਗ ਸੀਨੀਅਰ ਆਗੂ ਬਲਵੰਤ ਰਾਮ ਪ੍ਰਧਾਨਗੀ ਹੇਠ ਲਾਇਬ੍ਰੇਰੀ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ। ਮੀਟਿੰਗ ਵਿੱਚ ਪਟਿਆਲਾ ਵਿਖੇ ਆਪਣੀਆਂ ਸੇਵਾਵਾਂ ਪੱਕੀਆਂ ਕਰਵਾਉਣ ਲਈ ਸ਼ਾਂਤਮਈ ਧਰਨਾ ਦੇ ਰਹੇ ਕੱਚੇ ਸਹਾਇਕ ਲਾਈਨਮੈਨਾਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਵਹਿਸ਼ੀ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਮੰਗ ਕੀਤੀ ਕਿ ਇਸ ਲਾਠੀਚਾਰਜ ਲਈ ਜਿੰਮੇਵਾਰ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਕੱਚੇ ਕਾਮਿਆਂ ਨੂੰ ਤੁਰੰਤ ਪੱਕਾ ਕੀਤਾ ਜਾਵੇ। ਇਸ ਸਮੇਂ ਮੰਗ ਕੀਤੀ ਗਈ ਪੈਨਸ਼ਨ ਸੁਧਾਈ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਡੀ ਏ ਦੀਆਂ ਬਕਾਇਆ ਕਿਸ਼ਤਾਂ ਦਾ ਨਗਦ ਭੁਗਤਾਨ ਤੁਰੰਤ ਕੀਤਾ ਜਾਵੇ, ਮਾਸਿਕ ਮੈਡੀਕਲ ਭੱਤਾ ਦੋ ਹਜ਼ਾਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕੀਤੀ ਜਾਵੇ। ਮੀਟਿੰਗ ਵਿੱਚ ਸ਼ਾਮ ਸੁੰਦਰ ਕਪੂਰ ਅਤੇ ਗੋਪਾਲ ਦਾਸ ਮਨਹੋਤਰਾ, ਰਤਨ ਸਿੰਘ, ਜੋਗਿੰਦਰ ਸਿੰਘ ਹੀਰ, ਰੌਸ਼ਨ ਲਾਲ ਵਰਮਾ, ਸੁਰਿੰਦਰ ਪਾਲ ਹੀਰ,ਹਰਬੰਸ ਲਾਲ, ਰੂਪ ਲਾਲ, ਮੁਖਤਿਆਰ ਚੰਦ, ਗੁਰਮੀਤ ਚੰਦ, ਕੁਲਵੰਤ ਸਿੰਘ, ਸਤਪਾਲ ਸਿੰਘ ਨੇ ਵੀ ਵਿਚਾਰ ਰੱਖੇ।

ਭਾਜਪਾ ਵਰਕਰਾਂ ਵਿਸ਼ਵ ਵਾਤਾਵਰਣ ਦਿਵਸ ਮਨਾਇਆ

ਆਦਮਪੁਰ (ਪਰਮਜੀਤ ਸਿੰਘ):- ਵਿਸ਼ਵ ਵਾਤਵਰਣ ਦਿਵਸ ਦੇ ਮੌਕੇ ਪ੍ਰਧਾਨ ਮੰਤਰੀ ਦੇ ਸੱਦੇ 'ਤੇ ਆਦਮਪੁਰ ਵਿਖੇ ਭਾਜਪਾ ਮੰਡਲ ਵਰਕਰਾਂ ਵੱਲੋਂ ਦਸ਼ਹਿਰਾ ਗਰਾਉਂਡ ਵਿੱਚ ਵਿਸ਼ਵ ਵਾਤਾਵਰਣ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਮੌਕੇ ਆਦਮਪੁਰ ਵਿਧਾਨਸਭਾ ਦੇ ਸਾਬਕਾ ਵਿਧਾਇਕ ਕ੍ਰਿਸ਼ਨ ਦੇਵ ਭੰਡਾਰੀ ਦੀ ਹਾਜ਼ਰੀ ਵਿੱਚ ਵੱਖ- ਵੱਖ ਤਰ੍ਹਾਂ ਦੇ ਗਰਾਂਉਂਡ ਵਿੱਚ ਬੂਟੇ ਲਗਾਏ ਗਏ।ਪ੍ਰੋਗਰਾਮ ਵਿੱਚ ਆਦਮਪੁਰ ਮੰਡਲ ਦੇ ਸਾਰੇ ਆਹੁਦੇਦਾਰ ਅਤੇ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵਾਤਾਵਰਣ ਦੀ ਸਾਂਭ ਸੰਭਾਲ ਦਾ ਸੰਦੇਸ਼ ਦਿੱਤਾ। ਇਸ ਮੌਕੇ ਸੰਦੀਪ ਕੁਮਾਰ ਡਰੋਲੀ ਕਲਾਂ, ਦਿਨੇਸ਼ ਗਾਂਧੀ, ਹਾਜ਼ਰ ਸਨ।

ਨਸ਼ਾ ਤਸਕਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਹਰਜੋਤ ਕੌਰ

ਗੁਰਾਇਆ (ਬਿੰਦਰ ਸੁਮਨ)- ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਦੇ ਤਹਿਤ ਹਲਕਾ ਫਿਲੌਰ ਦੀ ਇੱਕ ਵਿਸ਼ੇਸ਼ ਮੀਟਿੰਗ ਹੋਟਲ ਆਰਸੀ ਪਲਾਜ਼ਾ ਵਿੱਚ ਕੀਤੀ ਗਈ ਜਿਸ ਵਿੱਚ ਉਚੇਚੇ ਤੌਰ 'ਤੇ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ, ਸਾਬਕਾ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਡੀ ਐਸ ਪੀ ਭਾਰਤ ਮਸੀਹ, ਐਸ ਡੀ ਐਮ ਦੀਪਕ ਭਾਟੀਆ ਸਮੇਤ ਬੀ ਡੀ ਪੀ ਓ ਅਤੇ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚੋਂ ਬਲਾਕ ਪ੍ਰਧਾਨ, ਕੋਆਰਡੀਨੇਟਰ ਪਹੁੰਚੇ ਜਿੱਥੇ ਲੋਕਾਂ ਤੋਂ ਹਲਕੇ ਵਿੱਚ ਅਤੇ ਉਨ੍ਹਾਂ ਦੇ ਪਿੰਡਾਂ ਵਿੱਚ ਨਸ਼ੇ ਪ੍ਰਤੀ ਜਾਣਕਾਰੀ ਲਈ ਗਈ ਜਿੱਥੇ ਪਿੰਡਾਂ ਦੇ ਸਰਪੰਚਾਂ, ਬਲਾਕ ਪ੍ਰਧਾਨਾਂ ਨੇ ਆਪਣੇ ਇਲਾਕੇ ਵਿੱਚ ਵਿਕ ਰਹੇ ਨਸ਼ੇ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁੱਧ ਦੀ ਫੂਕ ਕੱਢ ਦਿੱਤੀ, ਵਿਰਕਾਂ ਦੀ ਬਲਾਕ ਪ੍ਰਧਾਨ ਮਨਦੀਪ ਕੌਰ ਨੇ ਕਿਹਾ ਉਨ੍ਹਾਂ ਦੇ ਪਿੰਡ ਸ਼ਰੇਆਮ ਨਸ਼ਾ ਵਿਕਦਾ, ਸ਼ਿਕਾਇਤਾਂ ਕਰਨ ਦੇ ਬਾਵਜੂਦ ਪੁਲਸ ਵੱਲੋਂ ਨਾ ਤਾਂ ਕੋਈ ਕਾਰਵਾਈ ਕੀਤੀ ਜਾਂਦੀ ਹੈ ਨਾ ਹੀ ਕੋਈ ਸੁਣਵਾਈ ਕੀਤੀ ਜਾਂਦੀ ਹੈ, ਇਸ ਦੇ ਨਾਲ ਹੀ ਪਿੰਡ ਪੱਦੀ ਖਾਲਸਾ ਤੋਂ ਸਰਪੰਚ ਨੇ ਵੀ ਭਰੀ ਮੀਟਿੰਗ ਵਿੱਚ ਕਿਹਾ ਪੰਚਾਇਤ ਵੱਲੋਂ ਲਿਖ ਕੇ ਦੇਣ ਦੇ ਬਾਵਜੂਦ ਪੁਲਸ ਵੱਲੋਂ ਕੋਈ ਕਾਰਵਾਈ ਜਾ ਸੁਣਵਾਈ ਨਸ਼ੇ ਦੇ ਖਿਲਾਫ ਨਹੀਂ ਕੀਤੀ ਜਾਂਦੀ, ਜਿਸ ਤੋਂ ਸਾਫ ਜ਼ਾਹਰ ਹੋ ਗਿਆ ਕਿ ਇਹ ਮੁਹਿੰਮ ਸਿਰਫ ਕਾਗਜ਼ਾਂ ਤੱਕ ਹੀ ਸੀਮਤ ਚੱਲ ਰਹੀ ਹੈ ਸਬ ਡਵੀਜ਼ਨ ਫਿਲੌਰ ਅੰਦਰ ਕਿਉਂਕਿ ਇਸ ਤੋਂ ਪਹਿਲਾਂ ਵੀ ਗੁਰਾਇਆ ਸ਼ਹਿਰ ਅੰਦਰ ਵਿਕ ਰਹੇ ਅਤੇ ਨਸ਼ੇੜੀਆਂ ਵੱਲੋਂ ਕੀਤੇ ਜਾ ਰਹੇ ਨਸ਼ਿਆਂ ਬਾਰੇ ਪੰਜਾਬ ਪੁਲਸ ਦੇ ਸੀਨੀਅਰ ਅਧਿਕਾਰੀ ਨੂੰ ਪਬਲਿਕ ਮੀਟਿੰਗ ਦੌਰਾਨ ਜਾਣੂ ਕਰਵਾਇਆ ਗਿਆ ਸੀ ਅਤੇ ਉਸ ਵਕਤ ਸੀਨੀਅਰ ਅਧਿਕਾਰੀ ਵੱਲੋਂ ਡੀ ਐਸ ਪੀ ਅਤੇ ਐਸ ਐਚ ਓ ਦੀ ਡਿਊਟੀ ਵੀ ਲਗਾਈ ਗਈ ਸੀ ਕਿ ਜਿਸ ਥਾਂ ਉੱਪਰ ਨਸ਼ੇ ਦੀ ਸ਼ਿਕਾਇਤਾਂ ਆਈਆਂ ਹਨ ਉਸ ਥਾਂ 'ਤੇ ਵਿਸ਼ੇਸ਼ ਤੌਰ 'ਤੇ ਜਾਂਚ ਕੀਤੀ ਜਾਵੇ ਪਰ ਦੋ ਹਫਤੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਕੋਈ ਅਸਰ ਨਹੀਂ ਵੇਖਣ ਨੂੰ ਮਿਲਿਆ। ਡੀ ਐਸ ਪੀ ਭਾਰਤ ਮਸੀਹ ਨੇ ਕਿਹਾ ਕਿ ਉਨ੍ਹਾਂ ਦੇ ਨੋਟਿਸ ਵਿੱਚ ਇਹ ਮਾਮਲੇ ਨਹੀਂ ਆਏ। ਵਿਰਕਾ ਪਿੰਡ ਦੀ ਜੋ ਗੱਲ ਬਲਾਕ ਪ੍ਰਧਾਨ ਮਨਦੀਪ ਕੌਰ ਵੱਲੋਂ ਕੀਤੀ ਗਈ ਹੈ ਉਸ ਪਿੰਡ ਵਿੱਚ ਛੇ ਮਾਮਲੇ ਦਰਜ ਕੀਤੇ ਗਏ ਹਨ। ਇਸ ਮੌਕੇ ਹਰਜੋਤ ਕੌਰ ਲੋਹਟੀਆਂ ਨੇ ਕਿਹਾ ਕਿ ਫਿਲੌਰ ਹਲਕੇ 'ਚ ਨਸ਼ੇ ਦੇ ਤਸਕਰਾਂ ਨੂੰ ਬਖਸ਼ਿਆ ਨਹੀ ਜਾਵੇਗਾ। ਇਸ ਮੌਕੇ ਸੰਜੇ ਅਟਵਾਲ ਸੰਗਠਨ ਇੰਚਾਰਜ, ਹਰਮੇਸ਼ ਲਾਲ ਪ੍ਰਧਾਨ ਨਗਰ ਕੌਂਸਲ ਗੁਰਾਇਆ, ਸੁਦੇਸ਼ ਕੁਮਾਰ ਬਲਾਕ ਪ੍ਰਧਾਨ, ਪੰਕਜ ਰਾਏ ਕੁਆਰਡੀਨੇਟ, ਸੋਡੀ ਰਾਮ ਬਲਾਕ ਪ੍ਰਧਾਨ, ਸੰਤੋਖ ਸਿੰਘ ਬਲਾਕ ਪ੍ਰਧਾਨ, ਮਨਦੀਪ ਸਿੰਘ ਬਲਾਕ ਪ੍ਰਧਾਨ, ਹਰਪ੍ਰੀਤ ਕੌਰ ਜਿਲਾ ਪ੍ਰਧਾਨ, ਗੌਰਵ ਬਾਵਾ ਮੀਡੀਆ ਕੁਆਰਡੀਨੇਟ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਸਹਾਇਕ ਲਾਈਨਮੈਨਾਂ 'ਤੇ ਪੁਲਸ ਵੱਲੋਂ ਕੀਤੇ ਲਾਠੀਚਾਰਜ ਦੀ ਪ ਸ ਸ ਫ ਵੱਲੋਂ ਨਿਖੇਧੀ

ਜਲੰਧਰ (ਰਾਜੇਸ਼ ਥਾਪਾ) ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਸੂਬਾ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਵੱਲੋਂ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਆਪਣੀਆਂ ਸੇਵਾਵਾਂ ਨੂੰ ਰੈਗੂਲਰ ਕਰਵਾਉਣ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਸਹਾਇਕ ਲਾਈਨਮੈਨਾਂ 'ਤੇ ਕੀਤੇ ਪੁਲਸੀਆ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੁਲਸ ਅਧਿਕਾਰੀਆਂ ਵਲੋਂ ਗੁੰਡਾਗਰਦੀ ਦਾ ਨੰਗਾ ਨਾਚ ਕਰਦਿਆਂ ਸਿਪਾਹੀਆ ਦੇ ਨਾਲ ਮਿਲ ਕੇ ਆਪ ਵੀ ਇਹਨਾਂ ਫੁੱਲਾਂ ਵਰਗੇ ਮਲੂਕ ਬੱਚਿਆਂ ਨੂੰ ਛੱਲੀਆਂ ਵਾਂਗ ਕੁੱਟਿਆ।ਜੱਥੇਬੰਦੀ ਦੇ ਆਗੂਆਂ ਵਲੋਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਵਲੋਂ ਮੁਲਾਜ਼ਮ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਸਰਕਾਰ ਵਿਰੁੱਧ ਜੋ ਸੰਘਰਸ਼ ਉਸਲੀਕਿਆ ਗਿਆ ਹੈ ਉਸਨੂੰ ਤਿੱਖਾ ਰੂਪ ਦਿੱਤਾ ਜਾਵੇਗਾ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਬਲਵਿੰਦਰ ਭੁੱਟੋ, ਮਨੋਹਰ ਲਾਲ ਸ਼ਰਮਾ, ਗੁਰਦੇਵ ਸਿੰਘ ਸਿੱਧੂ, ਤਰਸੇਮ ਮਾਧੋਪੁਰੀ, ਬੀਰਇੰਦਰਜੀਤ ਪੁਰੀ, ਚਮਕੌਰ ਸਿੰਘ ਨਾਭਾ, ਪ੍ਰੇਮ ਚੰਦ ਆਜ਼ਾਦ, ਗੁਰਪ੍ਰੀਤ ਸਿੰਘ ਮਕੀਮਪੁਰ, ਮਾਲਵਿੰਦਰ ਸਿੰਘ, ਕਰਮ ਸਿੰਘ, ਜਸਵਿੰਦਰ ਸਿੰਘ ਸੋਜਾ, ਪੁਸ਼ਪਿੰਦਰ ਪਿੰਕੀ, ਰਜਿੰਦਰ ਸਿੰਘ ਰਿਆੜ, ਦਰਸ਼ਨ ਚੀਮਾ, ਲਖਵਿੰਦਰ ਖਾਨਪੁਰ, ਸੁਖਦੇਵ ਚੰਗਾਲੀਵਾਲਾ, ਜਸਵਿੰਦਰਪਾਲ ਕਾਂਗੜ, ਕਿਸ਼ੋਰ ਚੰਦ ਗਾਜ, ਫੁੰਮਣ ਸਿੰਘ ਕਾਠਗੜ੍ਹ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਰਜੇਸ਼ ਕੁਮਾਰ ਅਮਲੋਹ, ਜੱਗਾ ਸਿੰਘ ਅਲੀਸ਼ੇਰ, ਪੂਰਨ ਸਿੰਘ ਸੰਧੂ, ਮੋਹਣ ਸਿੰਘ ਪੂਨੀਆਂ, ਕਰਮਾਪੁਰੀ, ਰਜਿੰਦਰ ਸਿੰਘ ਰਿਆੜ, ਗੁਰਤੇਜ ਸਿੰਘ ਖਹਿਰਾ, ਜਸਵੀਰ ਸ਼ੀਰਾ, ਅਨਿਲ ਕੁਮਾਰ ਲਹੌਰੀਆ, ਸਰਬਜੀਤ ਸਿੰਘ ਪੱਟੀ, ਜਗਦੀਪ ਸਿੰਘ ਮਾਂਗਟ ਆਦਿ ਆਗੂ ਵੀ ਹਾਜਰ ਸਨ।

ਸਿਵਲ ਹਸਪਤਾਲ ਬਲਾਚੌਰ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ) ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸਤਿੰਦਰਜੀਤ ਕੌਰ ਦੀ ਰਹਿਨੁਮਾਈ ਹੇਠ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਬੂਟੇ ਲਾ ਕੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਸਤਿੰਦਰਜੀਤ ਕੌਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਵਾਤਾਵਰਣ ਦੀ ਸੁਰੱਖਿਆ ਲਈ ਆਪਣੇ ਆਲੇ-ਦੁਆਲੇ ਪੌਦੇ ਲਗਾ ਕੇ ਵਾਤਾਵਰਣ ਸੰਭਾਲਣ ਦਾ ਹੋਕਾ ਦਿੱਤਾ।ਇਸ ਮੌਕੇ ਮੈਡੀਕਲ ਅਫ਼ਸਰ ਡਾ. ਸੁਖਜੀਤਪਾਲ ਕੌਰ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਤੇ ਨਰਸਿੰਗ ਵਿਦਿਆਰਥਣਾਂ ਸਮੇਤ ਹੋਰ ਵੀ ਹਾਜ਼ਰ ਸਨ।

ਇਨਸਾਫ ਤੇ ਹੱਕਾਂ ਦੀ ਲੜਾਈ ਜਾਰੀ ਰਹੇਗੀ : ਖੋਸਲਾ

ਕਪੂਰਥਲਾ (ਮਨਜੀਤ ਮਾਨ)- ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਧਰਨਾ ਦੇ ਰਹੇ ਬੇਰੋਜ਼ਗਾਰ ਨੌਜਵਾਨਾਂ ਉੱਤੇ ਪੰਜਾਬ ਪੁਲਸ ਵੱਲੋਂ ਕਥਿਤ ਤੌਰ 'ਤੇ ਕੀਤੇ ਗਏ ਤਸ਼ੱਦਦ ਦੀ ਅਸੀਂ ਸਖ਼ਤ ਨਿੰਦਾ ਕਰਦੇ ਹਾਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਡੈਮੋਕਰੇਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀ ਗੱਲ ਸ਼ਾਂਤਮਈ ਢੰਗ ਨਾਲ ਰੱਖਣ ਦਾ ਸੰਵਿਧਾਨਕ ਹੱਕ ਹੈ। ਇੱਥੇ ਦੇਖਣ ਨੂੰ ਮਿਲਿਆ ਹੈ ਕਿ ਪੁਲਸ ਦੇ ਅਧਿਕਾਰੀਆਂ ਵੱਲੋਂ ਧਰਨਾਕਾਰੀਆਂ ਨਾਲ ਦੁਰਵਿਵਹਾਰ ਕੀਤਾ ਗਿਆ ਹੈ। ਇਹ ਨਾ ਸਿਰਫ਼ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ, ਸਗੋਂ ਲੋਕਤੰਤਰੀ ਕਦਰਾਂ-ਕੀਮਤਾਂ ਉੱਤੇ ਵੀ ਸਿੱਧਾ ਹਮਲਾ ਹੈ।ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਇਸ ਘਟਨਾ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਦੋਸ਼ ਸਾਬਤ ਹੋਣ ਦੀ ਸੂਰਤ ਵਿੱਚ ਸੰਬੰਧਤ ਡੀ ਐਸ ਪੀ ਅਤੇ ਹੋਰ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਮਨੁੱਖੀ ਅਧਿਕਾਰ ਕਮਿਸ਼ਨ ਨੂੰ ਵੀ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇ ਕੇ ਪੀੜਤ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣਾ ਚਾਹੀਦਾ ਹੈ।ਨੌਜਵਾਨਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ।ਇਨਸਾਫ਼ ਅਤੇ ਹੱਕਾਂ ਦੀ ਲੜਾਈ ਜਾਰੀ ਰਹੇਗੀ।



ਅਪ੍ਰੈਂਟਿਸ਼ਿਪ ਲਾਈਨਮੈਨਾਂ 'ਤੇ ਲਾਠੀਚਾਰਜ ਬਹੁਤ ਹੀ ਸ਼ਰਮਨਾਕ ਘਟਨਾ : ਕੌਂਡਲ

ਕਪੂਰਥਲਾ (ਮਨਜੀਤ ਮਾਨ)- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਸੰਜੀਵ ਕੌਂਡਲ ਨੇ ਕੱਲ੍ਹ 2600 ਅਪ੍ਰੈਂਟਿਸ਼ਿਪ ਲਾਈਨਮੈਨ 'ਤੇ ਪਟਿਆਲਾ ਵਿਖੇ ਕੀਤੇ ਲਾਠੀਚਾਰਜ ਦੀ ਬਹੁਤ ਹੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਕੌਂਡਲ ਨੇ ਕਿਹਾ ਕਿ 1947 ਤੋਂ ਪਹਿਲਾਂ ਵਾਲਾ ਅੰਗਰੇਜ਼ਾਂ ਵਾਲਾ ਰਾਜ ਯਾਦ ਕਰਵਾ ਦਿੱਤਾ। ਮੁੱਖ ਮੰਤਰੀ ਭਗਵੰਤ ਮਾਨ ਨੇ 2021 ਵਿੱਚ ਵੋਟਾਂ ਤੋਂ ਪਹਿਲਾਂ ਵਾਅਦਾ ਕੀਤਾ ਗਿਆ ਸੀ ਕਿ ਮੇਰੀ ਸਰਕਾਰ ਬਣਨ ਤੋਂ ਬਾਅਦ ਨੌਜਵਾਨ ਵਿਦੇਸ਼ਾਂ ਨੂੰ ਨਹੀਂ ਜਾਣਗੇ ਤੇ ਮੈਂ ਪੰਜਾਬ ਵਿੱਚ ਹੀ ਨੌਜਵਾਨਾਂ ਨੂੰ ਨੌਕਰੀ ਦੇਵਾਂਗਾ। ਮੈਂ ਇਹ ਗੱਲ ਦੱਸਣਾ ਚਾਹੁੰਦਾ ਹਾਂ ਕਿ ਜਿਨ੍ਹਾ 'ਤੇ ਕੱਲ੍ਹ ਲਾਠੀਚਾਰਜ ਹੋਇਆ, ਉਹ ਨੌਜਵਾਨ ਪੜ੍ਹੇ ਲਿਖੇ ਡਿਪਲੋਮਾ ਕੋਰਸ ਪਾਸ ਤੇ ਦੋ ਸਾਲ ਬਿਜਲੀ ਬੋਰਡ ਵਿੱਚ ਟ੍ਰੇਨਿੰਗ ਕੀਤੀ ਹੋਈ ਵਾਲੇ ਹਨ। ਜੇਕਰ ਤੁਸੀਂ ਪੜ੍ਹੇ ਲਿਖੇ ਨੌਜਵਾਨਾਂ ਨੂੰ ਨੌਕਰੀ ਨਹੀਂ ਦੇਣੀ ਤਾਂ ਦੱਸੋ ਹੋਰ ਕਿਸ ਨੂੰ ਨੌਕਰੀ ਦਿਉਗੇ। ਕੌਂਡਲ ਨੇ ਕਿਹਾ ਕਿ ਸਰਕਾਰ ਬਣਾਉਣ ਵਿੱਚ ਸਭ ਤੋਂ ਜ਼ਿਆਦਾ ਯੋਗਦਾਨ ਨੌਜਵਾਨ ਤੇ ਮੁਲਾਜ਼ਮਾਂ ਦਾ ਸੀ ਤੇ ਅੱਜ ਦੋਨੋ ਵਰਗ ਹੀ ਭਗਵੰਤ ਮਾਨ ਸਰਕਾਰ ਤੋਂ ਦੁਖੀ ਹਨ। ਮੁਲਾਜ਼ਮਾਂ ਨੂੰ ਕੇਂਦਰ ਬਰਾਬਰ ਡੀ ਏ ਨਹੀਂ ਦਿੱਤਾ ਜਾ ਰਿਹਾ। ਸਰਕਾਰ ਵਲੋਂ ਹਾਈ ਕੋਰਟ ਵਿੱਚ ਗਲਤ ਅੰਕੜੇ ਪੇਸ਼ ਕਰਕੇ ਸਿਰਫ ਆਪਣਾ ਟਾਈਮ ਲੰਘਾਇਆ ਜਾ ਰਿਹਾ ਹੈ। ਭਗਵੰਤ ਮਾਨ ਵਲੋਂ ਵੋਟਾਂ ਤੋਂ ਪਹਿਲਾਂ ਰੈਗੂਲਰ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਪਹਿਲੀ ਕੈਬਨਿਟ ਵਿੱਚ ਦੇਣ ਦਾ ਵਾਅਦਾ ਕੀਤਾ ਸੀ ਪਰ ਅੱਜ ਪੰਜ ਸਾਲ ਪੂਰੇ ਹੋਣ ਵਾਲੇ ਹਨ ਪਰ ਪੁਰਾਣੀ ਪੈਨਸ਼ਨ ਲਾਗੂ ਨਹੀਂ ਕੀਤੀ ਗਈ। ਜਿੱਥੇ ਦੇਖੋ ਮੰਗਾਂ ਦੀ ਖਾਤਰ ਮੁਲਾਜ਼ਮ ਧਰਨੇ 'ਤੇ ਬੈਠੇ ਹਨ। ਸੇਵਾ ਕੇਂਦਰ ਵਾਲੇ ਵੀ ਆਪਣੀਆਂ ਮੰਗਾਂ ਲਈ ਧਰਨੇ 'ਤੇ ਬੈਠੇ ਹਨ।

ਢਾਹਾਂ ਕਲੇਰਾਂ ਦੀ ਕਲਾਸ ਪੋਸਟ ਬੇਸਿਕ ਬੀ ਐਸ ਸੀ ਨਰਸਿੰਗ (ਪਹਿਲਾ ਸਾਲ) ਦਾ ਸ਼ਾਨਦਾਰ ਨਤੀਜਾ

ਬੰਗਾ (ਅਵਤਾਰ ਕਲੇਰ) ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਪੋਸਟ ਬੇਸਿਕ ਬੀ.ਐਸ.ਸੀ. ਨਰਸਿੰਗ (ਪਹਿਲਾ ਸਾਲ) ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਫ਼ੀਸਦੀ ਨਤੀਜਾ ਹਾਸਲ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਮਨਦੀਪ ਕੌਰ ਨੇ ਦੱਸਿਆ ਕਿ ਪੋਸਟ ਬੇਸਿਕ ਬੀ.ਐਸ.ਸੀ. ਨਰਸਿੰਗ ਕਲਾਸ ਵਿਚੋਂ ਪਹਿਲਾ ਸਥਾਨ ਹਰਮਨ ਪੁੱਤਰੀ ਰਾਜ ਸਿੰਘ- ਗੁਰਪਾਲ ਕੌਰ ਚੱਕ ਰਾਮੂੰ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਕੀਤਾ। ਜਦ ਕਿ ਦੂਜਾ ਸਥਾਨ ਕਵਿਤਾ ਪੁੱਤਰੀ ਰਘਵੀਰ ਸਿੰਘ- ਸਿਮਰਨ ਖੈਰੜ ਅੱਛਰਵਾਲ ਨੇ ਅਤੇ ਤੀਜਾ ਸਥਾਨ ਜਸਪ੍ਰੀਤ ਕੌਰ ਪੁੱਤਰੀ ਪਰਮਜੀਤ ਸਿੰਘ- ਹਰਪ੍ਰੀਤ ਕੌਰ ਪਾਲਦੀ ਨੇ ਸ਼ਾਨਦਾਰ ਅੰਕਾਂ ਨਾਲ ਹਾਸਲ ਕੀਤਾ ਹੈ । ਉਨ੍ਹਾਂ ਕਿਹਾ ਕਿ ਕਾਲਜ ਭਵਿੱਖ ਵਿੱਚ ਵੀ ਨਰਸਿੰਗ ਸਿੱਖਿਆ ਦੇ ਖੇਤਰ ਵਿੱਚ ਉੱਚ ਮਿਆਰ ਕਾਇਮ ਰੱਖਣ ਲਈ ਵਚਨਬੱਧ ਹੈ।ਇਸ ਮੌਕੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਨੇ ਸਮੂਹ ਮੈਂਬਰਾਂ ਵੱਲੋਂ ਦੇ ਸ਼ਾਨਦਾਰ ਨਤੀਜੇ ਲਈ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪੋਸਟ ਬੇਸਿਕ ਬੀ.ਐਸ.ਸੀ. ਨਰਸਿੰਗ (ਪਹਿਲਾ ਸਾਲ) ਦੇ ਸਮੂਹ ਨਰਸਿੰਗ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਅਤੇ ਕਾਲਜ ਪ੍ਰਿੰਸੀਪਲ ਨੂੰ ਹਾਰਦਿਕ ਵਧਾਈਆਂ ਦਿੱਤੀਆਂ। ਇਸ ਮੌਕੇ ਸੁਖਮਿੰਦਰ ਕੌਰ ਉੱਭੀ, ਮਨਿੰਦਰ ਕੌਰ, ਰਾਬੀਆ ਹਾਟਾ, ਨੇਹਾ ਰਾਣੀ, ਸਰਬਜੀਤ ਕੌਰ, ਹਰਦੀਪ ਕੌਰ, ਹਰਲੀਨ ਕੌਰ(ਸਾਰੇ ਅਧਿਆਪਕ) ਤੇ ਕਲਾਸ ਦੇ ਟੌਪਰ ਨਰਸਿੰਗ ਵਿਦਿਆਰਥੀ ਹਾਜ਼ਰ ਸਨ।



ਡਿਪਟੀ ਸਪੀਕਰ ਰੌੜੀ ਨੇ ਇਲਾਕਾ ਨਿਵਾਸੀਆਂ ਦੀਆਂ ਸੁਣੀਆਂ ਸਮੱਸਿਆਵਾਂ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਸ਼ੇਰੇ-ਏ-ਪੰਜਾਬ ਮੈਰਿਜ ਪੈਲੇਸ ਪਿੰਡ ਪਦਰਾਣਾ ਵਿਖੇ ਇੱਕ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਆਪਣੀਆਂ ਸਮੱਸਿਆਵਾਂ, ਮੰਗਾਂ ਅਤੇ ਵਿਕਾਸ ਨਾਲ ਸਬੰਧਤ ਮੁੱਦੇ ਡਿਪਟੀ ਸਪੀਕਰ ਦੇ ਧਿਆਨ ਵਿੱਚ ਲਿਆਂਦੇ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਰਹੇ, ਜਿਨ੍ਹਾਂ ਨਾਲ ਡਿਪਟੀ ਸਪੀਕਰ ਨੇ ਲੋਕਾਂ ਦੇ ਮਸਲਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਲੋਕ ਮਿਲਣੀ ਦੌਰਾਨ ਰੌੜੀ ਨੇ ਹਰ ਇੱਕ ਸ਼ਿਕਾਇਤ ਅਤੇ ਮੰਗ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਮੌਜੂਦ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਅਤੇ ਕਿਹਾ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਨਹੀਂ ਹੋਣਾ ਚਾਹੀਦਾ।ਰੌੜੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਨਿਰਧਾਰਤ ਸਮਾਂ-ਸੀਮਾ ਤੈਅ ਕੀਤੀ ਜਾਵੇ ਅਤੇ ਲੰਬਿਤ ਪਏ ਮਾਮਲਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਰੌੜੀ ਨੇ ਹਾਜ਼ਰ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਵਿਕਾਸ ਲਈ ਕਈ ਮਹੱਤਵਪੂਰਨ ਪ੍ਰੋਜੈਕਟ ਚਲਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ। ਇਸ ਮੌਕੇ ਇਲਾਕੇ ਦੇ ਪਤਵੰਤੇ ਵਿਅਕਤੀ, ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਐਮ ਏ ਹਿੰਦੀ ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ

ਮਾਹਿਲਪੁਰ (ਸ.ਫਰੀ)- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਚਲਦੇ ਕੋਰਸ ਐਮ ਏ ਹਿੰਦੀ ਦੇ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਵਿਭਾਗ ਦੇ ਮੁਖੀ ਡਾ. ਦੀਪਕ ਨੇ ਦੱਸਿਆ ਕਿ ਇਸ ਨਤੀਜੇ ਵਿੱਚ ਵਿਦਿਆਰਥੀ ਸਾਗਰ ਧਰੋਚ ਨੇ 74.5 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਸੁਮੀਤਾ ਕੁਮਾਰੀ ਨੇ 71.2 ਫੀਸਦੀ ਅੰਕਾਂ ਨਾਲ ਦੂਜਾ ਅਤੇ ਕਾਜਲ ਨੇ 69.5 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ, ਵਿਭਾਗ ਦੇ ਮੁਖੀ ਡਾ. ਦੀਪਕ, ਡਾ. ਪਰਮਿੰਦਰ ਕੌਰ ਅਤੇ ਪ੍ਰੋ ਨੈਨਸੀ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਸੀ ਡੀ ਓ ਈ ਦੇ ਵਿਦਿਆਰਥੀਆਂ ਦੀ ਫੋਟੋਗ੍ਰਾਫੀ ਪ੍ਰਦਰਸ਼ਨੀ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਯੂਨੀਵਰਸਿਟੀ ਦੇ ਸੈਂਟਰ ਫਾਰ ਡਿਸਟੈਂਸ ਐਂਡ ਆਨਲਾਈਨ ਐਜੂਕੇਸ਼ਨ (ਸੀ.ਡੀ.ਓ.ਈ.) ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀ ਗਈ ਇੱਕ ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਉਦਘਾਟਨ ਪੰਜਾਬ ਯੂਨੀਵਰਸਿਟੀ ਦੇ ਸਟੂਡੈਂਟ ਸੈਂਟਰ ਵਿਖੇ ਕੀਤਾ ਗਿਆ। ਇਹ ਪ੍ਰਦਰਸ਼ਨੀ ਦੇਸ਼ ਦੇ ਪ੍ਰਸਿੱਧ ਅਤੇ ਮਸ਼ਹੂਮ ਫੋਟੋਗ੍ਰਾਫਰ ਰਘੂ ਰਾਏ ਨੂੰ ਸਮਰਪਿਤ ਕੀਤੀ ਗਈ, ਜਿਨ੍ਹਾਂ ਦੇ ਭਾਰਤੀ ਫੋਟੋਗ੍ਰਾਫੀ ਅਤੇ ਵਿਜ਼ੂਅਲ ਸਟੋਰੀਟੈਲਿੰਗ ਖੇਤਰ ਵਿੱਚ ਅਸਾਧਾਰਣ ਯੋਗਦਾਨ ਨੇ ਵਿਸ਼ਵ ਭਰ ਦੀਆਂ ਕਈ ਪੀੜ੍ਹੀਆਂ ਦੇ ਫੋਟੋਗ੍ਰਾਫਰਾਂ ਨੂੰ ਪ੍ਰੇਰਿਤ ਕੀਤਾ ਹੈ।ਐਡਵਾਂਸਡ ਡਿਪਲੋਮਾ ਇਨ ਫੋਟੋਗ੍ਰਾਫੀ (ਏ.ਡੀ.ਪੀ.) ਦੇ 12 ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਗਈਆਂ 35 ਫੋਟੋਗ੍ਰਾਫਿਕ ਰਚਨਾਵਾਂ ਇਸ ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਕੀਤੀਆਂ ਗਈਆਂ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸਵਦੇਸ਼ ਤਲਵਾੜ ਨੇ ਵਿਦਿਆਰਥੀਆਂ ਦੀ ਕਲਾਤਮਕ ਦ੍ਰਿਸ਼ਟੀ ਅਤੇ ਰਚਨਾਤਮਕਤਾ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਪ੍ਰੋ. ਹਰਸ਼ ਗੰਧਾਰ, ਡਾਇਰੈਕਟਰ, ਸੀ.ਡੀ.ਓ.ਈ. ਨੇ ਕਿਹਾ ਕਿ ਫੋਟੋਗ੍ਰਾਫੀ ਸੰਚਾਰ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ, ਜੋ ਵਿਦਿਆਰਥੀਆਂ ਨੂੰ ਸਮਾਜ ਨੂੰ ਸੰਵੇਦਨਸ਼ੀਲਤਾ ਅਤੇ ਸਿਰਜਣਾਤਮਕਤਾ ਨਾਲ ਦੇਖਣ, ਸਮਝਣ ਅਤੇ ਦਸਤਾਵੇਜ਼ੀਕਰਨ ਕਰਨ ਦੇ ਯੋਗ ਬਣਾਉਂਦਾ ਹੈ। ਸਮਾਗਮ ਵਿੱਚ ਡਾ. ਮਾਨੇਸ਼ਵਰ ਸਿੰਘ ਕੌਂਡਲ, ਜਿਨ੍ਹਾਂ ਨੇ ਕੋਡੈਕ ਅਤੇ ਕੋਨਿਕਾ ਦੀ ਪ੍ਰੋਫੈਸ਼ਨਲ ਪ੍ਰੋਡਕਟਸ ਡਿਵੀਜ਼ਨ ਅਤੇ ਟੈਕਨੀਕਲ ਸਰਵਿਸਿਜ਼ ਵਿੱਚ ਮਹੱਤਵਪੂਰਨ ਅਹੁਦਿਆਂ 'ਤੇ ਸੇਵਾਵਾਂ ਨਿਭਾਈਆਂ ਹਨ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਉਨ੍ਹਾਂ ਨੇ ਵਿਦਿਆਰਥੀ ਕਲਾਕਾਰਾਂ ਨਾਲ ਗੱਲਬਾਤ ਕੀਤੀ ਅਤੇ ਪ੍ਰਦਰਸ਼ਿਤ ਰਚਨਾਵਾਂ ਦੀ ਗੁਣਵੱਤਾ, ਨਵੀਨਤਾ ਅਤੇ ਸਿਰਜਣਾਤਮਕਤਾ ਦੀ ਸਰਾਹਨਾ ਕੀਤੀ।ਪ੍ਰਦਰਸ਼ਨੀ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਵਿੱਚ ਰਣਜੀਤ ਸਿੰਘ, ਰੀਤੂ ਬਰਕੀ, ਅਰਸ਼ਦੀਪ ਸਿੰਘ, ਜਸਲੀਨ ਕੌਰ, ਸ਼ਿਆਮਲੀ ਠਾਕੁਰ, ਰਾਹੁਲ ਸੈਣੀ, ਚਰਨਜੀਤ ਕੌਰ, ਕਨਿਕਾ, ਮਨਪ੍ਰੀਤ ਕੌਰ, ਰਾਮ ਸਿੰਘ ਯਾਦਵ, ਵਿਕਾਸ ਅਤੇ ਅੱਪਾਲਾਪੁਰਮ ਮੁਨੀ ਰਾਮ ਸ੍ਰੀਪਾਧਾ ਸ਼ਾਮਲ ਹਨ। ਇਹ ਪ੍ਰਦਰਸ਼ਨੀ 13 ਜੂਨ ਤੱਕ ਦਰਸ਼ਕਾਂ ਲਈ ਖੁੱਲ੍ਹੀ ਰਹੇਗੀ।

ਬੇਰੁਜ਼ਗਾਰ ਲਾਈਨਮੈਨਾਂ 'ਤੇ ਪੁਲਸ ਜਬਰ ਲੋਕਤੰਤਰ ਦਾ ਘਾਣ : ਆਗੂ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਪਟਿਆਲਾ ਵਿਖੇ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਬੇਰੁਜ਼ਗਾਰ ਲਾਈਨਮੈਨਾਂ ਉੱਪਰ ਪੰਜਾਬ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ ਅਤੇ ਧੱਕੇਸ਼ਾਹੀ ਦੀ ਸੰਯੁਕਤ ਕਿਸਾਨ ਮੋਰਚਾ ਅਤੇ ਪੰਜਾਬ ਗੌਰਮੈਂਟ ਪੈਨਸ਼ਨਰ ਐਸੋਸੀਏਸ਼ਨ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਇੱਕ ਸਾਂਝੇ ਬਿਆਨ ਵਿੱਚ ਪੰਜਾਬ ਗੌਰਮੈਂਟ ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਸੁੱਚਾ ਸਿੰਘ ਮਿਰਜਾਪੁਰ, ਸੰਯੁਕਤ ਕਿਸਾਨ ਮੋਰਚਾ ਦੇ ਸਰਪ੍ਰਸਤ ਰਜਿੰਦਰ ਸਿੰਘ ਰਾਣਾ ਐਡਵੋਕੇਟ, ਏਟਕ ਦੇ ਆਗੂ ਕਾਮਰੇਡ ਮੁਕੰਦ ਸਿੰਘ, ਮਾਸਟਰ ਚਰਨ ਸਿੰਘ, ਅਮਰਜੀਤ ਸਿੰਘ ਟਿੱਬਾ (ਪ੍ਰਧਾਨ), ਜਸਵਿੰਦਰ ਸਿੰਘ, ਸੁਰਜੀਤ ਸਿੰਘ ਠੱਟਾ, ਮਹਿੰਗਾ ਸਿੰਘ ਠੱਟਾ, ਅਜੀਤ ਸਿੰਘ ਔਜਲਾ, ਸਰਬਣ ਸਿੰਘ ਨੰਬਰਦਾਰ ਅਤੇ ਹੋਰ ਆਗੂਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਆਪਣੀਆਂ ਮੰਗਾਂ ਰੱਖਣ ਵਾਲੇ ਨੌਜਵਾਨਾਂ ਦੀ ਆਵਾਜ਼ ਸੁਣਨ ਦੀ ਬਜਾਏ ਉਨ੍ਹਾਂ 'ਤੇ ਡੰਡੇ ਵਰ੍ਹਾਉਣਾ ਸਰਕਾਰ ਦੀ ਨਾਕਾਮੀ ਅਤੇ ਲੋਕ ਵਿਰੋਧੀ ਸੋਚ ਨੂੰ ਦਰਸਾਉਂਦਾ ਹੈ।

ਆਗੂਆਂ ਨੇ ਕਿਹਾ ਕਿ ਪੰਜਾਬ ਦਾ ਨੌਜਵਾਨ ਪਹਿਲਾਂ ਹੀ ਬੇਰੁਜ਼ਗਾਰੀ ਦੀ ਮਾਰ ਝੱਲ ਰਿਹਾ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਤੁਰੰਤ ਮੰਨ ਕੇ ਉਨ੍ਹਾਂ ਦੀ ਹੜਤਾਲ ਖਤਮ ਕਰਵਾਈ ਜਾਵੇ।

ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ, ਮਜ਼ਦੂਰਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਨਾ ਲਿਆ ਅਤੇ ਦਮਨਕਾਰੀ ਰਵੱਈਆ ਜਾਰੀ ਰੱਖਿਆ ਤਾਂ ਸੰਯੁਕਤ ਕਿਸਾਨ ਮੋਰਚਾ, ਪੈਨਸ਼ਨਰ ਜਥੇਬੰਦੀਆਂ ਅਤੇ ਮਜ਼ਦੂਰ ਸੰਗਠਨ ਸੂਬਾ ਪੱਧਰ 'ਤੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੇ।

ਵਿਸ਼ਵ ਵਾਤਾਵਰਣ ਦਿਵਸ ਮਨਾਇਆ

ਦਸੂਹਾ (ਕਰਨੈਲ ਮਾਂਗਟ)- ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ 'ਸੇਵ ਸ਼ਿਵਾਲਿਕ ਸੇਵ ਮਦਰ ਅਰਥ' ਵਾਤਾਵਰਣ ਸੰਸਥਾ ਵੱਲੋਂ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਾਤਾਵਰਣ ਦੀ ਸੰਭਾਲ, ਰੁੱਖ ਲਗਾਉਣ ਤੇ ਪਲਾਸਟਿਕ ਪ੍ਰਦੂਸ਼ਣ ਨੂੰ ਘਟਾਉਣ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ਮਹਾਂਵੀਰ ਸਿੰਘ ਆਈ ਐੱਫ ਐੱਸ ਵੱਲੋਂ ਵਣ ਵਿਭਾਗ ਅਤੇ ਸੰਸਥਾ ਦੇ ਮੈਂਬਰਾਂ ਨਾਲ ਸਾਂਝੇ ਤੌਰ ਤੇ ਪੌਦਾ ਲਗਾ ਕੇ ਕੀਤੀ ਗਈ । ਜੰਗਲਾਤ ਵਿਭਾਗ ਦਸੂਹਾ ਤੋਂ ਵਿਸ਼ੇਸ਼ ਮਹਿਮਾਨ ਤੌਰ ਤੇ ਪਹੁੰਚੇ ਅੰਜਨ ਸਿੰਘ ਡੀ ਐਫ ਓ ਵੱਲੋਂ ਮੈਡੀਸਿਨ ਬੂਟਿਆਂ ਦੀ ਬਰੀਕੀ ਨਾਲ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਕਿ ਇਹ ਬੂਟੇ ਕਿਸ ਤਰ੍ਹਾਂ ਸਾਨੂੰ ਬਿਮਾਰੀਆਂ ਤੋਂ ਦੂਰ ਰੱਖ ਸਕਦੇ ਹਨ । ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਉੱਘੇ ਸਿੱਖਿਆ ਸ਼ਾਸਤਰੀ ਪ੍ਰੋ. ਸੰਜੀਵ ਸ਼ਰਮਾ ਨੇ ਕਿਹਾ ਕਿ ਵਾਤਾਵਰਣ ਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਧਰਤੀ ਨੂੰ ਹਰਿਆ-ਭਰਿਆ ਬਣਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਸਫਾਈ ਰੱਖਣ, ਪਲਾਸਟਿਕ ਦੀ ਵਰਤੋਂ ਘੱਟ ਕਰਨ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਯੋਗਦਾਨ ਪਾਉਣ। ਇਹ ਸਾਰਾ ਪ੍ਰੋਗਰਾਮ ਲਾਰਡ ਆਫ਼ ਪਾਵਰ ਚਰਚ ਰੰਧਾਵਾ ਦੇ ਮੁਖੀ ਪਾਸਟਰ ਸੁੱਖਵਿੰਦਰ ਸੁੱਖੀ ਦੀ ਅਗਵਾਈ ਹੇਠ ਹੋਇਆ। ਸੰਸਥਾ ਦੇ ਪ੍ਰਧਾਨ ਗੁਰਕਿਰਪਾਲ ਬੋਦਲ ਨੇ ਦੱਸਿਆ ਕਿ ਇਸ ਵਾਰ ਵਣ ਮਹਾਉਤਸਵ ਤੇ ਸੰਸਥਾ ਵੱਲੋਂ ਵਣ ਵਿਭਾਗ ਦਸੂਹਾ ਦੇ ਸਹਿਯੋਗ ਨਾਲ ਦਸ ਹਜ਼ਾਰ ਬੂਟੇ ਲਗਾਏ ਜਾਣਗੇ । ਇਸ ਮੌਕੇ ਉੱਪ ਪ੍ਰਧਾਨ ਪ੍ਰੋ. ਜਸਵੀਰ ਸਿੰਘ, ਗੁਰਿੰਦਰ ਸਫ਼ਰੀ ਸਕੱਤਰ, ਮੀਡੀਆ ਇੰਚਾਰਜ ਪ੍ਰਵੀਨ ਮਾਂਗਟ, ਰਣਜੀਤ ਸਿੰਘ, ਜਸਵੀਰ ਸਿੰਘ, ਬਲਵਿੰਦਰ ਕੌਰ ਲੰਗਾਣਾ, ਐਡਵੋਕੇਟ ਨਵਦੀਪ ਕੌਰ ਬਾਜਵਾ, ਮਨਿੰਦਰ ਸਿੰਘ, ਅਮਰਵੀਰ ਸਿੰਘ, ਕਮਲ ਕਾਰ ਏ ਸੀ, ਇਕਬਾਲਜੀਤ ਸਿੰਘ, ਕਪਿਲ ਦੇਵ ਅਤੇ ਦਲਜੀਤ ਕੁਮਾਰ ਰੇਂਜ ਅਫ਼ਸਰ ਤੋਂ ਇਲਾਵਾ ਸਮਾਜ ਸੇਵੀਆਂ ਤੇ ਵਾਤਾਵਰਣ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਵਿਸ਼ਵ ਵਾਤਾਵਰਣ ਦਿਵਸ ਦਾ ਸੰਦੇਸ਼ ਲੋਕਾਂ ਤੱਕ ਪਹੁੰਚਾਇਆ।



ਤੇਲ ਤੇ ਹੋਰ ਵਸਤਾਂ ਦੀਆਂ ਕੀਮਤਾਂ ਵਧਣ ਨਾਲ ਲੋਕਾਂ 'ਤੇ ਭਾਰੀ ਬੋਝ : ਲਖਵੀਰ ਦੌਧਰ

ਅਜੀਤਵਾਲ (ਨਛੱਤਰ ਸੰਧੂ)-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਮੀਟਿੰਗ ਬੱਧਨੀਂ ਨਹਿਰ ਵਾਲੀ ਠਾਠਾ ਨਕਸਰ ਖੂਹੀ ਸਾਹਿਬ ਵਿੱਚ ਜ਼ਿਲ੍ਹਾ ਆਗੂ ਜੁਗਰਾਜ ਸਿੰਘ ਦੱਦਾਹੂਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੂਬਾ ਆਗੂ ਲਖਵੀਰ ਸਿੰਘ ਜੰਗ ਦੌਧਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਤੇ ਏਜੰਡੇ ਵਿੱਚ ਜ਼ਿਲ੍ਹਾ ਆਗੂ ਬਲਜਿੰਦਰ ਸਿੰਘ ਕਿਸ਼ਨਪੁਰ ਤੇ ਰਾਜੂ ਪੱਤੋ ਨੇ ਕਿਹਾ ਕਿ ਸਰਕਾਰ ਵੱਲੋਂ ਡੀਜ਼ਲ ਤੇ ਪੈਟਰੋਲ ਅਤੇ ਗੈਸ ਦੀਆਂ ਕੀਮਤਾਂ ਲਗਾਤਾਰ ਵਧਾਈਆਂ ਜਾ ਰਹੀਆਂ ਹਨ, ਜਿਸ ਲੋਕਾਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਬਾ ਆਗੂ ਲਖਵੀਰ ਸਿੰਘ ਦੌਧਰ ਨੇ ਆਖਿਆ ਕਿ ਯੂਰੀਏ ਤੇ ਡੀਏਪੀ ਖਾਦ ਦੀ ਬਹੁਤ ਕਿੱਲਤ ਹੈ, ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ ਵੀ ਅਸਮਾਨ ਨੂੰ ਛੂਹ ਰਹੀਆਂ ਹਨ ਤੇ ਸਰਕਾਰ ਵੱਲੋਂ ਬਿਜਲੀ ਸੋਧ ਬਿਲ 2025 ਤੇ ਬੀਜ ਸੋਧ ਬਿੱਲ 2025 ਅਤੇ ਅਮਰੀਕਾ ਨਾਲ ਹੋਈ ਫ੍ਰੀ ਟਰੇਡ ਡੀਲ ਦੇ ਰੋਸ ਵਜੋਂ ਕੇਂਦਰ ਦੀ ਮੋਦੀ ਸਰਕਾਰ ਦੇ 8 ਜੂਨ ਨੂੰ ਦੇਸ਼ ਭਰ ਵਿੱਚ 43 ਦਫ਼ਤਰ ਅੱਗੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਇਸ ਮੀਟਿੰਗ ਵਿੱਚ ਕਰਮਜੀਤ ਸਿੰਘ, ਤੋਤਾ ਸਿੰਘ, ਸਤਨਾਮ ਸਿੰਘ, ਸੁਖਜੀਤ ਸਿੰਘ, ਕੁਲਵੰਤ ਸਿੰਘ ਦੌਧਰ, ਬਲਵੀਰ ਸਿੰਘ, ਅਜਮੇਰ ਸਿੰਘ ਕਿਸ਼ਨਪੁਰਾ, ਚਮਕੌਰ ਸਿੰਘ ਦੱਦਾਹੂਰ, ਗਿਆਨ ਸਿੰਘ ਬੁੱਟਰ, ਗੁਰਬਖਸ਼ ਸਿੰਘ ਮਨਜੀਤ ਬੱਧਨੀਂ, ਸਹੋਣ ਸਿੰਘ ਆਦਿ ਹਾਜ਼ਰ ਸਨ।

ਸਟੀਫਨ ਇੰਟਰਨੈਸ਼ਨਲ ਸਕੂਲ 'ਚ ਕ੍ਰਿਕਟ ਮੁਕਾਬਲੇ ਕਰਵਾਏ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫਨ ਇੰਟਰਨੈਸ਼ਨਲ ਸਕੂਲ ਸੰਗਰੂਰ ਵਿੱਚ ਬਹੁਤ ਉਤਸ਼ਾਹ ਤੇ ਜੋਸ਼ ਨਾਲ ਇੰਟਰ-ਹਾਊਸ ਕ੍ਰਿਕਟ ਟੂਰਨਾਮੈਂਟ-2026 ਦਾ ਆਯੋਜਨ ਕੀਤਾ ਗਿਆ। ਟੂਰਨਾਮੈਂਟ ਵਿੱਚ ਬ੍ਰੇਵਰੀ ਹਾਊਸ, ਵਿਜ਼ਡਮ ਹਾਊਸ, ਹੋਨੈਸਟੀ ਹਾਊਸ ਤੇ ਵਿਕਟਰੀ ਹਾਊਸ ਵਿਚਕਾਰ ਰੋਮਾਂਚਕ ਮੁਕਾਬਲੇ ਕਰਵਾਏ ਗਏ।ਸਾਰੇ ਵਿਦਿਆਰਥੀਆਂ ਨੇ ਪੂਰੇ ਜੋਸ਼ ਤੇ ਖੇਡ ਭਾਵਨਾ ਨਾਲ ਭਾਗ ਲਿਆ, ਜਿਸ ਨਾਲ ਇਹ ਪ੍ਰੋਗਰਾਮ ਯਾਦਗਾਰ ਬਣ ਗਿਆ।ਫਾਈਨਲ ਮੁਕਾਬਲਾ ਹੋਨੈਸਟੀ ਹਾਊਸ ਤੇ ਬ੍ਰੇਵਰੀ ਹਾਊਸ ਵਿਚਕਾਰ ਖੇਡਿਆ ਗਿਆ, ਜਿਸ ਵਿੱਚ ਹੋਨੈਸਟੀ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਿੱਤ ਹਾਸਲ ਕੀਤੀ ਤੇ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਪ੍ਰਬੰਧਨ, ਡਾਇਰੈਕਟਰ ਤੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਸਾਰੀਆਂ ਟੀਮਾਂ ਨੂੰ ਵਧਾਈ ਦਿੱਤੀ ਤੇ ਜੇਤੂ ਟੀਮ ਹੋਨੈਸਟੀ ਹਾਊਸ ਦੀ ਖਾਸ ਸ਼ਲਾਘਾ ਕਰਦੇ ਹੋਏ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹੋਰ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਪਰੰਤ ਖੁਸ਼ੀ, ਜੋਸ਼ ਤੇ ਕ੍ਰਿਕਟ ਦੇ ਯਾਦਗਾਰ ਪਲਾਂ ਨਾਲ ਇਹ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ।

ਵਿਸ਼ਵ ਵਾਤਾਵਰਣ ਦਿਵਸ ਮੌਕੇ ਯੂਥ ਕਲੱਬਜ਼ ਨੇ ਲਗਾਏ ਪੌਦੇ

ਮਾਨਸਾ (ਆਤਮਾ ਸਿੰਘ ਪਮਾਰ)-ਵਿਸ਼ਵ ਵਾਤਾਵਰਣ ਦਿਵਸ ਮੌਕੇ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਵੱਲੋਂ ਵਾਤਾਵਰਣ ਸੰਭਾਲ ਤੇ ਹਰਿਆਵਲੀ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਬੂਟੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰਾਂ, ਮੈਂਬਰਾਂ ਤੇ ਸਮਾਜ ਸੇਵੀਆਂ ਵੱਲੋਂ ਵੱਡੀ ਗਿਣਤੀ 'ਚ ਹਿੱਸਾ ਲੈ ਕੇ ਵੱਖ-ਵੱਖ ਕਿਸਮ ਦੇ ਛਾਂਦਾਰ ਤੇ ਫਲਦਾਰ ਬੂਟੇ ਲਗਾਏ ਤੇ ਉਨ੍ਹਾਂ ਦੀ ਸਾਂਭ ਸੰਭਾਲ ਕਰਨ ਦਾ ਸੰਕਲਪ ਵੀ ਲਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਰਜਿੰਦਰ ਵਰਮਾ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਵੱਧ ਰਹੇ ਪ੍ਰਦੂਸ਼ਣ, ਜੰਗਲਾਂ ਦੀ ਕਟਾਈ ਤੇ ਪਲਾਸਟਿਕ ਦਾ ਬੇਤਹਾਸ਼ਾ ਇਸਤੇਮਾਲ ਹੋਣ ਕਾਰਨ ਧਰਤੀ ਦਾ ਸੰਤੁਲਨ ਲਗਾਤਾਰ ਵਿਗੜ ਰਿਹਾ ਹੈ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਜੀਵਨ 'ਚ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ ਤੇ ਉਸ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਲਵੇ।ਇਸ ਮੌਕੇ ਹਾਜ਼ਰੀਨ ਵੱਲੋਂ ਵਾਤਾਵਰਣ ਦੀ ਰੱਖਿਆ, ਵੱਧ ਤੋਂ ਵੱਧ ਬੂਟੇ ਲਗਾਉਣ ਤੇ ਪਲਾਸਟਿਕ ਦੀ ਵਰਤੋਂ ਨਾ ਕਰਨ ਦਾ ਪ੍ਰਣ ਵੀ ਲਿਆ।ਇਸ ਮੌਕੇ ਹਰਪ੍ਰੀਤ ਕੌਰ, ਜਸਵੀਰ ਕੌਰ, ਕੁਲਵਿੰਦਰ ਕੌਰ, ਰਿੰਕੂ ਸ਼ਰਮਾ, ਵੀਰਪਾਲ ਕੌਰ ਰਿੰਕੂ ਰਾਣੀ ਤੇ ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

ਸਰਕਾਰ ਐਲਾਨਾਂ ਤੇ ਪੁਲਸ ਤਸ਼ੱਦਦ ਦੀ ਬਜਾਏ ਮੁਲਾਜ਼ਮਾਂ ਦੇ ਮਸਲੇ ਹੱਲ ਕਰੇ : ਗਰਗ

ਭਵਾਨੀਗੜ੍ਹ (ਰਾਜ ਖੁਰਮੀ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਤੇ ਸਾਬਕਾ ਮੁੱਖ ਸੰਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ ਨੇ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਤੇ ਬੇਰੁਜ਼ਗਾਰ ਨੌਜਵਾਨਾਂ ਦੇ ਮਸਲੇ ਹੱਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਐਲਾਨਾਂ ਤੇ ਪੁਲਸ ਤਸ਼ੱਦਦ ਰਾਹੀਂ ਹੀ ਸੂਬੇ ਦਾ ਪ੍ਰਬੰਧ ਚਲਾ ਰਹੀ ਹੈ।ਬੀਤੇ ਦਿਨ ਪਾਵਰਕਾਮ ਦੇ ਮੁੱਖ ਦਫ਼ਤਰ ਸਾਹਮਣੇ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਅਪ੍ਰੈਂਟਿਸ ਲਾਈਨਮੈਨਾਂ ਉੱਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਨਿੰਦਾ ਕਰਦਿਆਂ ਗਰਗ ਨੇ ਕਿਹਾ ਕਿ ਸ਼ਾਂਤਮਈ ਧਰਨੇ ਉੱਤੇ ਕੀਤਾ ਗਿਆ ਇਹ ਕਥਿਤ ਤਸ਼ੱਦਦ ਲੋਕਤੰਤਰਕ ਕਦਰਾਂ-ਕੀਮਤਾਂ ਦੇ ਉਲਟ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਲੋਕਾਂ ਨੂੰ ਇਤਿਹਾਸ ਦੇ ਕਠੋਰ ਦੌਰਾਂ ਦੀ ਯਾਦ ਦਿਵਾ ਦਿੱਤੀ ਹੈ ਤੇ ਸਰਕਾਰ ਦਾ ਇਹ ਰਵੱਈਆ ਮਨੁੱਖੀ ਅਧਿਕਾਰਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਗਰਗ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਇਸ ਮਾਮਲੇ ਦਾ ਸੂ ਮੋਟੋ ਨੋਟਿਸ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ ਤੇ ਪ੍ਰਭਾਵਿਤ ਨੌਜਵਾਨਾਂ ਨੂੰ ਇਨਸਾਫ਼ ਦਿੱਤਾ ਜਾਵੇ।

ਸੇਖੋਂ ਨੇ ਕੋਚਿੰਗ ਸੈਂਟਰ 'ਚ ਖਿਡਾਰਨਾਂ ਨੂੰ ਕਿੱਟਾਂ ਵੰਡੀਆਂ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜ਼ੈਂਡਰ ਡਿਸੂਜ਼ਾ)-ਜ਼ਿਲ੍ਹਾ ਪ੍ਰਸ਼ਾਸਨ ਤੇ ਪ੍ਰੋਗਰਾਮ ਦਫਤਰ ਫਰੀਦਕੋਟ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਅਭਿਆਨ ਤਹਿਤ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਖੇਡ ਵਿਭਾਗ ਫਰੀਦਕੋਟ ਦੇ ਕੋਚਿੰਗ ਸੈਂਟਰ ਦੀਆਂ ਖਿਡਾਰਨਾਂ ਨੂੰ ਖੇਡ ਕਿੱਟਾਂ ਵੰਡਣ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਸ੍ਰ. ਸੇਖੋਂ ਨੇ ਕਿਹਾ ਕਿ ਬੇਟੀਆਂ ਨੂੰ ਖੇਡਾਂ ਤੇ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਾਉਣ ਲਈ ਅਜਿਹੇ ਉਪਰਾਲੇ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਖੇਡਾਂ ਨਾਲ ਬੱਚਿਆਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਹੁੰਦਾ ਹੈ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਹੁੰਦਾ ਹੈ।ਉਨ੍ਹਾਂ ਵਿਦਿਆਰਥਣਾਂ ਨੂੰ ਖੇਡਾਂ ਤੇ ਪੜ੍ਹਾਈ ਵਿੱਚ ਮਿਹਨਤ ਕਰਕੇ ਆਪਣਾ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਅਮਨਦੀਪ ਸਿੰਘ ਬਾਬਾ, ਜ਼ਿਲ੍ਹਾ ਖੇਡ ਅਫਸਰ ਬਲਵਿੰਦਰ ਸਿੰਘ, ਅਮਰਜੀਤ ਸਿੰਘ ਪਰਮਾਰ, ਸਿੱਖਿਆ ਵਿਭਾਗ ਦੇ ਅਧਿਕਾਰੀ, ਕੋਚ, ਅਧਿਆਪਕ ਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।

ਬੀ ਕੇ ਯੂ ਏਕਤਾ ਉਗਰਾਹਾਂ ਨੇ ਸਰਕਾਰ ਦਾ ਪੁਤਲਾ ਫੂਕਿਆ



ਦਿੜ੍ਹਬਾ (ਜਸਵੀਰ ਲਾਡੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਬੋਲਦਿਆਂ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਪਟਿਆਲਾ ਵਿਖੇ ਬੇਰੁਜ਼ਗਾਰ ਸਹਾਇਕ ਲਾਈਨਮੈਨਾਂ 'ਤੇ ਪੰਜਾਬ ਸਰਕਾਰ ਵੱਲੋਂ ਅੰਨ੍ਹਾ ਤਸ਼ੱਦਦ ਕੀਤਾ ਗਿਆ ਹੈ, ਦੇ ਵਿਰੋਧ ਵਿੱਚ ਅੱਜ ਪੂਰੇ ਪੰਜਾਬ ਵਿੱਚ ਸਰਕਾਰ ਦੇ ਪੁਤਲੇ ਫੂਕੇ ਗਏ, ਕਿਉਂਕਿ ਸਰਕਾਰ ਬਣਾਉਣ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਝੂਠੇ ਵਾਅਦੇ ਕਰਦਾ ਸੀ। ਸੱਤਾ ਵਿੱਚ ਆਉਣ ਤੋਂ ਬਾਅਦ ਆਪਣੇ ਵਾਅਦਿਆਂ ਦੇ ਉਲਟ ਜਾ ਕੇ ਹਰ ਰੋਜ਼ ਸੰਘਰਸ਼ ਕਰਦੇ ਲੋਕਾਂ ਤੇ ਪੰਜਾਬ ਦੀ ਪੁਲਸ ਵੱਲੋਂ ਲਾਠੀਚਾਰਜ ਕੀਤਾ ਜਾਂਦਾ ਹੈ, ਜਿਸ ਨੂੰ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ। ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਵੋਟਾਂ ਵਿੱਚ ਲੀਡਰਾਂ ਨੂੰ ਚੌਕਾਂ ਵਿੱਚ ਘੇਰ ਕੇ ਇਨ੍ਹਾਂ ਸਾਰੀਆਂ ਗੱਲਾਂ ਦੇ ਜਵਾਬ ਪੁੱਛਣਗੇ। ਅੱਜ ਪੂਰੇ ਪੰਜਾਬ ਦੇ ਨੌਜਵਾਨਾਂ ਵਿੱਚ ਬੇਚੈਨੀ ਦਾ ਮਾਹੌਲ ਬਣਿਆ ਹੋਇਆ ਹੈ, ਠੇਕਾ ਸਿਸਟਮ 'ਤੇ ਕੰਮ ਕਰਦੇ ਮੁਲਾਜ਼ਮਾਂ ਦੀ ਠੇਕੇਦਾਰਾਂ ਵੱਲੋਂ ਅੰਨ੍ਹੀਂ ਲੁੱਟ ਕੀਤੀ ਜਾਂਦੀ ਹੈ, ਪੰਜਾਬ ਸਰਕਾਰ ਨੂੰ ਠੇਕੇਦਾਰੀ ਸਿਸਟਮ ਖਤਮ ਕਰਕੇ ਸਾਰੇ ਮਹਿਕਮਿਆਂ ਵਿੱਚ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨਾ ਚਾਹੀਦਾ ਹੈ। ਇਸ ਮੌਕੇ ਹੱਕ 'ਚ ਹਾਜ਼ਰ ਬਲਾਕ ਖਜ਼ਾਨਚੀ ਜਗਦੀਪ ਸਿੰਘ, ਮਹਿਲਾ ਇਕਾਈ ਪ੍ਰਧਾਨ ਜਗਜੀਤ ਸਿੰਘ ਸੇਖੋਂ, ਗੁਰਸੇਵਕ ਸਿੰਘ ਸੋਹੀ, ਕੁਲਦੀਪ ਸਿੰਘ ਮਾਨ, ਗੁਰਜੰਟ ਸਿੰਘ ਖਰਾ, ਧਰਮ ਸਿੰਘ ਖਰਾ, ਭੋਲਾ ਸਿੰਘ ਖਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

ਐੱਚ ਐੱਮ ਈ ਐੱਲ ਨੇ ਪੌਦੇ ਲਗਾ ਕੇ ਦਿੱਤਾ ਜਲਵਾਯੂ ਸੁਰੱਖਿਆ ਦਾ ਸੰਦੇਸ਼

ਰੀਯੂਜ਼ੇਬਲ ਬੈਗ ਵੰਡੇ, ਵਾਤਾਵਰਣ ਜਾਗਰੂਕਤਾ ਲਈ ਸਲੋਗਨ ਤੇ ਕੁਇੱਜ਼ ਮੁਕਾਬਲੇ ਕਰਵਾਏ

ਤਲਵੰਡੀ ਸਾਬੋ (ਜਗਦੀਪ ਗਿੱਲ)

ਵਾਤਾਵਰਣ ਸੰਭਾਲ ਤੇ ਟਿਕਾਊ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਐੱਚ ਐੱਮ ਈ ਐੱਲ ਨੇ ਵਿਸ਼ਵ ਵਾਤਾਵਰਣ ਦਿਵਸ 2026 ਨੂੰ ਆਪਣੇ ਸਾਰੇ ਕਾਰੋਬਾਰੀ ਸਥਾਨਾਂ, ਰਿਫ਼ਾਇਨਰੀ ਕੰਪਲੈਕਸ, ਟਾਊਨਸ਼ਿਪ ਤੇ ਆਸ-ਪਾਸ ਦੇ ਪਿੰਡਾਂ ਵਿੱਚ ਬੜੇ ਉਤਸ਼ਾਹ ਤੇ ਭਾਗੀਦਾਰੀ ਨਾਲ ਮਨਾਇਆ।ਇਸ ਮੌਕੇ ਕਰਮਚਾਰੀਆਂ, ਵਰਕਰਾਂ, ਸੀਨੀਅਰ ਪ੍ਰਬੰਧਨ ਤੇ ਸਥਾਨਕ ਭਾਈਚਾਰੇ ਨੇ ਮਿਲ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ।ਵਿਸ਼ਵ ਵਾਤਾਵਰਣ ਦਿਵਸ ਦੀ ਥੀਮ 'ਕਲਾਈਮੇਟ ਐਕਸ਼ਨ-ਐਕਟ ਟੂਡੇ ਫਾਰ ਅ ਬੈਟਰ ਟੁਮਾਰੋ' ਅਨੁਸਾਰ ਆਯੋਜਿਤ ਪ੍ਰੋਗਰਾਮਾਂ ਦਾ ਉਦੇਸ਼ ਵਾਤਾਵਰਣ ਸੰਬੰਧੀ ਜਾਗਰੂਕਤਾ ਵਧਾਉਣਾ, ਹਰਿਆਲੀ ਨੂੰ ਮਜ਼ਬੂਤ ਕਰਨਾ ਤੇ ਲੋਕਾਂ ਨੂੰ ਟਿਕਾਊ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।ਪ੍ਰੋਗਰਾਮ ਦੀਆਂ ਮੁੱਖ ਗਤੀਵਿਧੀਆਂ ਵਿੱਚ ਵਿਸ਼ਾਲ ਰੁੱਖ ਲਗਾਉਣ ਦੀ ਮੁਹਿੰਮ ਸ਼ਾਮਲ ਰਹੀ।ਐੱਚ ਐੱਮ ਈ ਐੱਲ ਦੇ ਮੁੱਖ ਸੰਚਾਲਨ ਅਧਿਕਾਰੀ (ਸੀਓਓ) ਸ੍ਰੀ ਐੱਮ. ਬੀ. ਗੋਹਿਲ ਨੇ ਸੀਨੀਅਰ ਪ੍ਰਬੰਧਨ ਟੀਮ ਨਾਲ ਮਿਲ ਕੇ ਰਿਫ਼ਾਇਨਰੀ ਦੇ ਵੱਖ-ਵੱਖ ਖੇਤਰਾਂ ਵਿੱਚ ਪੌਦੇ ਲਗਾ ਕੇ ਮੁਹਿੰਮ ਦੀ ਅਗਵਾਈ ਕੀਤੀ।ਕਰਮਚਾਰੀਆਂ ਤੇ ਠੇਕੇਦਾਰ ਕਰਮਚਾਰੀਆਂ ਨੇ ਵੀ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਰਸਾਈ। ਇਸ ਦੌਰਾਨ ਰਿਫ਼ਾਇਨਰੀ ਤੇ ਪੈਟਕੈਮ ਕੰਪਲੈਕਸ ਵਿੱਚ 200, ਈਥਨੋਲ ਪਲਾਂਟ ਵਿੱਚ 100, ਟਾਊਨਸ਼ਿਪ ਵਿੱਚ 100 ਤੇ ਪਾਈਪਲਾਈਨ ਖੇਤਰ ਸਮੇਤ ਹੋਰ ਕਾਰੋਬਾਰੀ ਸਥਾਨਾਂ 'ਤੇ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਸ੍ਰੀ ਐੱਮ. ਬੀ. ਗੋਹਿਲ ਨੇ ਕਿਹਾ ਕਿ ਵਾਤਾਵਰਣ ਸੰਭਾਲ ਸਿਰਫ਼ ਇੱਕ ਦਿਨ ਦਾ ਅਭਿਆਨ ਨਹੀਂ, ਸਗੋਂ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਰਮਚਾਰੀਆਂ ਤੇ ਸਮਾਜ ਦੇ ਲੋਕਾਂ ਨੂੰ ਕੁਦਰਤੀ ਸਰੋਤਾਂ ਦੀ ਸੰਭਾਲ, ਰੁੱਖ ਲਗਾਉਣ ਤੇ ਟਿਕਾਊ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਲਈ ਐੱਚਐੱਮਈਐੱਲ ਦੀ ਵਾਤਾਵਰਣ ਟੀਮ ਵੱਲੋਂ ਸਲੋਗਨ ਮੁਕਾਬਲੇ ਤੇ ਵਾਤਾਵਰਣ ਕੁਇੱਜ਼ ਮੁਕਾਬਲੇ ਕਰਵਾਏ ਗਏ।ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਹਿਯੋਗ ਨਾਲ ਕਰਮਚਾਰੀਆਂ ਵਿੱਚ ਦੁਬਾਰਾ ਵਰਤੋਂਯੋਗ ਕੱਪੜੇ ਦੇ ਬੈਗ (ਰੀਯੂਜ਼ੇਬਲ ਬੈਗ) ਵੰਡੇ।

ਬੇਰੁਜ਼ਗਾਰ ਲਾਇਨਮੈਨਾਂ 'ਤੇ ਬੇਤਹਾਸ਼ਾ ਲਾਠੀਚਾਰਜ ਲੋਕਤੰਤਰ ਦਾ ਘਾਣ : ਗੋਇਲ

ਮਾਨਸਾ (ਆਤਮਾ ਸਿੰਘ ਪਮਾਰ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਵਿੱਤ ਸਕੱਤਰ ਰਾਕੇਸ਼ ਕੁਮਾਰ ਮਹਿਤਾ ਤੇ ਸਰਪ੍ਰਸਤ ਸੁਰਜੀਤ ਸਿੰਘ ਨੇ ਪਾਵਰਕਾਮ ਦਫ਼ਤਰ ਪਟਿਆਲਾ ਅੱਗੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਕੀਤੇ ਵਹਿਸ਼ੀਆਨਾ ਪੁਲਸ ਤਸ਼ੱਦਦ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।ਇੱਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੱਕ ਮੰਗਦੇ ਤੇ ਸ਼ਾਂਤਮਈ ਧਰਨਾ ਦੇ ਰਹੇ ਬੇਰੁਜ਼ਗਾਰ ਲਾਇਨਮੈਨਾਂ 'ਤੇ ਕੀਤਾ ਗਿਆ ਬੇਤਹਾਸ਼ਾ ਲਾਠੀਚਾਰਜ ਲੋਕਤੰਤਰ ਦਾ ਘਾਣ ਹੈ, ਚੋਣਾਂ ਸਮੇਂ ਘਰ ਘਰ ਰੋਜ਼ਗਾਰ, ਸਿੱਖਿਆ ਤੇ ਸਿਹਤ ਸੇਵਾਵਾਂ ਪਹੁੰਚਾਉਣ ਦੇ ਕੀਤੇ ਵਾਅਦਿਆਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਬੇਰੁਜ਼ਗਾਰਾਂ ਤੋਂ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਬੁਨਿਆਦੀ ਤੇ ਜਮਹੂਰੀ ਹੱਕ ਵੀ ਖੋਹਿਆ ਜਾ ਰਿਹਾ ਹੈ।

ਝਾੜ ਸਾਹਿਬ ਕਾਲਜ ਦਾ ਬੀ ਏ ਦਾ ਨਤੀਜਾ ਸ਼ਾਨਦਾਰ

ਸਮਰਾਲਾ (ਸੁਰਜੀਤ ਸਿੰਘ)-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ. ਏ. ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ।ਬੀ ਏ ਸਮੈਸਟਰ ਪਹਿਲਾ ਦੀ ਵਿਦਿਆਰਥਣ ਅਮਨਦੀਪ ਕੌਰ, ਰੂਪਰੀਤ ਕੌਰ ਤੇ ਸੰਦੀਪ ਕੌਰ ਨੇ 8.29 ਸੀ.ਜ਼ੀ.ਪੀ. ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ, ਰਮਨਦੀਪ ਕੌਰ ਨੇ 8.21 ਸੀ.ਜੀ.ਪੀ ਹਾਸਲ ਕਰਕੇ ਦੂਜਾ ਤੇ ਗੁਰਪ੍ਰੀਤ ਕੌਰ ਨੇ 8.17 ਸੀ.ਜ਼ੀ.ਪੀ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ ਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ, ਇਸ ਲਈ ਸਮੇਂ-ਸਮੇਂ 'ਤੇ ਵਿਦਿਆਰਥਣਾਂ ਲਈ ਸ਼ਖ਼ਸੀਅਤ ਉਸਾਰੂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ।ਕਾਲਜ ਵਿਖੇ ਮੈਡੀਕਲ, ਨਾਨ-ਮੈਡੀਕਲ, ਕਾਮਰਸ, ਆਰਟਸ, ਬੀ.ਸੀ.ਏ, ਬੀ ਕਾਮ, ਬੀ.ਐੱਸ.ਸੀ.ਐੱਫ.ਡੀ, ਪੀ ਜੀ ਡੀ ਸੀ ਏ, ਪੀ ਜੀ ਡੀ ਐੱਫ ਡੀ, ਐੱਮ.ਏ (ਪੰਜਾਬੀ), ਐੱਮ ਐੱਸ ਸੀ (ਆਈ ਟੀ) ਕੋਰਸ ਸਫਲਤਾ ਪੂਰਵਕ ਚੱਲ ਰਹੇ ਹਨ।

ਸਪੁੱਤਰ ਦੀ ਯਾਦ 'ਚ ਸਮਾਜ ਸੇਵਾ ਸੁਸਾਇਟੀ ਨੂੰ ਐਂਬੂਲੈਂਸ ਭੇਟ

ਮੋਗਾ (ਇਕਬਾਲ ਸਿੰਘ ਖਹਿਰਾ)-ਪਿਛਲੇ 25 ਸਾਲਾਂ ਤੋਂ ਮਨੁੱਖਤਾ ਦੀ ਨਿਸ਼ਕਾਮ ਸੇਵਾ ਲਈ ਸਮਰਪਤ ਸਮਾਜ ਸੇਵਾ ਸੁਸਾਇਟੀ ਮੋਗਾ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਸੇਵਾਵਾਂ ਨੂੰ ਇਲਾਕੇ ਦੀਆਂ ਸੰਗਤਾਂ ਵੱਲੋਂ ਹਮੇਸ਼ਾ ਤਨ, ਮਨ ਤੇ ਧਨ ਨਾਲ ਭਰਪੂਰ ਸਹਿਯੋਗ ਦਿੱਤਾ ਜਾਂਦਾ ਰਿਹਾ ਹੈ।ਇਸੇ ਸਹਿਯੋਗ ਤੇ ਵਿਸ਼ਵਾਸ ਦੀ ਬਦੌਲਤ ਸੁਸਾਇਟੀ ਅੱਜ ਵੀ ਦਿਨ-ਰਾਤ ਲੋੜਵੰਦ ਲੋਕਾਂ ਦੀ ਸੇਵਾ ਵਿੱਚ ਜੁਟੀ ਹੋਈ ਹੈ।ਸੁਸਾਇਟੀ ਵੱਲੋਂ ਚਲਾਈਆਂ ਜਾ ਰਹੀਆਂ ਐਮਰਜੈਂਸੀ ਸੇਵਾਵਾਂ ਤਹਿਤ ਪਹਿਲਾਂ ਹੀ ਤਿੰਨ ਐਮਰਜੈਂਸੀ ਗੱਡੀਆਂ ਲੋਕਾਂ ਦੀ ਸੇਵਾ ਕਰ ਰਹੀਆਂ ਹਨ।ਇਸ ਲੜੀ ਨੂੰ ਹੋਰ ਮਜ਼ਬੂਤ ਕਰਦਿਆਂ ਮਨਜੀਤ ਸਿੰਘ ਧੰਮੂ ਦੇ ਸਹਿਯੋਗ ਨਾਲ ਗੁਰਦੀਪ ਸਿੰਘ ਦੀਪਾ ਵੱਲੋਂ ਆਪਣੇ ਸਪੁੱਤਰ ਦੀ ਯਾਦ ਵਿੱਚ ਸਮਾਜ ਸੇਵਾ ਸੁਸਾਇਟੀ ਨੂੰ ਇੱਕ ਨਵੀਂ ਐਂਬੂਲੈਂਸ ਭੇਟ ਕੀਤੀ ਗਈ।ਲੋੜੀਂਦੇ ਪ੍ਰਬੰਧ ਪੂਰੇ ਹੋਣ ਉਪਰੰਤ ਇਹ ਗੱਡੀ ਹੁਣ ਪੂਰੀ ਤਰ੍ਹਾਂ ਲੋੜਵੰਦਾਂ ਦੀ ਸੇਵਾ ਲਈ ਤਿਆਰ ਹੈ, ਜਿਸ ਨੂੰ ਗੁਰਦੁਆਰਾ ਵਿਸ਼ਵਕਰਮਾ ਭਵਨ ਤੋਂ ਇੱਕ ਸਮਾਗਮ ਦੌਰਾਨ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣਾ ਵਾਲਿਆਂ ਵੱਲੋਂ ਝੰਡੀ ਦੇ ਕੇ ਰਵਾਨਾ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਬਾਬਾ ਹਰਮੇਲ ਸਿੰਘ ਡਾਲੇ ਕੁਟੀਆ ਵਾਲੇ, ਸਮਾਜ ਸੇਵਾ ਸੋਸਾਇਟੀ ਦੇ ਪ੍ਰਧਾਨ ਸੇਵਕ ਸਿੰਘ ਸਨਿਆਸੀ, ਗੁਰਦੀਪ ਸਿੰਘ ਦੀਪਾ, ਮਨਜੀਤ ਸਿੰਘ ਧੰਮੂ ਐੱਮ ਸੀ, ਸਾਬਕਾ ਮੇਅਰ ਬਲਜੀਤ ਸਿੰਘ ਚਾਨੀ ਤੋਂ ਇਲਾਵਾ ਸਮੁੱਚੇ ਮੈਂਬਰ ਮੌਜੂਦ ਸਨ।ਇਸ ਮੌਕੇ ਸੰਤ ਮਹਾਂਪੁਰਸ਼ਾਂ ਨੇ ਸਮਾਜ ਸੇਵਾ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਤੇ ਅਜਿਹੀਆਂ ਸੰਸਥਾਵਾਂ ਸਮਾਜ ਲਈ ਪ੍ਰੇਰਣਾ ਸਰੋਤ ਹੁੰਦੀਆਂ ਹਨ।ਇਸ ਮੌਕੇ ਬਾਬਾ ਵਿਸ਼ਵਕਰਮਾ ਭਵਨ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਸਟੇਜ ਸਕੱਤਰ ਗੁਰਪ੍ਰੀਤਮ ਸਿੰਘ ਚੀਮਾ, ਮੀਤ ਪ੍ਰਧਾਨ ਪਰਮਜੀਤ ਸਿੰਘ ਮੁੰਡੇ, ਜਨਰਲ ਸਕੱਤਰ ਗੁਰਦੀਪ ਸਿੰਘ ਦੀਪਾ, ਕੈਸ਼ੀਅਰ ਬਲਜੀਤ ਸਿੰਘ ਚਾਨੀ, ਸਹਾਇਕ ਕੈਸ਼ੀਅਰ ਡਾ. ਰਵੀ ਨੰਦਨ ਸ਼ਰਮਾ, ਸੀਨੀਅਰ ਮੈਂਬਰ ਸੱਤਪਾਲ ਸਿੰਘ ਕੰਡਾ, ਪ੍ਰਧਾਨ ਮੱਖਣ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਸਮਾਜ ਸੇਵੀ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

ਤਰਕਸ਼ੀਲ ਸੁਸਾਇਟੀ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ 'ਤੇ ਜਬਰ ਦੀ ਸਖ਼ਤ ਨਿੰਦਾ

ਦੋਸ਼ੀ ਪੁਲਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ

ਪਟਿਆਲਾ (ਰਾਜਿੰਦਰ ਥਿੰਦ)-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਜਮਹੂਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰਦੇ ਬੇਰੁਜ਼ਗਾਰ ਲਾਇਨਮੈਨਾਂ 'ਤੇ ਹੋਏ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਅਣਮਨੁੱਖੀ ਜਬਰ ਲਈ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਸੁਸਾਇਟੀ ਨੇ ਦਾਣਾ ਮੰਡੀ ਸੁਨਾਮ ਵਿਖੇ ਸੇਵਾ ਕੇਂਦਰ ਦੇ ਕੱਚੇ ਮੁਲਾਜ਼ਮਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਰੋਸ ਰੈਲੀ ਨਾ ਕਰਨ ਦੇਣ ਤੇ ਧੱਕੇ ਨਾਲ ਗ੍ਰਿਫਤਾਰ ਕਰਨ ਦੀ ਵੀ ਸਖ਼ਤ ਆਲੋਚਨਾ ਕੀਤੀ ਹੈ।ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੁਸਾਇਟੀ ਦੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਤੇ ਸੂਬਾ ਕਮੇਟੀ ਆਗੂਆਂ ਹੇਮ ਰਾਜ ਸਟੈਨੋਂ, ਰਾਜਪਾਲ ਬਠਿੰਡਾ, ਰਾਮ ਸਵਰਨ ਲੱਖੇਵਾਲੀ ਤੇ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਤੇ ਵੱਖ ਵੱਖ ਵਿਭਾਗਾਂ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਦੀ ਰੈਗੂਲਰ ਭਰਤੀ ਕਰਨੀ ਪੰਜਾਬ ਤੇ ਕੇਂਦਰ ਸਰਕਾਰਾਂ ਦਾ ਸੰਵਿਧਾਨਕ ਫਰਜ਼ ਹੈ, ਪਰ ਪੰਜਾਬ ਸਰਕਾਰ ਪੰਜਾਬ ਦੇ ਬੇਰੁਜ਼ਗਾਰ ਨੌਜਵਾਨਾਂ, ਮੁਲਾਜ਼ਮਾਂ, ਅਧਿਆਪਕਾਂ ਤੇ ਪੈਨਸ਼ਨਰਾਂ ਦੀ ਪੁਰਾਣੀ ਪੈਨਸ਼ਨ ਬਹਾਲੀ, ਰੈਗੂਲਰ ਭਰਤੀ ਕਰਨ, ਨਵੀਂ ਸਿੱਖਿਆ ਨੀਤੀ 2020 ਰੱਦ ਕਰਨ ਤੇ ਡੀ ਏ ਸਮੇਤ ਹੋਰ ਬਕਾਏ ਜਾਰੀ ਕਰਨ ਸਮੇਤ ਲੰਬੇ ਸਮੇਂ ਤੋਂ ਹੋਰ ਲੰਬਿਤ ਹੱਕੀ ਮੰਗਾਂ ਮੰਨਣ ਦੀ ਬਜਾਏ ਉਨ੍ਹਾਂ ਉੱਤੇ ਜਬਰ ਕਰਕੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ, ਪਰ ਇਹ ਆਪਣੇ ਲੋਕ ਵਿਰੋਧੀ ਮਨਸੂਬਿਆਂ ਵਿੱਚ ਕਦੇ ਵੀ ਸਫ਼ਲ ਨਹੀਂ ਹੋਵੇਗੀ।ਇਸ ਮੌਕੇ ਪਟਿਆਲਾ ਜ਼ੋਨ ਦੇ ਤਰਕਸ਼ੀਲ ਆਗੂਆਂ ਮੈਡਮ ਕੁਲਵੰਤ ਕੌਰ, ਰਾਮ ਸਿੰਘ ਬੰਗ ਤੇ ਰਾਮ ਕੁਮਾਰ ਨੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਅਣਮਨੁੱਖੀ ਜਬਰ ਕਰਨ ਵਾਲੇ ਡੀਐੱਸਪੀ ਸਮੇਤ ਸਾਰੇ ਪੁਲਸ ਅਧਿਕਾਰੀਆਂ ਤੇ ਮੁਲਾਜ਼ਮਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।

ਲਾਈਨਮੈਨਾਂ 'ਤੇ ਪੁਲਸ ਤਸ਼ੱਦਦ ਦੀ ਟੀ ਐੱਸ ਯੂ ਵੱਲੋਂ ਨਿੰਦਾ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਟੈਕਨੀਕਲ ਸਰਵਿਸਜ਼ ਯੂਨੀਅਨ ਸਬ ਡਵੀਜ਼ਨ ਦੋਦਾ ਦੇ ਸਮੂਹ ਆਗੂਆਂ ਨੇ ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਕਿਹਾ ਕਿ 2600 ਅਪ੍ਰੈਂਟਿਸ ਲਾਈਨਮੈਨ ਯੂਨੀਅਨ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਹੈੱਡ ਆਫਿਸ ਦੇ ਬਾਹਰ ਸ਼ਾਂਤਮਈ ਪ੍ਰਦਰਸ਼ਨ ਦੌਰਾਨ ਪਟਿਆਲਾ ਪੁਲਸ ਨੇ ਜਬਰ ਜ਼ੁਲਮ ਦੀਆਂ ਹੱਦਾਂ ਪਾਰ ਕਰਦੇ ਹੋਏ ਲਾਠੀਚਾਰਜ ਕੀਤਾ, ਜਿਸ ਦੀ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ।ਉਨ੍ਹਾ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਸੰਘਰਸ਼ ਕਰ ਰਹੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਜਲਦ ਮੰਨੀਆਂ ਜਾਣ ਤੇ ਜਿਹੜੇ ਪੁਲਸ ਮੁਲਾਜ਼ਮਾਂ ਨੇ ਕਾਨੂੰਨ ਹੱਥ ਵਿੱਚ ਲੈ ਕੇ ਸੰਘਰਸ਼ ਕਰ ਰਹੇ ਮੁਲਾਜ਼ਮਾਂ 'ਤੇ ਤਸ਼ੱਦਦ ਕੀਤਾ ਹੈ, ਉਨ੍ਹਾਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ।ਉਕਤ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੇ ਸੰਘਰਸ਼ੀ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਟੈਕਨੀਕਲ ਸਰਵਿਸਜ਼ ਯੂਨੀਅਨ ਉਨ੍ਹਾਂ ਦਾ ਸੰਘਰਸ਼ ਵਿੱਚ ਡੱਟ ਕੇ ਸਾਥ ਦੇਵੇਗੀ।ਇਸ ਮੌਕੇ ਡਵੀਜ਼ਨ ਪ੍ਰਧਾਨ ਦਲਜੀਤ ਸਿੰਘ, ਬਲਤੇਜ ਸਿੰਘ, ਧਰਮਿੰਦਰ ਸਿੰਘ, ਮਨਜਿੰਦਰ ਸਿੰਘ, ਗੁਰਮੇਲ ਸਿੰਘ, ਰੁਪਿੰਦਰ ਸਿੰਘ ਤੇ ਸੁਖਮੰਦਰ ਸਿੰਘ ਆਦਿ ਹਾਜ਼ਰ ਸਨ।

ਰੁਜ਼ਗਾਰ ਦੀ ਮੰਗ ਨੂੰ ਲਾਠੀ ਦੇ ਜ਼ੋਰ ਨਾਲ ਦਬਾਉਣਾ ਨਿੰਦਣਯੋਗ : ਅਰਵਿੰਦ ਖੰਨਾ

ਭਵਾਨੀਗੜ੍ਹ (ਰਾਜ ਖੁਰਮੀ)-ਪਟਿਆਲਾ ਵਿਖੇ ਆਪਣੇ ਰੁਜ਼ਗਾਰ ਤੇ ਹੱਕਾਂ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਅਪ੍ਰੈਂਟਿਸ ਲਾਈਨਮੈਨਾਂ 'ਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਸ਼ਾਂਤਮਈ ਢੰਗ ਨਾਲ ਸਰਕਾਰ ਅੱਗੇ ਰੱਖਣ ਦਾ ਪੂਰਾ ਅਧਿਕਾਰ ਹੈ, ਪਰ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੀਆਂ ਜਾਇਜ਼ ਮੰਗਾਂ ਸੁਣਨ ਦੀ ਬਜਾਏ ਉਨ੍ਹਾਂ 'ਤੇ ਤਾਕਤ ਦੀ ਵਰਤੋਂ ਕਰਨਾ ਬਹੁਤ ਹੀ ਮੰਦਭਾਗਾ ਤੇ ਨਿੰਦਣਯੋਗ ਕਦਮ ਹੈ।ਉਨ੍ਹਾਂ ਕਿਹਾ ਕਿ ਅਪ੍ਰੈਂਟਿਸ ਲਾਈਨਮੈਨ ਲੰਮੇ ਸਮੇਂ ਤੋਂ ਆਪਣੀਆਂ ਰੁਜ਼ਗਾਰ ਸਬੰਧੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ ਤੇ ਸਰਕਾਰ ਨੂੰ ਉਨ੍ਹਾਂ ਨਾਲ ਗੱਲਬਾਤ ਕਰਕੇ ਹੱਲ ਕੱਢਣਾ ਚਾਹੀਦਾ ਸੀ।

ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਨੌਜਵਾਨਾਂ ਦੀ ਆਵਾਜ਼ ਸੁਣਨ ਦੀ ਬਜਾਏ ਉਸ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਕਿ ਲੋਕਤੰਤਰਕ ਕਦਰਾਂ-ਕੀਮਤਾਂ ਦੇ ਉਲਟ ਹੈ।ਖੰਨਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਟਿਆਲਾ ਘਟਨਾ ਦੀ ਤੁਰੰਤ ਨਿਰਪੱਖ ਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਤੇ ਜਿਨ੍ਹਾਂ ਅਧਿਕਾਰੀਆਂ ਨੇ ਬੇਲੋੜੀ ਤਾਕਤ ਦੀ ਵਰਤੋਂ ਕੀਤੀ ਹੈ, ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।ਲਾਠੀਚਾਰਜ ਦੌਰਾਨ ਜ਼ਖ਼ਮੀ ਹੋਏ ਨੌਜਵਾਨਾਂ ਨੂੰ ਵਧੀਆ ਇਲਾਜ ਤੇ ਹਰ ਸੰਭਵ ਸਰਕਾਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ।

ਬੀ ਕੇ ਯੂ ਵੱਲੋਂ ਨੌਜਵਾਨਾਂ 'ਤੇ ਪੁਲਸ ਤਸ਼ੱਦਦ ਦੀ ਸਖ਼ਤ ਨਿੰਦਾ

ਸਮਰਾਲਾ (ਸੁਰਜੀਤ ਸਿੰਘ)

ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਨੇ ਬੀਤੇ ਦਿਨ ਪਟਿਆਲਾ ਵਿਖੇ ਹੱਕ ਮੰਗਦੇ ਨੌਜਵਾਨਾਂ ਉੱਤੇ ਪੁਲਸੀਆ ਤਸ਼ੱਦਦ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸਾਲ 2022 ਵਿੱਚ ਪੰਜਾਬ ਦੀ ਸੁਮੱਚੀ ਲੋਕਾਈ ਨੇ ਪੰਜਾਬ ਉੱਤੇ ਆਜ਼ਾਦੀ ਬਾਅਦ ਲਗਾਤਾਰ ਰਾਜ ਕਰ ਰਹੀਆਂ ਰਿਵਾਇਤੀ ਰਾਜਨੀਤਕ ਪਾਰਟੀ ਪਾਰਟੀਆਂ ਤੋਂ ਅੱਕ ਕੇ ਆਮ ਘਰਾਂ ਵਿੱਚੋਂ ਖੜ੍ਹੇ ਹੋਏ ਨੌਜਵਾਨਾਂ ਨੂੰ ਅੰਨ੍ਹੇਵਾਹ ਵੋਟਾਂ ਪਾ ਕੇ ਆਪਣੇ ਨੁਮਾਇੰਦੇ ਚੁਣ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਮੌਕਾ ਦਿੱਤਾ ਸੀ।ਪੰਜਾਬ ਦੇ ਮੁੱਖ ਮੰਤਰੀ ਜਿਨ੍ਹਾਂ ਨੇ ਜਨਤਕ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਤੋਂ ਬਾਅਦ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਨਹੀਂ ਜਾਣਾ ਪਵੇਗਾ, ਬਲਕਿ ਬਾਹਰੋਂ ਅੰਗਰੇਜ਼ ਪੰਜਾਬ ਵਿੱਚ ਕੰਮ ਕਰਨ ਆਉਣਗੇ, ਪਰ ਇਹ ਪੰਜਾਬ ਦੇ ਮੁੱਖ ਮੰਤਰੀ ਦਾ ਪੰਜਾਬ ਦੇ ਇਤਿਹਾਸ ਵਿੱਚ ਸਭ ਤੋਂ ਵੱਡਾ ਜੁਮਲਾ ਸਾਬਿਤ ਹੋਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਪਰਮਿੰਦਰ ਸਿੰਘ ਪਾਲਮਾਜਰਾ ਸੂਬਾ ਜਨਰਲ ਸਕੱਤਰ, ਮਨਜੀਤ ਸਿੰਘ ਢੀਂਡਸਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਕਿਹਾ ਕਿ ਪਟਿਆਲਾ ਵਿੱਚ ਜੋ ਲੋਕਤੰਤਰ ਦਾ ਘਾਣ ਹੋਇਆ ਹੈ, ਉਸ ਦੀ ਜਿੰਨੀ ਵੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਵੇ, ਉਹ ਵੀ ਥੋੜ੍ਹੀ ਹੈ।ਬਿਜਲੀ ਬੋਰਡ ਦੇ ਦਫਤਰ ਅੱਗੇ ਆਪਣੇ ਹੱਕਾਂ ਪ੍ਰਤੀ ਸ਼ਾਂਤਮਈ ਧਰਨਾ ਲਗਾਈ ਬੈਠੇ ਨੌਜਵਾਨਾਂ ਉੱਪਰ, ਜਿਸ ਤਰ੍ਹਾਂ ਵਹਿਸ਼ੀਆਨਾ ਢੰਗ ਨਾਲ ਲਾਠੀਚਾਰਜ ਕੀਤਾ ਹੈ, ਉਸ ਲਾਠੀਚਾਰਜ ਦੀ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।ਆਗੂਆਂ ਨੇ ਕਿਹਾ ਕਿ ਪਟਿਆਲਾ ਵਿਖੇ ਹੋਏ ਲਾਠੀਚਾਰਜ ਦੀ ਮੁੱਖ ਮੰਤਰੀ ਬਿਨਾਂ ਸ਼ਰਤ ਮੁਆਫੀ ਮੰਗਣ ਤੇ ਜਿਨ੍ਹਾਂ ਪੁਲਸ ਅਫਸਰਾਂ ਨੇ ਜ਼ੋਰ ਜ਼ੁਲਮ ਕੀਤਾ ਹੈ, ਉਨ੍ਹਾਂ ਵਿਰੁੱਧ 307 ਦਾ ਪਰਚਾ ਦਰਜ ਕੀਤਾ ਜਾਵੇ।ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਪੂਰੀ ਤਰ੍ਹਾਂ ਇਨ੍ਹਾਂ ਬੱਚਿਆਂ ਦੇ ਨਾਲ ਖੜ੍ਹੀ ਹੈ, ਜਦੋਂ ਤੱਕ ਨੌਜਵਾਨਾਂ ਨੂੰ ਇਨਸਾਫ ਨਹੀਂ ਮਿਲਦਾ ਯੂਨੀਅਨ ਇਨ੍ਹਾਂ ਨੌਜਵਾਨਾਂ ਦਾ ਪੂਰੀ ਤਰ੍ਹਾਂ ਸਮੱਰਥਨ ਕਰਨ ਦਾ ਐਲਾਨ ਕਰਦੀ ਹੈ।

ਮਾਸਟਰ ਕੇਡਰ ਯੂਨੀਅਨ ਵੱਲੋਂ ਸਰਕਾਰ ਖਿਲਾਫ ਤਿੱਖੇ ਸੰਘਰਸ਼ ਦਾ ਫੈਸਲਾ

ਵਿੱਤੀ ਮੰਗਾਂ ਨੂੰ ਲੈ ਕੇ ਅਧਿਆਪਕਾਂ 'ਚ ਰੋਸ ਦੀ ਲਹਿਰ

ਮੋਗਾ (ਇਕਬਾਲ ਸਿੰਘ ਖਹਿਰਾ)-ਮਾਸਟਰ ਕੇਡਰ ਯੂਨੀਅਨ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਭੁੱਲਰ, ਸਰਪਰਸਤ ਗੁਰਪ੍ਰੀਤ ਸਿੰਘ ਰਿਆੜ, ਸੀਨੀਅਰ ਆਗੂ ਹਰਮਿੰਦਰ ਉਪਲ, ਜਾਇੰਟ ਸਕੱਤਰ ਦਲਜੀਤ ਸਿੰਘ ਸਬਰਵਾਲ, ਮਨਜਿੰਦਰ ਸਿੰਘ ਢਿੱਲੋਂ ਸਹਾਇਕ ਵਿੱਤ ਸਕੱਤਰ ਸੁਖਰਾਜ ਸਿੰਘ ਬੁੱਟਰ, ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ, ਜਥੇਬੰਦਕ ਸਕੱਤਰ ਹਰਸੇਵਕ ਸਿੰਘ ਸਾਧੂਵਾਲਾ, ਰਾਜਪਾਲ ਸਿੰਘ ਸੂਬਾ ਪ੍ਰੈੱਸ ਸਕੱਤਰ, ਅਮਨਦੀਪ ਸਿੰਘ ਸੂਬਾ ਕੁਆਰਡੀਨੇਟਰ ਦੀ ਸਾਂਝੀ ਅਗਵਾਈ ਵਿੱਚ ਮਾਸਟਰ ਕੇਡਰ ਯੂਨੀਅਨ ਪੰਜਾਬ ਵੱਲੋਂ ਮੁਲਾਜ਼ਮਾਂ ਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਵਾਉਣ ਵਾਸਤੇ ਮੋਗਾ ਵਿਖੇ ਸੂਬਾ ਪੱਧਰੀ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਬੋਲਦੇ ਜ਼ਿਲ੍ਹਾ ਪ੍ਰਧਾਨ ਮੋਗਾ ਸ਼ਮਸ਼ੇਰ ਸਿੰਘ, ਜ਼ਿਲ੍ਹਾ ਪ੍ਰਧਾਨ ਫਰੀਦਕੋਟ ਧਰਮਿੰਦਰ ਸਿੰਘ, ਇੰਦਰਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਬਲਜਿੰਦਰ ਸਿੰਘ ਮੱਖੂ, ਹਰਮਿੰਦਰ ਸਿੰਘ ਉੱਪਲ, ਦਿਲਰਾਜਬੀਰ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਦਲਜੀਤ ਸਿੰਘ ਸਬਰਵਾਲ ਫਾਜ਼ਿਲਕਾ, ਰਣਜੀਤ ਸਿੰਘ ਅੰਮ੍ਰਿਤਸਰ ਨੇ ਮੀਟਿੰਗ ਵਿੱਚ ਬੋਲਦਿਆਂ ਦੱਸਿਆ ਕਿ ਸਿੱਖਿਆ ਮੰਤਰੀ ਅਧਿਆਪਕਾਂ ਦੀਆਂ ਮੰਗਾਂ ਪ੍ਰਤੀ ਬਿਲਕੁਲ ਵੀ ਸੰਜੀਦਾ ਨਹੀਂ ਹੈ ਤੇ ਪੰਜਾਬ ਸਰਕਾਰ ਸਰਕਾਰੀ ਮੁਲਾਜ਼ਮਾਂ ਤੇ ਅਧਿਆਪਕਾਂ ਦੇ ਉਲਟ ਭੁਗਤ ਰਹੀ ਹੈ। ਉਨ੍ਹਾਂ ਦੇ ਬਣਦੇ ਡੀਏ 'ਤੇ ਸਰਕਾਰ ਵੱਲੋਂ ਡਾਕਾ ਮਾਰਿਆ ਜਾ ਰਿਹਾ ਹੈ, ਜਿੱਥੇ ਡੀਏ ਦੀਆਂ ਬਕਾਇਆ ਕਿਸ਼ਤਾਂ ਦੇਣ ਤੋਂ ਸਰਕਾਰ ਭੱਜ ਰਹੀ ਹੈ, ਪੇਂਡੂ ਭੱਤਾ, ਬਾਰਡਰ ਅਲਾਉਂਸ, ਪੁਰਾਣੀ ਪੈਨਸ਼ਨ, ਏਸੀਪੀ ਆਦਿ ਵਿੱਤੀ ਮੰਗਾਂ ਨੂੰ ਵੀ ਸਰਕਾਰ ਵੱਲੋਂ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਨਾਲ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਤੋਂ ਗੈਰ-ਵਿੱਦਿਅਕ ਡਿਊਟੀਆਂ ਕਰਵਾ ਕੇ ਅਧਿਆਪਕਾਂ ਨੂੰ ਮਾਨਸਿਕ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਤੇ ਸਿੱਖਿਆ ਕ੍ਰਾਂਤੀ ਦਾ ਨਾਰਾ ਲੈ ਕੇ ਆਉਣ ਵਾਲੀ ਸਰਕਾਰ ਹਰ ਖੇਤਰ ਵਿੱਚ ਫੇਲ੍ਹ ਹੁੰਦੀ ਜਾਪਦੀ ਹੈ।4161 ਅਧੀਨ ਭਰਤੀ ਹੋਏ 253 ਅਧਿਆਪਕਾਂ ਨੂੰ ਸ਼ੋਕਾਜ ਨੋਟਿਸ ਭੇਜ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਮਾਸਟਰ ਕੇਡਰ ਯੂਨੀਅਨ ਵੱਲੋਂ 4161 ਅਧਿਆਪਕਾਂ ਦੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕਰਨ ਦਾ ਵੀ ਮੀਟਿੰਗ ਵਿੱਚ ਫੈਸਲਾ ਲਿਆ ਗਿਆ। ਇਨ੍ਹਾਂ ਸਾਰਿਆਂ ਮਸਲਿਆਂ ਨੂੰ ਨਜਿੱਠਣ ਵਾਸਤੇ ਜੁਲਾਈ ਮਹੀਨੇ ਦੇ ਦੂਜੇ ਹਫਤੇ ਪੰਜਾਬ ਸਰਕਾਰ ਖਿਲਾਫ ਜ਼ਿਲ੍ਹਾ ਪੱਧਰੀ ਐਕਸ਼ਨ ਕੀਤੇ ਜਾਣਗੇ। ਇਨ੍ਹਾਂ ਐਕਸ਼ਨਾਂ ਤੋਂ ਬਾਅਦ ਸੂਬਾ ਪੱਧਰੀ ਮੀਟਿੰਗ ਕਰਕੇ ਪੰਜਾਬ ਸਰਕਾਰ ਖਿਲਾਫ ਤਿੱਖੇ ਐਕਸ਼ਨ ਉਲੀਕੇ ਜਾਣਗੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵੱਖ ਵੱਖ ਜ਼ਿਲ੍ਹਾ ਪ੍ਰਧਾਨ ਤੇ ਵੱਡੀ ਗਿਣਤੀ ਵਿੱਚ ਅਧਿਆਪਕ ਸਾਥੀ ਹਾਜ਼ਰ ਸਨ।

ਏਡਿਡ ਸਕੂਲ ਕਰਮਚਾਰੀ ਯੂਨੀਅਨ ਦਾ ਵਫ਼ਦ ਵਿੱਤ ਮੰਤਰੀ ਨੂੰ ਮਿਲਿਆ

ਧੂਰੀ (ਮਨੋਹਰ ਸਿੰਘ ਸੱਗੂ)-ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ ਦੇ ਆਗੂ ਮਿਸ਼ਰਾ ਸਿੰਘ ਬਮਾਲ ਨੇ ਦੱਸਿਆ ਕਿ ਜਥੇਬੰਦੀ ਦੇ ਵਫ਼ਦ ਨੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੀ ਅਗਵਾਈ ਹੇਠ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪੰਜਾਬ ਸਕੱਤਰੇਤ ਚੰਡੀਗੜ੍ਹ ਵਿਖੇ ਮਿਲ ਕੇ ਪੈਨਲ ਮੀਟਿੰਗ ਦੌਰਾਨ ਆਪਣੀਆਂ ਲੰਬਿਤ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਯੂਨੀਅਨ ਆਗੂਆਂ ਨੇ ਏਡਿਡ ਸਕੂਲਾਂ ਦੇ ਅਧਿਆਪਕਾਂ ਤੇ ਕਰਮਚਾਰੀਆਂ ਨਾਲ ਜੁੜੀਆਂ ਵੱਖ-ਵੱਖ ਮੰਗਾਂ ਵਿੱਤ ਮੰਤਰੀ ਦੇ ਧਿਆਨ ਵਿੱਚ ਲਿਆਂਦੀਆਂ।ਵਿੱਤ ਮੰਤਰੀ ਨੇ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਸਕਾਰਾਤਮਕ ਭਰੋਸਾ ਦਿੰਦਿਆਂ ਵਿਭਾਗ ਨੂੰ ਏਡਿਡ ਸਕੂਲਾਂ ਦੀ ਮਾਰਚ ਤੱਕ ਦੀ ਬਕਾਇਆ ਤਨਖਾਹ ਗਰਾਂਟ ਤੁਰੰਤ ਜਾਰੀ ਕਰਨ ਦੇ ਨਿਰਦੇਸ਼ ਵੀ ਦਿੱਤੇ।ਇਸ ਮੌਕੇ ਸੂਬਾ ਪ੍ਰੈੱਸ ਸਕੱਤਰ ਹਰਦੀਪ ਸਿੰਘ ਰੋਪੜ, ਐਬਿਟ ਮਸੀਹ, ਪ੍ਰਿੰਸੀਪਲ ਰਾਕੇਸ਼ ਸ਼ਰਮਾ, ਮਿਸ਼ਰਾ ਸਿੰਘ ਬਮਾਲ, ਪ੍ਰਿੰਸੀਪਲ ਡਾ. ਐੱਨ. ਐੱਸ. ਪੰਧੇਰ, ਪ੍ਰਿੰਸੀਪਲ ਪ੍ਰੀਤਮ ਦਾਸ, ਲਖਵੀਰ ਸਿੰਘ ਧੂਰੀ ਤੇ ਹੋਰ ਯੂਨੀਅਨ ਆਗੂ ਹਾਜ਼ਰ ਸਨ।

ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਏ ਪੀ ਐੱਸ ਸਕੂਲ ਦੀਆਂ ਖਿਡਾਰਨਾਂ ਨੇ ਮਾਰੀਆਂ ਮੱਲਾਂ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਉੜੀਸਾ ਵਿੱਚ ਹੋਈ ਸਬ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਏਪੀਐੱਸ ਪਬਲਿਕ ਸਕੂਲ ਸ਼ੁਤਰਾਣਾ ਦੇ ਵਿਦਿਆਰਥੀਆਂ ਦਾ ਪਾਤੜਾਂ ਪਹੁੰਚਣ 'ਤੇ ਪ੍ਰਿੰਸੀਪਲ ਜਤਿੰਦਰ ਸਿੰਘ ਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਚੈਂਪੀਅਨਸ਼ਿਪ ਵਿੱਚ ਪੰਜਾਬ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਦੀ ਟਰਾਫ਼ੀ ਵੀ ਜਿੱਤੀ।ਪ੍ਰਿੰਸੀਪਲ ਜਤਿੰਦਰ ਸਿੰਘ ਨੇ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਕੋਚ ਅਜੇ ਠਾਕੁਰ ਨੂੰ ਦਿੱਤਾ ਤੇ ਉਨ੍ਹਾਂ ਦੀ ਸਖ਼ਤ ਮਿਹਨਤ ਤੇ ਖੇਡਾਂ ਪ੍ਰਤੀ ਲਗਨ ਦੀ ਖ਼ੂਬ ਪ੍ਰਸੰਸਾ ਕੀਤੀ।ਉਨ੍ਹਾਂ ਸਾਰੇ ਖਿਡਾਰੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਤੇ ਉਨ੍ਹਾਂ ਦੇ ਮਾਪਿਆਂ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਕੋਚ ਰਫੀਕ ਅਲੀ, ਹਰਪ੍ਰੀਤ ਸਿੰਘ, ਕ੍ਰਿਸ਼ਨ ਸਿੰਘ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।ਇਲਾਕੇ ਦੇ ਪਤਵੰਤੇ ਸੱਜਣਾਂ ਤੇ ਵੱਖ-ਵੱਖ ਪੰਚਾਇਤਾਂ ਵੱਲੋਂ ਸਨਮਾਨ ਵਜੋਂ ਰੋਡ-ਸ਼ੋ ਕਰਕੇ ਇਨ੍ਹਾਂ ਖਿਡਾਰਨਾਂ ਤੇ ਕੋਚ ਅਜੇ ਠਾਕੁਰ ਦਾ ਭਰਵਾਂ ਸਵਾਗਤ ਕੀਤਾ ਗਿਆ।ਪ੍ਰਿੰਸੀਪਲ ਜਤਿੰਦਰ ਸਿੰਘ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਦੌਰਾਨ ਸਕੂਲ ਵਿਦਿਆਰਥਣਾਂ ਅਮਨਦੀਪ ਕੌਰ, ਨਵਦੀਪ ਕੌਰ, ਸਵਿੰਕੀ ਤੇ ਮਨਜੀਤ ਕੌਰ ਨੇ ਦੋ ਗੋਲਡ, ਇੱਕ ਸਿਲਵਰ ਤੇ ਇੱਕ ਬਰੌਨਜ਼ ਮੈਡਲ ਜਿੱਤ ਕੇ ਆਪਣੇ ਸਕੂਲ ਤੇ ਸ਼ੁਤਰਾਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।

ਡੀ ਐੱਮ ਐੱਫ ਤੇ ਡੀ ਟੀ ਐੱਫ ਵੱਲੋਂ ਬੇਰੁਜ਼ਗਾਰ ਸਹਾਇਕ ਲਾਈਨਮੈਨਾਂ 'ਤੇ ਪੁਲਸ ਤਸ਼ੱਦਦ ਦੀ ਸਖ਼ਤ ਨਿਖੇਧੀ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਤੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਵੱਲੋਂ ਪਟਿਆਲਾ ਵਿਖੇ ਬੇਰੁਜ਼ਗਾਰ ਸਹਾਇਕ ਲਾਈਨਮੈਨ, ਜੋ ਸ਼ਾਂਤਮਈ ਤਰੀਕੇ ਨਾਲ ਆਪਣੇ ਹੱਕਾ ਲਈ ਪ੍ਰੋਟੈਸਟ ਕਰ ਰਹੇ ਸਨ, ਪੰਜਾਬ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਬੇਰਹਿਮੀ ਨਾਲ ਕੀਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਟੋਡਰਪੁਰ, ਰਜਿੰਦਰ ਸਿੰਘ ਸੰਧਾ, ਸਰਬਜੀਤ ਸਿੰਘ ਟੂਰਨਾ, ਵਰਿੰਦਰ ਸਿੰਘ, ਜਨਕ ਰਾਜ, ਪਵਨ ਮਦਾਨ ਅਤੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਜ਼ਿਲ੍ਹਾ ਪ੍ਰਧਾਨ ਡੀਟੀਐੱਫ ਫ਼ਿਰੋਜ਼ਪੁਰ ਮਲਕੀਤ ਸਿੰਘ ਹਰਾਜ, ਸਕੱਤਰ ਗੁਰਵਿੰਦਰ ਸਿੰਘ ਖੋਸਾ, ਵਿੱਤ ਸਕੱਤਰ ਅਮਿਤ ਸ਼ਰਮਾਂ ਅਤੇ ਸੂਬਾ ਕਮੇਟੀ ਮੈਂਬਰ ਸਰਬਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਬੇਰੁਜ਼ਗਾਰਾਂ, ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਮੰਨਣ ਦੀ ਬਜਾਏ ਤਾਨਾਸ਼ਾਹ ਰਵੱਈਆ ਅਪਣਾ ਰਹੀ ਹੈ ਅਤੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਵੱਲੋਂ ਆਪਣੇ ਹੱਕੀ ਮੰਗਾਂ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਪੁਲਸ ਜਬਰ ਨਾਲ ਦਬਾਉਣ ਦੀਆਂ ਕੋਝੀਆਂ ਹਰਕਤਾਂ ਕਰ ਰਹੀ ਹੈ। ਆਗੂਆਂ ਮੰਗ ਕੀਤੀ ਕਿ ਪੰਜਾਬ ਸਰਕਾਰ ਨੂੰ ਬੇਰੁਜ਼ਗਾਰਾਂ ਉਪਰ ਤਸ਼ੱਦਦ ਢਾਹ ਰਹੇ ਪੁਲਸ ਮੁਲਾਜ਼ਮਾਂ ਉੱਪਰ ਪਰਚਾ ਦਰਜ ਕਰਕੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਦਵਿੰਦਰ ਨਾਥ, ਰਾਜ ਕੁਮਾਰ ਮਹਿਰੋਕ, ਅਮਿਤ ਕੰਬੋਜ, ਹੀਰਾ ਸਿੰਘ ਤੂਤ, ਸਵਰਨ ਸਿੰਘ, ਨਰਿੰਦਰ ਜੰਮੂ, ਹਰਵਿੰਦਰ ਸਿੰਘ ਕੈਲਾਸ਼, ਰਾਮ ਕੁਮਾਰ, ਹਰਜਿੰਦਰ ਜਨੇਰ, ਵਿਕਰਮ ਜੀਤ, ਅਨਿਲ ਧਵਨ, ਗਗਨ ਮਿੱਤਲ, ਸੰਦੀਪ ਕੁਮਾਰ, ਹਰਦੀਪ ਸਿੰਘ, ਬਲਵਿੰਦਰ ਸਿੰਘ, ਜੈਦੇਵ ਪੁੱਗਲ, ਵਿਪਨ ਕੰਬੋਜ, ਗੁਰਦਰਸ਼ਨ ਸਿੰਘ, ਮੁਖਤਿਆਰ ਸਿੰਘ, ਅੰਕੁਸ਼ ਕੰਬੋਜ, ਦਰਸ਼ਨ ਸਿੰਘ ਵੜਵਾਲ, ਵਰਿੰਦਰਪਾਲ ਸਿੰਘ ਖਾਲਸਾ, ਕਿਰਪਾਲ ਸਿੰਘ, ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਸਰਕਾਰ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਰਕਾਰ ਪੈਨਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਬਾਬਾ ਗੰਗਾ ਰਾਮ ਡੇਰੇ ਵਿਖੇ ਹੋਈ।ਇਸ ਮੌਕੇ ਹਾਜ਼ਰ ਮੈਂਬਰਾਂ ਨੇ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਦਿੱਤੇ ਇਤਿਹਾਸਕ ਫੈਸਲੇ ਦਾ ਸਵਾਗਤ ਕੀਤਾ ਗਿਆ ਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਡੀਏ ਦੀਆਂ ਕਿਸ਼ਤਾਂ ਫੈਸਲੇ ਅਨੁਸਾਰ ਨਾ ਮੰਨਣ ਦੇ ਵਤੀਰੇ ਦੀ ਜ਼ੋਰਦਾਰ ਨਿਖੇਧੀ ਕੀਤੀ।ਇਸ ਮੌਕੇ ਜਨਰਲ ਸਕੱਤਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਬੀਤੀ 17 ਮਈ ਨੂੰ ਜਲੰਧਰ ਵਿਖੇ ਹੋਈ ਐਸੋਸੀਏਸ਼ਨ ਤੇ ਸਾਂਝਾ ਮੁਲਾਜ਼ਮ ਫਰੰਟ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਅਕਤੂਬਰ ਮਹੀਨੇ ਵਿੱਚ ਮੰਗਾਂ ਦੇ ਸੰਬੰਧ ਵਿੱਚ ਇੱਕ ਮਹਾਂ ਰੈਲੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਮੰਗਾਂ ਦੇ ਸੰਬੰਧ ਵਿੱਚ ਮੈਮੋਰੰਡਮ ਤਹਿਸੀਲਦਾਰ ਗਿੱਦੜਬਾਹਾ ਨੂੰ ਦਿੱਤਾ ਗਿਆ।ਇਸ ਮੌਕੇ ਗੰਮਦੂਰ ਸਿੰਘ, ਪ੍ਰੀਤਮ ਸਿੰਘ, ਦਰਸ਼ਨ ਸਿੰਘ, ਰਾਮਜੀ ਦਾਸ, ਅਸ਼ੋਕ ਕੁਮਾਰ, ਪ੍ਰੇਮ ਸਿੰਘ, ਗੋਲਡੀ ਕੁਮਾਰ, ਬਲਦੇਵ ਸਿੰਘ, ਮਨੋਹਰ ਸਿੰਘ, ਬਲਰਾਜ ਸਿੰਘ, ਬੱਗੂ ਸਿੰਘ, ਅਮਰ ਸਿੰਘ, ਦਰਸ਼ਨ ਸਿੰਘ, ਜੱਗਾ ਸਿੰਘ, ਪ੍ਰੀਤਮ ਸਿੰਘ, ਸੁਰਜੀਤ ਕੌਰ, ਗੁਰਜੰਟ ਸਿੰਘ, ਰਾਮ ਪ੍ਰਸਾਦ, ਸੁਖਚੈਨ ਸਿੰਘ ਤੇ ਦਰਸ਼ਨ ਲਾਲ ਪਟਵਾਰੀ ਆਦਿ ਮੌਜੂਦ ਸਨ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਨਾਇਆ ਵਿਸ਼ਵ ਵਾਤਾਵਰਨ ਦਿਵਸ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਮਾਨਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ. ਏ. ਐੱਸ. ਨਗਰ ਮੋਹਾਲੀ ਦੇ ਦਿਸ਼ਾਂ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਚਹਿਰੀਆਂ ਵਿੱਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਸੁਮੀਤ ਮਲਹੋਤਰਾ ਵੱਲੋਂ ਇਸ ਦਿਵਸ ਮੌਕੇ ਜੁਡੀਸ਼ੀਅਲ ਸਟਾਫ ਨੂੰ 1-1 ਬੂਟਾ ਤੇ ਪੰਛੀਆਂ ਦੇ ਪਾਣੀ ਲਈ ਕਟੋਰੇ ਦਿੱਤੇ ਗਏ ਅਤੇ ਹਦਾਇਤ ਕੀਤੀ ਗਈ ਕਿ ਸਾਰੇ ਇਨ੍ਹਾਂ ਬੂਟਿਆਂ ਨੂੰ ਆਪਣੀ ਰਿਹਾਇਸ਼ੀ ਜਗ੍ਹਾ 'ਤੇ ਜਾਂ ਰਿਹਾਇਸ਼ੀ ਜਗ੍ਹਾ ਦੇ ਆਸ-ਪਾਸ ਲਗਾਉਣ ਤੇ ਇਨ੍ਹਾਂ ਬੂਟਿਆਂ ਦੀ ਸਾਂਭ-ਸੰਭਾਲ ਵੀ ਕਰਨ। ਇਸ ਦੇ ਇਲਾਵਾ ਮਾਨਯੋਗ ਸੈਸ਼ਨ ਜੱਜ ਸਾਹਿਬ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ, ਫ਼ਿਰੋਜ਼ਪੁਰ ਵਿੱਚ ਵੀ ਵਿਸ਼ਵ ਵਾਤਾਵਰਨ ਦਿਵਸ ਮਨਾਉਂਦੇ ਹੋਏ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਵਿੱਚ ਡਾ. ਸਤਿੰਦਰ ਸਿੰਘ, ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਤੇ ਯੂਨੀਵਰਸਿਟੀ ਵੱਲੋਂ ਡਾ. ਸੁਰੇਸ਼ ਕੁਮਾਰ ਸ਼ਰਮਾ ਵਾਇਸ ਚਾਂਸਲਰ, ਡਾ. ਰਾਜੀਵ ਅਰੋੜਾ ਰਜਿਸਟਰਾਰ, ਡਾ. ਰਾਜੀਵ ਗਰਗ ਅਕੈਡਮਿਕ, ਡਾ. ਰਜਨੀ ਸੀ.ਓ.ਈ., ਡਾ. ਸੰਨੀ ਬਹਿਲ ਡੀ.ਐੱਸ.ਡਬਲਯੂ, ਸ੍ਰੀ ਗੁਰਜੀਵਨ ਸਿੰਘ ਨੋਡਲ ਅਫਸਰ, ਆਰ.ਆਰ.ਸੀ., ਸ੍ਰੀ ਗੁਰਪ੍ਰੀਤ ਸਿੰਘ, ਇੰਚਾਰਜ, ਈਕੋ ਫਰੈਂਡਲੀ ਗਰੁੱਪ, ਸ੍ਰੀ ਜਸਵੀਰ ਚੰਦ, ਸ੍ਰੀ ਰਾਹੁਲ ਚੋਪੜਾ, ਸ੍ਰੀ ਵਿਜੇ ਸ਼ਰਮਾ ਆਦਿ ਨੁਮਾਇੰਦੇ ਮੌਜੂਦ ਸਨ। ਪ੍ਰੋਗਰਾਮ ਤੋਂ ਬਾਅਦ ਜੱਜ ਸਾਹਿਬ ਮੈਡਮ ਅਨੁਰਾਧਾ ਵੱਲੋਂ ਸਾਰੇ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਬੂਟੇ ਤੇ ਪੰਛੀਆਂ ਦੇ ਪਾਣੀ ਲਈ ਕਟੋਰੇ ਵਿਦਿਆਰਥੀਆਂ ਤੇ ਸਟਾਫ ਨੂੰ ਵੰਡੇ ਗਏ ਅਤੇ ਯੂਨੀਵਰਸਿਟੀ ਵਿੱਚ ਬੂਟੇ ਵੀ ਲਗਾਏ ਗਏ। ਵਿਦਿਆਰਥੀਆਂ ਨੂੰ ਇਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।

ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁੰ-ਪੱਖੀ ਵਿਕਾਸ ਮੇਰੀ ਪ੍ਰਮੁੱਖ ਤਰਜੀਹ : ਸ਼ੈਰੀ ਕਲਸੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁੰ-ਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਨਗਰ ਨਿਗਮ ਚੋਣਾਂ ਵਿੱਚ ਬਟਾਲਾ ਵਾਸੀਆਂ ਨੇ ਜੋ ਜ਼ਿੰਮੇਵਾਰੀ ਆਮ ਆਦਮੀ ਪਾਰਟੀ ਨੂੰ ਸੌਂਪੀ ਹੈ, ਉਸ ਤਹਿਤ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖਾਂ ਰੁਪਏ ਤੱਕ ਦਾ ਮੁਫ਼ਤ ਇਲਾਜ ਦੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਮਾਨ ਸਰਕਾਰ ਵਲੋਂ ਮਹਿਜ਼ ਚਾਰ ਸਾਲਾਂ ਅੰਦਰ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਹਰ ਵਰਗ ਦੀ ਭਲਾਈ ਲਈ ਕਾਰਜ ਕੀਤੇ ਗਏ ਹਨ।ਆਮ ਆਦਮੀ ਪਾਰਟੀ ਵੱਲੋਂ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਮੌਜੂਦਾ ਬਜਟ ਵਿੱਚ ਪੂਰਾ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕੀਤੀ ਗਈ ਹੈ।ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ।ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ।ਕਰੀਬ 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ, ਸਮੇਤ ਵੱਖ-ਵੱਖ ਰਿਕਾਰਡ ਵਿਕਾਸ ਕਾਰਜ ਕੀਤੇ ਗਏ।

ਟੀ ਐੱਸ ਯੂ ਵੱਲੋਂ ਪੁਲਸ ਲਾਠੀਚਾਰਜ ਦੀ ਨਿਖੇਧੀ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ: (ਭੰਗਲ) ਦੇ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਤੇ ਸਕੱਤਰ ਸੁਖਪਾਲ ਸਿੰਘ ਮਜੀਠਾ ਨੇ ਸਾਂਝੇ ਤੌਰ ਤੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਜ ਸੱਤਾ ਵਿੱਚ ਆਉਣ ਸਮੇਂ ਬੇਰੁਜ਼ਗਾਰ ਨੌਜਵਾਨਾਂ ਨਾਲ ਰੋਜ਼ਗਾਰ ਦੇਣ ਦੇ ਵਾਅਦੇ ਕੀਤੇ ਸੀ।ਬੇਰੁਜ਼ਗਾਰ ਨੌਜਵਾਨਾਂ ਨੇ ਪਹਿਲਾਂ ਆਈ. ਟੀ. ਆਈ. ਪਾਸ ਕੀਤੀ ਅਤੇ ਬਿਜਲੀ ਵਿਭਾਗ ਵਿੱਚ ਅਪਰੈਂਟਸ਼ਿਪ ਕੀਤੀ।ਪਿਛਲੇ ਦਿਨੀਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਸਹਾਇਕ ਲਾਈਨਮੈਨ ਦੀਆਂ ਪੋਸਟਾਂ ਕੱਢੀਆਂ ਗਈਆਂ ਸਨ, ਜਿਸ ਵਿੱਚ ਅਪਰੈਂਟਸ਼ਿਪ ਦੀ ਸ਼ਰਤ ਖ਼ਤਮ ਕਰਨ ਦਾ ਫੈਸਲਾ ਕਰ ਦਿੱਤਾ।ਉਸ ਸਮੇਂ ਪਾਵਰਕਾਮ ਦੀ ਮੈਨੇਜਮੈਂਟ ਨੇ ਇਨ੍ਹਾਂ ਕਾਮਿਆਂ ਨਾਲ ਬਿਜਲੀ ਵਿਭਾਗ ਵਿੱਚ ਰੋਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ ਪਰ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਮੀਟਿੰਗ ਵਿੱਚ ਕੀਤੇ ਸਮਝੌਤੇ ਨੂੰ ਲਾਗੂ ਕਰਨ ਲਈ ਟਾਲਮਟੋਲ ਦੀ ਨੀਤੀ ਅਪਨਾਈ ਹੋਈ ਹੈ।ਇਨ੍ਹਾਂ ਕਾਮਿਆਂ ਵੱਲੋਂ ਸਮਝੌਤੇ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਪੁਲਸ ਜਬਰ ਦੇ ਜ਼ੋਰ ਹੱਕ ਮੰਗਦੇ ਕਾਮਿਆਂ ਦੀ ਆਵਾਜ਼ ਬੰਦ ਕਰਵਾਉਣਾ ਚਾਹੁੰਦੀ ਹੈ।ਪੰਜਾਬ ਸਰਕਾਰ ਦੇ ਇਸ਼ਾਰਿਆਂ ਤੇ ਅਪਰੈਂਟਸ਼ਿਪ ਕਾਮਿਆਂ ਤੇ ਪੁਲਸ ਪ੍ਰਸ਼ਾਸਨ ਵੱਲੋਂ ਵਹਿਸ਼ੀਆਨਾ ਢੰਗ ਨਾਲ ਲਾਠੀਚਾਰਜ ਕੀਤਾ ਗਿਆ ਅਤੇ ਇਨ੍ਹਾਂ ਬੇਰੋਜ਼ਗਾਰਾਂ ਨੂੰ ਪਸ਼ੂਆਂ ਵਾਂਗ ਕੁੱਟਣ ਦੀਆਂ ਵੀਡੀਓ ਸਾਹਮਣੇ ਆ ਰਹੀਆਂ ਹਨ। ਟੈਕਨੀਕਲ ਸਰਵਿਸਜ਼ ਯੂਨੀਅਨ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਕੀਤੀ ਇਸ ਘਿਨਾਉਣੀ ਹਰਕਤ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਅਪਰੈਂਟਸ਼ਿਪ ਲਾਈਨਮੈਨਾਂ ਦੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕੀਤਾ ਜਾਵੇ ਅਤੇ ਲਾਠੀਚਾਰਜ ਤੇ ਵਹਿਸ਼ੀਆਨਾ ਕਾਰਵਾਈ ਕਰਨ ਵਾਲੇ ਪੁਲਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਅਪਰੈਂਟਸ਼ਿਪ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਅਪਰੈਂਟਸਿਪ ਦੇ ਸੰਘਰਸ਼ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਸ਼ਾਮਲ ਹੋਵੇਗੀ।

ਸਹਿਕਾਰੀ ਖੰਡ ਮਿੱਲ ਸੇਰੋਂ ਵਿਖੇ ਲੱਗਾ ਪੱਕਾ ਮੋਰਚਾ 18ਵੇਂ ਦਿਨ 'ਚ ਦਾਖਲ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਜ਼ਿਲਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰੀ ਖੰਡ ਮਿੱਲ ਸੇਰੋਂ ਦੀ ਮਾਲਕੀ ਬਦਲਣ ਵਿਰੁੱਧ ਚੱਲ ਰਿਹਾ ਪੱਕਾ ਮੋਰਚਾ 18ਵੇਂ ਦਿਨ ਵੀ ਜਾਰੀ ਰਿਹਾ।ਇਸ ਮੌਕੇ ਬੋਲਦੇ ਹੋਏ ਬਲਕਾਰ ਸਿੰਘ ਵਲਟੋਹਾ, ਰਤਨ ਸਿੰਘ ਢੰਡ, ਤਰਸੇਮ ਸਿੰਘ ਲੁਹਾਰ, ਜੱਸਾ ਸਿੰਘ ਕੱਦ ਗਿੱਲ, ਸੁਖਬਾਜ ਸਿੰਘ ਸਿੱਧੂ, ਨਛੱਤਰ ਸਿੰਘ ਪੰਨੂ, ਭੁਪਿੰਦਰ ਸਿੰਘ ਪੰਡੋਰੀ ਤਖਤ ਮਲ, ਸੁਖਦੇਵ ਸਿੰਘ ਤੁੜ, ਸੁਖਚੈਨ ਸਿੰਘ ਸਰਿਆਲੀ, ਇੰਦਰਜੀਤ ਸਿੰਘ ਮਰਹਾਣਾ, ਗੁਰਚਰਨ ਸਿੰਘ ਸਭਰਾ ਆਦਿ ਆਗੂਆਂ ਨੇ ਕਿਹਾ ਕਿ ਇਸ ਸਰਕਾਰੀ ਖੰਡ ਮਿੱਲ ਕਿਸਾਨਾਂ ਦੇ 60 ਫੀਸਦੀ ਹਿੱਸਿਆਂ ਨਾਲ ਬਣੀ ਹੋਈ ਹੈ।ਇਸ ਨੂੰ ਸਰਕਾਰ ਆਪਣੀ ਮਨਮਰਜ਼ੀ ਨਾਲ ਅੱਗੇ ਇਸਦੀ ਮਾਲਕੀ ਤਬਦੀਲ ਨਹੀਂ ਕਰ ਸਕਦੀ।

ਕਿਸਾਨਾਂ ਵੱਲੋਂ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਤੁਰੰਤ ਇਹ ਖੰਡ ਮਿੱਲ ਮੁੜ ਚਾਲੂ ਕੀਤੀ ਜਾਵੇ ਤਾਂ ਜੋ ਇਲਾਕੇ ਦੇ ਮੰਡ ਇਲਾਕੇ ਵਿੱਚ ਹੜ੍ਹਾਂ ਨਾਲ ਹੁੰਦੀ ਤਬਾਹੀ ਦੌਰਾਨ ਫਸਲਾਂ ਦਾ ਬਚਾ ਹੋ ਸਕੇ।ਇੱਕ ਵੱਖਰੇ ਮਤੇ ਰਾਹੀਂ ਪੰਜਾਬ ਅੰਦਰ ਜਮਹੂਰੀ ਢੰਗ ਤਰੀਕਿਆਂ ਨਾਲ ਆਪਣਾ ਹੱਕ ਮੰਗਦੇ ਲੋਕਾਂ ਉਪਰ ਤਸ਼ੱਦਦ ਢਾਉਣ ਤੇ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੰਡੀਵਿੰਡ, ਚਰਨਜੀਤ ਸਿੰਘ, ਹਰਪਾਲ ਸਿੰਘ, ਜਗਤਾਰ ਸਿੰਘ ਕਿੜੀਆਂ, ਤਰਸੇਮ ਸਿੰਘ, ਜਤਿੰਦਰ ਪਾਲ ਸਿੰਘ ਪੰਡੋਰੀ ਤਖਤਮਲ, ਸਰਦਾਰਾ ਸਿੰਘ, ਜਗਵੰਤ ਸਿੰਘ, ਭੁਪਿੰਦਰ ਸਿੰਘ, ਗੁਰਮੇਜ ਸਿੰਘ, ਗੁਰਜਿੰਦਰ ਸਿੰਘ ਸਾਰੇ ਸਖੀਰਾ, ਸੁਖਚੈਨ ਸਿੰਘ ਸਰਹਾਲੀ ਖੁਰਦ, ਵਿਰਸਾ ਸਿੰਘ ਸਰਹਾਲੀ ਖੁਰਦ, ਜਸਵੰਤ ਸਿੰਘ ਮੱਖੀ ਕਲਾਂ, ਖਜਾਨ ਸਿੰਘ ਸਰਪੰਚ, ਰਾਜ ਸਿੰਘ ਨਵਾਂ, ਗੁਰਪ੍ਰਤਾਪ ਸਿੰਘ, ਗੁਰਜੰਟ ਸਿੰਘ ਠੱਠੀਆਂ ਮਹੰਤਾਂ, ਆਕਾਸ਼ਦੀਪ ਸਿੰਘ, ਕਰਨਵੀਰ ਸਿੰਘ ਗੰਡੀਵਿੰਡ, ਮੇਘ ਸਿੰਘ ਬਿਸ਼ੰਬਰਪੁਰ, ਕਸ਼ਮੀਰ ਸਿੰਘ, ਸਕੱਤਰ ਸਿੰਘ ਖੇਲਾ, ਬਲਦੇਵ ਸਿੰਘ ਸੇਰੋਂ, ਅਮਰੀਕ ਸਿੰਘ ਸੇਰੋਂ ਅਤੇ ਕਸ਼ਮੀਰ ਸਿੰਘ ਹਾਜ਼ਰ ਸਨ।

ਬੀ ਕੇ ਯੂ ਕ੍ਰਾਂਤੀਕਾਰੀ ਪੰਜਾਬ ਵੱਲੋਂ ਪਿੰਡ ਮਠੌਲਾ 'ਚ ਵਿਰੋਧ ਪ੍ਰਦਰਸ਼ਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰ)-ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਬਲਾਕ ਸ੍ਰੀ ਹਰਗੋਬਿੰਦਪੁਰ ਵਲੋਂ ਪਿੰਡ ਮਠੌਲਾ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ ਗਿਆ ਅਤੇ ਸਰਕਾਰ ਖਿਲਾਫ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ ਦੀ ਪ੍ਰਧਾਨਗੀ ਹੇਠ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਿਸਾਨਾਂ ਅਤੇ ਬੀਬੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਸੂਬੇ ਨੂੰ ਪੁਲਸ ਰਾਜ ਵਿਚ ਤਬਦੀਲ ਕਰ ਦਿੱਤਾ ਹੈ।ਪਹਿਲਾਂ ਕਿਸਾਨ ਜਥੇਬੰਦੀਆਂ, ਫਿਰ ਮਜ਼ਦੂਰ ਜਥੇਬੰਦੀਆਂ ਅਤੇ ਦਲਿਤਾਂ ਦੇ ਅਧਿਕਾਰਾਂ ਦੀ ਲੜਾਈ ਲੜ ਰਹੇ ਪੇਂਡੂ ਮਜ਼ਦੂਰਾਂ 'ਤੇ ਤਸ਼ੱਦਦ ਕਰਨ ਤੋਂ ਬਾਅਦ ਹੁਣ ਡੈਮੋਕ੍ਰੇਟਿਕ ਮੁਲਾਜ਼ਮਾਂ ਅਤੇ ਅਪਰੈਂਟਸ਼ਿਪ ਲਾਈਨਮੈਨ ਕਾਮਿਆਂ ਤੇ ਅੰਨ੍ਹਾ ਤਸ਼ੱਦਦ ਢਾਹਿਆ ਗਿਆ ਅਤੇ ਗ੍ਰਿਫਤਾਰੀਆਂ ਅਤੇ ਪਰਚੇ ਦਰਜ ਕਰ ਕੇ ਮੁਕੰਮਲ ਤਾਨਾਸ਼ਾਹੀ ਦਾ ਸਬੂਤ ਦਿੱਤਾ।ਜ਼ਿਲ੍ਹਾ ਖਜਾਨਚੀ ਸਿਕੰਦਰ ਸਿੰਘ ਚੀਮਾ ਖੁੱਡੀ, ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ, ਬਲਕਾਰ ਸਿੰਘ ਧਰਮੀ ਫੌਜੀ ਆਦਿ ਨੇ ਸਰਕਾਰ ਦੀ ਨਿਖੇਧੀ ਕਰਦਿਆਂ ਲੋਕਾਂ ਨੂੰ ਇਕੱਠੇ ਹੋ ਕੇ ਵਿਰੋਧ ਕਰਨ ਦਾ ਸੱਦਾ ਦਿੱਤਾ। ਸੂਬਾਈ ਕਾਰਕੁੰਨ ਡਾ. ਅਸ਼ੋਕ ਭਾਰਤੀ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਭਵਿੱਖ ਦੇ ਏਜੰਡੇ ਨੂੰ ਲਾਗੂ ਕਰ ਰਹੀ ਹੈ ਜਿਸ ਖਿਲਾਫ ਸਮੂਹ ਲੋਕਾਂ ਅਤੇ ਇਨਕਲਾਬੀ ਜਮਹੂਰੀ ਸ਼ਕਤੀਆਂ ਨੂੰ ਇਕੱਠੇ ਹੋਣਾ ਚਾਹੀਦਾ ਹੈ।ਇਸ ਮੌਕੇ ਮਜ਼ਦੂਰ ਆਗੂ ਮਹਿੰਗਾ ਸਿੰਘ ਭਾਮ, ਜਰਨੈਲ ਸਿੰਘ ਭਰਥ, ਮਹਿੰਦਰ ਸਿੰਘ ਚੀਮਾ ਖੁੱਡੀ, ਅਮਰਜੀਤ ਸਿੰਘ ਅਤੇਪੁਰ, ਗੁਰਦੀਪ ਸਿੰਘ ਬਸਰਾਵਾਂ, ਬਲਾਕ ਖਜਾਨਚੀ ਦਰਸ਼ਨ ਸਿੰਘ ਡੱਲਾ, ਮਨਜੀਤ ਸਿੰਘ ਭਰਥ, ਕੁਲਵਿੰਦਰ ਸਿੰਘ ਬਸਰਾਵਾਂ, ਬੀਬੀ ਜਸਬੀਰ ਕੌਰ ਸੈਰੋਵਾਲ, ਸੁਖਵਿੰਦਰ ਕੌਰ, ਗੁਰਮੀਤ ਕੌਰ, ਕਸ਼ਮੀਰ ਸਿੰਘ ਮਠੋਲਾ ਆਦਿ ਹਾਜ਼ਰ ਸਨ।

ਰੰਧਾਵਾ ਨੇ ਬਾਬਾ ਕਾਰ ਜੀ ਸਟੇਡੀਅਮ ਤੇ ਸ਼ਹੀਦ ਭਗਤ ਸਿੰਘ ਸਟੇਡੀਅਮ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਕਸਬਾ ਕਲਾਨੌਰ ਦੀ ਗ੍ਰਾਮ ਪੰਚਾਇਤ ਕਲਾਨੌਰ ਵਿਖੇ ਬਾਬਾ ਕਾਰ ਜੀ ਸਟੇਡੀਅਮ ਅਤੇ ਸ਼ਹੀਦ ਭਗਤ ਸਿੰਘ ਸਟੇਡੀਅਮ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਉਪਰੰਤ ਉਨ੍ਹਾਂ ਵੱਲੋਂ ਸਰਪੰਚ ਹਰਜੀਤ ਸਿੰਘ ਗੱਜਣ ਦੇ ਗ੍ਰਹਿ ਵਿਖੇ ਚਾਹ ਦੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਅਤੇ ਇਲਾਕੇ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਹਲਕੇ ਅੰਦਰ ਖੇਡ ਸਟੇਡੀਅਮਾਂ ਨੂੰ ਆਧੁਨਿਕ ਸਹੂਲਤਾਂ ਨਾਲ ਵਿਕਸਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਲਈ ਵਧੀਆ ਮਾਹੌਲ ਅਤੇ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਖੇਡਾਂ ਨੂੰ ਪ੍ਰਮੋਟ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਏਗਾ।ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਾਕਾਰਾਤਮਕ ਪਾਸੇ ਲਾਉਣ ਲਈ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣਾ ਹੈ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ 'ਨਸ਼ਾ ਵਿਰੋਧੀ ਮੁਹਿੰਮ' ਯੁੱਧ ਨਸ਼ਿਆਂ ਵਿਰੁੱਧ ਸਦਕਾ ਲੋਕ ਨਸ਼ਿਆਂ ਵਿਰੁੱਧ ਜਾਗਰੂਕ ਹੋ ਰਹੇ ਹਨ ਅਤੇ ਇਸ ਮੁਹਿੰਮ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਕੇ ਉਨ੍ਹਾਂ ਨੂੰ ਸੂਬੇ ਦੇ ਸਮਾਜਿਕ ਆਰਥਿਕ ਵਿਕਾਸ ਵਿੱਚ ਭਾਈਵਾਲ ਬਣਾਉਣਾ ਹੈ, ਜਿਸ ਲਈ ਸਰਕਾਰ ਵਚਨਬੱਧ ਹੈ।

ਸਹਾਇਕ ਲਾਈਨਮੈਨਾਂ 'ਤੇ ਅੰਨ੍ਹੇਵਾਹ ਵਰ੍ਹਾਈਆਂ ਡਾਂਗਾਂ ਦੀ ਚੁਫੇਰਿਓਂ ਨਿੰਦਾ ਹੋ ਰਹੀ: ਹਰਪ੍ਰਤਾਪ ਅਜਨਾਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪਟਿਆਲਾ ਵਿਖੇ ਆਪਣੀਆਂ ਹੱਕੀ ਮੰਗਾਂ ਦੀ ਖਾਤਰ ਅਮਨ ਪੂਰਵਕ ਕੀਤੇ ਜਾ ਰਹੇ ਰੋਸ ਵਿਖਾਵੇ ਸਮੇਂ ਢਾਹੇ ਗਏ ਭਾਰੀ ਤਸ਼ੱਦਦ ਦੀ ਚੁਫੇਰਿਓਂ ਨਿੰਦਾ ਹੋ ਰਹੀ ਹੈ।ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰੀ ਦੇਸ਼ ਭਾਰਤ ਦੇ ਸੂਬੇ ਪੰਜਾਬ ਵਿੱਚ ਜਿੱਥੇ ਵਿਚਾਰਾਂ ਦਾ ਪ੍ਰਗਟਾਵਾ ਕਰਨਾ ਮੁੱਢਲੇ ਅਧਿਕਾਰਾਂ ਵਿੱਚ ਆਉਂਦਾ ਹੈ, ਵਿੱਚ ਲੋਕਾਂ ਨੂੰ ਆਪਣੀ ਗੱਲ ਕਹਿਣ ਤੋਂ ਰੋਕਣਾ ਲੋਕ ਤੰਤਰ ਦਾ ਘਾਣ ਹੈ।ਪਾਵਰਕਾਮ ਦਫਤਰ ਪਟਿਆਲਾ ਦੇ ਬਾਹਰ ਆਪਣੀਆਂ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਬਿਜਲੀ ਕਾਮਿਆਂ ਉਤੇ ਜੋ ਪੁਲਸ ਵੱਲੋਂ ਡਾਂਗਾਂ ਵਰ੍ਹਾਈਆਂ ਗਈਆਂ ਹਨ, ਉਹ ਗੈਰ-ਕਾਨੂੰਨੀ ਕਾਰਾ ਹੈ।ਇਸ ਗੱਲ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਨੇ ਆਪਣੇ ਗ੍ਰਹਿ ਵਿਖੇ ਕੁਝ ਚੋਣਵੇਂ ਪੱਤਰਕਾਰਾਂ ਗੱਲਬਾਤ ਦੌਰਾਨ ਕੀਤਾ।

ਉਨ੍ਹਾਂ ਕਿਹਾ ਕਿ ਭਾਰਤ ਦੇਸ਼ ਵਿੱਚ ਵੱਖ-ਵੱਖ ਧਰਮਾਂ ਦੇ ਲੋਕ ਆਪਸ ਵਿੱਚ ਮਿਲਜੁਲ ਕੇ ਰਹਿਣਾ ਚਾਹੁੰਦੇ ਹਨ, ਪਰ ਕੁਝ ਅਜਿਹੀਆਂ ਤਾਕਤਾਂ ਦੇਸ਼ ਦੀ ਰਾਜ ਸੱਤਾ 'ਤੇ ਕਾਬਜ਼ ਹੋ ਗਈਆਂ ਹਨ ਜੋ ਧਰਮ ਦੇ ਨਾਂ ਤੇ ਵੰਡੀਆਂ ਪਾ ਕੇ ਇੱਕ ਧਿਰ ਨੂੰ ਦੂਜੀ ਧਿਰ ਨਾਲ ਲੜਾਉਣਾ ਚਾਹੁੰਦੀਆਂ ਹਨ, ਜਿਨ੍ਹਾਂ ਦੇ ਮਨਸੂਬਿਆਂ ਨੂੰ ਸਮਝਣ ਦੀ ਲੋੜ ਹੈ।ਪੰਜਾਬ ਵਿੱਚ ਰਾਜ ਕਰਦੀ ਆਮ ਆਦਮੀ ਪਾਰਟੀ ਜਿਸ ਨੂੰ ਲੋਕਾਂ ਨੇ ਬੜੇ ਚਾਅ ਨਾਲ ਵੋਟਾਂ ਪਾਈਆਂ ਸਨ, ਲੋਕ ਮਨਾਂ ਵਿੱਚੋਂ ਉਤਰ ਚੁੱਕੀ ਹੈ। ਸ੍ਰੀ ਅਜਨਾਲਾ ਨੇ ਕਿਹਾ ਕਿ ਪੰਜਾਬ ਸਿਰ ਕਰਜ਼ੇ ਦੀ ਪੰਡ ਭਾਰੀ ਹੁੰਦੀ ਜਾ ਰਹੀ ਹੈ ਅਤੇ ਸੂਬਾ ਵਿਕਾਸ ਪਖੋਂ ਪੱਛੜ ਰਿਹਾ ਹੈ।

ਸੂਬੇ ਦੀ ਹਾਲਤ ਅਜਿਹੀ ਹੈ ਕਿ ਇਸ ਵੇਲੇ ਸਰਕਾਰ ਤੋਂ ਕਿਸਾਨ ਦੁਖੀ ਹੈ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਤੋਂ ਇਲਾਵਾ ਪਿਛਲੇ ਤਿੰਨ ਸਾਲ ਤੋਂ ਡੀਏ ਨਹੀਂ ਦਿੱਤਾ ਜਾ ਰਿਹਾ।ਇਸ ਦੇ ਉਲਟ ਖਜ਼ਾਨੇ ਦਾ ਸਾਰਾ ਪੈਸਾ ਇਸ਼ਤਿਹਾਰਬਾਜ਼ੀ ਅਤੇ ਫਜ਼ੂਲ ਦੀਆਂ ਸਕੀਮਾਂ ਤੇ ਖਰਚ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਾਂਗਰਸੀ ਵਰਕਰਾਂ ਨੂੰ ਹੱਲਾਸ਼ੇਰੀ ਦਿੰਦਿਆਂ ਕਿਹਾ ਕਿ ਪਿੰਡਾਂ ਵਿੱਚ ਤਗੜੇ ਹੋ ਕੇ ਕੰਮ ਕਰੋ।ਪਿੰਡਾਂ ਵਿੱਚ ਬਣਾਈਆਂ ਗਈਆਂ ਬੂਥ ਲੈਵਲ ਕਮੇਟੀਆਂ ਦੀ ਅਹਿਮੀਅਤ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਉਹ ਤਕੜੇ ਹੋ ਕੇ ਲਾਮਬੰਦੀ ਕਰਨ।ਇਸ ਸਮੇਂ ਕਾਂਗਰਸ ਕਮੇਟੀ ਜ਼ਿਲ੍ਹਾ ਦਿਹਾਤੀ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਕੰਵਰ ਪ੍ਰਤਾਪ ਸਿੰਘ ਅਜਨਾਲਾ, ਜੁਗਰਾਜ ਸਿੰਘ ਅਜਨਾਲਾ, ਡਾ: ਨਿਆਮਤ ਸੂਫੀ, ਗੁਰਦੇਵ ਸਿੰਘ ਨਿੱਝਰ, ਦਿਲਬਾਗ ਸਿੰਘ ਫਿਰਵਰਿਆ, ਦਵਿੰਦਰ ਡੈਮ, ਰਾਣਾ ਭੱਖਾ, ਦਲਜੀਤ ਸਿੰਘ ਸੋਨੂੰ, ਗੁਰਪਾਲ ਸਿੰਘ ਸਿੱਧੀ, ਰਾਜਬੀਰ ਮੱਧੂਛਾਂਗਾ, ਦੀਪਕ ਅਰੋੜਾ, ਅਮਨਦੀਪ ਡੰਡੇਰ, ਦਿਲਬਾਗ ਸਿੰਘ ਰਮਦਾਸ, ਗੁਰਿੰਦਰਬੀਰ ਸਿੰਘ ਗੱਗੋਮਾਹਲ, ਪਰਸ਼ੋਤਮ ਖਤਰਾਏ, ਸੋਨੂੰ ਮਾਕੋਵਾਲ, ਬਲਵਿੰਦਰ ਜਗਦੇਵ ਖੁਰਦ, ਜੈਟੀ ਅਬੂਸੈਦ, ਬਲਜੀਤ ਸਿੰਘ ਸਲੇਮਪੁਰਾ, ਬਲਦੇਵ ਸਿੰਘ ਭੋਏਵਾਲੀ, ਮਨਪ੍ਰੀਤ ਸਿੰਘ ਸਾਰੰਗ ਦੇਵ, ਸੁਖਵੰਤ ਚੇਤਨਪੁਰਾ, ਗੁਰਜੀਤ ਸਿੰਘ ਚੇਤਨਪੁਰਾ, ਅਮਰਜੀਤ ਚੇਤਨਪੁਰਾ, ਪਰਮਿੰਦਰ ਭੱਖਾ, ਸੁਖਦੇਵ ਸਰੀਨ, ਸਰਵਣ ਨਿਜ਼ਾਮਪੁਰਾ, ਬਲਵਿੰਦਰ ਸਿੰਘ ਹਰਦੋ ਪੁੱਤਲੀ, ਲਖਬੀਰ ਸਿੰਘ ਤੇੜਾ, ਗੁਰਸ਼ਿੰਦਰ ਕਾਹਲੋਂ, ਕਾਲਾ ਭੂਰੇ ਗਿੱਲ, ਬੰਟੀ ਕੱਲੋਮਾਹਲ, ਡਾ: ਜੋਰਾ ਸੰਤੂਨੰਗਲ, ਰੇਸ਼ਮ ਸਿੰਘ ਬਲੜਵਾਲ, ਜਗਰੂਪ ਸਿੰਘ ਨੰਗਲ, ਮਿੱਠੂ ਚਮਿਆਰੀ, ਪ੍ਰਭ ਡੱਲਾ ਰਾਜਪੂਤਾ, ਰਾਣਾ ਬੱਲ ਗੁਰਾਲਾ, ਗੁਰਵਿੰਦਰ ਚਾਹੜਪੁਰ, ਪਰਮਿੰਦਰ ਸੰਗੋਆਣਾ, ਰਾਜਵਿੰਦਰ ਕਿਆਮਪੁਰ, ਦਵਿੰਦਰ ਤੇੜਾ, ਲਖਬੀਰ ਸਿੰਘ ਤੇੜਾ, ਹਰਜੀਤ ਸਿੰਘ ਭੱਲਾ ਪਿੰਡ ਅਤੇ ਗਗਨਦੀਪ ਸਿੰਘ ਬੌਬੀ ਆਦਿ ਹਾਜ਼ਰ ਸਨ।

ਚੁੱਘ ਰਾਜ ਸਭਾ 'ਚ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ : ਪਿੰਕੀ, ਮਹਾਜਨ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਮੀਡੀਆ ਪੈਨਲਿਸਟ ਹੇਮੰਤ ਪਿੰਕੀ ਤੇ ਪੰਜਾਬ ਭਾਜਪਾ ਮੀਡੀਆ ਸਹਿ-ਮੁਖੀ ਗੌਰਵ ਮਹਾਜਨ ਨੇ ਰਾਜ ਸਭਾ ਚੋਣਾਂ ਲਈ ਨਾਮਜ਼ਦਗੀ ਦਾਖ਼ਲ ਕਰਨ 'ਤੇ ਤਰੁਣ ਚੁੱਘ ਨੂੰ ਵਧਾਈ ਤੇ ਸ਼ੁੱਭ ਕਾਮਨਾਵਾਂ ਦਿੱਤੀਆਂ। ਦੋਵਾਂ ਆਗੂਆਂ ਨੇ ਕਿਹਾ ਕਿ ਚੁੱਘ ਦੀ ਨਾਮਜ਼ਦਗੀ ਭਾਰਤੀ ਜਨਤਾ ਪਾਰਟੀ ਦੇ ਹਰ ਸਮਰਪਿਤ ਵਰਕਰ ਲਈ ਸਤਿਕਾਰ ਦਾ ਪ੍ਰਤੀਕ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਰਾਜ ਸਭਾ ਵਿਚ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ। ਹੇਮੰਤ ਪਿੰਕੀ ਨੇ ਕਿਹਾ ਕਿ 230 ਮੈਂਬਰੀ ਮੱਧ ਪ੍ਰਦੇਸ਼ ਵਿਧਾਨ ਸਭਾ ਵਿਚ ਭਾਜਪਾ ਦੇ 163 ਵਿਧਾਇਕ ਹਨ। ਰਾਜ ਸਭਾ ਚੋਣਾਂ ਦੇ ਗਣਿਤ ਅਨੁਸਾਰ ਇਕ ਉਮੀਦਵਾਰ ਨੂੰ ਜਿੱਤਣ ਲਈ ਕਰੀਬ 58 ਵਿਧਾਇਕਾਂ ਦੇ ਸਮਰਥਨ ਦੀ ਲੋੜ ਹੁੰਦੀ ਹੈ। ਇਸ ਤਰ੍ਹਾਂ ਦੋਵੇਂ ਭਾਜਪਾ ਉਮੀਦਵਾਰ ਆਰਾਮ ਨਾਲ ਜਿੱਤਣਗੇ। ਪੰਜਾਬ ਭਾਜਪਾ ਮੀਡੀਆ ਸਹਿ-ਮੁਖੀ ਗੌਰਵ ਮਹਾਜਨ ਨੇ ਕਿਹਾ ਕਿ ਤਰੁਣ ਚੁੱਘ ਦੀ ਰਾਜ ਸਭਾ ਲਈ ਚੋਣ ਪਾਰਟੀ ਲੀਡਰਸ਼ਿਪ ਦੇ ਦੂਰਦਰਸ਼ੀ ਫੈਸਲੇ ਨੂੰ ਦਰਸਾਉਂਦੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਤਰੁਣ ਚੁੱਘ ਰਾਜ ਸਭਾ ਵਿਚ ਜਨਹਿੱਤ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣਗੇ।

ਸਮਾਰਟ ਸਿਟੀ ਦੇ ਦਾਅਵਿਆਂ ਦੀ ਖੁੱਲ੍ਹੀ ਪੋਲ, ਭਗਤਾਂ ਵਾਲਾ ਚੌਕ ਤੇ ਜਨਤਕ ਬਾਥਰੂਮਾਂ ਦੀ ਹਾਲਤ ਖਸਤਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਹਲਕਾ ਦੱਖਣੀ ਤੋਂ ਕਾਂਗਰਸ ਸੇਵਾਦਾਰ ਅਤੇ ਸਾਬਕਾ ਕੌਂਸਲਰ ਜਗਦੀਪ ਸਿੰਘ ਰਿੰਕੂ ਨਰੂਲਾ ਨੇ ਭਗਤਾਂ ਵਾਲਾ ਗੇਟ ਨੇੜੇ ਸਥਿਤ ਚੌਕ ਅਤੇ ਉਥੇ ਬਣੇ ਜਨਤਕ ਬਾਥਰੂਮਾਂ ਦਾ ਦੌਰਾ ਕਰਕੇ ਇਲਾਕੇ ਦੀ ਖਸਤਾ ਹਾਲਤ ਤੇ ਗਹਿਰੀ ਚਿੰਤਾ ਪ੍ਰਗਟਾਈ।ਉਨ੍ਹਾਂ ਮੌਕੇ ਤੇ ਪਹੁੰਚ ਕੇ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਕੀਤੇ ਗਏ ਵਿਕਾਸ ਕਾਰਜਾਂ ਦੀ ਜ਼ਮੀਨੀ ਹਕੀਕਤ ਨੂੰ ਉਜਾਗਰ ਕੀਤਾ।ਉਨ੍ਹਾਂ ਇਨ੍ਹਾਂ ਕਾਰਜਾਂ ਲਈ ਸਮਾਰਟ ਸਿਟੀ ਤਹਿਤ ਆਈ ਕਰੋੜਾਂ ਰੁਪਏ ਦੀ ਗ੍ਰਾਂਟ ਦੀ ਜਾਂਚ ਦੀ ਵੀ ਮੰਗ ਕੀਤੀ।ਰਿੰਕੂ ਨਰੂਲਾ ਨੇ ਕਿਹਾ ਕਿ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਅਤੇ ਸਮਾਰਟ ਸਿਟੀ ਪ੍ਰੋਜੈਕਟ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਅਤੇ ਇਸਦੇ ਨੁਮਾਇੰਦਿਆਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਕੀ ਇਹੀ ਉਨ੍ਹਾਂ ਦਾ ਵਿਕਾਸ ਮਾਡਲ ਹੈ।ਇੱਕ ਪਾਸੇ ਲੋਕਾਂ ਨੂੰ ਸਾਫ਼-ਸੁਥਰੇ ਅਤੇ ਆਧੁਨਿਕ ਸ਼ਹਿਰਾਂ ਦੇ ਸੁਪਨੇ ਦਿਖਾਏ ਜਾ ਰਹੇ ਹਨ, ਜਦਕਿ ਦੂਜੇ ਪਾਸੇ ਭਗਤਾ ਵਾਲਾ ਚੌਂਕ ਅਤੇ ਇੱਥੋਂ ਦੇ ਜਨਤਕ ਬਾਥਰੂਮ ਬਹੁਤ ਹੀ ਖਸਤਾ ਹਾਲਤ ਵਿੱਚ ਪਏ ਹਨ।ਉਨ੍ਹਾਂ ਕਿਹਾ ਕਿ ਜਨਤਕ ਬਾਥਰੂਮਾਂ ਵਿੱਚ ਨਾ ਤਾਂ ਸਫ਼ਾਈ ਦੀ ਕੋਈ ਢੁੱਕਵੀਂ ਵਿਵਸਥਾ ਹੈ ਅਤੇ ਨਾ ਹੀ ਉਨ੍ਹਾਂ ਦੀ ਸੰਭਾਲ ਵੱਲ ਕੋਈ ਧਿਆਨ ਦਿੱਤਾ ਜਾ ਰਿਹਾ ਹੈ।ਚਿੰਤਾ ਵਾਲੀ ਗੱਲ ਇਹ ਹੈ ਕਿ ਇਹ ਥਾਵਾਂ ਨਸ਼ੇੜੀਆਂ ਦੇ ਅੱਡਿਆਂ ਵਿੱਚ ਤਬਦੀਲ ਹੁੰਦੀਆਂ ਜਾ ਰਹੀਆਂ ਹਨ, ਜਿਸ ਕਾਰਨ ਰਾਹਗੀਰਾਂ, ਦੁਕਾਨਦਾਰਾਂ, ਮਹਿਲਾਵਾਂ ਅਤੇ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਗਦੀਪ ਸਿੰਘ ਰਿੰਕੂ ਨੇ ਕਿਹਾ ਕਿ ਵਿਕਾਸ ਸਿਰਫ਼ ਇਸ਼ਤਿਹਾਰਾਂ, ਹੋਰਡਿੰਗਾਂ ਅਤੇ ਦਾਅਵਿਆਂ ਤੱਕ ਸੀਮਿਤ ਨਹੀਂ ਹੋਣਾ ਚਾਹੀਦਾ, ਸਗੋਂ ਇਸ ਦਾ ਮੁਲਾਂਕਣ ਲੋਕਾਂ ਨੂੰ ਮਿਲ ਰਹੀਆਂ ਬੁਨਿਆਦੀ ਸਹੂਲਤਾਂ ਅਤੇ ਜ਼ਮੀਨੀ ਪੱਧਰ ਤੇ ਦਿਖਾਈ ਦੇ ਰਹੇ ਬਦਲਾਵਾਂ ਦੇ ਆਧਾਰ ਤੇ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਪ੍ਰਸ਼ਾਸਨ ਅਤੇ ਸਬੰਧਿਤ ਵਿਭਾਗਾਂ ਤੋਂ ਮੰਗ ਕੀਤੀ ਕਿ ਭਗਤਾ ਵਾਲਾ ਚੌਂਕ, ਜਨਤਕ ਬਾਥਰੂਮਾਂ, ਪਾਰਕਾਂ ਅਤੇ ਹੋਰ ਜਨਤਕ ਸਹੂਲਤਾਂ ਦੀ ਹਾਲਤ ਵਿੱਚ ਤੁਰੰਤ ਸੁਧਾਰ ਕੀਤਾ ਜਾਵੇ ਤਾਂ ਜੋ ਇਲਾਕਾ ਵਾਸੀਆਂ ਨੂੰ ਰਾਹਤ ਮਿਲ ਸਕੇ ਅਤੇ ਸ਼ਹਿਰ ਨੂੰ ਵਾਸਤਵ ਵਿੱਚ ਸਮਾਰਟ ਸਿਟੀ ਬਣਾਉਣ ਦੇ ਉਦੇਸ਼ ਨੂੰ ਪੂਰਾ ਕੀਤਾ ਜਾ ਸਕੇ।

ਚੁੱਘ ਦੀ ਰਾਜ ਸਭਾ ਲਈ ਨਾਮਜ਼ਦਗੀ ਸਮਰਪਣ ਦਾ ਸਨਮਾਨ : ਪ੍ਰੋ. ਖਿਆਲਾ

ਬਿਆਸ (ਪਰਮਜੀਤ ਸਿੰਘ ਰੱਖੜਾ)-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਅਤੇ ਸਮਰਪਿਤ ਆਗੂ ਤਰੁਣ ਚੁੱਘ ਨੂੰ ਮੱਧ ਪ੍ਰਦੇਸ਼ ਤੋਂ ਰਾਜ ਸਭਾ ਲਈ ਭਾਰਤੀ ਜਨਤਾ ਪਾਰਟੀ ਦਾ ਉਮੀਦਵਾਰ ਨਾਮਜ਼ਦ ਕੀਤੇ ਜਾਣ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਅਤੇ ਸਮੁੱਚੀ ਪਾਰਟੀ ਹਾਈਕਮਾਂਡ ਦਾ ਹਾਰਦਿਕ ਧੰਨਵਾਦ ਕੀਤਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪਾਰਟੀ ਨੇ ਇੱਕ ਅਜਿਹੇ ਕਰਮਯੋਗੀ ਨੇਤਾ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ, ਜਿਸ ਨੇ ਆਪਣੇ ਜੀਵਨ ਦਾ ਹਰ ਪਲ ਸੰਗਠਨ ਦੀ ਮਜ਼ਬੂਤੀ, ਰਾਸ਼ਟਰ ਨਿਰਮਾਣ ਅਤੇ ਵਿਚਾਰਧਾਰਕ ਪ੍ਰਸਾਰ ਲਈ ਸਮਰਪਤ ਕੀਤਾ ਹੈ। ਉਨ੍ਹਾ ਨੇ ਤਰੁਣ ਚੁੱਘ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਨਾਮਜ਼ਦਗੀ ਉਨ੍ਹਾ ਦੀ ਦਹਾਕਿਆਂ ਲੰਮੀ ਨਿਸ਼ਕਾਮ ਸੇਵਾ, ਸੰਗਠਨ ਪ੍ਰਤੀ ਅਟੱਲ ਨਿਸ਼ਠਾ, ਕਰਮਠਤਾ ਅਤੇ ਰਾਸ਼ਟਰ ਪ੍ਰਤੀ ਸਮਰਪਣ ਦਾ ਯੋਗ ਸਨਮਾਨ ਹੈ।

ਬ੍ਰੇਨ ਟਿਊਮਰ ਬਾਰੇ ਮਿੱਥ ਤੇ ਤੱਥ ਜੋ ਸਾਨੂੰ ਪਤਾ ਹੋਣੇ ਚਾਹੀਦੇ

ਜਲੰਧਰ : ਬ੍ਰੇਨ ਟਿਊਮਰ ਸਭ ਤੋਂ ਡਰਾਉਣੀਆਂ ਨਿਊਰੋਲੋਜੀਕਲ ਸਥਿਤੀਆਂ ਵਿੱਚੋਂ ਇੱਕ ਹਨ ਅਤੇ ਬਹੁਤ ਸਾਰੇ ਲੋਕਾਂ ਵਿੱਚ ਆਪਣੇ ਆਲੇ-ਦੁਆਲੇ ਗਲਤ ਧਾਰਨਾਵਾਂ ਹਨ, ਜਿਸ ਕਾਰਨ ਲੋਕ ਮਦਦ ਲੈਣ ਤੋਂ ਝਿਜਕਦੇ ਹਨ ਜਦੋਂ ਉਨ੍ਹਾਂ ਨੂੰ ਮਦਦ ਲੈਣੀ ਚਾਹੀਦੀ ਹੈ।ਭਾਵੇਂ ਅਸੀਂ ਇਨ੍ਹਾਂ ਟਿਊਮਰਾਂ ਨੂੰ ਲੱਭਣ ਅਤੇ ਇਲਾਜ ਕਰਨ ਵਿੱਚ ਬਹੁਤ ਤਰੱਕੀ ਕੀਤੀ ਹੈ, ਫਿਰ ਵੀ ਗਲਤ ਜਾਣਕਾਰੀ ਅਜੇ ਵੀ ਮੌਜੂਦ ਹੈ।ਤੱਥ ਪ੍ਰਾਪਤ ਕਰਨ ਨਾਲ ਸਾਨੂੰ ਸਮੱਸਿਆਵਾਂ ਦਾ ਜਲਦੀ ਪਤਾ ਲਗਾਉਣ, ਸਹੀ ਦੇਖਭਾਲ ਲੱਭਣ ਅਤੇ ਆਪਣੀ ਸਿਹਤ ਬਾਰੇ ਸਮਝਦਾਰੀ ਨਾਲ ਫੈਸਲਾ ਲੈਣ ਵਿੱਚ ਮਦਦ ਮਿਲਦੀ ਹੈ।ਡਾ. ਸੰਦੀਪ ਕੁਮਾਰ ਕੁੰਡਲ ਕੰਸਲਟੈਂਟ ਨਿਊਰੋਸਰਜਨ, ਫੋਰਟਿਸ ਹਸਪਤਾਲ ਜਲੰਧਰ ਨੇ ਕਿਹਾ ਕਿ ਬਹੁਤ ਸਾਰੇ ਲੋਕ ਮੰਨਦੇ ਹਨ ਕਿ ਹਰ ਬ੍ਰੇਨ ਟਿਊਮਰ ਕੈਂਸਰ ਵਾਲਾ ਹੁੰਦਾ ਹੈ ਜਾਂ ਅਟੱਲ ਤੌਰ ਤੇ ਜਾਨਲੇਵਾ ਹੁੰਦਾ ਹੈ।ਅਜਿਹੀਆਂ ਗਲਤ ਧਾਰਨਾਵਾਂ ਅਕਸਰ ਡਰ ਪੈਦਾ ਕਰਦੀਆਂ ਹਨ ਅਤੇ ਡਾਕਟਰੀ ਸਲਾਹ-ਮਸ਼ਵਰੇ ਵਿੱਚ ਦੇਰੀ ਕਰ ਸਕਦੀਆਂ ਹਨ।ਸਹੀ ਜਾਣਕਾਰੀ ਜ਼ਰੂਰੀ ਹੈ ਕਿਉਂਕਿ ਜਲਦੀ ਰੋਗ ਦੀ ਪਛਾਣ ਅਤੇ ਸਮੇਂ ਸਿਰ ਇਲਾਜ ਨਤੀਜਿਆਂ ਵਿੱਚ ਕਾਫ਼ੀ ਸੁਧਾਰ ਕਰ ਸਕਦਾ ਹੈ।ਬ੍ਰੇਨ ਟਿਊਮਰ ਅਤੇ ਉਨ੍ਹਾਂ ਦੇ ਲੱਛਣਾਂ ਬਾਰੇ ਜਾਗਰੂਕਤਾ ਵਧਾਉਣ ਨਾਲ ਜਾਨਾਂ ਬਚਾਉਣ ਵਿੱਚ ਮਦਦ ਮਿਲ ਸਕਦੀ ਹੈ।

ਚੰਬਾ ਕਲਾਂ 'ਚ ਸ਼੍ਰੋਮਣੀ ਅਕਾਲੀ ਦਲ (ਬ) ਨੂੰ ਜ਼ਬਰਦਸਤ ਝਟਕਾ; ਦਰਜਨਾਂ ਟਕਸਾਲੀ ਆਗੂ ਕਾਂਗਰਸ 'ਚ ਸ਼ਾਮਲ

ਚੋਹਲਾ ਸਾਹਿਬ (ਰਮਨ ਚੱਢਾ)-ਚੰਬਾ ਕਲਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਬ) ਨੂੰ ਜ਼ਬਰਦਸਤ ਝਟਕਾ ਲੱਗਾ ਜਦੋਂ ਪਿੰਡ ਦੇ ਦਰਜਨਾਂ ਅਕਾਲੀ ਆਗੂ ਤੇ ਸਰਗਰਮ ਵਰਕਰ ਪਿੰਡ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਚੰਬਾ ਤੇ ਹਰਪ੍ਰੀਤ ਸਿੰਘ ਚੰਬਾ ਦੀ ਪ੍ਰੇਰਨਾ ਸਦਕਾ ਸ਼੍ਰੋਮਣੀ ਅਕਾਲੀ ਦਲ ਨੂੰ ਫਤਿਹ ਬੁਲਾ ਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ 'ਚ ਸ਼ਾਮਿਲ ਹੋ ਗਏ।ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਸਾਬਕਾ ਮੰਤਰੀ ਪੰਜਾਬ ਦੀ ਸੱਜੀ ਬਾਂਹ ਵਜੋਂ ਜਾਣੇ ਜਾਂਦੇ ਸਵਰਗੀ ਕੈਪਟਨ ਕੁੰਦਨ ਸਿੰਘ ਚੰਬਾ ਕਲਾਂ ਦੇ ਗ੍ਰਹਿ ਵਿਖੇ ਉਨ੍ਹਾਂ ਦੇ ਪੋਤਰੇ ਤੇ ਸੀਨੀਅਰ ਯੂਥ ਅਕਾਲੀ ਆਗੂ ਅਜੀਤਪਾਲ ਸਿੰਘ ਬਿੱਟੂ ਦੇ ਘਰ ਇੱਕ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਵਿੱਚ ਸੈਂਕੜੇ ਪਿੰਡ ਦੇ ਲੋਕਾਂ ਨੇ ਬੜੀ ਗਰਮ ਜੋਸ਼ੀ ਨਾਲ ਹਾਜ਼ਰੀਆਂ ਭਰੀਆਂ, ਸਭ ਨੇ ਇੱਕ ਸੁਰ ਵਿੱਚ ਕਿਹਾ ਕਿ ਬਾਦਲ ਸਾਹਿਬ ਨੇ ਪਤਾ ਨਹੀਂ ਕਿਹੜੇ ਲਾਲਚ 'ਚ ਆ ਕੇ ਕਿਸ ਨੂੰ ਹਲਕਾ ਖਡੂਰ ਸਾਹਿਬ ਦੀ ਪੰਥਕ ਸੀਟ ਤੋਂ ਉਮੀਦਵਾਰ ਐਲਾਨ ਦਿੱਤਾ ਜਦੋਂਕਿ ਹਲਕਾ ਖਡੂਰ ਸਾਹਿਬ 'ਚੋਂ ਬ੍ਰਹਮਪੁਰਾ ਪਰਿਵਾਰ ਤੇ ਹੋਰ ਵੀ ਬਹੁਤ ਸਾਰੇ ਇਮਾਨਦਾਰ ਟਕਸਾਲੀ ਅਕਾਲੀ ਆਗੂ ਸਨ।ਹਲਕੇ 'ਚੋਂ ਕਿਸੇ ਇੱਕ ਨੂੰ ਵੀ ਟਿਕਟ ਦਿੱਤੀ ਹੁੰਦੀ ਤਾਂ ਹਲਕਾ ਖਡੂਰ ਸਾਹਿਬ 'ਚੋਂ ਅਕਾਲੀ ਦਲ ਦਾ ਉਮੀਦਵਾਰ ਬੜੀ ਸ਼ਾਨ ਤੇ ਰਿਕਾਰਡ ਤੋੜ ਵੋਟਾਂ ਨਾਲ ਜਿੱਤ ਪ੍ਰਾਪਤ ਕਰ ਲੈਂਦਾ। ਹਲਕਾ ਖਡੂਰ ਸਾਹਿਬ ਦੇ ਲੋਕ ਬਾਹਰੀ ਉਮੀਦਵਾਰ ਨੂੰ ਮੂੰਹ ਨਹੀਂ ਲਾਉਣਗੇ।ਇਸ ਮੌਕੇ ਅਜੀਤਪਾਲ ਸਿੰਘ ਬਿੱਟੂ, ਮਾਸਟਰ ਦਲਬੀਰ ਸਿੰਘ, ਕੈਪਟਨ ਸਰਦਾਰ ਮਲੂਕ ਸਿੰਘ ਤਪਾ, ਮੌਜੂਦਾ ਮੈਂਬਰ ਪੰਚਾਇਤ ਪਰਮਜੀਤ ਸਿੰਘ, ਮੈਂਬਰ ਦਾਰਾ ਸਿੰਘ ਢੇਰੀ ਵਾਲਾ, ਹਰਭਜਨ ਸਿੰਘ ਬਾਬੇ ਬੋਲੇ, ਦਲਜੀਤ ਸਿੰਘ ਬਾਬੇ ਬੋਲੇ, ਬਾਬਾ ਜੋਗਿੰਦਰ ਸਿੰਘ, ਬਾਬਾ ਬੋਹੜ ਸਿੰਘ, ਕੁਲਵਿੰਦਰ ਸਿੰਘ ਫੌਜੀ, ਗੁਰਮੀਤ ਸਿੰਘ ਮਾਣਕੇ, ਬਲਕਾਰ ਸਿੰਘ ਮਾਣਕੇ, ਸਵਿੰਦਰ ਸਿੰਘ ਮਾਣਕੇ, ਨਾਇਬ ਸਿੰਘ ਨਾਗ, ਰਸ਼ਪਾਲ ਸਿੰਘ ਨਾਗ, ਦਿਲਬਾਗ ਸਿੰਘ ਨਾਗ, ਧਰਮਿੰਦਰ ਸਿੰਘ ਨਾਗ, ਇਕਬਾਲ ਸਿੰਘ ਮਿਸਤਰੀ, ਹੀਰਾ ਸਿੰਘ, ਸੋਨੀ, ਬਾਜ ਸਿੰਘ, ਸੁਖਦੇਵ ਸਿੰਘ ਮਾਣਕਾ, ਇੰਦਰਜੀਤ ਸਿੰਘ, ਅਮਰੀਕ ਸਿੰਘ ਮਲਾਹ, ਬਲਵੰਤ ਸਿੰਘ ਬਾਬੇ ਤਪੇ, ਸਰਦੂਲ ਸਿੰਘ ਤਪੇ, ਅਵਤਾਰ ਸਿੰਘ ਫੌਜੀ ਬੱਸਾਂ ਵਾਲੇ, ਕੁਲਵੰਤ ਸਿੰਘ ਕੈਪਟਨ, ਜਗਤਾਰ ਸਿੰਘ ਫੌਜੀ, ਕਾਰਜ ਸਿੰਘ, ਅਮਰੀਕ ਸਿੰਘ ਬਾਬੇ ਤਪੇ, ਜਸਬੀਰ ਸਿੰਘ ਬਾਬੇ ਤਪੇ, ਦਿਲਬਾਗ ਸਿੰਘ ਮੈਂਬਰ, ਅੰਮ੍ਰਿਤਪਾਲ ਸਿੰਘ ਪਰੌਣਾ, ਜਸਵਿੰਦਰ ਸਿੰਘ, ਗੁਰਦਾਸ ਸਿੰਘ, ਅਜੀਤ ਸਿੰਘ, ਹਰਨਾਮ ਸਿੰਘ, ਬਲਵਿੰਦਰ ਸਿੰਘ, ਗੁਰਦਾਸ ਸਿੰਘ, ਸੁਖਬੀਰ ਸਿੰਘ ਆੜ੍ਹਤੀਆ, ਗੁਰਮੀਤ ਸਿੰਘ ਪੁੱਤਰ ਜਗੀਰ ਸਿੰਘ, ਮੰਗਾ ਸਿੰਘ ਠੇਕੇਦਾਰ, ਸਰਬਜੀਤ ਸਿੰਘ ਸਾਭਾ, ਪ੍ਰੀਤ ਸਿੰਘ, ਬਖਸ਼ੀਸ਼ ਸਿੰਘ ਤੋਤਾ, ਬੀਰਾ ਸਿੰਘ, ਨਿੰਦਰ ਸਿੰਘ ਮਾਣਕਾ, ਇੰਦਰਜੀਤ ਸਿੰਘ ਦੋਧੀ ਹਵੇਲੀਆਂ, ਬਖਸ਼ੀਸ਼ ਸਿੰਘ ਤੋਤਾ, ਸੁਖਵਿੰਦਰ ਸਿੰਘ ਸੁੱਖਾ, ਜਥੇਦਾਰ ਗੁਰਲਾਲ ਸਿੰਘ, ਮੁਖਤਿਆਰ ਸਿੰਘ, ਗੁਰਵਿੰਦਰ ਸਿੰਘ, ਸੁੱਚਾ ਸਿੰਘ, ਕਾਬਲ ਸਿੰਘ, ਲਾਲੂ, ਸ਼ਿੰਦਾ ਸਿੰਘ ਮੈਂਬਰ, ਹਰਦੇਵ ਸਿੰਘ, ਕਾਮਰੇਡ ਨਿਰਮਲ ਸਿੰਘ ਬੱਬੂ, ਲਵਪ੍ਰੀਤ ਸਿੰਘ, ਸੁਖਵਿੰਦਰ ਸਿੰਘ ਛਿੰਦਾ,ਤਾਰਾ ਸਿੰਘ, ਸਵਿੰਦਰ ਸਿੰਘ, ਹਰਪਾਲ ਸਿੰਘ ਮਿਸਤਰੀ, ਪਰਗਟ ਸਿੰਘ ਲੱਡਾ, ਪ੍ਰਧਾਨ ਅਮਰਜੀਤ ਸਿੰਘ ਜਲਾਲਕੇ ਆਦਿ ਆਪਣੇ ਸਾਥੀਆਂ ਨਾਲ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ।ਇਨ੍ਹਾਂ ਸ਼ਖਸੀਅਤਾਂ ਨੂੰ ਰਮਨਜੀਤ ਸਿੰਘ ਸਿੱਕੀ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਵਿਸ਼ਵਾਸ ਦਿੱਤਾ ਕਿ ਕਾਂਗਰਸ ਪਾਰਟੀ ਵਿੱਚ ਸਭਨਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਇਸ ਮੌਕੇ ਉਨ੍ਹਾਂ ਨਾਲ ਸਾਬਕਾ ਸਰਪੰਚ ਮਹਿੰਦਰ ਸਿੰਘ ਚੰਬਾ, ਸਾਬਕਾ ਸਰਪੰਚ ਜਗਤਾਰ ਸਿੰਘ ਉੱਪਲ, ਮਨਜੀਤ ਸੰਧੂ, ਹਰਪ੍ਰੀਤ ਸਿੰਘ ਚੰਬਾ, ਮੈਂਬਰ ਗੁਰਸੇਵਕ ਸਿੰਘ ਜਲਾਲਕਾ, ਮੈਂਬਰ ਗੁਰਚੇਤਨ ਸਿੰਘ, ਮੈਂਬਰ ਬਲਬੀਰ ਸਿੰਘ ਗਰਾਣਾ, ਮੈਂਬਰ ਹਰਜਿੰਦਰ ਸਿੰਘ ਦੁਆਬੀਆ, ਪਰਤਾਪ ਸਿੰਘ ਸੇਠ, ਗੁਰਪਾਲ ਸਿੰਘ ਜਲਾਲਕਾ, ਥਾਣੇਦਾਰ ਅੰਗਰੇਜ ਸਿੰਘ ਜਲਾਲਕਾ, ਰਾਜਬੀਰ ਸਿੰਘ ਸੰਧੂ ਮਿੰਨੀ ਮਾਰਟ ਵਾਲੇ, ਸਰਬਜੀਤ ਸਿੰਘ ਸ਼ੱਬਾ, ਨੰਬਰਦਾਰ ਗੁਰਨਾਮ ਸਿੰਘ, ਮਹਿੰਦਰ ਸਿੰਘ ਘੜਕੇ ਵਾਲਾ, ਗੁਰਨਾਮ ਸਿੰਘ ਰੱਬ, ਰਣਜੀਤ ਸਿੰਘ ਗਿੱਲ ਹਵੇਲੀਆਂ, ਕਰਮ ਸਿੰਘ ਸ਼ਾਹ ਹਵੇਲੀਆਂ, ਧਰਮ ਸਿੰਘ ਹਵੇਲੀਆਂ, ਸਾਰਜ ਸਿੰਘ ਹਵੇਲੀਆਂ, ਗੁਰਮੇਲ ਸਿੰਘ ਗਿੱਲ ਹਵੇਲੀਆਂ, ਲਖਬੀਰ ਸਿੰਘ, ਹੀਰਾ ਸਿੰਘ ਹੇਰ, ਸੁਰਜੀਤ ਸਿੰਘ ਬਰਨਾਲਾ ਖੱਬਾ, ਸਤਪਾਲ ਸਿੰਘ ਇੰਡੋਨੇਸ਼ੀਆ ਅਤੇ ਹੀਰਾ ਸਿੰਘ ਸ਼ਾਹ ਆਦਿ ਸਾਥੀ ਹਾਜ਼ਰ ਸਨ।

ਅਪਰੈਂਟਿਸ਼ਪ ਲਾਈਨਮੈਨਾਂ ਦੀ ਪੱਕੀ ਭਰਤੀ ਕਰਨ ਦੀ ਮੰਗ

■ 10 ਅਗਸਤ ਨੂੰ ਦਿੱਤੀਆਂ ਜਾਣਗੀਆਂ ਗ੍ਰਿਫਤਾਰੀਆਂ

ਗੁਰਦਾਸਪੁਰ (ਜਨਕ ਮਹਾਜਨ)-ਮੰਗਾਂ ਅਤੇ ਮਹਿਕਮੇ ਵਿਚ ਭਰਤੀ ਨੂੰ ਲੈ ਕੇ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਸ਼ਾਂਤਮਈ ਢੰਗ ਨਾਲ ਮੈਨੇਜਮੈਂਟ ਵਿਰੁੱਧ ਸੰਘਰਸ਼ ਕਰ ਰਹੇ ਬੇਰੁਜ਼ਗਾਰ ਨੌਜਵਾਨਾਂ 'ਤੇ ਲਾਠੀਚਾਰਜ ਕੀਤਾ ਗਿਆ ਜਿਸ ਦੀ ਸਾਡੀ ਜਥੇਬੰਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।ਇਸ ਸੰਬੰਧੀ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਸਰਪ੍ਰਸਤ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਸਰਕਾਰ ਸਹਾਇਕ ਲਾਈਨਮੈਨਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਪਸ਼ੂਆਂ ਵਾਂਗ ਕੁੱਟ ਰਹੀ ਹੈ। ਪਰ ਬੇਰੁਜ਼ਗਾਰੀ ਦੇ ਝੰਬੇ ਇਨਵਾਂ ਲਾਈਨਮੈਨਾਂ ਨੇ ਮਹਿਕਮੇ ਅੰਦਰ ਦੋ ਸਾਲ ਦੀ ਬਤੌਰ ਲਾਈਨਮੈਨ ਅਪਰਿੰਟਿਸ਼ਪ ਕੀਤੀ ਹੋਈ ਹੈ। ਮਹਿਕਮੇ ਅੰਦਰ ਹਜ਼ਾਰਾਂ ਅਸਾਮੀਆਂ ਲਾਈਨਮੈਨ ਅਤੇ ਸਹਾਇਕ ਲਾਈਨਮੈਨਾਂ ਦੀਆਂ ਖਾਲੀ ਪਈਆਂ ਹਨ।ਇਸ ਦੇ ਬਾਵਜੂਦ ਉਨ੍ਹਾਂ ਨੂੰ ਭਰਤੀ ਨਹੀਂ ਕੀਤਾ ਜਾ ਰਿਹਾ। ਜਥੇਬੰਦੀ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਬੇਰੁਜ਼ਗਾਰ ਲਾਈਨਮੈਨਾਂ ਨੂੰ ਮਹਿਕਮੇ ਅੰਦਰ ਭਰਤੀ ਕੀਤਾ ਜਾਵੇ ਅਤੇ ਲਾਠੀਚਾਰਜ ਦੀ ਨਿਆਇਕ ਜਾਂਚ ਕਰਵਾ ਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।ਗ੍ਰਿਫ਼ਤਾਰ ਕੀਤੇ ਸਾਰੇ ਬੇਰੁਜ਼ਗਾਰ ਲਾਈਨਮੈਨਾਂ ਨੂੰ ਰਿਹਾਅ ਕੀਤਾ ਜਾਵੇ।ਸਾਥੀ ਉਦੀਪੁਰ ਨੇ ਦੱਸਿਆ ਕਿ ਸੰਘਰਸ਼ ਨੂੰ ਡੰਡੇ ਦੇ ਜ਼ੋਰ ਨਾਲ ਨਹੀਂ ਦਬਾਇਆ ਜਾ ਸਕੇ। ਇਸ ਮੌਕੇ ਗੁਰਦਾਸਪੁਰ ਮੰਡਲ ਦੇ ਪ੍ਰਧਾਨ ਅਮਨਦੀਪ ਸਿੰਘ ਧਾਲੀਵਾਲ, ਮੰਡਲ ਸਕੱਤਰ ਜੇਪੀ ਜੰਜੂਆ, ਲਖਵਿੰਦਰ ਸਿੰਘ ਅਤੇ ਹਰਪ੍ਰੀਤ ਸਿੰਘ ਗਿੱਲ ਹਾਜ਼ਰ ਸਨ।

ਤਰੁਣ ਚੁੱਘ ਵੱਲੋਂ ਰਾਜਾ ਰਣਧੀਰ ਸਿੰਘ ਨੂੰ ਸ਼ਰਧਾਂਜਲੀ ਭੇਟ

ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਨਾਮਜ਼ਦ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਨਵੀਂ ਦਿੱਲੀ ਦੇ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਵਿਖੇ ਭੋਗ ਤੇ ਅੰਤਿਮ ਅਰਦਾਸ ਸਮਾਰੋਹ ਵਿਚ ਸ਼ਾਮਲ ਹੋ ਕੇ ਪੰਜ ਵਾਰ ਦੇ ਓਲੰਪੀਅਨ, ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਤੇ ਪਟਿਆਲਾ ਸ਼ਾਹੀ ਪਰਿਵਾਰ ਦੇ ਮੈਂਬਰ ਮਰਹੂਮ ਰਾਜਾ ਰਣਧੀਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਰਾਜਾ ਰਣਧੀਰ ਸਿੰਘ ਨੇ ਭਾਰਤੀ ਖੇਡਾਂ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿਚ ਮਹੱਤਵਪੂਰਨ ਯੋਗਦਾਨ ਪਾਇਆ। ਇਕ ਖਿਡਾਰੀ, ਪ੍ਰਸ਼ਾਸਕ ਤੇ ਸਲਾਹਕਾਰ ਦੇ ਤੌਰ 'ਤੇ ਉਨ੍ਹਾਂ ਨੇ ਦੇਸ਼ ਦੇ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ।

ਉਨ੍ਹਾਂ ਦਾ ਜੀਵਨ ਅਨੁਸ਼ਾਸਨ, ਸਮਰਪਣ ਤੇ ਰਾਸ਼ਟਰ ਪ੍ਰਤੀ ਸੇਵਾ ਦੀ ਪ੍ਰੇਰਨਾਦਾਇਕ ਉਦਾਹਰਣ ਸੀ। ਚੁੱਘ ਨੇ ਕਿਹਾ ਕਿ ਖੇਡਾਂ ਦੇ ਵਿਕਾਸ, ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਤੇ ਅੰਤਰਰਾਸ਼ਟਰੀ ਪਲੇਟਫਾਰਮਾਂ 'ਤੇ ਭਾਰਤ ਦੇ ਮਾਣ ਨੂੰ ਵਧਾਉਣ ਵਿਚ ਉਨ੍ਹਾਂ ਦੀ ਭੂਮਿਕਾ ਹਮੇਸ਼ਾ ਯਾਦ ਰੱਖੀ ਜਾਵੇਗੀ। ਉਨ੍ਹਾਂ ਦੇ ਦੇਹਾਂਤ ਨਾਲ ਦੇਸ਼ ਨੇ ਖੇਡ ਜਗਤ ਵਿਚ ਦੂਰਦਰਸ਼ੀ ਨੇਤਾ ਗੁਆ ਦਿੱਤਾ ਹੈ। ਤਰੁਣ ਚੁੱਘ ਨੇ ਸੋਗ ਵਿਚ ਡੁੱਬੇ ਪਰਿਵਾਰ ਨਾਲ ਵੀ ਹਮਦਰਦੀ ਪ੍ਰਗਟ ਕੀਤੀ। ਭੋਗ ਤੇ ਅੰਤਿਮ ਅਰਦਾਸ ਵਿਚ ਵੱਖ-ਵੱਖ ਖੇਤਰਾਂ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ, ਖੇਡ ਪ੍ਰਸ਼ਾਸਕਾਂ, ਸਮਾਜਿਕ ਤੇ ਧਾਰਮਿਕ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ ਅਤੇ ਰਾਜਾ ਰਣਧੀਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ।

ਅਨੰਦਿਤਾ ਮਿੱਤਰਾ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਭਾਰਤ ਚੋਣ ਕਮਿਸ਼ਨ ਦੀ ਡਾਇਰੈਕਟਰ ਜਨਰਲ (ਆਈ. ਟੀ.) ਡਾ. ਸੀਮਾ ਖੰਨਾ ਅਤੇ ਮੁੱਖ ਚੋਣ ਅਧਿਕਾਰੀ ਪੰਜਾਬ ਅਨੰਦਿਤਾ ਮਿੱਤਰਾ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਪਾਵਨ ਗੁਰਧਾਮ ਦੇ ਦਰਸ਼ਨ ਕੀਤੇ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।

ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨਾਂ ਦੌਰਾਨ ਉਨ੍ਹਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ ਅਤੇ ਸਿੱਖ ਧਰਮ ਦੇ ਇਸ ਮਹਾਨ ਅਧਿਆਤਮਿਕ ਕੇਂਦਰ ਦੀਆਂ ਪਰੰਪਰਾਵਾਂ ਅਤੇ ਵਿਰਾਸਤ ਬਾਰੇ ਜਾਣਕਾਰੀ ਵੀ ਪ੍ਰਾਪਤ ਕੀਤੀ।ਇਸ ਉਪਰੰਤ ਡਾ. ਸੀਮਾ ਖੰਨਾ ਵੱਲੋਂ ਸ੍ਰੀ ਦੁਰਗਿਆਣਾ ਮੰਦਰ ਵਿਖੇ ਵੀ ਮੱਥਾ ਟੇਕਿਆ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਚੋਣ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਕੰਪਲੀਟ ਡੈਂਟਲ ਕੇਅਰ ਸੈਂਟਰ ਧਾਰੀਵਾਲ ਵਿਖੇ ਦੰਦਾਂ ਦਾ ਪੰਜ ਰੋਜ਼ਾ ਮੁਫਤ ਚੈੱਕਅੱਪ ਕੈਂਪ ਸੰਪੰਨ

ਧਾਰੀਵਾਲ, (ਮਨਦੀਪ ਵਿੱਕੀ)-ਕੰਪਲੀਟ ਡੈਂਟਲ ਕੇਅਰ, ਇਮਪਲਾਂਟ ਅਤੇ ਆਰਥੋਡੋਨਟਿਕ ਸੈਂਟਰ ਧਾਰੀਵਾਲ (ਨਵੇਂ ਪੋਸਟ ਆਫਿਸ ਦੇ ਪਿੱਛੇ, ਮਿਸ਼ਨ ਹਸਪਤਾਲ ਰੋਡ) ਵਿਖੇ ਸੈਂਟਰ ਦੇ ਮੁੱਖ ਪ੍ਰਬੰਧਕ ਦੰਦਾਂ ਦੇ ਮਾਹਿਰ ਡਾਕਟਰ ਰੋਹਿਤ ਪੀਟਰ ਵੱਲੋਂ ਮਰੀਜਾਂ ਦੀ ਭਲਾਈ ਅਤੇ ਵਧੀਆ ਮੌਖਿਕ ਸਿਹਤ ਲਈ ਜਨਤਕ ਜਾਗਰੂਕਤਾ ਫੈਲਾਉਣ ਨੂੰ ਸਮਰਪਿਤ ਸੈਂਟਰ ਵਿਖੇ ਦੰਦਾਂ ਦਾ ਪੰਜ ਰੋਜ਼ਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ।

ਇਸ ਕੈਂਪ ਦਾ ਸ਼ਹਿਰ ਧਾਰੀਵਾਲ ਸਮੇਤ ਇਲਾਕੇ ਭਰ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਲਾਭ ਉਠਾਇਆ। ਇਸ ਪੰਜ ਰੋਜ਼ਾ ਕੈਂਪ ਦੌਰਾਨ ਦੰਦਾਂ ਦੇ ਮਾਹਿਰ ਡਾਕਟਰ ਰੋਹਿਤ ਪੀਟਰ, ਡਾ: ਹਰਮੀਤ ਕੌਰ, ਡਾ: ਕਨੂਪ੍ਰਿਆ, ਸਹਾਇਕ ਸਟਾਫ ਵੀਨਾ ਆਦਿ ਟੀਮ ਨੇ ਸ਼ਹਿਰ ਅਤੇ ਆਸ ਪਾਸ ਪਿੰਡਾਂ ਤੋਂ ਆਏ ਦੰਦਾਂ ਦੀਆਂ ਬਿਮਾਰੀਆਂ ਤੋਂ ਪੀੜਤ ਮਰੀਜਾਂ ਦੇ ਦੰਦਾਂ ਦਾ ਮੁਫਤ ਚੈੱਕਅਪ ਕਰਕੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੌਰਾਨ ਦੰਦਾਂ ਦੇ ਮਾਹਿਰ ਡਾਕਟਰ ਰੋਹਿਤ ਪੀਟਰ ਨੇ ਹਾਜਰ ਲੋਕਾਂ ਨੂੰ ਦੰਦਾਂ ਨੂੰ ਲੱਗਣ ਵਾਲੀਆਂ ਬਿਮਾਰੀਆਂ ਬਚਾਅ ਲਈ ਜਾਗਰੂਕ ਕਰਦਿਆਂ ਕਿਹਾ ਦੰਦ ਸਰੀਰ ਦਾ ਅਹਿਮ ਅੰਗ ਹਨ ਅਤੇ ਸਾਨੂੰ ਦੰਦਾਂ ਦੀਆਂ ਬਿਮਾਰੀਆਂ ਪ੍ਰਤੀ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਦੰਦਾਂ ਦੀਆਂ ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਦੰਦਾਂ ਦੀ ਸਾਂਭ ਸੰਭਾਲ ਜ਼ਰੂਰੀ ਨੁਕਤੇ ਵੀ ਦੱਸੇ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਿਸ਼ਾਲ ਸਮਾਗਮ

ਬਿਆਸ (ਪਰਮਜੀਤ ਸਿੰਘ ਰੱਖੜਾ) ਬਾਬਾ ਬਕਾਲਾ ਸਾਹਿਬ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਐਤਵਾਰ ਇਕ ਵਿਸ਼ਾਲ ਸਮਾਗਮ ਕੋਆਰਡੀਨੇਟਰ ਸਰਬਜੀਤ ਸਿੰਘ ਧੂਲਕਾ ਦੀ ਅਗਵਾਈ ਹੇਠ ਕਰਾਇਆ ਗਿਆ, ਜਿਸ ਵਿੱਚ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਕੰਵਲਪ੍ਰੀਤ ਸਿੰਘ ਚਾਹਲ ਐੱਸ ਐੱਸ ਪੀ. ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਕੁਲਦੀਪ ਸਿੰਘ ਛੱਜਲਵੱਡੀ ਬਤੌਰ ਮੁੱਖ ਮਹਿਮਾਨ ਵਜੋਂ ਸਾਮਿਲ ਹੋਏ, ਜਦਕਿ ਪ੍ਰਧਾਨਗੀ ਮੰਡਲ ਵਿੱਚ ਸੁਖਪਾਲ ਸਿੰਘ ਡੀ ਐੱਸ ਪੀ ਬਾਬਾ ਬਕਾਲਾ ਸਾਹਿਬ, ਰਣਜੀਤ ਸਿੰਘ ਤਹਿਸੀਲਦਾਰ ਬਾਬਾ ਬਕਾਲਾ ਸਾਹਿਬ, ਸਰਬਜੀਤ ਸਿੰਘ ਬੀ ਡੀ ਪੀ ਓ ਰਈਆ ਸਮੇਤ ਹੋਰ ਅਧਿਕਾਰੀ ਸਾਮਿਲ ਹੋਏ। ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਕੰਵਲਪ੍ਰੀਤ ਸਿੰਘ ਚਾਹਲ ਐੱਸ ਐੱਸ ਪੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਨੇ ਕਿਹਾ ਕਿ ਨਸ਼ਿਆਂ ਦੇ ਮਾਮਲੇ ਵਿੱਚ ਕਿਸੇ ਦਾ ਲਿਹਾਜ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਲੋਕ ਬਿਨਾਂ ਕਿਸੇ ਡਰ, ਭੈਅ ਦੇ ਨਸ਼ਾ ਵੇਚਣ ਜਾਂ ਕਰਨ ਵਾਲਿਆਂ ਦਾ ਸਾਨੂੰ ਨਾਂਅ ਦੱਸ ਸਕਦੇ ਹਨ, ਉਨ੍ਹਾਂ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

ਇਸ ਮੌਕੇ ਬਲਾਕ ਕੋਆਰਡੀਨੇਟਰ ਡਾਕਟਰ ਮਲਕੀਤ ਸਿੰਘ ਰੰਧਾਵਾ, ਜਥੇਦਾਰ ਬਲਦੇਵ ਸਿੰਘ ਬੋਦੇਵਾਲ, ਸੰਜੀਵ ਭੰਡਾਰੀ ਸੰਗਠਨ ਇੰਚਾਰਜ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਚੇਅਰਮੈਨ ਸੂਬੇਦਾਰ ਹਰਭਜਨ ਸਿੰਘ ਤਿੰਮੋਵਾਲ, ਵਾਈਸ ਚੇਅਰਮੈਨ ਜੋਗਰਾਜ ਸਿੰਘ ਜੋਗੀ, ਸਰਪੰਚ ਮਨੋਹਰ ਸਿੰਘ ਖੋਜਕੀਪੁਰ, ਸਰਪੰਚ ਕੰਵਲਜੀਤ ਸਿੰਘ ਭੋਰਸ਼ੀ, ਸਰਪੰਚ ਜਸਪਾਲ ਸਿੰਘ ਨਰਿੰਜਣਪੁਰ, ਕੌਂਸਲਰ ਗੁਰਮੀਤ ਸਿੰਘ ਪਨੇਸਰ, ਕੌਂਸਲਰ ਜੈਮਲ ਸਿੰਘ ਭੁੱਲਰ, ਕੌਂਸਲਰ ਸੁਖਦੇਵ ਸਿੰਘ ਪੱਡਾ, ਸਰਪੰਚ ਫੁਲਵਿੰਦਰ ਸਿੰਘ ਖਿਲਚੀਆਂ, ਲੱਖਾ ਸਿੰਘ ਠੱਠੀਆਂ ਚੱਕੀ ਵਾਲੇ, ਕੌਂਸਲਰ ਮਨਜਿੰਦਰ ਸਿੰਘ ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਹਰਜਿੰਦਰ ਸਿੰਘ ਟੌਂਗ, ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਬਿਆਸ, ਚੇਅਰਮੈਨ ਗੁਰਦੇਵ ਸਿੰਘ ਖਾਲਸਾ, ਸਰਪੰਚ ਗੁਰਪ੍ਰੀਤ ਸਿੰਘ ਬੂਲੇ ਨੰਗਲ, ਵਿਸ਼ਾਲ ਮੰਨਣ ਮੀਡੀਆ ਇੰਚਾਰਜ, ਜਗਬੀਰ ਸਿੰਘ ਸਰਪੰਚ ਸਰਾਂ ਤਲਵੰਡੀ, ਸਰਪੰਚ ਸ਼ਰਨਜੀਤ ਸਿੰਘ ਕੋਟ ਮਹਿਤਾਬ ਤੇ ਹੋਰ ਹਾਜ਼ਰ ਸਨ।

ਤਰਕਸ਼ੀਲ ਸੁਸਾਇਟੀ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ 'ਤੇ ਅਣਮਨੁੱਖੀ ਜਬਰ ਦੀ ਸਖ਼ਤ ਨਿਖੇਧੀ

■ ਦੋਸ਼ੀ ਪੁਲਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਕੀਤੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਜਮਹੂਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰਦੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਹੋਏ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਅਣਮਨੁੱਖੀ ਜਬਰ ਲਈ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।ਇਸਦੇ ਨਾਲ ਹੀ ਸੁਸਾਇਟੀ ਨੇ ਦਾਣਾ ਮੰਡੀ ਸੁਨਾਮ ਵਿਖੇ ਸੇਵਾ ਕੇਂਦਰ ਦੇ ਕੱਚੇ ਮੁਲਾਜ਼ਮਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਰੋਸ ਰੈਲੀ ਨਾ ਕਰਨ ਦੇਣ ਅਤੇ ਧੱਕੇ ਨਾਲ ਗ੍ਰਿਫਤਾਰ ਕਰਨ ਦੀ ਵੀ ਸਖ਼ਤ ਆਲੋਚਨਾ ਕੀਤੀ ਹੈ।

ਪ੍ਰੈੱਸ ਬਿਆਨ ਜਾਰੀ ਕਰਦਿਆਂ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਸੁਖਵਿੰਦਰ ਬਾਗਪੁਰ, ਰਾਮ ਸਵਰਨ ਲੱਖੇਵਾਲੀ, ਸੁਮੀਤ ਅੰਮ੍ਰਿਤਸਰ ਅਤੇ ਸੁਰਜੀਤ ਟਿੱਬਾ ਨੇ ਕਿਹਾ ਕਿ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਅਤੇ ਵੱਖ-ਵੱਖ ਵਿਭਾਗਾਂ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਦੀ ਰੈਗੂਲਰ ਭਰਤੀ ਕਰਨੀ ਪੰਜਾਬ ਅਤੇ ਕੇਂਦਰ ਸਰਕਾਰਾਂ ਦਾ ਸੰਵਿਧਾਨਿਕ ਫਰਜ਼ ਹੈ ਪਰ ਪੰਜਾਬ ਸਰਕਾਰ ਪੰਜਾਬ ਦੇ ਬੇਰੁਜ਼ਗਾਰ ਨੌਜਵਾਨਾਂ, ਮੁਲਾਜ਼ਮਾਂ, ਅਧਿਆਪਕਾਂ ਅਤੇ ਪੈਨਸ਼ਨਰਾਂ ਦੀਆਂ ਪੁਰਾਣੀ ਪੈਨਸ਼ਨ ਬਹਾਲੀ, ਰੈਗੂਲਰ ਭਰਤੀ ਕਰਨ, ਨਵੀਂ ਸਿੱਖਿਆ ਨੀਤੀ 2020 ਰੱਦ ਕਰਨ ਅਤੇ ਡੀ ਏ ਸਮੇਤ ਹੋਰ ਬਕਾਏ ਜਾਰੀ ਕਰਨ ਸਮੇਤ ਲੰਬੇ ਸਮੇਂ ਤੋਂ ਹੋਰ ਲੰਬਿਤ ਹੱਕੀ ਮੰਗਾਂ ਮੰਨਣ ਦੀ ਬਜਾਏ ਉਨ੍ਹਾਂ ਉਤੇ ਅਣਮਨੁੱਖੀ ਜਬਰ ਕਰਕੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ ਪਰ ਇਹ ਆਪਣੇ ਲੋਕ ਵਿਰੋਧੀ ਮਨਸੂਬਿਆਂ ਵਿੱਚ ਕਦੇ ਵੀ ਸਫ਼ਲ ਨਹੀਂ ਹੋਵੇਗੀ।

ਸੂਬਾ ਕਮੇਟੀ ਆਗੂਆਂ ਰਾਜੇਸ਼ ਅਕਲੀਆ, ਜੋਗਿੰਦਰ ਕੁੱਲੇਵਾਲ, ਗੁਰਪ੍ਰੀਤ ਸ਼ਹਿਣਾ, ਜੁਝਾਰ ਲੌਂਗੋਵਾਲ ਅਤੇ ਜਸਵਿੰਦਰ ਫਗਵਾੜਾ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਪੰਜਾਬ ਸਰਕਾਰਾਂ ਵਿਸ਼ਵ ਵਪਾਰ ਸੰਗਠਨ ਦੇ ਦਬਾਅ ਹੇਠ ਨਵੀਂ ਸਿੱਖਿਆ ਨੀਤੀ 2020, ਬਿਜਲੀ ਸੋਧ ਬਿੱਲ, ਬੀਜ ਬਿੱਲ, ਮਜ਼ਦੂਰ ਵਿਰੋਧੀ ਚਾਰ ਕਿਰਤ ਕੋਡ, ਨਵੀਂ ਮਗਨਰੇਗਾ ਸਕੀਮ ਅਤੇ ਜਨਤਕ ਅਦਾਰਿਆਂ ਦਾ ਨਿੱਜੀਕਰਨ ਕਰਕੇ ਕਿਸਾਨਾਂ, ਮਜ਼ਦੂਰਾਂ, ਖੇਤੀ ਤੇ ਸਨਅਤੀ ਕਾਮਿਆਂ, ਮੁਲਾਜ਼ਮਾਂ, ਛੋਟੇ ਦੁਕਾਨਦਾਰਾਂ ਅਤੇ ਆਮ ਲੋਕਾਂ ਤੋਂ ਸਿੱਖਿਆ, ਸਿਹਤ, ਰੁਜ਼ਗਾਰ, ਬਿਜਲੀ, ਸਾਫ਼ ਪਾਣੀ ਅਤੇ ਸੜਕਾਂ ਦੀਆਂ ਬੁਨਿਆਦੀ ਸਹੂਲਤਾਂ ਖੋਹ ਕੇ ਮੁਨਾਫਾਖੋਰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣਾ ਚਾਹੁੰਦੀਆਂ ਹਨ ਜਿਸਨੂੰ ਪੰਜਾਬ ਸਮੇਤ ਦੇਸ਼ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮਾਂ ਦੀਆਂ ਜਨਤਕ ਤੇ ਜਮਹੂਰੀ ਜਥੇਬੰਦੀਆਂ ਕਿਸੇ ਵੀ ਸੂਰਤ ਵਿੱਚ ਲਾਗੂ ਨਹੀਂ ਹੋਣ ਦੇਣਗੀਆਂ।

ਉਨ੍ਹਾਂ ਨੇ ਬੇਰੁਜ਼ਗਾਰ ਲਾਈਨਮੈਨਾਂ ਉਤੇ ਅਣਮਨੁੱਖੀ ਜਬਰ ਕਰਨ ਵਾਲੇ ਡੀਐੱਸਪੀ ਸਮੇਤ ਸਾਰੇ ਪੁਲਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਦੀ ਮੰਗ ਕੀਤੀ।

ਕਪੂਰਥਲਾ 'ਚ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਕੀਰਤਨ ਸਮਾਗਮ

ਕਪੂਰਥਲਾ, (ਨ ਜ਼ ਸ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਮਹਾਨ ਕੀਰਤਨ ਸਮਾਗਮ ਕਪੂਰਥਲਾ ਦੇ ਗੁਰੂ ਨਾਨਕ ਸਟੇਡੀਅਮ ਵਿੱਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਹ ਸੰਤਾਂ-ਮਹਾਂਪੁਰਖਾਂ ਦੀ ਸਰਪ੍ਰਸਤੀ ਹੇਠ ਕਰਵਾਏ ਜਾ ਰਹੇ ਸਾਲਾਨਾ ਸਮਾਗਮਾਂ ਦੀ ਲੜੀ ਵਿੱਚ ਤੀਸਰਾ ਵੱਡਾ ਕੀਰਤਨ ਦਰਬਾਰ ਸੀ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਸਰਵਣ ਕੀਤਾ।ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਅਨਮੋਲ ਸਿੱਖਿਆਵਾਂ ਅਤੇ ਪਵਿੱਤਰ ਬਾਣੀ ਨੂੰ ਘਰ-ਘਰ ਤੱਕ ਪਹੁੰਚਾਉਣਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।ਪੰਜਾਬ ਦੇ ਕੈਬਿਨੇਟ ਮੰਤਰੀ ਮਹਿੰਦਰ ਭਗਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸਾਰੇ ਬਹੁਤ ਭਾਗਾਂ ਵਾਲੇ ਹਾਂ ਜਿਨ੍ਹਾਂ ਨੂੰ ਇਤਿਹਾਸ ਦੇ ਇਸ ਮਹਾਨ ਪੜਾਅ ਦਾ ਹਿੱਸਾ ਬਣਨ ਦਾ ਮੌਕਾ ਮਿਲਿਆ ਹੈ। ਮੰਤਰੀ ਨੇ ਪ੍ਰਣ ਕੀਤਾ ਕਿ ਸਰਕਾਰ ਦਾ ਫਰਜ਼ ਸਮਾਜਿਕ ਅਤੇ ਧਾਰਮਿਕ ਕਾਰਜਾਂ ਵਿੱਚ ਸਹਿਯੋਗ ਕਰਨਾ ਹੈ ਅਤੇ ਗੁਰੂ ਸਾਹਿਬ ਦੀ ਪਵਿੱਤਰ ਬਾਣੀ ਦਾ ਪ੍ਰਚਾਰ ਪੰਜਾਬ ਦੇ ਹਰ ਗਲੀ-ਮੁਹੱਲੇ ਅਤੇ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।ਸੈਰ ਸਪਾਟਾ ਵਿਭਾਗ ਦੇ ਅਡਵਾਈਜ਼ਰ ਦੀਪਕ ਬਾਲੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਤਤਕਾਲੀਨ ਵਰਣ-ਵਿਵਸਥਾ ਅਤੇ ਸਮਾਜਿਕ ਨਾਬਰਾਬਰੀ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਸਮਾਜਿਕ ਸਮਾਨਤਾ ਦਾ ਹੋਕਾ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਫਰਵਰੀ 2026 ਤੋਂ ਸ਼ੁਰੂ ਹੋਏ ਇਹ ਸਮਾਗਮ ਫਰਵਰੀ 2027 ਤੱਕ ਚੱਲਣਗੇ, ਜਿਸ ਦੌਰਾਨ 10 ਵੱਡੇ ਕੀਰਤਨ ਦਰਬਾਰ ਕਰਵਾਏ ਜਾਣਗੇ। ਉਨ੍ਹਾਂ ਐਲਾਨ ਕੀਤਾ ਕਿ ਜਲਦ ਹੀ ਚਾਰ ਵਿਸ਼ੇਸ਼ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ, ਜੋ ਕਾਸ਼ੀ, ਬਠਿੰਡਾ, ਫਰੀਦਕੋਟ ਅਤੇ ਜੰਮੂ ਤੋਂ ਸ਼ੁਰੂ ਹੋ ਕੇ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਪੰਨ ਹੋਣਗੀਆਂ।ਇਸ ਮੌਕੇ ਦਿੱਲੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੈ ਦੱਤ, ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਰਬਜੀਤ ਸਿੰਘ ਲੁਬਾਣਾ, ਹਲਕਾ ਇੰਚਾਰਜ ਕਰਮਬੀਰ ਸਿੰਘ ਚੰਦੀ, ਭੁਲੱਥ ਤੋਂ ਹਲਕਾ ਇੰਚਾਰਜ ਹਰਸਿਮਰਨ ਸਿੰਘ ਘੁੰਮਣ, ਚੇਅਰਮੈਨ ਨਗਰ ਸੁਧਾਰ ਟਰੱਸਟ ਸੱਜਣ ਸਿੰਘ ਚੀਮਾ, ਚੇਅਰਮੈਨ ਟਰੇਡ ਕਮਿਸ਼ਨ ਕੰਵਰ ਇਕਬਾਲ ਸਿੰਘ, ਇੰਦਰਜੀਤ ਜੁਗਨੂੰ, ਆਪ ਆਗੂ ਪਰਵਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਭਾਰਤੀ ਕਿਸਾਨ ਯੂਨੀਅਨ (ਏਕਤਾ ਮਝੈਲ) ਵੱਲੋਂ ਮੀਟਿੰਗ

ਖਰੜ (ਹਰਨਾਮ ਸਿੰਘ ਡੱਲਾ)- ਭਾਰਤੀ ਕਿਸਾਨ ਯੂਨੀਅਨ (ਏਕਤਾ ਮਝੈਲ) ਵੱਲੋਂ ਜ਼ਿਲ੍ਹਾ ਮੋਹਾਲੀ ਦੇ ਕਿਸਾਨਾਂ ਦਾ ਇਕੱਠ ਕੀਤਾ ਗਿਆ। ਜਿਸ ਇਕੱਠ ਵਿੱਚ ਸੂਬਾ ਪ੍ਰਧਾਨ ਗੁਰਸੇਵਕ ਸਿੰਘ ਧਾਲੀਵਾਲ ਪਹੁੰਚੇ ਅਤੇ ਕਿਸਾਨਾਂ ਤੇ ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਇਕੱਠ ਸ਼ਮੂਲੀਅਤ ਕੀਤੀ। ਜਿਸ ਵਿੱਚ ਭਗਤ ਸਿੰਘ ਸੈਦਪੁਰ ਨੂੰ ਜ਼ਿਲ੍ਹਾ ਮੋਹਾਲੀ ਦੀ ਜਿੰਮੇਵਾਰੀ ਸੌਂਪੀ ਗਈ। ਇਸ ਮੀਟਿੰਗ ਵਿੱਚ ਕਿਸਾਨਾਂ ਦੀ ਲਾਮਬੰਦੀ ਉੱਤੇ ਜ਼ੋਰ ਦਿੰਦਿਆਂ ਭਾਰਤ ਵਲੋਂ ਅਮਰੀਕਾ ਨਾਲ ਹੋਏ ਵਿਪਾਰ ਸਮਝੌਤੇ ਨੂੰ ਰੱਦ ਕਰਾਉਣ ਲਈ ਕਿਸਾਨਾਂ ਨੇ ਮਤਾ ਪਾਸ ਕੀਤਾ। ਅਤੇ 2025 ਦੇ ਬਿੱਲ ਬਿਜਲੀ ਐਕਟ ਨੂੰ ਰੱਦ ਕਰਾਉਣ ਦੀ ਵੀ ਮੰਗ ਕੀਤੀ ਗਈ। ਸੂਬਾਈ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਤੇ ਮਜਦੂਰਾਂ ਨੂੰ ਬਿਜਲੀ ਕਾਨੂੰਨ ਰੱਦ ਕਰਵਾਉਣ ਲਈ ਲਾਮਬੰਦ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਯੂਰੀਆ ਤੇ ਡਾਈ ਖਾਦ ਆਈਡੀਆਂ ਬਣਾਈਆਂ ਜਾ ਰਹੀਆਂ ਹਨ ਇਸ ਦਾ ਵੀ ਜਥੇਬੰਦੀ ਵੱਲੋਂ ਵਿਰੋਧ ਕੀਤਾ ਜਾਂਦਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰੋਪੜ ਸਰਦਾਰ ਅਜੈਬ ਸਿੰਘ ਸੈਣੀ ਜ਼ਿਲ੍ਹਾ ਜਨਰਲ ਸਕੱਤਰ ਨੌਨਿਹਾਲ ਸਿੰਘ, ਲੁਧਿਆਣਾ ਦੇ ਪ੍ਰਧਾਨ ਦਿਲਸ਼ਾਨ ਸਿੰਘ , ਫਿਰੋਜ਼ਪੁਰ ਦੇ ਕਿਸਾਨ ਆਗੂ ਪਿਆਰਾ ਸਿੰਘ, ਨਰਿੰਦਰ ਸਿੰਘ ਸੈਦਪੁਰ, ਸੁਖਵਿੰਦਰ ਸਿੰਘ ਜਸਪਾਲ ਸਿੰਘ ,ਹਰਮੀਤ ਸਿੰਘ, ਸਰਜੀਤ ਸਿੰਘ ਕਰਮ ਸਿੰਘ, ਗੁਰਮੀਤ ਸਿੰਘ ਘਟੋਰ,ਕਰਮ ਸਿੰਘ ਮੀਆਂਪੁਰ ਆਦਿ ਹਾਜ਼ਰ ਸਨ।

ਰਵਜੋਤ ਸਿੰਘ ਨੇ ਗਲੀ ਦਾ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ

ਹੁਸ਼ਿਆਰਪੁਰ/ਸ਼ਾਮਚੁਰਾਸੀ (ਓ. ਪੀ ਰਾਣਾ, ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਦੇ ਪ੍ਰਵਾਸੀ ਭਾਰਤੀ ਮਾਮਲੇ ਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਸ਼ੇਖੂਪੁਰ ਵਿਖੇ 900 ਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਸੜਕ ਪ੍ਰਤੀ ਪਿੰਡ ਵਾਸੀਆਂ ਵੱਲੋ ਪਿਛਲੇ ਕਰੀਬ 30 ਤੋਂ 35 ਸਾਲਾਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤਰਜੀਹ ਦੇ ਆਧਾਰ 'ਤੇ ਮਨਜ਼ੂਰੀ ਦੇ ਕੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਪਿੰਡ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਮੁਸ਼ਕਿਲਾਂ ਤੋਂ ਵੱਡੀ ਰਾਹਤ ਮਿਲੇਗੀ, ਉਨ੍ਹਾਂ ਕਿਹਾ ਕਿ ਸੜਕਾਂ ਕਿਸੇ ਵੀ ਖੇਤਰ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ ਅਤੇ ਪੰਜਾਬ ਸਰਕਾਰ ਹਰ ਪਿੰਡ ਅਤੇ ਸ਼ਹਿਰ ਵਿੱਚ ਮਜ਼ਬੂਤ ਬੁਨਿਆਦੀ ਢਾਂਚਾ ਤਿਆਰ ਕਰਨ ਲਈ ਵਚਨਬੱਧ ਹੈ। ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸ਼ਾਮਚੁਰਾਸੀ ਵਿੱਚ ਵੀ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਪਿੰਡ ਦੇ ਕਈ ਪਰਿਵਾਰ ਅਤੇ ਨੌਜਵਾਨ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਡਾ. ਰਵਜੋਤ ਸਿੰਘ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਸਾਥੀਆਂ ਦਾ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਹਰ ਉਸ ਵਿਅਕਤੀ ਦਾ ਸਵਾਗਤ ਕਰਦੀ ਹੈ ਜੋ ਪੰਜਾਬ ਦੀ ਤਰੱਕੀ ਤੇ ਵਿਕਾਸ ਲਈ ਕੰਮ ਕਰਨਾ ਚਾਹੁੰਦਾ ਹੈ।

ਸੱਭਿਆਚਾਰਕ ਮੇਲੇ ਦਾ ਪੋਸਟਰ ਜਾਰੀ

ਟਾਂਡਾ ਉੜਮੁੜ/ਅੱਡਾ ਸਰਾਂ (ਮਿਥਲੇਸ਼ ਗਰਗ, ਜਸਵਿੰਦਰ ਸੰਧੂ,ਜਸਵੀਰ ਕਾਜਲ)- ਪਿੰਡ ਨੈਣੋਵਾਲ ਵੈਦ ਵਿਖੇ ਸਥਿਤਵਪੀਰ ਬਾਬਾ ਕੱਲੂ ਸ਼ਾਹ ਜੀ ਦੀ ਮੁਕੱਦਸ ਦਰਗਾਹ ਤੇ 18 ਜੂਨ ਨੂੰ ਕਰਵਾਏ ਜਾ ਰਹੇ ਸਾਲਾਨਾ 33ਵੇਂ ਸੱਭਿਆਚਾਰਕ ਮੇਲੇ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਕਮੇਟੀ ਪ੍ਰਧਾਨ ਨੰਬਰਦਾਰ ਸਤਨਾਮ ਸਿੰਘ ਢਿੱਲੋਂ, ਨੰਬਰਦਾਰ ਸੁਖਵਿੰਦਰ ਸਿੰਘ ਢਿੱਲੋਂ, ਨੰਬਰਦਾਰ ਬਲਦੇਵ ਸਿੰਘ ਢਿਲੋਂ, ਜਸਵਿੰਦਰ ਸਿੰਘ ਢਿੱਲੋਂ, ਦਵਿੰਦਰ ਸਿੰਘ, ਜਸਵੰਤ ਸਿੰਘ ਢਿੱਲੋਂ, ਬਲਜਿੰਦਰ ਸਿੰਘ ਢਿੱਲੋਂ, ਸਰਪੰਚ ਨਗਿੰਦਰ ਸਿੰਘ, ਸੋਮਨਾਥ ਮਹਿਮੀ, ਗੁਰਜੀਤ ਸਿੰਘ ਨੈਣੋਵਾਲ ਵੈਦ, ਮੈਨੇਜਰ ਜਸਵੀਰ ਸਿੰਘ ਤੇ ਹੋਰਨਾਂ ਪ੍ਰਬੰਧਕਾਂ ਨੇ ਪੋਸਟਰ ਜਾਰੀ ਕਰਦੇ ਹੋਏ ਦੱਸਿਆ ਕਿ ਐਨ ਆਰ ਆਈ ਸਹਿਯੋਗੀਆਂ, ਸਮੂਹ ਗ੍ਰਾਮ ਪੰਚਾਇਤ, ਨਗਰ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਮਰਹੂਮ ਕਵਾਲ ਦੇਵ ਹਰਿਆਣਵੀ ਨੂੰ ਸਮਰਪਿਤ ਕਰਵਾਏ ਜਾ ਰਹੇ ਇਸ ਸੱਭਿਆਚਾਰਕ ਮੇਲੇ ਦੌਰਾਨ ਸਭ ਤੋਂ ਪਹਿਲਾਂ ਪੀਰਾਂ ਦੀ ਪਵਿੱਤਰ ਦਰਗਾਹ ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਉਪਰੰਤ ਮਸ਼ਹੂਰ ਕਵਾਲ ਸਲੀਮ ਸਾਬਰੀ ਮਲੇਰਕੋਟਲੇ ਵਾਲੇ ਸੂਫੀਆਨਾ ਕਲਾਮਾਂ ਰਾਹੀਂ ਆਪਣੀ ਹਾਜ਼ਰੀ ਲਗਵਾਉਣਗੇ। ਇਸ ਤੋਂ ਇਲਾਵਾ ਗਾਇਕ ਪੰਮਾ ਡੂੰਮੇਵਾਲ, ਮਿਸ ਸੁਰਮਨੀ, ਸਰਬਜੀਤ ਫੁੱਲ ਤੇ ਪ੍ਰੀਤੀ ਸਮਰਾਲਾ ਦੀ ਦੋਗਾਣਾ ਜੋੜੀ, ਅਸ਼ਵਿਨ ਸੂਫੀ, ਆਰ ਕੌਰ, ਰਾਜ ਅਹੀਆਪੁਰ ਤੇ ਹੋਰ ਕਲਾਕਾਰ ਆਪਣੀ ਹਾਜ਼ਰੀ ਲਗਵਾਉਂਦੇ ਹੋਏ ਪੀਰਾਂ ਦੀ ਮਹਿਮਾ ਦਾ ਗੁਣਗਾਨ ਕਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸੱਭਿਆਚਾਰਕ ਮੇਲੇ ਦਾ ਉਦਘਾਟਨ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਵੱਲੋਂ ਸਾਂਝੇ ਤੌਰ ਤੇ ਕੀਤਾ ਜਾਵੇਗਾ।

ਜਦਕਿ ਮੇਲੇ ਦੌਰਾਨ ਹਲਕਾ ਇੰਚਾਰਜ ਟਾਂਡਾ ਅਰਵਿੰਦਰ ਸਿੰਘ ਰਸੂਲਪੁਰ, ਸਾਬਕਾ ਚੇਅਰਮੈਨ ਸਤਵਿੰਦਰ ਪਾਲ ਸਿੰਘ ਢੱਟ, ਪ੍ਰਵਾਸੀ ਭਾਰਤੀ ਰੇਸ਼ਮ ਸਿੰਘ ਢਿੱਲੋਂ ਯੂ.ਕੇ, ਜੱਟ ਮਹਾਸਭਾ ਦੋਆਬਾ ਜੋਨ ਪੰਜਾਬ ਦੇ ਪ੍ਰਧਾਨ ਜਸਵੰਤ ਸਿੰਘ ਚੌਟਾਲਾ, ਚੇਅਰਮੈਨ ਕੋਪਰੇਟਿਵ ਬੈਂਕ ਹੁਸ਼ਿਆਰਪੁਰ ਬਿਕਰਮ ਸ਼ਰਮਾ, ਡਾਇਰੈਕਟਰ ਪਰਮਿੰਦਰ ਸਿੰਘ ਪੰਨੂ ਅਤੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਢਿੱਲੋਂ ਨੇ ਦੱਸਿਆ ਕਿ ਸੱਭਿਆਚਾਰਕ ਮੇਲੇ ਦੌਰਾਨ ਗੀਤਕਾਰ ਹਰਵਿੰਦਰ ਉਹੜਪੁਰੀ ਅਤੇ ਗੀਤਕਾਰ ਸੁਖਜੀਤ ਝਾਂਸਾ ਵਾਲਿਆਂ ਦਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬੀ ਮਾਂ ਬੋਲੀ ਦੇ ਪ੍ਰਸਾਰ ਅਤੇ ਪ੍ਰਚਾਰ ਵਿੱਚ ਪਾਏ ਗਏ ਯੋਗਦਾਨ ਲਈ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਜਤਿੰਦਰ ਸਿੰਘ ਟੀਟਾ, ਠੇਕੇਦਾਰ ਬਲਵੀਰ ਸਿੰਘ, ਸਵਤੰਤਰ ਸਿੰਘ ਢਿੱਲੋਂ, ਰਣਜੀਤ ਸਿੰਘ ਘੁੰਮਣ, ਸੰਦੀਪ ਰਾਜਾ, ਲਖਵੀਰ ਸਿੰਘ ਲੱਖੀ, ਜਸਵੰਤ ਸਿੰਘ ਬਿੱਟਾ, ਸੁਰਿੰਦਰ ਸਿੰਘ ਲੱਬੀ, ਕੁਲਵਿੰਦਰ ਕਿੰਦਾ, ਮਨਵੀਰ ਸਿੰਘ ਮੌਲਾ, ਜੋਬਨ ਢਿੱਲੋਂ, ਸਾਬੀ ਮਹਿਮੀ, ਮਨਜੀਤ ਜੀਤੀ, ਪ੍ਰਭਜੋਤ ਕਾਕਾ ਆਦਿ ਹਾਜ਼ਰ ਸਨ।

ਲੁਟੇਰੇ ਪੰਚ ਦੇ ਕੰਨਾਂ ਦੀਆਂ ਵਾਲੀਆਂ ਲਾਹ ਕੇ ਫਰਾਰ

ਆਦਮਪੁਰ (ਪਰਮਜੀਤ ਸਿੰਘ)- ਪਿੰਡ ਡਰੋਲੀ ਖੁਰਦ ਦੀ ਮੌਜੂਦਾ ਪੰਚ ਪ੍ਰਦੀਪ ਕੌਰ ਨੂੰ ਦਿਨ ਦਿਹਾੜੇ ਨਿਸ਼ਾਨਾ ਬਣਾ ਲੁਟੇਰੇ ਉਨ੍ਹਾਂ ਦੀਆਂ ਸੋਨੇ ਦੀਆਂ ਵਾਲੀਆਂ ਖੋ ਕੇ ਫਰਾਰ ਹੋ ਗਏ। ਪਿੰਡ ਡਰੋਲੀ ਖੁਰਦ ਦੇ ਸਰਪੰਚ ਸੁੱਖਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਨੇ ਪਿੰਡ ਡਰੋਲੀ ਖੁਰਦ ਤੋਂ ਦਾਣਾ ਮੰਡੀ ਨੂੰ ਜਾਂਦੀ ਸੜਕ ਤੇ ਪੈਂਦੇ ਸ਼ਮਸ਼ਾਨ ਘਾਟ ਤੋਂ ਥੋੜਾ ਅੱਗੇ ਉਨ੍ਹਾਂ ਦਾ ਪਲਾਂਟ ਹੈ ਜਿਸ ਵਿੱਚ ਕੰਮ ਚੱਲ ਰਿਹਾ ਸੀ ਤਾਂ ਉਨ੍ਹਾਂ ਦੀ ਪਤਨੀ ਪ੍ਰਦੀਪ ਕੌਰ ਜੋ ਪਿੰਡ ਦੇ ਮੌਜੂਦਾ ਪੰਚ ਹਨ ਵਕਤ ਕਰੀਬ ਸ਼ਾਮ 5.20 ਸੈਰ ਕਰਨ ਗਏ ਪਲਾਂਟ ਦੇ ਸਾਹਮਣੇ ਬੈਠ ਗਈ ਤਾਂ ਉਨ੍ਹਾਂ ਦੇ ਪਿੰਡ ਦੀ ਸਾਇਡ ਵਲੋਂ ਐਕਟਿਵਾ ਤੇ ਸਵਾਰ 2 ਨੌਜਵਾਨ ਆਏ ਜਿਨ੍ਹਾਂ ਚ ਇੱਕ ਸਰਦਾਰ ਤੇ ਇੱਕ ਮੋਨਾ ਸੀ ਉਨ੍ਹਾਂ ਕੋਲ ਰੁਕ ਗਏ ਤੇ ਕਹਿਣ ਲੱਗੇ ਇਹ ਪਲਾਟ ਤੁਹਾਡਾ ਹੈ ਅਸੀ ਸਰਕਾਰੀ ਮੁਲਾਜ਼ਮ ਹਾਂ ਤੇ ਨਕਸ਼ਾ ਚੈੱਕ ਕਰਨਾ ਹੈ। ਐਨਾ ਕਹਿ ਕੇ ਉਹ ਫੋਨ ਦੇਖਣ ਦੇ ਬਹਾਨੇ ਉਨ੍ਹਾਂ ਦੀ ਪਤਨੀ ਦੀਆਂ ਕੰਨ 'ਚ ਪਾਈਆਂ 1 ਤੋਲੇ ਸੋਨੇ ਦੀਆਂ ਵਾਲੀਆਂ ਖੋ ਕੇ ਫਰਾਰ ਹੋ ਗਏ। ਪੰਚ ਪ੍ਰਦੀਪ ਕੌਰ ਨੇ ਉਨ੍ਹਾਂ ਦੀ ਐਕਟਿਵਾ ਦਾ ਨੰਬਰ ਨੋਟ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੇ ਨੰਬਰ ਪਲੇਟ ਤੇ ਚਿੱਟਾ ਪੇਪਰ ਲਗਾਇਆ ਹੋਇਆ ਸੀ ਜਿਸ ਕਾਰਨ ਨੰਬਰ ਨਹੀਂ ਪਛਾਣ ਨਹੀਂ ਹੋਈ। ਸਰਪੰਚ ਸੁੱਖਵਿੰਦਰ ਸਿੰਘ ਨੇ ਕਿਹਾ ਕੇ ਜੇਕਰ ਪਿੰਡਾਂ ਦੇ ਪੰਚ ਸਰਪੰਚ ਹੀ ਸੁਰੱਖਿਅਤ ਨਹੀਂ ਹਨ ਤਾਂ ਆਮ ਲੋਕ ਕਿਵੇਂ ਸੁਰੱਖਿਅਤ ਹੋਣਗੇ। ਉਹ ਕਈ ਵਾਰ ਮੰਗ ਕਰ ਚੁੱਕੇ ਹਨ ਕੇ ਪਿੰਡਾਂ ਚ ਪੁਲਿਸ ਗਸ਼ਤ ਵਧਾਈ ਜਾਵੇ ਪਰ ਅਜਿਹਾ ਕੁਝ ਨਹੀਂ ਹੋ ਰਿਹਾ ਜਿਸ ਕਾਰਨ ਲੁਟੇਰੇ ਬੇਖੌਫ ਹੋ ਕੇ ਦਿਨ ਦਿਹਾੜੇ ਅਜਿਹੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਜ਼ਿਕਰਯੋਗ ਹੈ ਕਿ ਆਦਮਪੁਰ ਦੇ ਕਾਲਰੀਆਂ ਮੁਹੱਲੇ ਦੇ ਨੌਜਵਾਨ ਤੇ ਦਿਨ ਦਿਹਾੜੇ ਹੋਏ ਜਾਨਲੇਵਾ ਹਮਲਾ ਕਰਨ ਵਾਲੇ ਹਮਲਾਵਰਾ ਨੂੰ ਕਾਬੂ ਨਹੀਂ ਕਰ ਪਾਏ ਤੇ ਹੁਣ ਲੁੱਟ ਖੋਹ ਦੀ ਘਟਨਾ ਡਰੋਲੀ ਖੁਰਦ ਦੀ ਪੰਚ ਨਾਲ ਹੋ ਗਈ ਜਿਸ ਨਾਲ ਲੋਕਾਂ ਚ ਦਹਿਸ਼ਤ ਦਾ ਮਾਹੌਲ ਹੈ।

ਵਿਰਾਸਤੀ ਬੂਟੇ ਲਗਾ ਕੇ ਵਾਤਾਵਰਣ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ : ਗੁਰਦੇਵ ਸਿੰਘ

ਪੋਜੇਵਾਲ (ਰਾਮ ਲਾਲ) ਪੰਜਾਬ ਨੈਸ਼ਨਲ ਬੈਂਕ ਦੇ ਸੇਵਾਮੁਕਤ ਚੀਫ਼ ਮੈਨੇਜਰ ਗੁਰਦੇਵ ਸਿੰਘ ਅਤੇ ਸੀ.ਆਰ.ਪੀ.ਐਫ. ਦੇ ਅਧਿਕਾਰੀ ਰਜਿੰਦਰ ਸਿੰਘ ਨੇ ਵਾਤਾਵਰਣ ਦੀ ਸੰਭਾਲ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਸਮੂਹ ਪੰਚਾਇਤਾਂ ਨੂੰ ਇੱਕ ਵਿਸ਼ੇਸ਼ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਸ਼ੁੱਧ ਅਤੇ ਸਾਫ਼-ਸੁਥਰਾ ਰੱਖਣ ਲਈ ਹਰ ਪੰਚਾਇਤ ਨੂੰ ਆਪਣੇ ਪਿੰਡ ਦੀਆਂ ਖਾਲੀ ਪਈਆਂ ਜ਼ਮੀਨਾਂ, ਜਿਵੇਂ ਕਿ ਖੇਡ ਮੈਦਾਨ, ਸ਼ਮਸ਼ਾਨਘਾਟ, ਸ਼ਾਮਲਾਟ ਜ਼ਮੀਨਾਂ ਅਤੇ ਸੜਕਾਂ ਦੇ ਦੋਵੇਂ ਪਾਸੇ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੇਵਾਮੁਕਤ ਚੀਫ਼ ਮੈਨੇਜਰ ਗੁਰਦੇਵ ਸਿੰਘ ਅਤੇ ਰਜਿੰਦਰ ਨੇ ਦੱਸਿਆ ਕਿ ਸਾਨੂੰ ਅੱਜ ਦੇ ਸਮੇਂ ਵਿੱਚ ਨਿੰਮ, ਪਿੱਪਲ ਅਤੇ ਬੋਹੜ ਵਰਗੇ ਵਿਰਾਸਤੀ ਬੂਟੇ ਲਗਾਉਣ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਰੁੱਖਾਂ ਦੀ ਉਮਰ ਬਹੁਤ ਲੰਮੀ ਹੁੰਦੀ ਹੈ ਅਤੇ ਇਹ ਵਾਤਾਵਰਣ ਨੂੰ ਸਭ ਤੋਂ ਵੱਧ ਸਾਫ਼ ਅਤੇ ਸ਼ੁੱਧ ਰੱਖਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਸਾਡਾ ਚੌਗਿਰਦਾ ਹਰਿਆ-ਭਰਿਆ ਹੋਵੇਗਾ, ਤਾਂ ਹੀ ਅਸੀਂ ਸਾਰੇ ਤੰਦਰੁਸਤ ਅਤੇ ਖੁਸ਼ਹਾਲ ਜ਼ਿੰਦਗੀ ਜੀ ਸਕਾਂਗੇ। ਅੱਜ ਦੇ ਦੌਰ ਵਿੱਚ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਰੁੱਖ ਲਗਾਉਣਾ ਬੇਹੱਦ ਜ਼ਰੂਰੀ ਹੋ ਗਿਆ ਹੈ। ਉਨ੍ਹਾਂ ਸਮੂਹ ਪਿੰਡ ਵਾਸੀਆਂ ਅਤੇ ਖਾਸ ਕਰਕੇ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਮੌਨਸੂਨ ਦੇ ਇਸ ਮੌਸਮ ਵਿੱਚ ਜ਼ਿੰਮੇਵਾਰੀ ਸਮਝਦਿਆਂ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੇ ਵੱਡੇ ਹੋਣ ਤੱਕ ਰੱਖ-ਰਖਾਅ ਦਾ ਪੂਰਾ ਪ੍ਰਬੰਧ ਕਰਨ।

ਧਮਾਈ ਸਕੂਲ ਵਿਖੇ ਬੂਟੇ ਲਗਾ ਕੇ ਮਨਾਇਆ ਵਿਸ਼ਵ ਵਾਤਾਵਰਣ ਦਿਵਸ

ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਮਾਈ ਵਿਖੇ ਪ੍ਰਿੰਸੀਪਲ ਮੈਡਮ ਪੂਨਮ ਸ਼ਰਮਾ ਦੇ ਦਿਸ਼ਾ ਨਿਰਦੇਸ਼ ਤਹਿਤ ਸਕੂਲ ਇੰਚਾਰਜ ਮੁਕੇਸ਼ ਕੁਮਾਰ ਦੀ ਅਗਵਾਈ ਵਿਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵਿਸ਼ਵ ਵਾਤਾਵਰਣ ਦਿਵਸ ਨੂੰ ਬੜੀ ਉਤਸਾਹ ਨਾਲ ਮਨਾਇਆ।ਇਸ ਮੌਕੇ ਈਕੋ ਕਲੱਬ ਦੇ ਇੰਚਾਰਜ ਦੀਪਕ ਕੌਸ਼ਲ, ਜਸਵੀਰ ਸਿੰਘ ਭੱਠਲ ਅਤੇ ਮੈਡਮ ਮਧੂ ਸੰਭਿਆਲ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਕੁਦਰਤ ਤੋਂ ਪ੍ਰੇਰਨਾ ਲੈ ਕੇ ਜਲਵਾਯੂ ਵਿਚ ਵਾਤਾਵਰਣ ਨੂੰ ਬਚਾਉਣ ਲਈ ਵਿਦਿਆਰਥੀਆਂ, ਆਮ ਲੋਕਾਂ ਅਤੇ ਵਾਲੰਟੀਅਰਾਂ ਨੂੰ ਵੱਡੀ ਗਿਣਤੀ ਵਿਚ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ।ਇਲਾਕੇ ਵਿਚ ਪਲਾਸਟਿਕ ਕੂੜਾ ਇਕੱਠਾ ਕਰਕੇ ਇਸ ਨੂੰ ਰੀਸਾਈਕਲਿੰਗ ਲਈ ਭੇਜਣਾ ਚਾਹੀਦਾ।ਇਸ ਮੌਕੇ ਮੁਕੇਸ਼ ਕੁਮਾਰ ਨੇ ਕਿਹਾ ਕਿ ਵਾਤਾਵਰਣ ਬਚਾਉਣਾ ਸਾਡਾ ਸਾਂਝਾ ਫਰਜ਼ ਹੈ।

ਗੌਂਸਪਾਕ ਗਿਆਰ੍ਹਵੀਂ ਵਾਲਾ ਪੀਰ ਦੀ ਦਰਗਾਹ 'ਤੇ ਦੋ ਰੋਜ਼ਾ ਧਾਰਮਿਕ ਸਮਾਗਮ ਸ਼ਰਧਾਪੂਰਵਕ ਸੰਪੰਨ

ਡੇਰਾਬੱਸੀ, (ਵਿਨੈ ਕੁਮਾਰ ਜੈਨ) ਨਜ਼ਦੀਕੀ ਪਿੰਡ ਅਮਲਾਲਾ ਵਿਖੇ ਸਥਿਤ ਇਤਿਹਾਸਕ ਅਸਥਾਨ ਧੰਨ-ਧੰਨ ਗੌਂਸਪਾਕ ਗਿਆਰ੍ਹਵੀਂ ਵਾਲਾ ਪੀਰ ਦੀ ਦਰਗਾਹ 'ਤੇ ਸਾਲਾਨਾ ਦੋ ਰੋਜ਼ਾ ਮਹਾਨ ਧਾਰਮਿਕ ਸਮਾਗਮ ਬੜੀ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਦੋ ਰੋਜ਼ਾ ਜੋੜ ਮੇਲੇ ਦੌਰਾਨ ਇਲਾਕੇ ਭਰ ਤੋਂ ਇਲਾਵਾ ਦੂਰ-ਦੁਰਾਡੇ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਪੀਰ ਦੀ ਦਰਗਾਹ 'ਤੇ ਚਾਦਰ ਚੜ੍ਹਾਈ, ਮੱਥਾ ਟੇਕਿਆ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੇ ਦੂਜੇ ਦਿਨ ਕਰਵਾਏ ਗਏ ਸੱਭਿਆਚਾਰਕ ਤੇ ਰੂਹਾਨੀ ਪ੍ਰੋਗਰਾਮ ਦੌਰਾਨ ਪੰਜਾਬ ਦੇ ਪ੍ਰਸਿੱਧ ਸੂਫੀ ਗਾਇਕ ਇਸਰਤ ਅਲੀ ਮਲੇਰਕੋਟਲਾ ਵਾਲਿਆਂ ਨੇ ਆਪਣੀ ਗਾਇਕੀ ਦਾ ਜਾਦੂ ਬਿਖੇਰਿਆ। ਸਮਾਗਮ ਦੌਰਾਨ ਹਲਕੇ ਦੇ ਉੱਘੇ ਕਾਂਗਰਸੀ ਆਗੂ ਉਦੇਵੀਰ ਸਿੰਘ ਢਿੱਲੋਂ ਅਤੇ ਬਲਿਹਾਰ ਸਿੰਘ ਬੱਲੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਾਂਗਰਸੀ ਆਗੂਆਂ ਨੇ ਦਰਗਾਹ ਦੀ ਸੇਵਾ-ਸੰਭਾਲ ਅਤੇ ਵਿਕਾਸ ਕਾਰਜਾਂ ਲਈ 5100-5100 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਪ੍ਰਬੰਧਕਾਂ ਨੂੰ ਭੇਟ ਕੀਤੀ।

ਕਾਂਗਰਸ ਦੀ ਕੌਂਸਲਰ 'ਆਪ' 'ਚ ਸ਼ਾਮਲ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਨੂਰਮਹਿਲ ਵਿੱਚ ਕਾਂਗਰਸ ਨੂੰ ਆਮ ਆਦਮੀ ਪਾਰਟੀ ਵੱਲੋਂ ਇਕ ਹੋਰ ਵੱਡਾ ਝੱਟਕਾ ਦਿੱਤਾ ਗਿਆ।ਜਿਸ ਦੇ ਤਹਿਤ ਇੱਕ ਜਿੱਤੀ ਹੋਈ ਕੌਂਸਲਰ ਸੁਖਵਿੰਦਰ ਕੌਰ ਕਾਂਗਰਸ ਨੂੰ ਅਲਵਿਦਾ ਆਖ ਪਰਿਵਾਰ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਹੈ।ਇਹ ਜਾਣਕਾਰੀ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਦਿੰਦਿਆ ਦੱਸਿਆ ਕਿ ਨੂਰਮਹਿਲ 'ਚ ਅਜ਼ਾਦ ਉਮੀਦਵਾਰ ਵਜੋਂ ਚੋਣ ਲੜ ਚੁੱਕੇ ਕਾਂਗਰਸ ਦੇ ਕੌਂਸਲਰ ਆਪਣੇ ਲੀਡਰ ਤੋਂ ਨਾ ਖੁਸ਼ ਹੋਣ ਕਰਕੇ ਇਹ ਸਥਿਤੀ ਬਣੀ ਹੈ।ਬੀਬੀ ਮਾਨ ਨੇ ਆਖਿਆ ਕਿ ਕਾਂਗਰਸ ਆਪਣੇ ਜਿੱਤੇ ਹੋਏ ਕੌਂਸਲਰਾਂ ਵਿੱਚ ਵਿਸ਼ਵਾਸ ਬਣਾ ਕੇ ਰੱਖਣ ਵਿੱਚ ਅਸਫਲ ਰਹੀ ਹੈ।ਤਾਹੀਓ ਇਹ ਸਥਿਤੀ ਬਣੀ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਅੰਦਰ ਇਕ ਬੇਹਤਰੀਨ ਕਮੇਟੀ ਬਣਾਉਣ ਜਾ ਰਹੇ ਹਾਂ। ਬੀਬੀ ਮਾਨ ਨੇ ਆਖਿਆ ਕਿ ਕੌਂਸਲਰ ਸੁਖਵਿੰਦਰ ਕੌਰ ਆਪਣੇ ਪਰਵਾਰ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੇ ਉਹਨਾਂ ਦਾ ਜੋਰਦਾਰ ਸਵਾਗਤ ਕੀਤਾ ਗਿਆ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਦਿੱਤੇ ਜਾਣ ਦਾ ਭਰੋਸਾ ਦਿੱਤਾ।

ਇਸ ਮੌਕੇ ਚੇਅਰਮੈਨ ਲਖਵੀਰ ਸਿੰਘ ਸ਼ੀਰਾ, ਰਾਜੂ ਉੱਪਲ, ਰਾਕੇਸ਼ ਕੁਮਾਰ ਸ਼ਹਿਰੀ ਪ੍ਰਧਾਨ, ਮਨੋਜ ਬੱਤਰਾ, ਸੰਦੀਪ ਸ਼ਾਲੂ, ਧੰਨਵਤ ਸਹਿਜਲ, ਰਾਕੇਸ਼ ਪੱਪਲਾ, ਮੁਕੇਸ਼ ਥਾਪਰ, ਕੇਵਲ ਕ੍ਰਿਸ਼ਨ, ਬੰਟੀ, ਸੋਨੂੰ ਕੌਂਸਲਰ, ਕੌਂਸਲਰ ਰਾਜਨ, ਸੰਦੀਪ ਬੱਤਰਾ, ਮੋਨੂੰ ਗਿੱਲ ਆਦਿ ਵਰਕਰ ਹਾਜ਼ਰ ਸਨ।

ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਕਰਨ ਤੇ ਅਰਥੀ ਫੂਕ ਕੇ ਕੀਤਾ ਪ੍ਰਦਰਸ਼ਨ

ਫਿਲੌਰ (ਨਿਰਮਲ)- ਬੀਤੇ ਦਿਨੀਂ ਪਟਿਆਲਾ ਵਿਖੇ ਸ਼ਾਂਤਮਈ ਤਰੀਕੇ ਨਾਲ ਅੰਦੋਲਨ ਕਰਦੇ ਬੇਰੁਜ਼ਗਾਰ ਨੌਜਵਾਨਾਂ ਤੇ ਕੀਤੇ ਭਾਰੀ ਲਾਠੀਚਾਰਜ਼ ਤੇ ਤਸ਼ੱਸਦ ਕਰਨ ਵਿਰੁੱਧ ਲੋਕ ਇਨਸਾਫ਼ ਮੰਚ, ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਦੋਆਬਾ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਵਲੋਂ ਸਾਂਝੇ ਤੌਰ ਤੇ ਤਹਿਸੀਲ ਕੰਪਲੈਕਸ ਫਿਲੌਰ ਦੇ ਸਾਹਮਣੇ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਆਗੂਆਂ ਜਰਨੈਲ ਫਿਲੌਰ, ਪ੍ਰਸ਼ੋਤਮ ਫਿਲੌਰ, ਤਰਸੇਮ ਸਿੰਘ ਢਿੱਲੋਂ, ਸੁਰਿੰਦਰ ਕੁਮਾਰ ਪੁਆਰੀ, ਕਰਨੈਲ ਫਿਲੌਰ ਨੇ ਲਾਠੀਚਾਰਜ ਦੀ ਸਖ਼ਤ ਨਿੰਦਾ ਕਰਦੇ ਹੋਏ ਸ਼ਾਂਤਮਈ ਪ੍ਰਦਰਸ਼ਨ ਤੇ ਤਸ਼ੱਦਦ ਕਰਨ ਵਾਲੇ ਡੀ ਐਸ ਪੀ ਤੇ ਕਾਰਵਾਈ ਕਰਨ ਦੀ ਮੰਗ ਕੀਤੀ ਗਈ।

ਇਸ ਮੌਕੇ ਮਾਸਟਰ ਹੰਸ ਰਾਜ, ਰਾਜਵਿੰਦਰ ਸਿੰਘ ਮੁਠੱਡਾ, ਅਮਰਜੀਤ ਲਾਡੀ ਮਹਿਸਮਪੁਰ, ਡਾਕਟਰ ਸੰਦੀਪ ਕੁਮਾਰ, ਸਰਬਜੀਤ ਸਾਬਕਾ ਸਰਪੰਚ ਰਾਮਗੜ੍ਹ, ਹਨੀ ਸੰਤੋਖਪੁਰਾ, ਪੰਜਾਬ ਸੁਬਾਰੀਨੇਟ ਸਰਵਸਿਸ ਫੈਡਰੇਸ਼ਨ ਦੇ ਸੁਰਿੰਦਰ ਕੁਮਾਰ ਪੁਆਰੀ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਅਧਿਆਪਕ ਆਗੂ ਜਸਵੀਰ ਚੁੰਬਰ, ਸੁੱਖਵਿੰਦਰ ਰਾਮ, ਅਸ਼ੋਕ ਕੁਮਾਰ, ਰਾਜਿੰਦਰ ਕੁਮਾਰ, ਰਸ਼ਪਾਲ ਖਹਿਰਾ, ਬਲਬੀਰ ਪੁਆਰੀ, ਸਰੂਪ ਕਲੇਰ, ਬਲਵੀਰ ਸਾਬਕਾ ਪੰਚ, ਹਰਮਿੰਦਰ ਸਿੰਘ, ਦਰਸ਼ਣ ਸਿੰਘ ਕਡਿਆਣਾ, ਸੋਨੀ ਰਾਮ, ਬਲਕਾਰ ਸਿੰਘ ਕਡਿਆਣਾ, ਬਚਿੱਤਰ ਸਿੰਘ, ਗੁਰਸ਼ਰਨ ਸਿੰਘ, ਬਲਵੀਰ ਕੁਮਾਰ, ਰੂਪੇਸ਼ਨਰ, ਪ੍ਰੇਮ ਪਾਲ, ਸੁਕੇਸ਼ ਕੁਮਾਰ, ਅਤੇ ਸੁਨੀਤਾ ਫਿਲੌਰ, ਹੰਸ ਕੌਰ, ਕਮਲਜੀਤ ਕੌਰ, ਅੰਜੂ ਵਿਰਦੀ, ਕਾਜਲ, ਸਰੋਜ ਰਾਣੀ, ਆਸ਼ਾ ਰਾਣੀ, ਗੇਜੋ, ਮੁਨੀਸ਼ ਕੁਮਾਰ, ਬਿੰਦਰ, ਗੁਰਬਚਨ ਰਾਮ, ਗੋਬਿੰਦ ਰਾਮ, ਕਸ਼ਮੀਰੀ ਲਾਲ, ਆਦਿ ਹਾਜਰ ਸਨ।

ਅਧਿਆਪਕ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਅੱਜ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਵਿਸ਼ੇਸ਼ ਅਧਿਆਪਕਾਂ ਦੀਆਂ ਲੰਮੇਂ ਸਮੇਂ ਤੋਂ ਲਟਕੀਆਂ ਆ ਰਹੀਆਂ ਮੰਗਾਂ ਨੂੰ ਸਰਕਾਰ ਵੱਲੋਂ ਅੱਖੋ ਪਰੋਖੇ ਕਰਦਿਆਂ ਹੋਇਆਂ ਉਹਨਾਂ ਦੀਆਂ ਮੰਗਾਂ ਉੱਤੇ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਦੇ ਰੋਜ਼ ਵਜੋਂ ਵਿਸ਼ੇਸ਼ ਅਧਿਆਪਕ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਦੱਸਿਆ ਗਿਆ ਕਿ 20-20 ਸਾਲ ਹੋ ਗਏ ਉਹਨਾਂ ਨੂੰ ਨੌਕਰੀ ਕਰਦਿਆਂ ਪਰ ਅਜੇ ਤੱਕ ਵੀ ਉਹਨਾਂ ਨੂੰ ਰੈਗੂਲਰ ਕਰਨ ਦੇ ਉੱਤੇ ਕੋਈ ਵੀ ਸਰਕਾਰ ਤਜਵੀਜ ਨਹੀਂ ਦੇ ਰਹੀ। ਸਰਕਾਰ ਵੱਲੋਂ 01.01.2026 ਨੂੰ ਨਵੇਂ ਸਪੈਸ਼ਲ ਐਜੂਕੇਟਰ ਦੀ ਭਰਤੀ ਕੀਤੀ ਗਈ ਹੈ ਪਰ ਪੁਰਾਣੇ ਸਪੈਸ਼ਲ ਐਜੂਕੇਟਰਾਂ ਜੋ ਪਿਛਲੇ 20 ਸਾਲਾਂ ਤੋਂ ਕੰਮ ਕਰ ਰਹੇ ਹਨ ਉਹਨਾਂ ਨੂੰ ਰੈਗੂਲਰ ਕਰਨ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ। ਬਾਰ-ਬਾਰ 100 ਤੋਂ ਵੱਧ ਮੀਟਿੰਗਾਂ ਕਰਨ ਦੇ ਬਾਵਜੂਦ ਵੀ ਲਾਰਿਆਂ ਤੋਂ ਬਜਾਏ ਹੋਰ ਕੋਈ ਸਿੱਟਾ ਨਹੀਂ ਨਿਕਲਦਾ ਨਜ਼ਰ ਆ ਰਿਹਾ। ਯੂਨੀਅਨ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ 8 ਜੂਨ ਨੂੰ ਸਮੂਹ ਪੰਜਾਬ ਦੇ ਵਿਸ਼ੇਸ਼ ਅਧਿਆਪਕਾਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖਿਆ ਮੰਤਰੀ ਦੇ ਹਲਕੇ ਵੱਲ ਕੂਚ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਕਰਨਵੀਰ ਕਟਾਰੀਆ ਨੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ) ਜਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਪਿੰਡ ਚੰਦਿਆਣੀ ਖੁਰਦ ਅਤੇ ਲਾਲਪੁਰ ਟੱਪਰੀਆਂ ਵਿਖੇ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਦੌਰਾ ਕਰਕੇ ਜਾਇਜ਼ਾ ਲਿਆ।ਇਸ ਦੌਰਾਨ ਉਨ੍ਹਾਂ ਨੇ ਮੌਕੇ ਪਹੁੰਚ ਕੇ ਵਿਕਾਸ ਕੰਮਾਂ ਦੀ ਪ੍ਰਗਤੀ ਦਾ ਨਿਰੀਖਣ ਕੀਤਾ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵ ਵੀ ਸੁਣੇ।ਕਰਨਵੀਰ ਕਟਾਰੀਆ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤਾਂ ਦਿੰਦਿਆਂ ਕਿਹਾ ਕਿ ਸਾਰੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਲਾਕੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਪਹਿਲ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਲਈ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ ਅਤੇ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਪਿੰਡਾਂ ਦੇ ਮੋਹਤਬਰ ਵਿਅਕਤੀ, ਪੰਚਾਇਤੀ ਨੁਮਾਇੰਦੇ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ : ਜਿੰਪਾ

ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ) ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਇਤਿਹਾਸਕ ਪਿੰਡ ਬਜਵਾੜਾ ਵਿਖੇ ਓ ਓ ਏ ਟੀ ਕਲੀਨਿਕ ਦਾ ਉਦਘਾਟਨ ਵਿਧਇਕ ਹਲਕਾ ਹੁਸ਼ਿਆਰਪੁਰ ਬ੍ਰਹਮ ਸ਼ੰਕਰ ਜਿੰਪਾ ਵੱਲੋਂ ਕੀਤਾ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਨਿਧੀ ਕੁਮੁਦ (ਪੀ.ਸੀ.ਐਸ), ਡਾ. ਸਵਾਤੀ ਸ਼ੀਮਾਰ ਡਿਪਟੀ ਮੈਡੀਕਲ ਕਮਿਸ਼ਨਰ ਕਮ ਮੈਂਬਰ ਸਕੱਤਰ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ, ਸੀਨੀਅਰ ਮੈਡੀਕਲ ਅਫ਼ਸਰ ਇੰ: ਬਲਾਕ ਹਾਰਟਾ ਬਡਲਾ ਡਾ. ਮਨਪ੍ਰੀਤ ਸਿੰਘ ਬੈਂਸ, ਮੈਡੀਕਲ ਅਫ਼ਸਰ ਡਾ. ਜਸਲੀਨ ਕੌਰ, ਮੈਨੇਜਰ ਨਿਸ਼ਾ ਰਾਣੀ, ਕੌਂਸਲਰ ਪ੍ਰਸ਼ਾਂਤ ਆਦਿਆ, ਅਮਨਦੀਪ ਤਿਵਾੜੀ ਤੋਂ ਇਲਾਵਾ ਪੰਚਾਇਤੀ ਨੁਮਾਇੰਦੇ, ਸਥਾਨਕ ਆਗੂ, ਆਸ਼ਾ ਵਰਕਰ, ਸਮਾਜ ਸੇਵੀ ਅਤੇ ਪਿੰਡ ਵਾਸੀ ਹਾਜ਼ਰ ਰਹੇ।ਇਸ ਮੌਕੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਦ੍ਰਿੜ੍ਹ ਸੰਕਲਪ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਹੁਸ਼ਿਆਰਪੁਰ ਵਿੱਚ ਇਸ ਵੇਲੇ ਚੱਲ ਰਹੇ 16 ਓ.ਓ.ਏ.ਟੀ ਕਲੀਨਿਕ ਨਸ਼ੇ ਦੀ ਲਤ ਨਾਲ ਪ੍ਰਭਾਵਿਤ ਵਿਅਕਤੀਆਂ ਨੂੰ ਮਿਆਰੀ, ਸੁਰੱਖਿਅਤ ਅਤੇ ਵਿਗਿਆਨਕ ਇਲਾਜ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ ਜਿੱਥੇ ਮਰੀਜ਼ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣਾ ਇਲਾਜ ਮੁਫਤ ਕਰਵਾ ਸਕਦੇ ਹਨ।

ਪਲੇਸਮੈਂਟ ਕੈਂਪ 9 ਤੇ 10 ਨੂੰ

ਜਲੰਧਰ (ਸੁਰਿੰਦਰ ਕੁਮਾਰ)- ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ 9 ਅਤੇ 10 ਜੂਨ ਨੂੰ ਸਥਾਨਕ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 9 ਜੂਨ ਨੂੰ ਲਗਾਏ ਜਾਣ ਵਾਲੇ ਕੈਂਪ ਵਿੱਚ ਆਈ ਟੀ ਆਈ ਲੋਹੀਆਂ ਖਾਸ ਵਿਖੇ ਇਲੈਕਟ੍ਰੀਸ਼ਨ, ਮੈਕੇਨਿਕ ਇਲੈਕਟ੍ਰਿਕ ਵਾਹਨ, ਫਿੱਟਰ, ਵੈਲਡਰ ਅਤੇ ਪਲੰਬਰ ਟਰੇਡਾਂ ਲਈ ਠੇਕੇ ਦੇ ਆਧਾਰ 'ਤੇ ਗੈਸਟ ਫੈਕਲਟੀ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਇਸ ਸੰਬੰਧੀ ਵਧੇਰੇ ਜਾਣਕਾਰੀ ਲਈ ਟ੍ਰੇਨਿੰਗ ਅਫ਼ਸਰ ਨਾਲ ਮੋਬਾਇਲ ਨੰਬਰ 95920-97381 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ 10 ਜੂਨ ਨੂੰ ਲੱਗਣ ਵਾਲੇ ਪਲੇਸਮੈਂਟ ਕੈਂਪ ਵਿੱਚ ਏਅਰ ਫੋਰਸ ਸਟੇਸ਼ਨ ਆਦਮਪੁਰ ਵਿਖੇ ਲੋਅਰ ਡਵੀਜ਼ਨ ਕਲਰਕ ਦੀ ਅਸਾਮੀ ਲਈ ਉਮੀਦਵਾਰ ਦੀ ਚੋਣ ਕੀਤੀ ਜਾਣੀ ਹੈ। ਇਸ ਅਸਾਮੀ ਲਈ ਉਮੀਦਵਾਰ ਦੀ ਯੋਗਤਾ 12ਵੀਂ, ਅੰਗਰੇਜ਼ੀ ਟਾਈਪਿੰਗ ਸਪੀਡ 30 ਡਬਲਊ ਪੀ ਐਮ ਜਾਂ ਹਿੰਦੀ ਟਾਈਪਿੰਗ ਸਪੀਡ 35 ਡਬਲਯੂ ਪੀ ਐਮ ਤੇ ਉਮਰ 18 ਤੋਂ 25 ਸਾਲ ਹੋਣੀ ਚਾਹੀਦੀ ਹੈ। ਇਸ ਅਸਾਮੀ ਲਈ ਐਕਸ ਸਰਵਿਸਮੈਨ ਵੀ ਯੋਗ ਹਨ।ਇਸੇ ਦਿਨ ਲੱਗਣ ਵਾਲੇ ਪਲੇਸਮੈਂਟ ਕੈਂਪ ਵਿੱਚ ਆਈ ਸੀ ਆਈ ਸੀ ਆਈ ਬੈਂਕ ਵੀ ਭਾਗ ਲੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰਿਲੇਸ਼ਨਸ਼ਿਪ ਮੈਨੇਜਰ ਦੀ ਅਸਾਮੀ ਲਈ ਉਮੀਦਵਾਰ ਦੀ ਯੋਗਤਾ 50 ਫੀਸਦੀ ਅੰਕਾਂ ਨਾਲ ਗ੍ਰੈਜੂਏਟ/ਪੋਸਟ ਗ੍ਰੈਜੂਏਟ ਤੇ ਉਮਰ 25 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

ਡਾ. ਗੁਰਿੰਦਰਪਾਲ ਸਿੰਘ ਜੋਸਨ ਨੇ ਇਸਤੰਬੁਲ ਵਿਖੇ ਨਿਸ਼ਾਨ ਸਾਹਿਬ ਲਹਿਰਾਉਣ ਦੀ ਕੀਤੀ ਸੇਵਾ

ਫਗਵਾੜਾ (ਡਾ. ਰਮਨ) ਸਿੱਖਸ-ਇਨ-ਅਮਰੀਕਾ ਦੇ ਸੰਸਥਾਪਕ ਪ੍ਰਧਾਨ ਡਾ. ਗੁਰਿੰਦਰਪਾਲ ਸਿੰਘ ਜੋਸਨ ਨੇ ਗੁਰੂ ਨਾਨਕ ਸਾਹਿਬ ਦੀ ਬਖ਼ਸ਼ਿਸ਼ ਸਦਕਾ ਤੁਰਕੀ ਦੀ ਰਾਜਧਾਨੀ ਇਸਤੰਨਬੁਲ ਵਿਖੇ ਅਰਦਾਸ ਕਰਕੇ ਨਿਸ਼ਾਨ ਸਾਹਿਬ ਲਹਿਰਾਉਣ ਦੀ ਸੇਵਾ ਪ੍ਰਾਪਤ ਕੀਤੀ।ਗੁਰੂ ਨਾਨਕ ਸਾਹਿਬ ਜੀ 1521-24 ਈ: ਦਰਮਿਆਨ ਯੂਰਪ ਦੀ ਫੇਰੀ ਸਮੇਂ ਉਟੋਮਨ ਸਾਮਰਾਜ ਦੇ ਸੁਲਤਾਨ ਸੁਲੇਮਾਨ (1494-1566 ਈ:) ਨੂੰ ਮਿਲੇ ਸਨ, ਮਗਰੋਂ ਸੁਲੇਮਾਨ ਨੇ ਗੁਰੂ ਸਾਹਿਬ ਜੀ ਯਾਦ ਵਿੱਚ ਇੱਕ ਪੱਥਰ ਦਾ ਸ਼ਿਲਾ-ਲੇਖ ਬਣਵਾਇਆ, ਜਿਸ ਉਪਰ ਅਰਬੀ-ਤੁਰਕੀ ਵਿੱਚ ਜਹਾਂਗੀਰ ਜਮਾਂ ਹਿੰਦ ਲਤ ਅਬਦ ਮਾਲ ਮਾਜੀਦ ਨਾਨਕ ਜਿਸਦਾ ਪੰਜਾਬੀ ਅਨੁਵਾਦ ਜ਼ਮਾਨੇ ਦਾ ਮਾਲਕ, ਹਿੰਦ ਦਾ ਬੰਦਾ, ਰੱਬ ਦਾ ਨਾਨਕ ਸ਼ਬਦ ਅੰਕਿਤ ਕੀਤੇ।ਮਗਰੋਂ 300 ਸਾਲ ਬਾਅਦ 1850 ਈ: ਦੇ ਕਰੀਬ ਸੁਲਤਾਨ ਅਬਦ-ਅਲ-ਮਜੀਦ (1823-1861ਈ:) ਨੇ ਇੱਕ ਹੋਰ ਸ਼ਿਲਾ-ਲੇਖ ਯਾਦਗਾਰ ਦੇ ਪਿਛਲੇ ਪਾਸੇ ਸਥਾਪਿਤ ਕਰਵਾ ਦਿੱਤਾ।ਇਹ ਯਾਦਗਾਰ 15 ਫੁੱਟ ਉੱਚੀ, 6 ਫੁੱਟ ਚੌੜੀ ਤੇ ਇੱਕ ਫੁੱਟ ਮੋਟੀ ਹੈ, ਜੋ ਕਿ ਇਸਤੰਨਬੁਲ ਦੀ ਇਬ-ਫਿਨ ਦੀ ਕਲੀ ਪਾਰਕ , ਬੋਸਪੋਰਸ ਵਿਖੇ ਮਸਜਿਦ ਤੇ ਡੋਲਮਾਬੇਹਸ ਪੈਲਸ ਦੇ ਕੋਲ ਬਲੈਕ ਸਮੁੰਦਰ ਦੇ ਕੰਢੇ ਮੌਜੂਦ ਹੈ।ਡਾ: ਜੋਸਨ ਮੁਤਾਬਿਕ ਆਉਣ ਵਾਲੇ ਸਮੇਂ ਵਿੱਚ ਇਸ ਯਾਦਗਾਰ ਦੇ ਹੇਠਾਂ ਪੰਜਾਬੀ, ਤੁਰਕੀ ਤੇ ਅੰਗਰੇਜ਼ੀ ਵਿੱਚ ਗੁਰੂ ਨਾਨਕ ਸਾਹਿਬ ਦੀ ਫੇਰੀ ਨੂੰ ਦਰਸਾਉਂਦੀ ਤਖ਼ਤੀ ਸਥਾਪਿਤ ਕੀਤੀ ਜਾਵੇਗੀ ਤਾਂ ਜੋ ਯਾਤਰੂਆਂ ਨੂੰ ਪੜ੍ਹਨ ਵਿੱਚ ਸਹੂਲਤ ਹੋ ਸਕੇ।

ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਵਿਖੇ ਛਬੀਲ ਲਗਾਈ

ਫਗਵਾੜਾ (ਡਾ. ਰਮਨ) ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਫਗਵਾੜਾ ਵਿਖੇ ਸਿੱਖਾਂ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਛਬੀਲ ਦੀ ਸੇਵਾ ਵਿਚ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਮਹਾਨ ਸਿੱਖ ਗੁਰੂ ਦੀ ਸ਼ਹਾਦਤ ਦੇ ਇਤਿਹਾਸ 'ਤੇ ਚਾਨਣਾ ਪਾਇਆ। ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਨੇ ਗੁਰੂ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਸਾਡਾ ਕਰਤੱਵ ਹੈ ਕਿ ਅਸੀਂ ਅਨਿਆਂ ਵਿਰੁੱਧ ਚੇਤਨ ਹੋ ਕੇ ਮਨੁੱਖੀ ਅਧਿਕਾਰਾਂ ਤੇ ਮਨੁੱਖੀ ਆਜ਼ਾਦੀ ਲਈ ਸੰਘਰਸ਼ਸ਼ੀਲ ਹੋਈਏ।

ਕਾਂਗਰਸ ਵੱਲੋਂ ਮਹਿੰਦਰ ਭਗਤ ਦੇ ਦਫਤਰ ਸਾਹਮਣੇ ਧਰਨਾ

ਜਲੰਧਰ (ਸ਼ੈਲੀ ਐਲਬਰਟ)- ਕਾਂਗਰਸ ਪਾਰਟੀ ਵੱਲੋਂ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਬਸਤੀ ਨੌ ਜਲੰਧਰ ਸਥਿਤ ਦਫ਼ਤਰ ਦੇ ਬਾਹਰ ਝਾੜੂ ਦੀ ਬੇਅਦਬੀ ਦੇ ਮਾਮਲੇ ਵਿੱਚ ਪਰਚਾ ਦਰਜ ਕਰਨ ਦੀ ਮੰਗ ਨੂੰ ਲੈ ਕੇ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਹ ਧਰਨਾ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਜਲੰਧਰ ਦੇ ਪ੍ਰਧਾਨ ਰਜਿੰਦਰ ਬੇਰੀ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਹਿੱਸਾ ਲਿਆ।ਪੰਜਾਬ ਯੂਥ ਕਾਂਗਰਸ ਦੇ ਸਕੱਤਰ ਅੰਗਦ ਦੱਤਾ ਵੀ ਆਪਣੇ ਸਾਥੀਆਂ ਸਮੇਤ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਜਦੋਂ ਅੰਗਦ ਦੱਤਾ ਅਤੇ ਯੂਥ ਕਾਂਗਰਸ ਦੇ ਵਰਕਰ ਧਰਨਾ ਸਥਾਨ ਵੱਲ ਵੱਧ ਰਹੇ ਸਨ ਤਾਂ ਪੁਲਿਸ ਵੱਲੋਂ ਉਨ੍ਹਾਂ ਨੂੰ ਰਸਤੇ ਵਿੱਚ ਹੀ ਰੋਕ ਦਿੱਤਾ ਗਿਆ।ਇਸ ਦੌਰਾਨ ਪੁਲਿਸ ਬੈਰੀਕੇਡਿੰਗ ਦੌਰਾਨ ਕਾਂਗਰਸੀ ਵਰਕਰਾਂ ਤੇ ਪੁਲਿਸ ਵਿਚਕਾਰ ਧੱਕਾ-ਮੁੱਕੀ ਦੀ ਸਥਿਤੀ ਬਣੀ ਅਤੇ ਅੰਗਦ ਦੱਤਾ ਦੀ ਥਾਣਾ ਡਿਵੀਜ਼ਨ ਨੰਬਰ ਐੱਸ ਐੱਚ ਓ ਨਾਲ ਤਿੱਖੀ ਬਹਿਸ ਵੀ ਹੋਈ।ਧਰਨੇ ਦੌਰਾਨ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਖ਼ਿਲਾਫ਼ ਆਪਣਾ ਵਿਰੋਧ ਦਰਜ ਕਰਵਾਇਆ ਅਤੇ ਨਿਰਪੱਖ ਕਾਰਵਾਈ ਦੀ ਮੰਗ ਕੀਤੀ।

ਬਲਾਚੌਰ ਅੰਦਰ ਅਵਾਰਾ ਪਸ਼ੂਆਂ ਦੇ ਦਿਨੋਂ ਦਿਨ ਵਧਦੇ ਜਾ ਰਹੇ ਝੁੰਡ : ਰਜਿੰਦਰ ਸ਼ਰਮਾ

ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ) ਸਰਕਾਰ ਅਤੇ ਜ਼ਿੰਮੇਵਾਰ ਅਧਿਕਾਰੀ ਜਦੋਂ ਕਿਸੇ ਸਮੱਸਿਆ ਵੱਲ ਧਿਆਨ ਨਹੀਂ ਦਿੰਦੇ ਤਾਂ ਉਹ ਦਿਨੋ ਦਿਨ ਵੱਧਦੀਆਂ ਜਾਂਦੀਆਂ ਹਨ।ਇਸੇ ਤਰ੍ਹਾਂ ਹੀ ਸ਼ਹਿਰ ਬਲਾਚੌਰ ਦੀਆਂ ਸੜਕਾਂ, ਗਲੀਆ ਅਤੇ ਮੁਹੱਲਿਆ ਦੇ ਨਾਲ ਨਾਲ ਸਰਕਾਰੀ ਦਫਤਰਾਂ ਅੰਦਰ ਵੀ ਯਮਦੂਤ ਬਣਕੇ ਘੁੰਮਦੇ ਅਵਾਰਾ ਪਸ਼ੂਆਂ ਦੇ ਝੁੰਡਾ ਸਮੱਸਿਆ ਮੌਜੂਦਾਂ ਸਮੇਂ ਦੌਰਾਨ ਇੱਕ ਵਿਕਰਾਲ ਰੂਪ ਧਾਰਨ ਕਰ ਚੁੱਕੀ ਹੈ, ਪਰ ਇਸ ਸਮੱਸਿਆ ਤੋਂ ਨਿਜਾਤ ਦਵਾਏ ਜਾਣ ਲਈ ਕੋਈ ਵੀ ਅਧਿਕਾਰੀ ਅੱਗੇ ਨਹੀ ਆ ਰਿਹਾ ਹੈ।ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਸੇਵਾਮੁਕਤ ਥਾਣੇਦਾਰ ਅਤੇ ਸਮਾਜ ਸੇਵੀ ਰਜਿੰਦਰ ਸ਼ਰਮਾ ਨਿਵਾਸੀ ਪਿੰਡ ਮਹਿੰਦੀਪੁਰ ਨੇ ਪੱਤਰਕਾਰ ਨਾਲ ਤੱਥਾ ਸਮੇਤ ਜਾਣਕਾਰੀ ਦਿੰਦਿਆ ਪ੍ਰਗਟਾਏ।ਉਨ੍ਹਾਂ ਆਖਿਆ ਕਿ ਸਥਾਨਕ ਸ਼ਹਿਰ ਅੰਦਰ ਅਵਾਰਾ ਪਸ਼ੂਆਂ ਦੀ ਭਰਮਾਰ ਕੋਈ ਲੁਕੀ ਛਿਪੀ ਨਹੀਂ ਹੈ।ਇਨ੍ਹਾਂ ਪਸ਼ੂਆਂ ਦੀਆਂ ਸੜਕਾ, ਗਲੀਆ ਅਤੇ ਮੁਹੱਲਿਆ ਅੰਦਰ ਦਨ ਦਨਾਉਂਦੀਆ ਘੁੰਮਦੀਆਂ ਡਾਰਾਂ ਤੋਂ ਹਰ ਵਿਅਕਤੀ ਅੱਤ ਦਾ ਦੁਖੀ ਹੈ ਅਤੇ ਅਵਾਰਾ ਪਸ਼ੂਆਂ ਦੇ ਹੱਲ ਲਈ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆ ਦੀ ਸਵੱਲੀ ਨਜ਼ਰ ਦੀ ਉਡੀਕ ਵਿੱਚ ਹਨ।ਸਬ ਡਵੀਜ਼ਨ ਬਲਾਚੌਰ ਵਿੱਚ ਵੱਖ ਵੱਖ ਸਥਾਨਾ ਉਪਰ ਕਈ ਗਊਸ਼ਾਲਾਵਾ ਵੀ ਬਣੀਆ ਹੋਈਆਂ ਹਨ, ਪਰ ਇਸ ਦੇ ਬਾਵਜੂਦ ਵੀ ਇਹਨਾਂ ਦਾ ਵੱਡੀ ਗਿਣਤੀ ਵਿੱਚ ਸ਼ਰੇਆਮ ਘੁੰਮਣਾ ਪ੍ਰਸ਼ਾਸਨਿਕ ਅਧਿਕਾਰੀਆ ਦੀ ਢਿੱਲੀ ਮੱਠੀ ਕਾਰਗੁਜਾਰੀ ਉਪਰ ਉਥੇ ਹੀ ਗਊਸ਼ਾਲਾਵਾ ਦੇ ਪ੍ਰਬੰਧਕਾ ਦੇ ਰੱਖ ਰਖਾਵ ਦੇ ਦਾਅਵਿਆ ਉਪਰ ਵੀ ਸਵਾਲ ਪੈਂਦਾ ਹੁੰਦਾ ਹੈ। ਸੂਰਤ-ਏ ਹਾਲ ਇਸ ਕਦਰ ਹੋ ਚੁੱਕੇ ਹਨ ਕਿ ਲੋਕ ਘਰੋਂ ਨਿਕਲਣ ਵੇਲੇ ਇਨ੍ਹਾਂ ਨੇ ਕਦ ਦੁਰਘਟਨਾ ਦਾ ਸ਼ਿਕਾਰ ਬਣਾ ਦੇਣਾ ਡਰ ਭੈਅ ਵਿੱਚ ਰਹਿੰਦੇ ਹਨ।ਅਖੀਰ ਵਿੱਚ ਉਨ੍ਹਾਂ ਸ਼ਹਿਰ ਅੰਦਰ ਅਵਾਰਾ ਪਸ਼ੂਆਂ ਦੀ ਇਸ ਸਮੱਸਿਆ ਤੋਂ ਜਲਦ ਤੋਂ ਜਲਦ ਹੱਲ ਕਰਕੇ ਲੋਕਾਂ ਨੂੰ ਰਾਹਤ ਦਵਾਏ ਜਾਣ ਦੀ ਮੰਗ ਕੀਤੀ।

ਡਾ. ਚੇਤਨ ਮੇਹਤਾ ਨੇ ਸੀਨੀਅਰ ਆਯੁਰਵੈਦਿਕ ਫਿਜ਼ੀਸ਼ੀਅਨ ਦਾ ਚਾਰਜ ਸੰਭਾਲਿਆ

ਆਦਮਪੁਰ (ਪਰਮਜੀਤ ਸਿੰਘ)- ਡਾਇਰੈਕਟਰ ਆਯੁਰਵੇਦ ਪੰਜਾਬ ਡਾ. ਰਮਨ ਖੰਨਾ ਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਡਾ. ਦੀਵਾਨ ਚੰਦ ਧੀਰ ਦੇ ਆਦੇਸ਼ਾਂ ਤੇ ਸਰਕਾਰੀ ਆਯੁਰਵੈਦਿਕ ਸਿਹਤ ਕੇਂਦਰ ਰਣਜੀਤ ਨਗਰ ਦਾ ਡਾ. ਚੇਤਨ ਮੇਹਤਾ ਨੇ ਬਤੌਰ ਸੀਨੀਅਰ ਆਯੁਰਵੈਦਿਕ ਫਿਜਿਸੀਅਨ ਦਾ ਚਾਰਜ ਸੰਭਾਲ ਲਿਆ ਹੈ। ਚਾਰਜ ਸੰਭਾਲਣ ਤੋਂ ਬਾਅਦ ਡਾ. ਚੇਤਨ ਮੇਹਤਾ ਨੇ ਕਿਹਾ ਕਿ ਉਹ ਆਯੁਰਵੈਦਿਕ ਸਿਹਤ ਕੇਂਦਰ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ ਤੇ ਉਹ ਸਿਹਤ ਕੇਂਦਰ 'ਚ ਆਉਣ ਵਾਲੇ ਹਰ ਇੱਕ ਵਿਅਕਤੀ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦੇਣਗੇ।

ਵਿਧਾਇਕ ਨੇ ਸਿਖਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ

ਜਲੰਧਰ (ਸੁਰਿੰਦਰ ਕੁਮਾਰ) ਵਿਧਾਨ ਸਭਾ ਨਕੋਦਰ ਦੀ ਹਲਕਾ ਵਿਧਾਇਕ ਇੰਦਰਜੀਤ ਕੌਰ ਵੱਲੋਂ ਆਈ ਟੀ ਆਈ ਨਕੋਦਰ ਅਤੇ ਲੋਹੀਆਂ ਖਾਸ ਦੇ ਇਲੈਕਟ੍ਰੀਸ਼ਨ ਅਤੇ ਪਲੰਬਰ ਕਿੱਤੇ ਨਾਲ ਸਬੰਧਤ ਪਾਸ ਹੋਏ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਸਿਖਿਆਰਥੀਆਂ ਨੂੰ ਆਪਣਾ ਕੰਮ-ਕਾਰ ਸ਼ੁਰੂ ਕਰਨ ਲਈ ਟੂਲ ਕਿੱਟਾਂ ਦੀ ਵੰਡ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਸੋਚ ਅਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਟੂਲ ਕਿੱਟਾਂ ਦੀ ਵੰਡ ਕੀਤੀ ਗਈ ਹੈ।ਇਸ ਮੌਕੇ ਉਨ੍ਹਾਂ ਨੇ ਸਿਖਿਆਰਥੀਆਂ ਨੂੰ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਜ਼ਿੰਦਗੀ ਵਿੱਚ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਿੱਟਾਂ ਵੰਡਣ ਦਾ ਉਦੇਸ਼ ਸਿਖਿਆਰਥੀਆਂ ਨੂੰ ਸਵੈ-ਰੋਜ਼ਗਾਰ ਲਈ ਉਤਸ਼ਾਹਿਤ ਕਰਨਾ ਹੈ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਦਰਸ਼ਨ ਸਿੰਘ ਟਾਹਲੀ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਰਣਬੀਰ ਸਿੰਘ, ਪ੍ਰਿੰਸੀਪਲ, ਆਈ ਟੀ ਆਈ ਨਕੋਦਰ ਮੁਕੇਸ਼ ਕੁਮਾਰ, ਆਈ ਟੀ ਆਈ ਲੋਹੀਆਂ ਖਾਸ ਤੋਂ ਤੇਜਿੰਦਰ ਸਿੰਘ ਅਤੇ ਗੁਰਪਾਲ ਸਿੰਘ, ਹੀਰਾ ਸਿੰਘ ਅਤੇ ਕਮਲੇਸ਼ ਕੁਮਾਰ ਆਦਿ ਵੀ ਮੌਜੂਦ ਸਨ।